ਸ਼ੁੱਕਰਵਾਰ, 11 ਸਤੰਬਰ, 2026
26 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 101

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 11 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਮੁਲਾਜ਼ਮਾਂ ਨੂੰ ਕਾਰਨ ਦੱਸੋ ਨੋਟਿਸ ਵਾਪਸ

## ਡੀ ਏ ਦੇ ਮਾਮਲੇ 'ਚ ਹਾਈ ਕੋਰਟ ਦਾ ਸਖ਼ਤ ਰਵੱਈਆ ਬਰਕਰਾਰ

**ਚੰਡੀਗੜ੍ਹ (ਸੁਰਜੀਤ ਸੁਮਨ)**

ਪੰਜਾਬ ਸਰਕਾਰ, ਆਮ ਰਾਜ ਪ੍ਰਬੰਧ ਵਿਭਾਗ ਵੱਲੋਂ ਸਮੂਹ ਵਿਸ਼ੇਸ਼ ਮੁੱਖ ਸਕੱਤਰਾਂ, ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਵੀਰਵਾਰ ਜਾਰੀ ਕੀਤੇ ਗਏ ਪੱਤਰ ਮੁਤਾਬਕ 27 ਅਗਸਤ ਨੂੰ ਅਣ-ਅਧਿਕਾਰਤ ਤੌਰ 'ਤੇ ਗ਼ੈਰ-ਹਾਜ਼ਰ ਐਲਾਨੇ ਮੁਲਾਜ਼ਮਾਂ ਵਿਰੁੱਧ ਜਾਰੀ ਕੀਤਾ ਗਿਆ ਕਾਰਨ ਦੱਸੋ ਨੋਟਿਸ ਡਰਾਪ ਕਰਨ ਦਾ ਫੈਸਲਾ ਲਿਆ ਗਿਆ ਹੈ।ਇਸ ਨਾਲ਼ ਬੁੱਧਵਾਰ ਸਕੱਤਰੇਤ ਦੇ ਮੁਲਾਜ਼ਮ ਆਗੂਆਂ ਨਾਲ਼ ਮੁੱਖ ਸਕੱਤਰ ਸਿਨਹਾ ਵੱਲੋਂ ਹੜਤਾਲ ਵਾਪਸ ਕਰਵਾਉਣ ਲਈ ਕੀਤਾ ਗਿਆ ਵਾਅਦਾ ਵਫ਼ਾ ਹੋ ਗਿਆ ਹੈ।ਇਸ ਪੱਤਰ ਦੇ ਵਾਪਸ ਹੋਣ ਨਾਲ਼ ਮੁਲਾਜ਼ਮ ਜਥੇਬੰਦੀਆਂ ਅਤੇ ਸਰਕਾਰ ਦਰਮਿਆਨ ਬਣਿਆ ਟਕਰਾਅ ਅਤੇ ਖਟਾਸ ਦਾ ਵਾਤਾਵਰਨ ਨੇੜ ਭਵਿੱਖ ਵਿੱਚ ਚੰਗੇ ਨਤੀਜੇ ਦੇਣ ਲਈ ਇੱਕ ਪੁਲ਼ ਵਜੋਂ ਦੇਖਿਆ ਜਾ ਸਕਦਾ ਹੈ।

ਦੂਜੇ ਪਾਸੇ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ ਦੇ ਬਕਾਏ ਨਾਲ ਸੰਬੰਧਤ ਵੀਰਵਾਰ ਸੁਣਵਾਈ ਅਧੀਨ ਮਾਮਲੇ 'ਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਦੇ ਰਵੱਈਏ 'ਤੇ ਸਖ਼ਤ ਨਾਰਾਜ਼ਗੀ ਪ੍ਰਗਟ ਕਰਦਿਆਂ ਕਿਹਾ ਕਿ ਹਾਈ ਕੋਰਟ ਦੇ ਹੁਕਮਾਂ 'ਤੇ ਅਮਲ ਨਾ ਕਰਨ ਲਈ ਸੁਪਰੀਮ ਕੋਰਟ 'ਚ ਅਪੀਲ ਪੈਂਡਿੰਗ ਹੋਣ ਦਾ ਹਵਾਲਾ ਨਹੀਂ ਦਿੱਤਾ ਜਾ ਸਕਦਾ।

ਚੀਫ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਡਵੀਜ਼ਨ ਬੈਂਚ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਖ਼ਤ ਟਿੱਪਣੀ ਕਰਦਿਆਂ ਕਿਹਾ, 'ਅਦਾਲਤ ਨਾਲ ਖੇਡਾਂ ਖੇਡਣ ਜਾਂ ਅੱਖਾਂ ਵਿੱਚ ਘੱਟਾ ਪਾਉਣ ਦੀ ਕੋਸ਼ਿਸ਼ ਨਾ ਕੀਤੀ ਜਾਵੇ। ਤੁਹਾਨੂੰ ਅਪੀਲ ਕਰਨ ਦਾ ਪੂਰਾ ਹੱਕ ਹੈ, ਕਿਰਪਾ ਕਰਕੇ ਉਸ ਹੱਕ ਦੀ ਵਰਤੋਂ ਕਰਦਿਆਂ ਅਦਾਲਤ ਤੋਂ ਫੈਸਲਾ ਲਓ।'

ਅਦਾਲਤ ਪੰਜਾਬ ਸਰਕਾਰ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐੱਸ ਪੀ ਸੀ ਐੱਲ) ਵੱਲੋਂ ਕੇਂਦਰ ਸਰਕਾਰ ਦੀ ਤਰਜ਼ 'ਤੇ ਬਕਾਇਆ ਡੀ ਏ/ ਡੀ ਆਰ ਦੀਆਂ ਕਿਸ਼ਤਾਂ ਜਾਰੀ ਕਰਨ ਦੇ 3 ਅਗਸਤ ਦੇ ਹੁਕਮਾਂ ਦੀ ਤਾਮੀਲ ਨਾ ਕਰਨ ਨਾਲ ਸੰਬੰਧਤ ਅਰਜ਼ੀਆਂ 'ਤੇ ਸੁਣਵਾਈ ਕਰ ਰਹੀ ਸੀ। ਸੁਣਵਾਈ ਦੌਰਾਨ ਸਰਕਾਰੀ ਵਕੀਲ ਨੇ ਦੱਸਿਆ ਕਿ ਸਰਕਾਰ ਸੁਪਰੀਮ ਕੋਰਟ ਵਿੱਚ ਦਾਇਰ ਅਪੀਲ ਦੀਆਂ ਖਾਮੀਆਂ ਨੂੰ ਦੂਰ ਕਰਨ ਦੀ ਪ੍ਰਕਿਰਿਆ ਵਿੱਚ ਹੈ ਅਤੇ ਅਪੀਲ ਲਈ 90 ਦਿਨਾਂ ਦੀ ਮਿਆਦ ਉਪਲੱਬਧ ਹੈ। ਇਸ 'ਤੇ ਬੈਂਚ ਨੇ ਕਿਹਾ ਕਿ ਸਰਕਾਰ ਦੇ ਅਪੀਲ ਦੇ ਅਧਿਕਾਰ 'ਤੇ ਕੋਈ ਸਵਾਲ ਨਹੀਂ, ਪਰ ਮਾਮਲੇ ਨੂੰ ਇਸ ਤਰ੍ਹਾਂ ਲਟਕਾ ਕੇ ਨਹੀਂ ਰੱਖਿਆ ਜਾ ਸਕਦਾ। ਬੈਂਚ ਨੇ ਕਿਹਾ, 'ਅਸੀਂ ਮਾਮਲਾ ਇੱਕ ਹਫਤੇ ਲਈ ਮੁਲਤਵੀ ਕਰ ਰਹੇ ਹਾਂ, ਅਗਲੇ ਹਫਤੇ ਤੱਕ ਸੁਪਰੀਮ ਕੋਰਟ ਵਿੱਚ ਆਪਣੀ ਅਪੀਲ 'ਤੇ ਸੁਣਵਾਈ ਕਰਵਾਓ, ਨਹੀਂ ਤਾਂ ਅਸੀਂ ਇਸ ਮਾਮਲੇ 'ਚ ਅਗਲੀ ਕਾਰਵਾਈ ਕਰਾਂਗੇ।'

ਸਰਕਾਰੀ ਵਕੀਲ ਨੇ ਅਦਾਲਤ ਦੇ ਧਿਆਨ ਵਿੱਚ ਲਿਆਂਦਾ ਕਿ ਮੂਲ ਪਟੀਸ਼ਨਰਾਂ ਨੇ ਪਹਿਲਾਂ ਹੀ ਨਿਯਮਤ ਬੈਂਚ ਦੇ ਸਾਹਮਣੇ ਅਦਾਲਤੀ ਮਾਣਹਾਨੀ ਦੀਆਂ ਕਾਰਵਾਈਆਂ ਸ਼ੁਰੂ ਕੀਤੀਆਂ ਹੋਈਆਂ ਹਨ, ਜਿਸ ਨਾਲ ਮਾਮਲਿਆਂ ਦੀ ਗਿਣਤੀ ਵਧ ਰਹੀ ਹੈ। ਦੂਜੇ ਪਾਸੇ, ਪਟੀਸ਼ਨਰਾਂ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਚੇਤਨ ਮਿੱਤਲ ਨੇ ਜ਼ੋਰ ਦਿੱਤਾ ਕਿ ਪੰਜਾਬ ਸਰਕਾਰ ਨੂੰ ਹੁਕਮਾਂ ਦੀ ਪਾਲਣਾ ਜਾਂ ਸੁਪਰੀਮ ਕੋਰਟ ਵਿੱਚ ਅਪੀਲ ਦੀ ਮੌਜੂਦਾ ਸਥਿਤੀ ਬਾਰੇ ਹਲਫਨਾਮਾ ਦਾਇਰ ਕਰਨਾ ਚਾਹੀਦਾ ਹੈ। ਇਹ ਵਿਵਾਦ ਹਾਈ ਕੋਰਟ ਦੇ 8 ਅਪਰੈਲ ਦੇ ਸਿੰਗਲ ਬੈਂਚ ਦੇ ਫੈਸਲੇ ਤੋਂ ਸ਼ੁਰੂ ਹੋਇਆ ਸੀ, ਜਿਸ ਵਿੱਚ ਪੰਜਾਬ ਸਰਕਾਰ ਨੂੰ ਆਪਣੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਕੇਂਦਰ ਸਰਕਾਰ ਦੇ ਪੈਟਰਨ 'ਤੇ ਡੀ ਏ ਅਤੇ ਡੀ ਆਰ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ।

ਇਸ ਤੋਂ ਬਾਅਦ 3 ਅਗਸਤ ਨੂੰ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਡਵੀਜ਼ਨ ਬੈਂਚ ਨੇ ਸਰਕਾਰ ਅਤੇ ਪੀ ਐੱਸ ਪੀ ਸੀ ਐੱਲ ਦੀਆਂ ਅਪੀਲਾਂ ਨੂੰ ਖਾਰਜ ਕਰਦਿਆਂ ਸਿੰਗਲ ਬੈਂਚ ਦੇ ਹੁਕਮਾਂ ਦੀ ਪੁਸ਼ਟੀ ਕੀਤੀ ਸੀ ਅਤੇ ਦੋ ਹਫਤਿਆਂ ਦੇ ਅੰਦਰ-ਅੰਦਰ ਬਕਾਇਆ ਡੀ ਏ ਜਾਰੀ ਕਰਨ ਦਾ ਹੁਕਮ ਦਿੱਤਾ ਸੀ।

## ਪੈਨਸ਼ਨਾਂ ਤੇ ਰਿਟਾਇਰਮੈਂਟ ਲਾਭਾਂ ਦੇ ਦਾਅਵਿਆਂ ਦੀ ਦੁਬਾਰਾ ਜਾਂਚ ਦੇ ਹੁਕਮ

**ਚੰਡੀਗੜ੍ਹ :** ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਸਰਕਾਰੀ ਮੁਲਾਜ਼ਮਾਂ ਦੀਆਂ ਪੈਨਸ਼ਨਾਂ, ਗ੍ਰੈਚੁਇਟੀ, ਛੁੱਟੀਆਂ ਦੇ ਬਦਲੇ ਨਕਦੀ (ਲੀਵ ਐਨਕੈਸ਼ਮੈਂਟ) ਅਤੇ ਐਸ਼ੋਰਡ ਕੈਰੀਅਰ ਪ੍ਰੋਗਰੈਸ਼ਨ ਸਕੀਮ (ਏ ਸੀ ਪੀ ਐੱਸ) ਸਮੇਤ ਹੋਰ ਸੇਵਾਮੁਕਤੀ ਲਾਭਾਂ ਨਾਲ ਸੰਬੰਧਤ ਸ਼ਿਕਾਇਤਾਂ ਦੀ ਨਵੇਂ ਸਿਰੇ ਤੋਂ ਸੁਤੰਤਰ ਜਾਂਚ ਕਰੇ। ਅਦਾਲਤ ਨੇ ਸੂਬਾ ਸਰਕਾਰ ਨੂੰ 22 ਦਸੰਬਰ 2025 ਦੀ 'ਸਟੈਂਡਰਡ ਓਪਰੇਟਿੰਗ ਪ੍ਰੋਸੀਜ਼ਰ' (ਐੱਸ ਓ ਪੀ) ਅਤੇ ਮੌਜੂਦਾ ਨਿਯਮਾਂ ਅਨੁਸਾਰ ਲੋੜੀਂਦੇ ਸੁਧਾਰਾਤਮਕ ਕਦਮ ਚੁੱਕਣ ਲਈ ਕਿਹਾ ਹੈ।

ਇਹ ਫੈਸਲਾ ਜਸਟਿਸ ਸੰਦੀਰ ਮੋਦਗਿਲ ਦੀ ਬੈਂਚ ਵੱਲੋਂ 65 ਪਟੀਸ਼ਨਾਂ ਦੇ ਨਿਪਟਾਰੇ ਦੌਰਾਨ ਸੁਣਾਇਆ ਗਿਆ। ਅਦਾਲਤ ਨੇ ਮੁਲਾਜ਼ਮਾਂ ਦੇ ਵਿਅਕਤੀਗਤ ਦਾਅਵਿਆਂ 'ਤੇ ਸਿੱਧਾ ਫੈਸਲਾ ਦੇਣ ਦੀ ਬਜਾਏ ਇਨ੍ਹਾਂ ਸਾਰੇ ਮਾਮਲਿਆਂ ਦੀ ਮੁੜ ਸਮੀਖਿਆ ਕਰਨ ਦੀ ਜ਼ਿੰਮੇਵਾਰੀ 'ਟਾਇਰ-99 ਸ਼ਿਕਾਇਤ ਨਿਵਾਰਨ ਕਮੇਟੀ' (Tier-II Grievance Redressal Committee) ਨੂੰ ਸੌਂਪੀ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਇਸ ਮਾਮਲੇ ਦਾ ਪ੍ਰਭਾਵ ਸੂਬਾ ਭਰ ਦੇ ਵੱਡੀ ਗਿਣਤੀ ਮੁਲਾਜ਼ਮਾਂ 'ਤੇ ਪੈਂਦਾ ਹੈ। ਮਾਮਲੇ ਦੀ ਸੁਣਵਾਈ ਦੌਰਾਨ ਜਸਟਿਸ ਮੋਦਗਿਲ ਨੇ ਨੋਟ ਕੀਤਾ ਕਿ ਇਨ੍ਹਾਂ ਪਟੀਸ਼ਨਾਂ ਵਿੱਚ ਪੈਨਸ਼ਨ, ਪ੍ਰੋਵੀਜ਼ਨਲ ਪੈਨਸ਼ਨ, ਰਿਟਾਇਰਮੈਂਟ ਦੇ ਸਮੇਂ ਤੋਂ ਬਕਾਇਆ, ਦੇਰੀ ਨਾਲ ਮਿਲੇ ਲਾਭਾਂ 'ਤੇ ਵਿਆਜ ਅਤੇ ਹੋਰ ਸੇਵਾਮੁਕਤੀ ਬਕਾਇਆਂ ਦੇ ਦਾਅਵੇ ਸ਼ਾਮਲ ਹਨ। ਇਸ ਤੋਂ ਇਲਾਵਾ ਕਈ ਪਟੀਸ਼ਨਰਾਂ ਨੇ ਲਾਭਾਂ ਵਿੱਚ ਹੋਈ ਦੇਰੀ ਅਤੇ ਉਸ ਦੇ ਵਿਆਜ ਨਾ ਮਿਲਣ ਦਾ ਮੁੱਦਾ ਵੀ ਚੁੱਕਿਆ ਸੀ।

ਸਰਕਾਰ ਵੱਲੋਂ ਅਦਾਲਤ ਨੂੰ ਦੱਸਿਆ ਗਿਆ ਕਿ ਪ੍ਰਸੋਨਲ ਵਿਭਾਗ ਵੱਲੋਂ ਪਹਿਲਾਂ ਹੀ ਰਿਟਾਇਰਮੈਂਟ ਲਾਭਾਂ ਦੀਆਂ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਇੱਕ ਐੱਸ ਓ ਪੀ ਜਾਰੀ ਕੀਤੀ ਗਈ ਹੈ, ਜਿਸ ਤਹਿਤ ਵੱਖ-ਵੱਖ ਪੱਧਰਾਂ 'ਤੇ ਤਿੰਨ-ਪੱਧਰੀ ਸ਼ਿਕਾਇਤ ਨਿਵਾਰਨ ਕਮੇਟੀਆਂ ਬਣਾਈਆਂ ਗਈਆਂ ਹਨ। ਸੂਬਾ ਸਰਕਾਰ ਦੇ ਵਕੀਲ ਨੇ ਭਰੋਸਾ ਦਿੱਤਾ ਕਿ ਇਨ੍ਹਾਂ 65 ਮਾਮਲਿਆਂ ਦੀ

• ਬਾਕੀ ਸਫ਼ਾ 2 'ਤੇ

# ਟਰੰਪ ਸਰਕਾਰ ਦਾ ਪੰਜਾਬੀਆਂ ਵਿਰੋਧੀ ਨਸਲੀ ਪੋਸਟਰ

## 'ਸਾਡੀਆਂ ਸੜਕਾਂ ਤੋਂ ਹਟ ਜਾਓ, ਤੁਹਾਨੂੰ ਡਰਾਈਵਿੰਗ ਨਹੀਂ ਆਉਂਦੀ ਮਿਸਟਰ ਸਿੰਘ'




**ਵਾਸ਼ਿੰਗਟਨ (ਨ ਜ਼ ਸ)** ਅਮਰੀਕਾ ਦੇ ਹੋਮਲੈਂਡ ਸਕਿਉਰਿਟੀ ਵਿਭਾਗ ਵੱਲੋਂ ਸੋਸ਼ਲ ਮੀਡੀਆ 'ਤੇ ਸ਼ੇਅਰ ਕੀਤੇ ਗਏ ਇੱਕ ਪੋਸਟਰ ਨੇ ਵੱਡਾ ਵਿਵਾਦ ਖੜ੍ਹਾ ਕਰ ਦਿੱਤਾ ਹੈ। ਟਰੰਪ ਪ੍ਰਸ਼ਾਸਨ ਦੀ 'ਸੈਲਫ-ਡੀਪੋਰਟੇਸ਼ਨ' (ਖੁਦ ਦੇਸ਼ ਛੱਡਣ) ਦੀ ਮੁਹਿੰਮ ਨੂੰ ਉਤਸ਼ਾਹਤ ਕਰਨ ਲਈ ਬਣਾਏ ਗਏ ਇਸ ਪੋਸਟਰ 'ਤੇ ਸਿੱਖ ਜਥੇਬੰਦੀਆਂ ਅਤੇ ਪੰਜਾਬੀਆਂ ਨੇ ਨਸਲਵਾਦੀ ਤੇ ਭਾਰਤ-ਵਿਰੋਧੀ ਸੁਨੇਹਾ ਦੇਣ ਦੇ ਗੰਭੀਰ ਦੋਸ਼ ਲਗਾਏ ਹਨ। ਇਹ ਪੋਸਟਰ ਟਰੰਪ ਸਰਕਾਰ ਵੱਲੋਂ ਗੈਰ-ਕਾਨੂੰਨੀ ਇਮੀਗ੍ਰੇਸ਼ਨ ਵਿਰੁੱਧ ਚਲਾਈ ਜਾ ਰਹੀ ਸਖਤ ਮੁਹਿੰਮ ਦੌਰਾਨ ਜਾਰੀ ਕੀਤਾ ਗਿਆ ਹੈ।

ਪੋਸਟਰ ਵਿੱਚ 'ਟਰਾਂਸਫਾਰਮਰਜ਼' ਫਿਲਮ ਦੀ ਤਰਜ਼ 'ਤੇ ਇੱਕ ਚਿਤਾਵਨੀ ਲਿਖੀ ਗਈ ਹੈ - 'ਸੈੱਲਫ-ਡੀਪੋਰਟ ਜਾਂ ਨਤੀਜੇ ਭੁਗਤੋ' (Self-deport or find out)। ਇਸ ਦੇ ਨਾਲ ਹੀ ਪੋਸਟਰ ਵਿੱਚ ਖਾਸ ਤੌਰ 'ਤੇ ਲਿਖਿਆ ਗਿਆ ਹੈ, 'ਸਾਡੀਆਂ ਸੜਕਾਂ ਤੋਂ ਹਟ ਜਾਓ, ਤੁਹਾਨੂੰ ਡਰਾਈਵਿੰਗ ਨਹੀਂ ਆਉਂਦੀ, ਮਿਸਟਰ ਸਿੰਘ ।'

'ਸਿੰਘ' ਸਰਨੇਮ ਦੀ ਇਸ ਵਰਤੋਂ ਨੇ ਭਾਰਤੀ-ਅਮਰੀਕੀ ਅਤੇ ਸਿੱਖ ਜਥੇਬੰਦੀਆਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ, ਜਿਨ੍ਹਾਂ ਦਾ ਕਹਿਣਾ ਹੈ ਕਿ ਇਹ ਦੱਖਣੀ ਏਸ਼ੀਆਈ ਮੂਲ ਦੇ ਲੋਕਾਂ ਨੂੰ ਗਲਤ ਤਰੀਕੇ ਨਾਲ ਨਿਸ਼ਾਨਾ ਬਣਾਉਂਦਾ ਹੈ। ਇਸ ਵਿਵਾਦ ਦਾ ਮੁੱਖ ਕਾਰਨ ਪੋਸਟਰ ਵਿੱਚ ਲਿਖੀ ਲਾਈਨ 'ਤੁਹਾਨੂੰ ਡਰਾਈਵਿੰਗ ਨਹੀਂ ਆਉਂਦੀ' ਨੂੰ ਮੰਨਿਆ ਜਾ ਰਿਹਾ ਹੈ, ਜੋ ਅਮਰੀਕਾ ਵਿੱਚ ਹਾਲ ਹੀ ਵਿੱਚ ਹੋਏ ਕੁਝ ਸੜਕ ਹਾਦਸਿਆਂ ਨਾਲ ਜੋੜੀ ਜਾ ਰਹੀ ਹੈ, ਜਿਨ੍ਹਾਂ ਵਿੱਚ ਬਿਨਾਂ ਦਸਤਾਵੇਜ਼ਾਂ ਵਾਲੇ ਭਾਰਤੀ ਨਾਗਰਿਕਾਂ ਦੇ ਟਰੱਕ ਡਰਾਈਵਰ ਹੋਣ ਦਾ ਦਾਅਵਾ ਕੀਤਾ ਗਿਆ ਸੀ। ਅਮਰੀਕਾ ਵਿੱਚ ਕਮਰਸ਼ੀਅਲ ਟਰੱਕ ਡਰਾਈਵਰਾਂ ਦੀ ਸਖਤ ਜਾਂਚ ਦੇ ਨਾਲ-ਨਾਲ ਟਰੰਪ ਪ੍ਰਸ਼ਾਸਨ ਨੇ ਕਮਰਸ਼ੀਅਲ ਡਰਾਈਵਿੰਗ ਲਾਇਸੈਂਸ ਅਤੇ ਵਰਕ ਪਰਮਿਟ ਦੇ ਨਿਯਮਾਂ ਨੂੰ ਹੋਰ ਸਖਤ ਕਰ ਦਿੱਤਾ ਹੈ। ਹਾਲਾਂਕਿ, ਆਲੋਚਕਾਂ ਦਾ ਤਰਕ ਹੈ ਕਿ 'ਸਿੰਘ' ਸਰਨੇਮ ਨੂੰ ਡਰਾਈਵਿੰਗ ਦੀਆਂ ਕਥਿਤ ਉਲੰਘਣਾਵਾਂ ਨਾਲ ਜੋੜਨਾ ਸਿੱਧੇ ਤੌਰ 'ਤੇ ਨਸਲੀ ਪ੍ਰੋਫਾਈਲਿੰਗ ਹੈ।

ਹਿੰਦੂ ਅਮਰੀਕਨ ਫਾਊਂਡੇਸ਼ਨ ਨੇ ਵੀ ਇਸ ਪੋਸਟਰ ਦੀ ਕਰੜੀ ਨਿੰਦਾ ਕਰਦਿਆਂ ਇਸ ਨੂੰ 'ਭਾਰਤ-ਵਿਰੋਧੀ ਪ੍ਰੋਫਾਈਲਿੰਗ' ਕਰਾਰ ਦਿੱਤਾ ਹੈ। ਫਾਊਂਡੇਸ਼ਨ ਨੇ ਐੱਕਸ 'ਤੇ ਲਿਖਿਆ, 'ਸਿੰਘ ਹਿੰਦੂ ਵੀ ਹਨ, ਸਿੱਖ ਵੀ ਹਨ, ਅਮਰੀਕੀ ਵੀ ਹਨ ਅਤੇ ਉਹ ਗੱਡੀਆਂ ਵੀ ਚਲਾਉਂਦੇ ਹਨ। ਹੋਮਲੈਂਡ ਸਕਿਉਰਿਟੀ ਵਿਭਾਗ ਵੱਲੋਂ ਕੀਤੀ ਗਈ ਇਹ ਨਸਲਵਾਦੀ ਅਤੇ ਗੈਰ-ਅਮਰੀਕੀ ਟਿੱਪਣੀ ਸਾਡੇ ਦੇਸ਼ ਦੀ ਜ਼ਮੀਰ ਨੂੰ ਝੰਜੋੜਨ ਵਾਲੀ ਹੈ।' ਸੰਸਥਾ ਨੇ ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ ਨੂੰ ਇਸ ਮਾਮਲੇ ਦਾ ਨੋਟਿਸ ਲੈ ਕੇ ਜਾਂਚ ਕਰਨ ਦੀ ਅਪੀਲ ਕੀਤੀ ਹੈ ਅਤੇ 'ਟਰਾਂਸਫਾਰਮਰਜ਼' ਦੀ ਫਿਲਮ ਕੰਪਨੀ ਪੈਰਾਮਾਊਂਟ ਪਿਕਚਰਜ਼ ਨੂੰ ਵੀ ਇਸ ਮਾਮਲੇ 'ਤੇ ਧਿਆਨ ਦੇਣ ਲਈ

• ਬਾਕੀ ਸਫ਼ਾ 2 'ਤੇ

## ਗਾਰਡ ਨੇ ਬੈਂਕ ਲੁੱਟ ਹੋਣੋ ਬਚਾਈ

**ਜੰਡਿਆਲਾ ਗੁਰੂ :** ਘਾਹ ਮੰਡੀ ਚੌਕ ਨੇੜੇ ਸਥਿਤ ਯੂਨੀਅਨ ਬੈਂਕ ਦੀ ਬਰਾਂਚ ਵਿੱਚ ਵੀਰਵਾਰ ਪੰਜ ਨਕਾਬਪੋਸ਼ ਲੁਟੇਰਿਆਂ ਦੀ ਲੁੱਟ ਦੀ ਕੋਸ਼ਿਸ਼ ਸਕਿਉਰਿਟੀ ਗਾਰਡ ਨੇ ਨਾਕਾਮ ਕਰ ਦਿੱਤੀ। ਗਾਰਡ ਦੀ ਫੌਰੀ ਕਾਰਵਾਈ ਕਾਰਨ ਲੁਟੇਰੇ ਭੱਜ ਗਏ। ਬੈਂਕ ਮੈਨੇਜਰ ਮੁਕੇਸ਼ ਕੁਮਾਰ ਨੇ ਦੱਸਿਆ ਕਿ ਕਰੀਬ ਸਵੇਰੇ 11.15 ਵਜੇ ਚਾਰ ਨਕਾਬਪੋਸ਼ ਨੌਜਵਾਨ ਬੈਂਕ ਵਿੱਚ ਦਾਖਲ ਹੋ ਕੇ ਗਾਹਕਾਂ ਵਾਲੀ ਕਤਾਰ ਵਿੱਚ ਬੈਠ ਗਏ ਤੇ ਵਾਊਚਰ ਭਰਨ ਲੱਗ ਪਏ। ਸਕਿਉਰਿਟੀ ਗਾਰਡ ਵੱਲੋਂ ਜਦੋਂ ਉਨ੍ਹਾਂ ਨੂੰ ਮੂੰਹ ਤੋਂ ਮਾਸਕ ਹਟਾਉਣ ਲਈ ਕਿਹਾ ਗਿਆ ਤਾਂ ਇਸੇ ਦੌਰਾਨ ਇੱਕ ਹੋਰ ਵਿਅਕਤੀ ਬੈਂਕ ਵਿੱਚ ਦਾਖਲ ਹੋਇਆ ਅਤੇ ਗਾਰਡ ਦੇ ਪਿੱਛੇ ਜਾ ਕੇ ਉਸ ਦੇ ਮੂੰਹ 'ਤੇ ਕੋਈ ਸਪਰੇਅ ਛਿੜਕ ਦਿੱਤੀ। ਸਪਰੇਅ ਕੀਤੇ ਜਾਣ ਦੇ ਬਾਵਜੂਦ ਸਕਿਉਰਿਟੀ ਗਾਰਡ ਨੇ ਹਿੰਮਤ ਨਹੀਂ ਹਾਰੀ ਅਤੇ ਤੁਰੰਤ ਆਪਣੀ ਰਾਈਫਲ ਚੁੱਕ ਲਈ। ਗਾਰਡ ਵੱਲੋਂ ਰਾਈਫਲ ਚੁੱਕਦਿਆਂ ਹੀ ਸਾਰੇ ਲੁਟੇਰੇ ਘਬਰਾ ਕੇ ਬੈਂਕ ਵਿੱਚੋਂ ਬਾਹਰ ਦੌੜ ਗਏ। ਇਸ ਤਰ੍ਹਾਂ ਬੈਂਕ ਦਾ ਕਿਸੇ ਵੀ ਕਿਸਮ ਦਾ ਮਾਲੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਐੱਸ ਐੱਚ ਓ ਹਰਪਾਲ ਸਿੰਘ ਨੇ ਦੱਸਿਆ ਕਿ ਸੀ ਸੀ ਟੀ ਵੀ ਫੁਟੇਜ਼ ਦੇ ਆਧਾਰ 'ਤੇ ਮੁਲਜ਼ਮਾਂ ਦੀ ਪਛਾਣ ਕਰਨ ਦੇ ਯਤਨ ਕੀਤੇ ਜਾ ਰਹੇ ਹਨ।

## 'ਆਪ' 'ਚ ਮਾਨ ਦਾ ਕੱਦ ਹੋਰ ਵਧਿਆ



**ਨਵੀਂ ਦਿੱਲੀ :** ਆਮ ਆਦਮੀ ਪਾਰਟੀ ਨੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਪਾਰਟੀ ਦੀ ਅਹਿਮ ਦਸ ਮੈਂਬਰੀ ਸਿਆਸੀ ਮਾਮਲਿਆਂ ਬਾਰੇ ਕਮੇਟੀ (ਪੀ ਏ ਸੀ) ਵਿੱਚ ਸ਼ਾਮਲ ਕੀਤਾ ਹੈ। ਚੀਮਾ ਨੂੰ ਪੀ ਏ ਸੀ 'ਚ ਸ਼ਾਮਲ ਕਰਕੇ ਪਾਰਟੀ ਦੇ ਪੰਜਾਬ 'ਚ ਨੰਬਰ ਦੋ ਦੇ ਆਗੂ ਹੋਣ ਦਾ ਸੁਨੇਹਾ ਦਿੱਤਾ ਹੈ ਅਤੇ ਪਾਰਟੀ ਦੀ ਅਹਿਮ ਬਾਡੀ 'ਚ ਦਲਿਤ ਭਾਈਚਾਰੇ ਨੂੰ ਪ੍ਰਤੀਨਿਧਤਾ ਵੀ ਦਿੱਤੀ ਹੈ। ਦਿੱਲੀ ਦੇ ਸਾਬਕਾ ਮੰਤਰੀ ਅਤੇ ਪੰਜਾਬ ਵਿੱਚ ਪਾਰਟੀ ਮਾਮਲਿਆਂ ਦੇ ਸਹਿ-ਇੰਚਾਰਜ ਸਤਿੰਦਰ ਜੈਨ ਨੂੰ ਵੀ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ ਹੈ। ਮੁੱਖ ਮੰਤਰੀ ਹੋਣ ਦੇ ਨਾਤੇ ਪਹਿਲਾਂ ਪੀ ਏ ਸੀ ਦੇ ਵਿਸ਼ੇਸ਼ ਸੱਦੇ ਗਏ ਮੈਂਬਰ ਰਹੇ ਮਾਨ ਹੁਣ ਪੱਕੇ ਮੈਂਬਰ ਬਣ ਗਏ ਹਨ। ਮਾਨ 'ਤੇ ਪੰਜਾਬ ਚੋਣਾਂ ਦੀ ਅਹਿਮ ਜ਼ਿੰਮੇਵਾਰੀ ਟਿਕੀ ਹੋਈ ਹੈ। ਪੰਜਾਬ ਵਿੱਚ ਪ੍ਰਸ਼ਾਸਕੀ ਕੰਮਾਂ ਵਿੱਚ ਸ਼ਾਮਲ ਪਾਰਟੀ ਦੀਆਂ ਦੋ ਸਿਆਸੀ ਹਸਤੀਆਂ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐੱਸ ਡੀ ਰਾਜਬੀਰ ਘੁੰਮਣ ਅਤੇ ਵਿਭਵ ਕੁਮਾਰ ਨੂੰ 23 ਮੈਂਬਰੀ ਕੌਮੀ ਕਾਰਜਕਾਰਨੀ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਕਦਮ ਨਾਲ ਪੰਜਾਬ ਦੀ ਲੀਡਰਸ਼ਿਪ ਨੂੰ ਸੰਗਠਨਾਤਮਕ ਰਣਨੀਤੀ, ਉਮੀਦਵਾਰਾਂ ਦੀ ਚੋਣ ਅਤੇ ਚੋਣ ਮੁਹਿੰਮ ਦੀ ਯੋਜਨਾਬੰਦੀ ਵਿੱਚ ਸਿੱਧੀ ਭੂਮਿਕਾ ਮਿਲਦੀ ਹੈ। ਇਨ੍ਹਾਂ ਨਿਯੁਕਤੀਆਂ ਤੋਂ ਲੱਗਦਾ ਹੈ ਕਿ ਆਮ ਆਦਮੀ ਪਾਰਟੀ ਪੰਜਾਬ ਨੂੰ ਅਹਿਮ ਸੂਬੇ ਵਜੋਂ ਦੇਖਦੀ ਹੈ। ਪੀ ਏ ਸੀ ਵਿੱਚ ਦਿੱਲੀ ਦੇ ਸਾਬਕਾ ਮੰਤਰੀ

• ਬਾਕੀ ਸਫ਼ਾ 2 'ਤੇ

## ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ 'ਚ ਅੱਜ ਛੁੱਟੀ

**ਨਵਾਂਸ਼ਹਿਰ/ਬਲਾਚੌਰ/ਬੰਗਾ (ਲਾਡੀ/ਬੈਂਸ/ਕਲੇਰ)**-ਨਾਭ ਕੰਵਲ ਰਾਜਾ ਸਾਹਿਬ ਦੀ 86ਵੀਂ ਬਰਸੀ 'ਤੇ ਜ਼ਿਲ੍ਹਾ ਪ੍ਰਸ਼ਾਸਨ ਸ਼ਹੀਦ ਭਗਤ ਸਿੰਘ ਨਗਰ ਵੱਲੋਂ 11 ਸਤੰਬਰ ਨੂੰ ਜ਼ਿਲ੍ਹੇ ਦੇ ਸਮੂਹ ਸਰਕਾਰੀ, ਅਰਧ-ਸਰਕਾਰੀ ਦਫ਼ਤਰਾਂ ਅਤੇ ਸਮੂਹ ਵਿਦਿਅਕ ਅਦਾਰਿਆਂ (ਸਰਕਾਰੀ ਅਤੇ ਗੈਰ-ਸਰਕਾਰੀ) ਵਿੱਚ ਛੁੱਟੀ ਘੋਸ਼ਿਤ ਕੀਤੀ ਗਈ ਹੈ।9 ਤੋਂ 11 ਸਤੰਬਰ ਤੱਕ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਦੀ ਬਰਸੀ ਮਨਾਈ ਜਾ ਰਹੀ ਹੈ। ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਮੈਜਿਸਟ੍ਰੇਟ ਦੀ ਪ੍ਰਵਾਨਗੀ ਨਾਲ 11 ਸਤੰਬਰ ਦੀ ਛੁੱਟੀ ਐਲਾਨੀ ਗਈ ਹੈ।

## ਭਾਰਤ ਨੇ ਪਾਕਿਸਤਾਨ ਨੂੰ 19 ਗੋਲਾਂ ਨਾਲ ਹਰਾਇਆ


ਪੂਜਾ ਮਲਿਕ

**ਮੋਕੀ (ਚੀਨ) :** ਮੌਜੂਦਾ ਚੈਂਪੀਅਨ ਭਾਰਤੀ ਮਹਿਲਾ ਹਾਕੀ ਟੀਮ ਵੀਰਵਾਰ ਜੂਨੀਅਰ ਏਸ਼ੀਆ ਕੱਪ ਦੇ ਕੁਆਰਟਰ ਫਾਈਨਲ ਵਿੱਚ ਪਾਕਿਸਤਾਨ ਨੂੰ 19-0 ਨਾਲ ਹਰਾ ਕੇ ਸੈਮੀਫਾਈਨਲ ਵਿੱਚ ਪੁੱਜੀ। ਭਾਰਤ ਨੇ ਪਹਿਲੇ ਹਾਫ ਵਿੱਚ 10 ਅਤੇ ਦੂਜੇ ਹਾਫ ਵਿੱਚ 9 ਗੋਲ ਕੀਤੇ। ਭਾਰਤ ਲਈ ਪੂਜਾ ਮਲਿਕ ਨੇ ਹੈਟ੍ਰਿਕ ਬਣਾਈ। ਸਾਨਿਕਾ ਚੰਦਰਕਾਂਤ ਮਾਨੇ, ਮਧੂ ਸਿਦਾਰ, ਰੋਸ਼ਨੀ ਆਇੰਦ ਤੇ ਸੁਪ੍ਰੀਆ ਨੇ ਦੋ-ਦੋ, ਜਦਕਿ ਪੂਜਾ ਸਾਹੂ, ਤਨੂਸ਼੍ਰੀ ਦਿਨੇਸ਼ ਕੱਦ, ਸੁਖਵੀਰ ਕੌਰ, ਗੀਤਾ ਯਾਦਵ, ਤਨੂਜਾ ਟੋਪੋ, ਪੂਰਨਿਮਾ ਯਾਦਵ, ਕ੍ਰਿਸ਼ਨਾ ਸ਼ਰਮਾ ਤੇ ਬਿਨੀਮਾ ਧਨ ਨੇ ਇੱਕ-ਇੱਕ ਗੋਲ ਕੀਤੇ।

## ਗੁਲਜ਼ਾਰ ਮਾਮਲੇ 'ਚ ਇੱਕ ਹੋਰ ਟਵਿੱਸਟ

**ਸੰਗਰੂਰ :** ਪਿੰਡ ਤੂਰ ਬੰਜਾਰਾ ਦੇ ਮਜ਼ਦੂਰ ਗੁਲਜ਼ਾਰ ਸਿੰਘ ਦੀ ਖੁਦਕੁਸ਼ੀ ਮਾਮਲੇ ਵਿੱਚ ਵੀਰਵਾਰ ਨਵਾਂ ਮੋੜ ਆ ਗਿਆ, ਜਦੋਂ ਮ੍ਰਿਤਕ ਮਜ਼ਦੂਰ ਦੇ ਪਰਵਾਰ ਨੇ ਇੱਕ ਵੀਡੀਓ 'ਚ ਦਾਅਵਾ ਕੀਤਾ ਕਿ ਪ੍ਰਸ਼ਾਸਨ ਨੇ ਉਨ੍ਹਾਂ 'ਤੇ ਭਾਰੀ ਦਬਾਅ ਬਣਾਇਆ, ਜਿਸ ਦੇ ਵਜੋਂ ਉਨ੍ਹਾਂ ਨੂੰ ਸਸਕਾਰ ਕਰਨਾ ਪਿਆ। ਜਿੰਨਾ ਸਮਾਂ ਉਨ੍ਹਾਂ ਨੂੰ ਇਨਸਾਫ ਨਹੀਂ ਮਿਲਦਾ, ਮ੍ਰਿਤਕ ਦੇ ਨਾ ਫੁੱਲ ਚੁਗੇ ਜਾਣਗੇ ਅਤੇ ਨਾ ਹੀ ਭੋਗ ਸਮਾਗਮ ਕੀਤੇ ਜਾਣਗੇ। ਪਰਵਾਰ ਨੇ ਇਹ ਵੀ ਦਾਅਵਾ ਕੀਤਾ ਕਿ ਪ੍ਰਸ਼ਾਸਨ ਨੇ ਗੁੰਮਰਾਹ ਕਰਕੇ ਧੱਕੇ ਨਾਲ ਸਸਕਾਰ ਕਰਾਇਆ ਹੈ।

# ਗੁਰਨਾਮ ਦਾਊਦ ਦੇ ਸ਼ਰਧਾਂਜਲੀ ਸਮਾਗਮ 'ਚ ਕਮਿਊਨਿਸਟ ਨੇੜਤਾ ਨਾਲ ਭਾਜਪਾ ਦੀਆਂ ਮਾਰੂ ਨੀਤੀਆਂ ਨੂੰ ਪਛਾੜਨ ਦਾ ਸੱਦਾ



**ਰਈਆ :** ਦਰਦਨਾਕ ਸੜਕ ਹਾਦਸੇ 'ਚ ਦੁਖਦਾਈ ਵਿਛੋੜਾ ਦੇ ਗਏ ਨਾਮਵਰ ਕਮਿਊਨਿਸਟ ਆਗੂ ਗੁਰਨਾਮ ਸਿੰਘ ਦਾਊਦ ਨਮਿਤ ਵੀਰਵਾਰ ਇੱਥੋਂ ਦੀ ਦਾਣਾ ਮੰਡੀ ਵਿਖੇ ਹੋਏ ਸ਼ਰਧਾਂਜਲੀ ਸਮਾਗਮ 'ਚ ਹਜ਼ਾਰਾਂ ਕਿਰਤੀ-ਕਿਸਾਨ, ਔਰਤਾਂ ਤੇ ਨੌਜਵਾਨ ਵਹੀਰਾਂ ਘੱਤ ਕੇ ਸ਼ਾਮਲ ਹੋਏ।

ਆਪਣੇ ਵਿਛੜੇ ਯੁੱਧ ਸਾਥੀ ਨੂੰ ਕ੍ਰਾਂਤੀਕਾਰੀ ਸ਼ਰਧਾਂਜਲੀ ਭੇਟ ਕਰਨ ਲਈ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੇ ਜਨਰਲ ਸਕੱਤਰ ਦੀਪਾਂਕਰ ਭੱਟਾਚਾਰੀਆ, ਬਿਹਾਰ ਸੂਬੇ ਤੋਂ ਪੰਜ ਵਾਰ ਵਿਧਾਇਕ ਚੁਣੇ ਗਏ ਸਾਥੀ ਸੱਤਿਆ ਦੇਵ ਉਚੇਚੇ ਹਾਜ਼ਰ ਹੋਏ।ਬੁਲਾਰਿਆਂ ਨੇ ਸਾਥੀ ਦਾਊਦ ਦੀਆਂ ਕਿਰਤੀ ਲਹਿਰ ਲਈ ਘਾਲੀਆਂ ਘਾਲਣਾਵਾਂ ਅਤੇ ਮਿਸਾਲੀ ਜੀਵਨ ਨੂੰ ਮਾਣ ਨਾਲ ਸਿਜਦਾ ਕੀਤਾ।ਕੇਂਦਰੀ ਆਗੂਆਂ ਨੇ ਕੇਂਦਰ ਦੀ ਹਕੂਮਤ, ਜੋ ਭਾਜਪਾ ਦੀ ਅਗਵਾਈ ਹੇਠ ਕੰਮ ਰਹੀ ਹੈ, ਦੀ ਕਰੜੀ ਨਿੰਦਾ ਇਸ ਕਰਕੇ ਕੀਤੀ ਕਿ ਉਹ ਫਿਰਕੂ-ਫਾਸ਼ੀ ਸੋਚ ਦੇ ਏਜੰਡੇ 'ਤੇ ਕੰਮ ਕਰ ਰਹੀ ਹੈ।ਜਿਹੜਾ ਵੀ ਮੋਦੀ ਸਰਕਾਰ ਵਿਰੁੱਧ ਬੋਲਦਾ ਜਾਂ ਲਿਖਦਾ ਹੈ, ਉਸ ਨੂੰ ਜੇਲ੍ਹਾਂ ਵਿੱਚ ਡੱਕ ਦਿੱਤਾ ਜਾਂਦਾ ਹੈ।ਕਈ ਬੁੱਧੀਜੀਵੀ ਚਾਰ-ਪੰਜ ਸਾਲ ਤੋਂ ਜੇਲ੍ਹ ਵਿੱਚ ਡੱਕੇ ਹੋਏ ਹਨ। ਕੇਂਦਰ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਥਾਂ ਫਿਰਕੂਪੁਣੇ ਵਿੱਚ ਫਸਾ ਰਹੀ ਹੈ।ਮਹਿੰਗਾਈ ਸਭ ਸਿਖਰਾਂ ਪਾਰ ਕਰ ਗਈ ਹੈ।ਆਗੂਆਂ ਕਿਹਾ ਕਿ ਇਸ ਵੇਲੇ ਕਮਿਊਨਿਸਟਾਂ ਨੂੰ ਨੇੜਤਾ ਕਾਇਮ ਕਰਕੇ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਦੀਆਂ ਨੀਤੀਆਂ ਨੂੰ ਪਛਾੜਨਾ ਚਾਹੀਦਾ ਹੈ।

ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਰਤਨ ਸਿੰਘ ਰੰਧਾਵਾ, ਹਰਿਆਣਾ ਰਾਜ ਕਮੇਟੀ ਦੇ ਸਕੱਤਰ ਤੇਜਿੰਦਰ ਸਿੰਘ ਥਿੰਦ, ਭਰਾਤਰੀ ਖੱਬੀਆਂ ਪਾਰਟੀਆਂ ਦੇ ਸੂਬਾਈ ਆਗੂਆਂ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੁਖਦਰਸ਼ਨ ਨੱਤ, ਕਿਰਨਜੀਤ ਸਿੰਘ ਸੇਖੋਂ, ਕਸ਼ਮੀਰ ਸਿੰਘ ਘੁੱਗਸ਼ੋਰ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ, ਸਾਬਕਾ ਵਿਧਾਇਕਾਂ ਤਰਸੇਮ ਜੋਧਾਂ ਤੇ ਸੰਤੋਖ ਸਿੰਘ ਭਲਾਈਪੁਰ ਨੇ ਵੀ ਵਿਛੜੇ ਸਾਥੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਮੰਚ ਸੰਚਾਲਕ ਦੇ ਫਰਜ ਪਰਗਟ ਸਿੰਘ ਜਾਮਾਰਾਏ ਨੇ ਅਦਾ ਕੀਤੇ। ਪੁੱਜੇ ਸਾਥੀਆਂ ਦਾ ਧੰਨਵਾਦ ਦਰਸ਼ਨ ਨਾਹਰ ਨੇ ਕੀਤਾ।

ਪ੍ਰਾਂਤ ਦੇ ਮਜ਼ਦੂਰ-ਮੁਲਾਜ਼ਮ ਤੇ ਤਬਕਾਤੀ ਸੰਗਠਨਾਂ ਦੇ ਆਗੂ ਮਹੀਪਾਲ, ਪ੍ਰਸ਼ੋਤਮ ਸ਼ਰਮਾ, ਰਘਬੀਰ ਸਿੰਘ ਪਕੀਵਾਂ, ਨੱਥਾ ਸਿੰਘ ਡਡਵਾਲ, ਸ਼ਿਵ ਕੁਮਾਰ, ਸਰਬਜੀਤ ਗਿੱਲ, ਸਤੀਸ਼ ਰਾਣਾ, ਗੁਰਜੰਟ ਸਿੰਘ ਮਾਨਸਾ, ਗੁਰਨਾਮ ਸਿੰਘ ਭੀਖੀ, ਜੋਰਾ ਸਿੰਘ ਨਸਰਾਲੀ, ਮੁਕੇਸ਼ ਮਲੌਦ, ਦੇਵੀ ਕੁਮਾਰੀ, ਵਿਜੈ ਸੋਹਲ, ਭਗਵੰਤ ਸਮਾਓਂ, ਜਗਦੀਸ਼ ਚੰਦਰ, ਜਰਮਨਜੀਤ ਸਿੰਘ, ਜਸਵੀਰ ਕੌਰ ਹੈਪੀ ਮਾਨ, ਧਰਮਿੰਦਰ ਸਿੰਘ, ਨਰਿੰਦਰ ਕੌਰ ਬੁਰਜ ਹਮੀਰਾ ਤੇ ਲਖਬੀਰ ਸਿੰਘ ਨਿਜ਼ਾਮਪੁਰ ਵੀ ਹਾਜ਼ਰ ਸਨ।ਮੰਡੀ ਅਤੇ ਇਲਾਕਾ ਨਿਵਾਸੀਆਂ ਵੱਲੋਂ ਪੁੱਜੀਆਂ ਸੰਗਤਾਂ ਲਈ ਲੰਗਰ ਦਾ ਸੁਚੱਜਾ ਪ੍ਰਬੰਧ ਕੀਤਾ ਗਿਆ ਸੀ।ਅਨੇਕਾਂ ਸੰਸਥਾਵਾਂ ਵੱਲੋਂ ਸ਼ੋਕ ਸੰਦੇਸ਼ ਵੀ ਭੇਜੇ ਗਏ।ਆਰੰਭ 'ਚ ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ ਵੱਲੋਂ ਕ੍ਰਾਂਤੀਕਾਰੀ ਗੀਤ ਪੇਸ਼ ਕੀਤੇ ਗਏ।

## ਹਰਗੋਬਿੰਦ ਕੌਰ ਬਹਾਲ

**ਚੰਡੀਗੜ੍ਹ :** ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਪ੍ਰਧਾਨ ਹਰਗੋਬਿੰਦ ਕੌਰ ਦੇ ਨੌਕਰੀ ਤੋਂ ਬਰਖ਼ਾਸਤਗੀ ਦੇ ਹੁਕਮਾਂ ਨੂੰ ਰੱਦ ਕਰ ਦਿੱਤਾ ਹੈ। ਹਾਈ ਕੋਰਟ ਨੇ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਚੱਕ ਕਾਲਾ ਸਿੰਘ ਵਿੱਚ ਆਂਗਣਵਾੜੀ ਵਰਕਰ ਵਜੋਂ ਤਾਇਨਾਤ ਰਹੀ ਹਰਗੋਬਿੰਦ ਕੌਰ ਨੂੰ ਨੌਕਰੀ 'ਤੇ ਬਹਾਲ ਕਰਨ ਦੇ ਹੁਕਮ ਜਾਰੀ ਕੀਤੇ ਹਨ। ਹਰਗੋਬਿੰਦ ਕੌਰ ਨੂੰ ਲੋਕ ਸਭਾ ਚੋਣਾਂ ਸਮੇਂ ਚੋਣ ਜ਼ਾਬਤੇ ਦੌਰਾਨ ਸਿਆਸੀ ਗਤੀਵਿਧੀਆਂ ਵਿੱਚ ਸ਼ਮੂਲੀਅਤ ਕਰਨ ਅਤੇ ਵੱਧ ਛੁੱਟੀਆਂ ਲੈਣ ਦੇ ਦੋਸ਼ਾਂ ਤਹਿਤ 19 ਜੂਨ 2024 ਨੂੰ ਮੁਅੱਤਲ ਕੀਤਾ ਗਿਆ ਸੀ। ਅਦਾਲਤ ਨੇ ਪੰਜਾਬ ਸਰਕਾਰ ਨੂੰ ਨਿਰਦੇਸ਼ ਦਿੱਤੇ ਹਨ ਕਿ ਪਟੀਸ਼ਨਰ ਹਰਗੋਬਿੰਦ ਕੌਰ ਨੂੰ ਨੌਕਰੀ 'ਤੇ ਬਹਾਲ ਕਰਕੇ ਸਾਰੇ ਬਕਾਇਆ ਲਾਭ 6 ਫ਼ੀਸਦੀ ਵਿਆਜ ਸਮੇਤ 8 ਹਫ਼ਤਿਆਂ ਦੇ ਅੰਦਰ ਜਾਰੀ ਕੀਤੇ ਜਾਣ।

# ਜਲੰਧਰ ਬੰਦ ਰਿਹਾ



**ਜਲੰਧਰ (ਨ ਜ਼ ਸ)**-ਲੁਧਿਆਣਾ ਵਿਖੇ ਡਾ. ਬੀ ਆਰ ਅੰਬੇਡਕਰ ਦੇ ਬੁੱਤ ਦੀ ਹੋਈ ਬੇਅਦਬੀ ਦੇ ਵਿਰੋਧ ਵਿੱਚ ਵੀਰਵਾਰ ਅੰਬੇਡਕਰਵਾਦੀ, ਦਲਿਤ, ਧਾਰਮਕ ਅਤੇ ਸਮਾਜਕ ਜਥੇਬੰਦੀਆਂ ਦੇ ਬੰਦ ਦੇ ਸੱਦੇ 'ਤੇ ਜਲੰਧਰ ਵਿੱਚ ਮੁਕੰਮਲ ਬੰਦ ਦੇਖਣ ਨੂੰ ਮਿਲਿਆ। ਸ਼ਹਿਰ ਦੇ ਮੁੱਖ ਬਾਜ਼ਾਰ, ਦੁਕਾਨਾਂ ਅਤੇ ਵਪਾਰਕ ਅਦਾਰੇ ਪੂਰੀ ਤਰ੍ਹਾਂ ਬੰਦ ਰਹੇ। ਕਈ ਇਲਾਕਿਆਂ ਦੀਆਂ ਸੜਕਾਂ 'ਤੇ ਸੁੰਨਸਾਨ ਰਹੀ। ਇਸ ਦੌਰਾਨ ਬਸਪਾ ਅਤੇ ਕਾਂਗਰਸ ਦੇ ਵਰਕਰਾਂ ਵੱਲੋਂ ਵੀ ਜ਼ਿਲ੍ਹੇ ਅੰਦਰ ਧਰਨੇ-ਪ੍ਰਦਰਸ਼ਨ ਕੀਤੇ ਗਏ।

## ਵਾਂਗਚੁੱਕ ਨੇ ਭੱਟੀ ਚੇਤੇ ਕਰਾਇਆ



**ਲੇਹ :** ਜਲਵਾਯੂ ਕਾਰਕੁਨ ਸੋਨਮ ਵਾਂਗਚੁੱਕ ਨੇ ਵੀਰਵਾਰ ਕਿਹਾ ਕਿ ਉਹ ਨਵੀਂ ਦਿੱਲੀ ਵਿੱਚ ਲੱਦਾਖ ਦੇ ਮੁੱਖ ਨੇਤਾਵਾਂ ਅਤੇ ਗ੍ਰਹਿ ਮੰਤਰਾਲੇ ਦੀ ਸਬ-ਕਮੇਟੀ ਵਿਚਕਾਰ ਹੋਈ ਗੱਲਬਾਤ ਤੋਂ ਨਿਰਾਸ਼ ਹਨ। ਵਾਂਗਚੁੱਕ ਨੇ ਪ੍ਰਸਿੱਧ ਕਾਮੇਡੀਅਨ ਜਸਪਾਲ ਭੱਟੀ ਦੇ ਫਲਾਪ ਸ਼ੋਅ ਤੋਂ ਇੱਕ ਪੁਰਾਣੀ ਕਲਿੱਪ ਸਾਂਝੀ ਕੀਤੀ ਅਤੇ ਕਿਹਾ ਕਿ ਗੱਲਬਾਤ ਦੌਰਾਨ ਸ਼ਾਇਦ ਹੀ ਕੁਝ ਨਵਾਂ ਹੋਇਆ ਹੋਵੇ। ਅਗਲੀ ਮੀਟਿੰਗ ਅਕਤੂਬਰ ਲਈ ਨਿਰਧਾਰਤ ਕੀਤੀ ਗਈ ਹੈ। ਕੇਂਦਰੀ ਗ੍ਰਹਿ ਮੰਤਰਾਲੇ ਨੇ ਬੁੱਧਵਾਰ ਲੱਦਾਖ ਦੇ ਰਾਜ ਦੇ ਦਰਜੇ ਅਤੇ ਸੰਵਿਧਾਨਕ ਸੁਰੱਖਿਆ ਦੀਆਂ ਮੰਗਾਂ 'ਤੇ ਮੀਟਿੰਗ ਬੁਲਾਈ ਸੀ। ਵਾਂਗਚੁੱਕ ਨੇ ਕਿਹਾ, "ਮੀਟਿੰਗ ਦਾ ਇੱਕੋ ਇੱਕ ਵੱਡਾ ਨਤੀਜਾ 'ਸ਼ਾਇਦ ਅਗਲੀ ਮੀਟਿੰਗ ਦੀ ਤਰੀਕ ... ਅਕਤੂਬਰ ਵਿੱਚ ਤੈਅ ਕਰਨਾ' ਸੀ। ਇਸੇ ਕਰਕੇ ਸਾਨੂੰ ਅੱਜ ਮਸ਼ਹੂਰ ਕਾਮੇਡੀਅਨ ਜਸਪਾਲ ਭੱਟੀ ਦੀਆਂ

• ਬਾਕੀ ਸਫ਼ਾ 2 'ਤੇ

## ਚੂਨੀ ਲਾਲ ਭਗਤ ਦਾ ਦੇਹਾਂਤ



**ਜਲੰਧਰ (ਸੁਰਿੰਦਰ ਕੁਮਾਰ)**-ਸਾਬਕਾ ਕੈਬਨਿਟ ਮੰਤਰੀ ਤੇ ਪੰਜਾਬ ਵਿੱਚ ਭਾਜਪਾ ਨੂੰ ਤਕੜੀ ਕਰਨ ਵਿੱਚ ਅਹਿਮ ਰੋਲ ਨਿਭਾਉਣ ਵਾਲੇ ਚੂਨੀ ਲਾਲ ਭਗਤ (94) ਦਾ ਵੀਰਵਾਰ ਤੜਕੇ ਇੱਥੇ ਦੇਹਾਂਤ ਹੋ ਗਿਆ। ਉਹ ਸੱਤ ਸਾਲਾਂ ਤੋਂ ਵੱਧ ਸਮੇਂ ਤੋਂ ਬਿਮਾਰ ਸਨ ਤੇ ਵ੍ਹੀਲਚੇਅਰ 'ਤੇ ਸਨ। ਉਹ 2012 ਤੋਂ 2017 ਤੱਕ ਅਕਾਲੀ-ਭਾਜਪਾ ਸਰਕਾਰ ਦੌਰਾਨ ਸਥਾਨਕ ਸਰਕਾਰਾਂ, ਮੈਡੀਕਲ ਸਿੱਖਿਆ, ਜੰਗਲਾਤ, ਵਣ ਜੀਵ ਅਤੇ ਕਿਰਤ ਵਰਗੇ ਕਈ ਅਹਿਮ ਵਿਭਾਗਾਂ ਦੇ ਮੰਤਰੀ ਰਹੇ। ਉਹ 1997, 2007 ਅਤੇ 2012 ਵਿੱਚ ਜਲੰਧਰ ਪੱਛਮੀ

• ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਭਾਵਨਾ ਨਾਰੀ ਵਿਰੋਧੀ ਜਦ ਗਈ ਵਧਦੀ,
ਲੱਗਿਆ ਸੋਚਣ ਕੁਝ ਫੇਰ ਸੰਸਾਰ ਭਾਈ।
ਮਾਂਵਾਂ, ਭੈਣਾਂ ਤੇ ਧੀਆਂ ਸਭ ਘਰਾਂ ਅੰਦਰ,
ਪੈਂਦੀ ਹੈ ਫੇਰ ਵੀ ਔਰਤ ਨੂੰ ਮਾਰ ਭਾਈ।
ਕਦੇ ਕੁਝ ਹੁੰਦੀ ਖੁਨਾਮੀ ਜਦ ਕੁੜੀ ਕੋਲੋਂ,
ਕਈ-ਕਈ ਦਿਨ ਵੀ ਚੱਲੇ ਪ੍ਰਚਾਰ ਭਾਈ।
ਕਰਦੇ ਮਰਦ ਕਈ ਪਾਪ ਹਨ ਨਿੱਤ ਭਾਵੇਂ,
ਦਿਨਾਂ ਦੋ ਬਾਅਦ ਹੀ ਦੇਣ ਵਿਸਾਰ ਭਾਈ।
ਹੁੰਦਾ ਔਰਤ ਵਿਰੋਧ ਗਿਆ ਬਹੁਤ ਭਾਰੀ,
ਵਿਗਾੜੀ ਸਾਰੀ ਸਮਾਜ ਦੀ ਸ਼ਕਲ ਭਾਈ।
ਲਹਿਰ ਯੂਰਪ ਦੇ ਵੱਲੋਂ ਕੁਝ ਨਵੀਂ ਉੱਠੀ,
ਲੱਗੀ ਉਹ ਦੇਣ ਸਮਾਜ ਨੂੰ ਅਕਲ ਭਾਈ।

-ਤੀਸ ਮਾਰ ਖਾਂ

# ਵੇਜ ਕੋਡ ਤਹਿਤ ਕੇਂਦਰੀ ਸਲਾਹਕਾਰ ਬੋਰਡ ਨਵੇਂ ਸਿਰਿਓਂ ਬਣਾਓ : ਅਮਰਜੀਤ ਕੌਰ

**ਲੁਧਿਆਣਾ (ਐੱਮ ਐੱਸ ਭਾਟੀਆ)**

ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਨੇ ਵੇਜ ਕੋਡ, 2019 ਦੀ ਧਾਰਾ 42 ਤਹਿਤ ਕੇਂਦਰੀ ਸਲਾਹਕਾਰ ਬੋਰਡ ਦੇ ਗਠਨ ਸੰਬੰਧੀ ਕਿਰਤ ਅਤੇ ਰੁਜ਼ਗਾਰ ਮੰਤਰਾਲੇ ਵੱਲੋਂ 21 ਜੁਲਾਈ 2026 ਨੂੰ ਜਾਰੀ ਨੋਟੀਫਿਕੇਸ਼ਨ ਐੱਸ.ਓ. 3985 (ਈ) ਦਾ ਸਖ਼ਤ ਵਿਰੋਧ ਕੀਤਾ ਹੈ। ਏਟਕ ਦੀ ਜਨਰਲ ਸਕੱਤਰ ਕਾਮਰੇਡ ਅਮਰਜੀਤ ਕੌਰ ਨੇ ਕਿਰਤ ਅਤੇ ਰੁਜ਼ਗਾਰ ਮੰਤਰੀ ਡਾ. ਮਨਸੁਖ ਮਾਂਡਵੀਆ ਨੂੰ ਪੱਤਰ ਲਿਖ ਕੇ ਇਸ ਨੋਟੀਫਿਕੇਸ਼ਨ ਨੂੰ ਤੁਰੰਤ ਵਾਪਸ ਲੈਣ ਅਤੇ ਸਾਰੇ ਕੇਂਦਰੀ ਟਰੇਡ ਯੂਨੀਅਨਾਂ ਦੀ ਢੁਕਵੀਂ ਨੁਮਾਇੰਦਗੀ ਯਕੀਨੀ ਬਣਾਉਂਦਿਆਂ ਬੋਰਡ ਦਾ ਮੁੜ ਗਠਨ ਕਰਨ ਦੀ ਮੰਗ ਕੀਤੀ ਹੈ।ਕਾਮਰੇਡ ਅਮਰਜੀਤ ਕੌਰ ਨੇ ਕਿਹਾ ਕਿ ਮੌਜੂਦਾ ਬੋਰਡ ਦੀ ਬਣਤਰ ਪ੍ਰਤੀਨਿਧਤਾ ਦੇ ਸਿਧਾਂਤ ਦੇ ਅਨੁਕੂਲ ਨਹੀਂ ਹੈ ਅਤੇ ਇਹ ਤ੍ਰਿਪੱਖੀ ਪ੍ਰਣਾਲੀ ਅਤੇ ਪ੍ਰਤੀਨਿਧੀ ਲੋਕਤੰਤਰ ਦੀ ਭਾਵਨਾ ਨੂੰ ਕਮਜ਼ੋਰ ਕਰਦੀ ਹੈ। ਉਨ੍ਹਾ ਕਿਹਾ ਕਿ ਏਟਕ ਚਾਰ ਲੇਬਰ ਕੋਡਾਂ ਦੇ ਆਪਣੇ ਵਿਰੋਧ ਨੂੰ ਦੁਹਰਾਉਂਦਿਆਂ ਵੀ ਇਸ ਨੋਟੀਫਿਕੇਸ਼ਨ ਨੂੰ ਵੱਖਰੇ ਤੌਰ 'ਤੇ ਗੰਭੀਰਤਾ ਨਾਲ ਉਠਾ ਰਹੀ ਹੈ।ਉਨ੍ਹਾ ਦੱਸਿਆ ਕਿ ਵੇਜ ਕੋਡ, 2019 ਦੀ ਧਾਰਾ 42(1) ਅਨੁਸਾਰ ਕੇਂਦਰੀ ਸਲਾਹਕਾਰ ਬੋਰਡ ਵਿੱਚ ਮਾਲਕਾਂ ਦੀ ਨੁਮਾਇੰਦਗੀ ਕਰਨ ਵਾਲੇ ਅਤੇ ਕਰਮਚਾਰੀਆਂ ਦੀ ਨੁਮਾਇੰਦਗੀ ਕਰਨ ਵਾਲੇ ਬਰਾਬਰ ਗਿਣਤੀ ਦੇ ਮੈਂਬਰਾਂ ਤੋਂ ਇਲਾਵਾ ਸੁਤੰਤਰ ਮੈਂਬਰ ਅਤੇ ਸੂਬਾ ਸਰਕਾਰਾਂ ਦੇ ਨੁਮਾਇੰਦੇ ਹੋਣੇ ਹਨ। ਕੇਂਦਰੀ ਸਲਾਹਕਾਰ ਬੋਰਡ ਨਿਯਮ, 2021 ਵਿੱਚ ਮਾਲਕਾਂ ਅਤੇ ਕਰਮਚਾਰੀਆਂ ਵੱਲੋਂ 12-12 ਨੁਮਾਇੰਦਿਆਂ ਦੀ ਵਿਵਸਥਾ ਕੀਤੀ ਗਈ ਹੈ।ਏਟਕ ਨੇ ਇਤਰਾਜ਼ ਜਤਾਇਆ ਹੈ ਕਿ ਇਸ ਦੇ ਬਾਵਜੂਦ ਨਵੇਂ ਗਠਿਤ ਬੋਰਡ ਵਿੱਚ ਕਈ ਵੱਡੀਆਂ ਕੇਂਦਰੀ ਟਰੇਡ ਯੂਨੀਅਨਾਂ ਨੂੰ ਕਰਮਚਾਰੀ ਪੱਖ ਦੀ ਨੁਮਾਇੰਦਗੀ ਤੋਂ ਬਾਹਰ ਰੱਖਿਆ ਗਿਆ ਹੈ। ਏਟਕ ਅਨੁਸਾਰ ਇਹ ਚੋਣਵੀਂ ਅਤੇ ਪੱਖਪਾਤੀ ਪਹੁੰਚ ਦਾ ਪ੍ਰਗਟਾਵਾ ਹੈ, ਜੋ ਮਜ਼ਦੂਰ ਜਮਾਤ ਦੀ ਸਾਂਝੀ ਅਤੇ ਅਸਲ ਨੁਮਾਇੰਦਗੀ ਨੂੰ ਕਮਜ਼ੋਰ ਕਰਦੀ ਹੈ।

ਕਾਮਰੇਡ ਅਮਰਜੀਤ ਕੌਰ ਨੇ ਕਿਹਾ ਕਿ ਕਰਮਚਾਰੀਆਂ ਦੀ ਕਾਨੂੰਨੀ ਨੁਮਾਇੰਦਗੀ ਨੂੰ ਸਿਰਫ਼ ਸਰਕਾਰ ਵੱਲੋਂ ਨਾਮਜ਼ਦਗੀ ਦੀ ਰਸਮੀ ਕਾਰਵਾਈ ਤੱਕ ਸੀਮਤ ਨਹੀਂ ਕੀਤਾ ਜਾ ਸਕਦਾ। ਕਰਮਚਾਰੀ ਨੁਮਾਇੰਦੇ ਦੇਸ਼ ਦੀ ਟਰੇਡ ਯੂਨੀਅਨ ਲਹਿਰ ਦੀ ਅਸਲ ਪ੍ਰਤੀਨਿਧਤਾ, ਜਥੇਬੰਦਕ ਪਹੁੰਚ ਅਤੇ ਵੱਖ-ਵੱਖ ਖੇਤਰਾਂ ਵਿੱਚ ਮੌਜੂਦਗੀ ਨੂੰ ਦਰਸਾਉਣ ਵਾਲੇ ਹੋਣੇ ਚਾਹੀਦੇ ਹਨ।ਉਨ੍ਹਾ ਕਿਹਾ ਕਿ ਦੇਸ਼ ਦੀਆਂ ਸਭ ਤੋਂ ਪੁਰਾਣੀਆਂ ਅਤੇ ਪ੍ਰਮੁੱਖ ਕੇਂਦਰੀ ਟਰੇਡ ਯੂਨੀਅਨਾਂ ਵਿੱਚੋਂ ਇੱਕ ਏਟਕ ਨੂੰ ਅਜਿਹੇ ਕਾਨੂੰਨੀ ਤ੍ਰਿਪੱਖੀ ਬੋਰਡ ਤੋਂ ਬਾਹਰ ਰੱਖਣਾ ਜਾਇਜ਼ ਨਹੀਂ ਹੈ। ਘੱਟੋ-ਘੱਟ ਉਜਰਤਾਂ ਅਤੇ ਹੋਰ ਮਜ਼ਦੂਰ ਮਸਲਿਆਂ ਨਾਲ ਸੰਬੰਧਤ ਫ਼ੈਸਲਿਆਂ ਵਿੱਚ ਮਜ਼ਦੂਰਾਂ ਦੀ ਅਸਲ ਆਵਾਜ਼ ਦੀ ਮੌਜੂਦਗੀ ਜ਼ਰੂਰੀ ਹੈ।ਏਟਕ ਨੇ ਕਿਹਾ ਕਿ ਕੇਂਦਰੀ ਸਲਾਹਕਾਰ ਬੋਰਡ ਨੂੰ ਵੇਜ ਕੋਡ ਦੀ ਧਾਰਾ 42(3) ਤਹਿਤ ਕੇਂਦਰ ਸਰਕਾਰ ਨੂੰ ਘੱਟੋ-ਘੱਟ ਉਜਰਤਾਂ ਨਿਰਧਾਰਤ ਕਰਨ ਅਤੇ ਉਨ੍ਹਾਂ ਵਿੱਚ ਸੋਧ ਕਰਨ ਸਮੇਤ ਹੋਰ ਸੰਬੰਧਤ ਮਾਮਲਿਆਂ ਬਾਰੇ ਸਲਾਹ ਦੇਣ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਲਈ ਬੋਰਡ ਦੀ ਬਣਤਰ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ, ਕਿਉਂਕਿ ਉਜਰਤਾਂ ਨਾਲ ਸੰਬੰਧਤ ਫ਼ੈਸਲੇ ਦੇਸ਼ ਦੇ ਲੱਖਾਂ ਮਜ਼ਦੂਰਾਂ, ਖ਼ਾਸ ਕਰਕੇ ਘੱਟ ਤਨਖ਼ਾਹ ਵਾਲੇ ਅਤੇ ਕਮਜ਼ੋਰ ਵਰਗਾਂ ਦੇ ਕਾਮਿਆਂ ਨੂੰ ਸਿੱਧੇ ਤੌਰ 'ਤੇ ਪ੍ਰਭਾਵਿਤ ਕਰਦੇ ਹਨ।ਏਟਕ ਨੇ ਮੰਗ ਕੀਤੀ ਕਿ 21 ਜੁਲਾਈ ਦਾ ਨੋਟੀਫਿਕੇਸ਼ਨ ਤੁਰੰਤ ਵਾਪਸ ਲਿਆ ਜਾਵੇ ਅਤੇ ਪਾਰਦਰਸ਼ੀ ਸਲਾਹ-ਮਸ਼ਵਰੇ ਦੀ ਪ੍ਰਕਿਰਿਆ ਰਾਹੀਂ ਕੇਂਦਰੀ ਸਲਾਹਕਾਰ ਬੋਰਡ ਦਾ ਮੁੜ ਗਠਨ ਕੀਤਾ ਜਾਵੇ। ਨਾਲ ਹੀ ਧਾਰਾ 42(1)(ਬੀ) ਅਧੀਨ ਏਟਕ ਸਮੇਤ ਸਾਰੀਆਂ ਪ੍ਰਮੁੱਖ ਕੇਂਦਰੀ ਟਰੇਡ ਯੂਨੀਅਨਾਂ ਨੂੰ ਕਰਮਚਾਰੀ ਵਰਗ ਵਿੱਚ ਢੁਕਵੀਂ ਅਤੇ ਯੋਗ ਨੁਮਾਇੰਦਗੀ ਦਿੱਤੀ ਜਾਵੇ।ਏਟਕ ਨੇ ਜ਼ੋਰ ਦੇ ਕੇ ਕਿਹਾ ਕਿ ਤ੍ਰਿਪੱਖੀ ਪ੍ਰਣਾਲੀ ਚੋਣਵੀਂ ਨਹੀਂ ਹੋ ਸਕਦੀ ਅਤੇ ਕੇਂਦਰੀ ਸਲਾਹਕਾਰ ਬੋਰਡ ਨੂੰ ਸਰਕਾਰ ਵੱਲੋਂ ਇਕਪਾਸੜ ਤੌਰ 'ਤੇ ਬਣਾਈ ਗਈ ਬਾਡੀ ਨਹੀਂ, ਸਗੋਂ ਇੱਕ ਅਸਲ ਤ੍ਰਿਪੱਖੀ ਸੰਸਥਾ ਵਜੋਂ ਕੰਮ ਕਰਨਾ ਚਾਹੀਦਾ ਹੈ।

## ਗੁਜਰਾਤ ਦੀਆਂ ਛੇ ਪਾਰਟੀਆਂ ਨੂੰ ਕਰੋੜਾਂ ਦੇ ਚੰਦੇ ਦੀ ਜਾਂਚ ਹੋਵੇ : ਸੀ ਪੀ ਆਈ

**ਲੁਧਿਆਣਾ (ਐੱਮ ਐੱਸ ਭਾਟੀਆ)**-ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰੇਤ ਨੇ ਗੁਜਰਾਤ ਵਿੱਚ ਛੇ ਰਜਿਸਟਰਡ ਪਰ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਸਾਲ 2023-24 ਦੌਰਾਨ ਮਿਲੇ ਹੈਰਾਨੀਜਨਕ 1,700 ਕਰੋੜ ਰੁਪਏ ਦੇ ਚੰਦੇ ਸੰਬੰਧੀ ਸਾਹਮਣੇ ਆਈਆਂ ਰਿਪੋਰਟਾਂ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਹੈਰਾਨੀ ਦੀ ਗੱਲ ਹੈ ਕਿ ਇਨ੍ਹਾਂ ਪਾਰਟੀਆਂ ਦੀ ਕੋਈ ਦਿਖਾਈ ਦੇਣ ਵਾਲੀ ਸਿਆਸੀ ਸਰਗਰਮੀ ਨਹੀਂ ਹੈ। ਆਮ ਜਨਮਤ ਪਾਰਟੀ ਨੂੰ 620 ਕਰੋੜ ਰੁਪਏ, ਸਤਿਆਵਾਦੀ ਰਕਸ਼ਕ ਪਾਰਟੀ ਨੂੰ 330.55 ਕਰੋੜ ਰੁਪਏ, ਸਵਤੰਤਰਤਾ ਅਭਿਵਿਅਕਤੀ ਪਾਰਟੀ ਨੂੰ 219.69 ਕਰੋੜ ਰੁਪਏ, ਨਿਊ ਇੰਡੀਆ ਯੂਨਾਈਟਿਡ ਪਾਰਟੀ ਨੂੰ 200.69 ਕਰੋੜ ਰੁਪਏ, ਭਾਰਤੀ ਨੈਸ਼ਨਲ ਜਨਤਾ ਦਲ ਨੂੰ 191.61 ਕਰੋੜ ਰੁਪਏ ਅਤੇ ਗਰੀਬ ਕਲਿਆਣ ਪਾਰਟੀ ਨੂੰ 138 ਕਰੋੜ ਰੁਪਏ ਮਿਲੇ ਹਨ।

ਇਹ ਤੱਥ ਕਿ ਏਨੀ ਵੱਡੀ ਰਕਮ ਪ੍ਰਾਪਤ ਕਰਨ ਵਾਲੀਆਂ ਪਾਰਟੀਆਂ ਨੇ ਨਾ ਤਾਂ ਕੋਈ ਮਹੱਤਵਪੂਰਨ ਚੋਣ ਲੜੀ ਅਤੇ ਕਈ ਮਾਮਲਿਆਂ ਵਿੱਚ ਚੋਣ ਕਮਿਸ਼ਨ ਕੋਲ ਲਾਜ਼ਮੀ ਆਡਿਟ ਅਤੇ ਵਿੱਤੀ ਰਿਪੋਰਟਾਂ ਵੀ ਢੰਗ ਨਾਲ ਜਮ੍ਹਾਂ ਨਹੀਂ ਕਰਵਾਈਆਂ, ਇਨ੍ਹਾਂ ਫੰਡਾਂ ਦੇ ਸਰੋਤ ਅਤੇ ਉਨ੍ਹਾਂ ਦੇ ਮਕਸਦ ਬਾਰੇ ਬਹੁਤ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਸੀ ਪੀ ਆਈ ਮੰਗ ਕਰਦੀ ਹੈ ਕਿ ਇਨ੍ਹਾਂ ਫੰਡਾਂ ਦੀ ਪੂਰੀ ਲੜੀ ਦੀ ਸੀ ਬੀ ਆਈ ਵੱਲੋਂ ਸਮਾਂਬੱਧ ਅਤੇ ਵਿਸਥਾਰਪੂਰਵਕ ਜਾਂਚ ਕਰਵਾਈ ਜਾਵੇ ਅਤੇ ਕੰਪਟਰੋਲਰ

• ਬਾਕੀ ਸਫ਼ਾ 2 'ਤੇ

## ਪਿੰਡ ਸੇਖੂ 'ਚ ਮੈਗਾ ਹੈਲਥ ਕੈਂਪ ਲੱਗਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੇਂਡੂ ਖੇਤਰਾਂ ਵਿੱਚ ਗੁਣਵੱਤਾਪੂਰਨ ਸਿਹਤ ਸੇਵਾਵਾਂ ਦੀ ਪਹੁੰਚ ਯਕੀਨੀ ਬਣਾਉਣ ਦੀ ਆਪਣੀ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ ਐਚ ਐਮ ਈ ਐਲ ਵੱਲੋਂ ਏਮਜ਼ ਬਠਿੰਡਾ ਦੇ ਸਹਿਯੋਗ ਨਾਲ ਗੁਰਦੁਆਰਾ ਚਰਨਸਰ ਸਾਹਿਬ, ਪਿੰਡ ਸੇਖੂ ਵਿਖੇ ਮੈਗਾ ਹੈਲਥ ਕੈਂਪ ਲਗਾਇਆ ਗਿਆ।ਇਹ ਸਿਹਤ ਕੈਂਪ ਐਚ ਐਮ ਈ ਐਲ ਦੇ ਪ੍ਰਮੁੱਖ ਇੰਟੀਗ੍ਰੇਟਿਡ ਮੋਬਾਈਲ ਮੈਡੀਕਲ ਯੂਨਿਟ ਵਿਦ ਟੈਲੀਮੈਡੀਸਨ ਪ੍ਰੋਜੈਕਟ ਤਹਿਤ ਕਰਵਾਇਆ ਗਿਆ। ਇਸ ਪ੍ਰੋਜੈਕਟ ਦਾ ਉਦੇਸ਼ ਐਚ ਐਮ ਈ ਐਲ ਦੇ ਕਾਰਜ ਖੇਤਰ ਦੇ ਆਸ-ਪਾਸ ਰਹਿੰਦੇ ਪੇਂਡੂ ਭਾਈਚਾਰਿਆਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਗੁਣਵੱਤਾਪੂਰਨ ਸਿਹਤ ਸੇਵਾਵਾਂ ਅਤੇ ਮਾਹਿਰ ਡਾਕਟਰੀ ਸਲਾਹ ਉਪਲਬਧ ਕਰਵਾਉਣਾ ਹੈ।ਹੈਲਥ ਕੈਂਪ ਨੂੰ ਪਿੰਡ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਕੈਂਪ ਦੌਰਾਨ 230 ਤੋਂ ਵੱਧ ਮਰੀਜ਼ਾਂ ਨੇ ਮੁਫ਼ਤ ਮਾਹਿਰ ਡਾਕਟਰੀ ਸਲਾਹ, ਸਿਹਤ ਜਾਂਚ, ਬਿਮਾਰੀਆਂ ਦੀ ਪਛਾਣ ਅਤੇ ਜ਼ਰੂਰੀ ਡਾਕਟਰੀ ਸਲਾਹ ਦਾ ਲਾਭ ਲਿਆ।

## ਆਪ ਚੁਟਕਲੇ ਸੁਣਾਉਣ ਵਾਲੇ ਲੋਕਾਂ ਦਾ ਸਮੂਹ : ਲੱਖਾ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਅਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾ ਅਤੇ ਬਲਾਕ ਸੰਮਤੀ ਮੈਂਬਰ ਕ੍ਰਿਸ਼ਨਦੇਵ ਦੀ ਅਗਵਾਈ ਹੇਠ ਪਿੰਡ ਜੋਗੀਮਾਜਰਾ ਵਿਖੇ ਪੰਨਾ ਪਰਮੁੱਖ ਲਾਉਣ ਨੂੰ ਲੈ ਕੇ ਮੀਟਿੰਗ ਹੋਈ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਜਿਲਾ ਕਾਂਗਰਸ ਖੰਨਾ ਦੇ ਪ੍ਰਧਾਨ ਅਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਪੁੱਜੇ। ਉਹਨਾ ਕਿਹਾ ਕਿ ਆਮ ਆਦਮੀ ਪਾਰਟੀ ਡਰਾਮੇਬਾਜ ਅਤੇ ਚੁਟਕਲੇ ਸੁਣਾਉਣ ਵਾਲੇ ਲੋਕਾਂ ਦਾ ਇਕੱਠਾ ਕੀਤਾ ਹੋਇਆ ਟੋਲਾ ਹੈ। ਇਹਨਾ ਕੋਲ ਪੰਜਾਬ ਲਈ ਨਾ ਕੋਈ ਨੀਤੀ ਅਤੇ ਨਾ ਕੋਈ ਨੀਅਤ ਹੈ। ਪੰਜਾਬ ਨੂੰ ਨਸ਼ਾ ਮੁਕਤ ਸੂਬਾ ਕਰਨ ਵਾਲਿਆਂ ਨੇ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚ ਸੁੱਟ ਦਿੱਤਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰੁਪਿੰਦਰ ਸਿੰਘ ਬਿੰਦੂ ਪਾਇਲ ਸਾਬਕਾ ਪ੍ਰਧਾਨ ਯੂਥ ਕਾਂਗਰਸ, ਗੋਪੀ ਸੋਮਲ ਖੇੜੀ ਕੋਸਲਰ, ਮੇਜਰ ਸਿੰਘ, ਚਰਨਜੀਤ ਰੂਬਲ ਸਿੰਘ, ਰਣਜੀਤ ਸਿੰਘ, ਹਰਨੇਕ ਸਿੰਘ, ਕੰਵਰਦਿਵੇਦੀ ਤੇ ਹੋਰ ਵੀ ਹਾਜ਼ਰ ਸਨ

## 1965 ਦੀ ਜੰਗ ਦੇ ਸ਼ਹੀਦ ਰਣਮੰਡਲ ਸਿੰਘ ਦੀ ਬਰਸੀ ਮਨਾਈ



**ਭੀਖੀ (ਗੁਰਿੰਦਰ ਸਿੰਘ ਔਲਖ)**-ਨੇੜਲੇ ਪਿੰਡ ਅਤਲਾ ਖੁਰਦ ਦੇ ਨੌਜਵਾਨ ਸ਼ਹੀਦ ਰਣ ਮੰਡਲ ਸਿੰਘ ਜਿਨ੍ਹਾਂ ਨੇ 65 ਦੀ ਜੰਗ ਵਿੱਚ ਆਪਣੀ ਸ਼ਹਾਦਤ ਦਿੱਤੀ ਸੀ, ਦੀ ਬਰਸੀ ਸ਼ਹੀਦ ਰਣ ਮੰਡਲ ਸਿੰਘ ਸੇਵਾ ਸੋਸਾਇਟੀ ਵੱਲੋਂ ਮਨਾਈ ਗਈ।ਇਸ ਮੌਕੇ 322 ਆਰਮੀ ਏਅਰ ਡਿਫੈਂਸ ਰੈਜੀਮੈਂਟ ਦੀ ਸੈਨਿਕ ਟੁਕੜੀ ਵੱਲੋਂ ਸ਼ਹੀਦ ਨੂੰ ਵਿਸ਼ੇਸ਼ ਰੂਪ ਵਿੱਚ ਸਲਾਮੀ ਭੇਂਟ ਕੀਤੀ ਗਈ।ਸ਼ਹੀਦ ਦੀ ਬਰਸੀ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਉਪਰੰਤ ਪਰਿਵਾਰਿਕ ਮੈਂਬਰਾਂ ਇਲਾਕੇ ਦੀਆਂ ਵੱਖ ਵੱਖ ਜਥੇਬੰਦੀਆਂ ਸਾਬਕਾ ਸੈਨਿਕਾਂ ਨੇ ਸ਼ਹੀਦ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਉਹਨਾਂ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਂਟ ਕਰਕੇ ਭਾਵ ਭਿੰਨੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਸੋਸਾਇਟੀ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਤੇ ਮਿਡਲ ਮਿਡਲ ਸਕੂਲ ਅਤਲਾ ਖੁਰਦ ਦੇ ਸਮੁੱਚੇ ਸਟਾਫ਼ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਸ਼ਹੀਦ ਦੇ ਪਿਤਾ ਦਲੀਪ ਸਿੰਘ, ਮਾਤਾ ਜੀਤ ਕੌਰ, ਸ਼ਹੀਦ ਰਣ ਮੰਡਲ ਸੇਵਾ ਸੋਸਾਇਟੀ ਦੇ ਪ੍ਰਧਾਨ ਜਥੇਦਾਰ ਹਿੰਮਤ ਸਿੰਘ, ਉਪ ਪ੍ਰਧਾਨ ਰਣਵੀਰ ਸਿੰਘ, ਸਕੱਤਰ ਲਖਵਿੰਦਰ ਸਿੰਘ, ਖਜਾਨਚੀ ਗੁਰਮੀਤ ਸਿੰਘ, ਮੈਂਬਰ ਰਣਵੀਰ ਸਿੰਘ, ਬੇਅੰਤ ਸਿੰਘ, ਬਿਕਰ ਸਿੰਘ, ਅਮਰੀਕ ਸਿੰਘ, ਜਸਵਿੰਦਰ ਸਿੰਘ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਹਾਜਰ ਸਨ।

## ਸਫਾਈ ਕਰਮਚਾਰੀਆਂ ਵੱਲੋਂ ਸਰਕਾਰੀ ਦਬਾਅ ਅੱਗੇ ਨਾ ਝੁਕਣ ਦਾ ਐਲਾਨ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਫਾਈ ਕਰਮਚਾਰੀਆਂ ਦੀ ਹੜਤਾਲ ਜਾਰੀ ਹੈ। ਸਫਾਈ ਕਰਮਚਾਰੀ ਯੂਨੀਅਨ ਦੇ ਆਗੂਆਂ ਨੇ ਐਲਾਨ ਕੀਤਾ ਹੈ ਕਿ ਉਹ ਸਰਕਾਰ ਅੱਗੇ ਨਹੀਂ ਝੁਕਣਗੇ। ਉਹ ਆਪਣੀਆਂ ਮੰਗਾਂ ਲਈ ਲੜਦੇ ਰਹਿਣਗੇ। ਸਰਕਾਰ ਉਨ੍ਹਾਂ ਨੂੰ ਦਬਾਉਣ ਦੀ ਕੋਸ਼ਿਸ਼ ਕਰਦੀ ਹੈ ਪਰ ਉਹ ਨਹੀਂ ਦਬਣਗੇ ਜੇਕਰ ਲੋੜ ਪਈ ਤਾਂ ਉਹ ਜੇਲ੍ਹ ਜਾਣ ਲਈ ਤਿਆਰ ਹਨ। ਕਰਮਚਾਰੀਆਂ ਨੇ ਸਰਕਾਰੀ ਆਦੇਸ਼ਾਂ ਦੀਆਂ ਕਾਪੀਆਂ ਸਾੜ ਕੇ ਆਪਣਾ ਗੁੱਸਾ ਜ਼ਾਹਰ ਕੀਤਾ। ਫਿਰ ਉਨ੍ਹਾਂ ਨੇ ਬਾਜ਼ਾਰਾਂ ਵਿੱਚ ਇੱਕ ਰੋਸ ਮਾਰਚ ਕੱਢਿਆ ਸਰਕਾਰ ਅਤੇ ਪ੍ਰਸ਼ਾਸਨ ਵਿਰੁੱਧ ਨਾਅਰੇਬਾਜ਼ੀ ਕੀਤੀ। ਇਸੇ ਤਰਾਂ ਕਾਲਾਂਵਾਲੀ 'ਚ ਹਰਿਆਣਾ ਸਕੂਲ ਅਧਿਆਪਕ ਸੰਘ ਅਤੇ ਸੇਵਾ ਮੁਕਤ ਕਰਮਚਾਰੀ ਸੰਘ ਨੇ ਹੜਤਾਲ 'ਤੇ ਬੈਠੇ ਨਗਰ ਨਿਗਮ ਅਤੇ ਫਾਇਰ ਬ੍ਰਿਗੇਡ ਕਰਮਚਾਰੀਆਂ ਦਾ ਸਮਰਥਨ ਕੀਤਾ ਅਤੇ ਸਾਰੇ ਹੜਤਾਲੀ ਕਰਮਚਾਰੀਆਂ ਨੂੰ ਰਾਸ਼ਨ ਕਿੱਟਾਂ ਵੰਡੀਆਂ। ਇਸ ਮੌਕੇ ਕਾਲਾਂਵਾਲੀ ਦੇ ਵਿਰੋਧ ਪ੍ਰਦਰਸ਼ਨ ਦੀ ਪ੍ਰਧਾਨਗੀ ਨਗਰ ਨਿਗਮ ਕਰਮਚਾਰੀ ਸੰਘ ਦੇ ਪ੍ਰਧਾਨ ਸਿਕੰਦਰ ਅਠਵਾਲ ਅਤੇ ਫਾਇਰ ਬ੍ਰਿਗੇਡ ਮੈਂਬਰ ਬਲਦੇਵ ਸਿੰਘ ਨੇ ਕੀਤੀ। ਇਸ ਸਮੇ ਕਾ: ਰਾਜ ਕੁਮਾਰ ਸ਼ੇਖੂਪੁਰੀਆ,ਕ੍ਰਿਸ਼ਨ ਕਾਇਤ,ਰਘਵੀਰ ਸਿੰਘ,ਅਨਿਲ ਕੁਮਾਰ, ਸੋਨੂੰ, ਸੂਰਜ, ਰਾਜੇਸ਼, ਦੀਪਕ, ਜੋਤੀ, ਰੇਖਾ, ਹੈਪੀ, ਬੂਟਾ ਸਿੰਘ, ਜੈਨਵੀਰ,ਹਰਭਗਵਾਨ, ਗੁਰਤੇਜ ਸਿੰਘ, ਤੇਜਪਾਲ, ਭਗਵਾਨ ਦਾਸ, ਰਮੇਸ਼ ਕੁਮਾਰ, ਦਰਸ਼ਨ ਸਿੰਘ, ਹਰਬਾਦਲ ਸਿੰਘ, ਰਵੀ ਕੁਮਾਰ ਰੋੜੀ, ਨਿਰਮਲ ਸਿੰਘ ਸਿੱਧੂ, ਹਰਜੀਤ ਸਿੰਘ, ਬਲਜਿੰਦਰ ਸਿੰਘ ਸਮੇਤ ਹੋਰ ਬਹੁਤ ਸਾਰੇ ਸਾਥੀ ਵੀ ਮੌਜੂਦ ਸਨ।

## ਬੀਬੀ ਹਰਜੀਤ ਕੌਰ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ



**ਕੋਟਕਪੂਰਾ (ਰਛਪਾਲ ਭੁੱਲਰ)**-ਪਿੰਡ ਸਿਰਸੜੀ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਓਦੋਂ ਬਲ ਮਿਲਿਆ ਜਦੋਂ ਬੀਬੀ ਹਰਜੀਤ ਕੌਰ ਪਤਨੀ ਜਗਦੇਵ ਸਿੰਘ ਨੇ ਸ. ਮਨਤਾਰ ਸਿੰਘ ਬਰਾੜ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਕੋਟਕਪੂਰਾ ਦੀ ਸਰਪ੍ਰਸਤੀ ਹੇਠ ਅਤੇ ਬੀਬੀ ਪਰਮਜੀਤ ਕੌਰ ਦੇਵੀਵਾਲਾ ਦੇ ਸਹਿਯੋਗ ਨਾਲ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਬੀਬੀ ਮਨਜੀਤ ਕੌਰ ਨੰਗਲ ਪ੍ਰਧਾਨ ਇਸਤਰੀ ਅਕਾਲੀ ਦਲ ਜਿਲ੍ਹਾ ਫਰੀਦਕੋਟ, ਬੀਬੀ ਮਨਪ੍ਰੀਤ ਕੌਰ, ਬੀਬੀ ਸਰਬਜੀਤ ਕੌਰ, ਬੀਬੀ ਰਾਜ ਰਾਣੀ, ਬੀਬੀ ਸੰਤੋਸ਼ ਰਾਣੀ, ਬੀਬੀ ਸ਼ੀਲਾ ਮਿੱਤਲ, ਬੀਬੀ ਕਾਂਤਾ ਮੱਕੜ ਅਤੇ ਬੀਬੀ ਆਸ਼ਾ ਰਾਣੀ ਵੀ ਮੌਜੂਦ ਸਨ।

## ਝਾੜ ਸਾਹਿਬ ਕਾਲਜ 'ਚ ਅਧਿਆਪਕ ਦਿਵਸ ਸੰਬੰਧੀ ਭਾਸ਼ਣ ਮੁਕਾਬਲਾ ਕਰਾਇਆ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ ਅਧਿਆਪਕ ਦਿਵਸ ਦੇ ਸਬੰਧ ਵਿਚ ਭਾਸ਼ਣ ਮੁਕਾਬਲਾ ਕਰਾਇਆ ਗਿਆ।ਇਹ ਪ੍ਰੋਗਰਾਮ ਡਾ. ਸੁਨੀਤਾ ਕੌਸ਼ਲ, ਮੁਖੀ ਸਮਾਜ ਸ਼ਾਸਤਰ ਵਿਭਾਗ ਅਤੇ ਡਾ. ਪ੍ਰਭਜੋਤ ਕੌਰ, ਮੁਖੀ ਅਰਥ-ਸ਼ਾਸਤਰ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਆਯੋਜਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥਣਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਮੁਕਾਬਲੇ ਵਿੱਚ ਵਿਦਿਆਰਥਣਾਂ ਨੇ ਅਜੋਕੀ ਸਿੱਖਿਆ ਪ੍ਰਣਾਲੀ ਦੀ ਵਿਹਾਰਿਕ ਮਹੱਤਤਾ, 'ਜੇ ਮੈਂ ਅਧਿਆਪਕ ਹੁੰਦੀ', 'ਅੱਜ ਦੇ ਸਮੇਂ ਵਿੱਚ ਵਿਦਿਆਰਥੀ ਤੇ ਅਧਿਆਪਕ ਦਾ ਰਿਸ਼ਤਾ' ਵਰਗੇ ਦਿਲਚਸਪ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤੇ।ਵਿਦਿਆਰਥਣਾਂ ਨੇ ਵੱਖ-ਵੱਖ ਉਦਾਹਰਣਾਂ ਦੇ ਹਵਾਲੇ ਨਾਲ ਆਪਣੇ ਵਿਚਾਰ ਪ੍ਰਗਟ ਕਰਦਿਆਂ ਆਪਣੇ ਆਤਮ-ਵਿਸ਼ਵਾਸ, ਰਚਨਾਤਮਕਤਾ, ਆਲੋਚਨਾਤਮਕ ਸੋਚ ਅਤੇ ਸੰਚਾਰ ਹੁਨਰਾਂ ਦਾ ਪ੍ਰਦਰਸ਼ਨ ਕੀਤਾ।ਮੁਕਾਬਲੇ ਦੇ ਨਿਰਣਾਇਕ ਮੰਡਲ ਵਿੱਚ ਡਾ. ਰਣਜੀਤ ਕੌਰ, ਵਿਭਾਗ ਹੋਮ ਸਾਇੰਸ ਤੇ ਪ੍ਰੋ. ਜਸਵੀਰ ਕੌਰ, ਵਿਭਾਗ ਪੰਜਾਬੀ ਸਨ।ਮੁਕਾਬਲੇ ਵਿੱਚ ਕਾਲਜ ਦੀ ਵਿਦਿਆਰਥਣ ਰੋਮਨਪ੍ਰੀਤ ਕੌਰ ਨੇ ਪਹਿਲਾ, ਸਿਮਰਨ ਕੌਰ ਨੇ ਦੂਜਾ ਅਤੇ ਸਿਮਰਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।

## ਭਾਰਤ ਵਿਕਾਸ ਪ੍ਰੀਸ਼ਦ ਨਾਭਾ ਵੱਲੋਂ ਕਰਵਾਏ ਗਏ ਸੇਵਾ ਕਾਰਜ



**ਨਾਭਾ (ਅਮਨ ਗਰਗ)**-ਭਾਰਤ ਵਿਕਾਸ ਪ੍ਰੀਸ਼ਦ, ਨਾਭਾ ਵੱਲੋਂ ਸੇਵਾ ਸੰਸਕ੍ਰਿਤੀ ਪਖਵਾੜਾ ਦੇ ਮੱਦੇਨਜ਼ਰ ਬੀਤੀ ਦਿਨ ਤੋਂ ਸੇਵਾ ਕਾਰਜ ਕਰਵਾਏ ਜਾ ਰਹੇ ਸਨ। ਇਸ ਦੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਪ੍ਰਧਾਨ ਓਮ ਪ੍ਰਕਾਸ਼ ਗਰਗ, ਜਨਰਲ ਸਕੱਤਰ ਵਿਕਾਸ ਮਿੱਤਲ ਨੇ ਦੱਸਿਆ ਕਿ ਲਗਾਤਾਰ ਕਈ ਦਿਨਾਂ ਤੋਂ ਸੇਵਾ ਕਾਰਜ ਜਿਵੇਂ ਕਿ ਸਿਹਤ ਅਤੇ ਮਹਿਲਾ ਸਸ਼ਕਤੀਕਰਨ ਮੌਕੇ ਡਾਕਟਰ ਰਜਨੀ ਜਲੋਟਾ ਵੱਲੋਂ ਸੈਮੀਨਾਰ ਕੀਤਾ ਗਿਆ, ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਿਹਾੜੇ ਮੌਕੇ ਪ੍ਰਸ਼ਾਦ ਦੀ ਵੰਡ ਕੀਤੀ ਗਈ, ਸ਼ਾਹੀ ਸਮਾਧਾ ਵਿਖੇ ਮੁਫਤ ਸ਼ੂਗਰ ਕੈਂਪ ਲਗਾਇਆ ਗਿਆ, ਗਊਸ਼ਾਲਾ ਵਿਖੇ ਗਊਆਂ ਦੀ ਸੇਵਾ ਅਤੇ ਤੁਲਸੀ ਮਾਤਾ ਦੇ ਪੌਂਦੇ ਦੀ ਵੰਡ ਕੀਤੀ ਗਈ, ਸਿਵਲ ਹਸਪਤਾਲ ਵਿਖੇ ਲੰਗਰ ਦੀ ਸੇਵਾ ਕੀਤੀ ਗਈ ਅਤੇ ਬੀਤੀ ਰਾਤ ਸਰਕੀਰਤਨ ਸ਼੍ਰੀ ਹਨੂਮਾਨ ਮੰਦਿਰ ਵਿਚ ਬਠਿੰਡੀਆ ਮੁਹੱਲਾ ਵਿਖੇ ਕਰਵਾਇਆ ਗਿਆ ਹੈ। ਉਹਨਾਂ ਕਿਹਾ ਕਿ ਇਸ ਲੜੀ ਦੇ ਤਹਿਤ ਐਸ ਡੀ ਗਰਲਜ਼ ਸਕੂਲ ਦੁਲੱਦੀ ਗੇਟ ਵਿਖੇ ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ ਵੰਡੀ ਗਈ ਹੈ। ਸਕੂਲ ਦੇ ਹੈਡ ਟੀਚਰ ਮੀਨੂ ਸੌਂਫਤ ਅਤੇ ਸਟਾਫ ਰਜਨੀ ਗੁਪਤਾ, ਪੂਜਾ ਸ਼ਰਮਾ, ਉਸਾ ਰਾਣੀ, ਮਨੀਸ਼ਾ ਰਾਣੀ, ਗੁਰਪ੍ਰੀਤ ਕੌਰ, ਮਨਦੀਪ ਕੌਰ, ਨੇ ਸੰਸਥਾ ਦੇ ਸਮੂਹ ਮੈਂਬਰਾਂ ਦਾ ਸਟੇਸ਼ਨਰੀ ਵੰਡਣ ਲਈ ਧੰਨਵਾਦ ਕੀਤਾ। ਇਨਾਂ ਕਾਰਜਾਂ ਵਿੱਚ ਓਮ ਪ੍ਰਕਾਸ਼ ਠੇਕੇਦਾਰ, ਵਿਕਾਸ ਮਿੱਤਲ, ਅਸ਼ਵਨੀ ਮਦਾਨ, ਸ਼ੀਤਲ ਜੈਨ, ਨਰਿੰਦਰ ਵਰਮਾ, ਦਰਸ਼ਨ ਕੁਮਾਰ ਜੀਂਦੀਆ, ਸੰਜੇ ਗੁਪਤਾ, ਨੀਲਮ ਵਰਮਾ, ਸੰਜੇ ਢੀਂਗਰਾ, ਦਰਸ਼ਨ ਗੁਪਤਾ, ਸੰਜੀਵ ਗਰਗ, ਰਾਜ ਕੁਮਾਰ ਅਨਿਲ ਗੁਪਤਾ ਵੱਲੋਂ ਸੇਵਾ ਕੀਤੀ ਗਈ।

## ਪੰਜਾਬ ਦੇ ਮੁੱਦਿਆਂ ਸੰਬੰਧੀ 'ਵਾਰਿਸ ਪੰਜਾਬ ਦੇ' ਵੱਲੋਂ ਕਾਨਫਰੰਸ 13 ਨੂੰ

**ਭਵਾਨੀਗੜ੍ਹ (ਰਾਜ ਖੁਰਮੀ)**-ਅਕਾਲੀ ਦਲ 'ਵਾਰਿਸ ਪੰਜਾਬ ਦੇ' ਵੱਲੋਂ ਪੰਜਾਬ ਦੇ ਵੱਖ-ਵੱਖ ਅਹਿਮ ਮੁੱਦਿਆਂ ਨੂੰ ਲੈ ਕੇ ਵਿਧਾਨ ਸਭਾ ਹਲਕਾ ਸੰਗਰੂਰ-ਭਵਾਨੀਗੜ੍ਹ ਵਿਖੇ 'ਪੰਜਾਬ ਬਚਾਓ, ਪੰਜਾਬ ਬਚਾਓ' ਕਾਨਫਰੰਸ ਕਰਾਈ ਜਾ ਰਹੀ ਹੈ।ਇਹ ਕਾਨਫਰੰਸ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਦੀ ਅਗਵਾਈ ਹੇਠ ਹਲਕਾ ਸੰਗਰੂਰ ਦੇ ਇੰਚਾਰਜ ਸੁਖਵਿੰਦਰ ਸਿੰਘ ਝਨੇੜੀ ਵੱਲੋਂ ਕਰਾਈ ਜਾ ਰਹੀ ਹੈ।ਹਲਕਾ ਇੰਚਾਰਜ ਸੁਖਵਿੰਦਰ ਸਿੰਘ ਝਨੇੜੀ ਨੇ ਦੱਸਿਆ ਕਿ ਕਾਨਫਰੰਸ 13 ਸਤੰਬਰ ਨੂੰ ਆਰ.ਡੀ.ਐਲ. ਪੈਲੇਸ, ਪਟਿਆਲਾ ਰੋਡ ਵਿਖੇ ਕਰਾਈ ਜਾਵੇਗੀ।ਉਨ੍ਹਾਂ ਕਿਹਾ ਕਿ ਕਾਨਫਰੰਸ ਦੌਰਾਨ ਪੰਜਾਬ ਨਾਲ ਸਬੰਧਤ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਤੇ ਪੰਜਾਬ ਦੇ ਹੱਕਾਂ ਤੇ ਹਿੱਤਾਂ ਨਾਲ ਜੁੜੇ ਮਸਲਿਆਂ ਨੂੰ ਲੋਕਾਂ ਸਾਹਮਣੇ ਰੱਖਿਆ ਜਾਵੇਗਾ।ਝਨੇੜੀ ਨੇ ਕਿਹਾ ਕਿ ਪੰਜਾਬ ਅੱਜ ਕਈ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ ਅਤੇ ਇਨ੍ਹਾਂ ਮੁੱਦਿਆਂ 'ਤੇ ਲੋਕਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਮੁੱਖ ਲੋੜ ਹੈ।

# ਦੇਸ਼ ਭਗਤ ਗਲੋਬਲ ਸਕੂਲ 'ਚ 78ਵਾਂ ਮੈਗਾ ਜੌਬ ਫੇਅਰ 15 ਨੂੰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪ੍ਰੂਜਾ)**-ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਅਤੇ ਉਨ੍ਹਾਂ ਨੂੰ ਪ੍ਰਮੁੱਖ ਉਦਯੋਗਿਕ ਅਦਾਰਿਆਂ ਨਾਲ ਜੋੜਨ ਦੇ ਉਦੇਸ਼ ਨਾਲ ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਵੱਲੋਂ ਜ਼ਿਲ੍ਹਾ ਬਿਊਰੋ ਆਫ਼ ਐਂਪਲਾਇਮੈਂਟ ਐਂਡ ਐਂਟਰਪ੍ਰਾਈਜ਼ਿਜ਼ ਦੇ ਸਹਿਯੋਗ ਨਾਲ 78ਵਾਂ ਮੈਗਾ ਜੌਬ ਫੇਅਰ (ਰੁਜ਼ਗਾਰ ਮੇਲਾ) 15 ਸਤੰਬਰ ਨੂੰ ਦੇਸ਼ ਭਗਤ ਗਲੋਬਲ ਸਕੂਲ, ਕੋਟਕਪੂਰਾ ਰੋਡ ਵਿਖੇ ਆਯੋਜਤ ਕੀਤਾ ਜਾ ਰਿਹਾ ਹੈ।ਇਸ ਮੈਗਾ ਜੌਬ ਫੇਅਰ (ਰੁਜ਼ਗਾਰ ਮੇਲਾ) ਵਿੱਚ ਦੇਸ਼-ਵਿਦੇਸ਼ ਦੀਆਂ 35 ਤੋਂ ਵੱਧ ਐਮ ਐਨ ਸੀ ਐਸ ਤੇ ਨਾਮਵਰ ਕੰਪਨੀਆਂ ਵੱਲੋਂ ਭਾਗ ਲਿਆ ਜਾਵੇਗਾ।ਇਨ੍ਹਾਂ ਕੰਪਨੀਆਂ ਵੱਲੋਂ ਵੱਖ-ਵੱਖ ਖੇਤਰਾਂ ਵਿੱਚ 2000 ਤੋਂ ਵੱਧ ਨੌਕਰੀਆਂ ਦੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ। ਇਸ ਉਪਰਾਲੇ ਰਾਹੀਂ ਨੌਜਵਾਨਾਂ ਅਤੇ ਰੋਜ਼ਗਾਰ ਦੀ ਭਾਲ ਕਰ ਰਹੇ ਉਮੀਦਵਾਰਾਂ ਨੂੰ ਆਪਣੀ ਯੋਗਤਾ ਤੇ ਹੁਨਰ ਅਨੁਸਾਰ ਉਚਿਤ ਰੋਜ਼ਗਾਰ ਪ੍ਰਾਪਤ ਕਰਨ ਦਾ ਇੱਕ ਸੁਨਹਿਰੀ ਮੌਕਾ ਮਿਲੇਗਾ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ, ਜਦਕਿ ਜਗਦੀਪ ਸਿੰਘ ਕਾਕਾ ਬਰਾੜ, ਵਿਧਾਇਕ ਵਿਸ਼ੇਸ਼ ਮਹਿਮਾਨ ਵਜੋਂ ਸਮਾਗਮ ਵਿੱਚ ਸ਼ਾਮਲ ਹੋਣਗੇ।ਉਨ੍ਹਾਂ ਦੀ ਹਾਜ਼ਰੀ ਨੌਜਵਾਨਾਂ ਨੂੰ ਰੋਜ਼ਗਾਰ ਤੇ ਸਵੈ-ਨਿਰਭਰਤਾ ਵੱਲ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।ਡਾ. ਜ਼ੋਰਾ ਸਿੰਘ, ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਨੇ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਨੌਜਵਾਨਾਂ ਨੂੰ ਮਿਆਰੀ ਸਿੱਖਿਆ ਦੇ ਨਾਲ-ਨਾਲ ਰੋਜ਼ਗਾਰ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਹੁਣ ਤੱਕ 77 ਮੈਗਾ ਜੌਬ ਫੇਅਰ ਸਫਲਤਾਪੂਰਵਕ ਆਯੋਜਿਤ ਕੀਤੇ ਜਾ ਚੁੱਕੇ ਹਨ ਤੇ ਇਨ੍ਹਾਂ ਰਾਹੀਂ 20,000 ਤੋਂ ਵੱਧ ਵਿਦਿਆਰਥੀਆਂ ਅਤੇ ਨੌਕਰੀ ਦੇ ਚਾਹਵਾਨ ਉਮੀਦਵਾਰਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਗਏ ਹਨ।ਡਾ. ਜ਼ੋਰਾ ਸਿੰਘ ਨੇ ਕਿਹਾ ਕਿ 78ਵਾਂ ਮੈਗਾ ਜੌਬ ਫੇਅਰ ਵੀ ਇਸੇ ਲੜੀ ਨੂੰ ਅੱਗੇ ਵਧਾਉਂਦਿਆਂ ਨੌਜਵਾਨਾਂ ਨੂੰ ਪ੍ਰਮੁੱਖ ਕੰਪਨੀਆਂ ਨਾਲ ਸਿੱਧਾ ਸੰਪਰਕ ਸਥਾਪਤ ਕਰਨ ਤੇ ਆਪਣੇ ਕੈਰੀਅਰ ਨੂੰ ਨਵੀਂ ਦਿਸ਼ਾ ਦੇਣ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਦਾ ਮੁੱਖ ਉਦੇਸ਼ ਸਿੱਖਿਆ, ਹੁਨਰ ਵਿਕਾਸ ਅਤੇ ਰੋਜ਼ਗਾਰ ਨੂੰ ਇੱਕ ਮਜ਼ਬੂਤ ਪਲੇਟਫਾਰਮ 'ਤੇ ਇਕੱਠਾ ਕਰਨਾ ਹੈ ਤਾਂ ਜੁ ਨੌਜਵਾਨ ਆਤਮਨਿਰਭਰ ਬਣ ਸਕਣ ਅਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾ ਸਕਣ।ਇਸ ਜੌਬ ਫੇਅਰ (ਰੁਜ਼ਗਾਰ ਮੇਲਾ) ਵਿੱਚ ਵੱਖ-ਵੱਖ ਵਿਦਿਅਕ ਯੋਗਤਾਵਾਂ ਤੇ ਹੁਨਰਾਂ ਵਾਲੇ ਉਮੀਦਵਾਰਾਂ ਲਈ ਰੋਜ਼ਗਾਰ ਦੇ ਕਈ ਮੌਕੇ ਉਪਲਬਧ ਹੋਣਗੇ।

## ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਸਰਕਾਰ ਦੇ ਮੰਤਰੀਆਂ ਦਾ ਸੂਬਾ ਪੱਧਰੀ ਘਿਰਾਓ ਅੱਜ : ਭਿੰਡਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਜਾਬ ਦੇ ਲੋਕਾਂ ਨਾਲ ਜੁੜੇ ਗੰਭੀਰ ਮੁੱਦਿਆਂ 'ਤੇ ਪੰਜਾਬ ਸਰਕਾਰ ਨੂੰ ਜਵਾਬਦੇਹ ਬਣਾਉਣ ਲਈ 11 ਸਤੰਬਰ ਨੂੰ ਸੂਬਾ ਪੱਧਰ 'ਤੇ 'ਪੰਜਾਬ ਮੰਗਦਾ ਹੈ ਇਨਸਾਫ਼' ਮੁਹਿੰਮ ਤਹਿਤ ਪੰਜਾਬ ਦੇ ਸਮੂਹ ਮੰਤਰੀਆਂ ਦਾ ਸ਼ਾਂਤਮਈ ਅਤੇ ਲੋਕਤੰਤਰਿਕ ਢੰਗ ਨਾਲ ਘਿਰਾਓ ਕੀਤਾ ਜਾਵੇਗਾ।ਅਕਾਲੀ ਦਲ ਵਾਰਿਸ ਪੰਜਾਬ ਦੇ ਨੌਜਵਾਨ ਵਿੰਗ ਦੇ ਸਪੋਕਮੈਨ ਨਰਿੰਦਰ ਸਿੰਘ ਭਿੰਡਰ ਵੱਲੋਂ ਕਿਹਾ ਗਿਆ ਕਿ ਅੱਜ ਪੰਜਾਬ ਦਾ ਹਰ ਨਾਗਰਿਕ ਸਰਕਾਰ ਤੋਂ ਚਾਰ ਅਹਿਮ ਸਵਾਲਾਂ ਦੇ ਜਵਾਬ ਮੰਗ ਰਿਹਾ ਹੈ, ਪਰ ਸਰਕਾਰ ਚੁੱਪੀ ਧਾਰ ਕੇ ਲੋਕਾਂ ਦੇ ਭਰੋਸੇ ਨਾਲ ਖਿਲਵਾੜ ਕਰ ਰਹੀ ਹੈ।

ਸਭ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਨਾਲ ਜੋੜ ਕੇ ਸਾਹਮਣੇ ਆਏ ?5 ਕਰੋੜ ਦੇ ਕਥਿਤ ਰਿਸ਼ਵਤ ਮਾਮਲੇ ਵਿੱਚ ਸਰਕਾਰ ਨੂੰ ਨਿਰਪੱਖ ਜਾਂਚ ਕਰਾ ਕੇ ਸੱਚ ਲੋਕਾਂ ਸਾਹਮਣੇ ਲਿਆਉਣਾ ਚਾਹੀਦਾ ਹੈ ਤੇ ਜੇ ਜਾਂਚ ਦੌਰਾਨ ਕੋਈ ਦੋਸ਼ ਸਾਬਤ ਹੁੰਦਾ ਹੈ ਤਾਂ ਕਾਨੂੰਨ ਅਨੁਸਾਰ ਐਫ ਆਈ ਆਰ ਦਰਜ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ।ਦੂਜੇ ਪਾਸੇ ਨਸ਼ਿਆਂ ਦੇ ਮੁੱਦੇ 'ਤੇ ਕਾਲਾ ਝੰਡਾ ਦਿਖਾ ਕੇ ਲੋਕਤੰਤਰਿਕ ਵਿਰੋਧ ਕਰਨ ਵਾਲੇ ਮੋਹਨਜੀਤ ਸਿੰਘ ਸ਼ੇਰੋਂ ਨਾਲ ਕਥਿਤ ਪੁਲਸ ਤਸ਼ੱਦਦ ਨੇ ਪੰਜਾਬ ਦੀ ਕਾਨੂੰਨ-ਵਿਵਸਥਾ 'ਤੇ ਵੱਡਾ ਸਵਾਲ ਖੜਾ ਕੀਤਾ ਹੈ ਤੇ ਇਸ ਮਾਮਲੇ ਵਿੱਚ ਜ਼ਿੰਮੇਵਾਰ ਪੁਲਸ ਅਧਿਕਾਰੀਆਂ ਨੂੰ ਬਰਖ਼ਾਸਤ ਕਰਕੇ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਪਾਰਟੀ ਨੇ ਇਹ ਵੀ ਕਿਹਾ ਕਿ ਮੰਤਰੀ ਅਮਨ ਅਰੋੜਾ ਨੂੰ ਇਸ ਪੂਰੇ ਮਾਮਲੇ 'ਤੇ ਆਪਣੀ ਸਿਆਸੀ ਅਤੇ ਪ੍ਰਸ਼ਾਸਨਿਕ ਜਵਾਬਦੇਹੀ ਸਪਸ਼ਟ ਦੇ ਅਸਤੀਫੇ ਦੀ ਮੰਗ ਕੀਤੀ ਜਾਵੇਗੀ।ਇਸੇ ਤਰ੍ਹਾਂ ਪਿੰਡ ਤੂਰ ਬੰਜਾਰਾ ਦੇ ਗੁਲਜ਼ਾਰ ਸਿੰਘ ਵੱਲੋਂ ਨਸ਼ਿਆਂ ਸਬੰਧੀ ਸਵਾਲ ਉਠਾਉਣ ਤੋਂ ਬਾਅਦ ਸਾਹਮਣੇ ਆਏ ਹਾਲਾਤ ਅਤੇ ਉਸਦੀ ਮੌਤ ਨੇ ਪੰਜਾਬ ਦੇ ਲੋਕਾਂ ਨੂੰ ਝੰਝੋੜ ਕੇ ਰੱਖ ਦਿੱਤਾ ਹੈ।ਅਕਾਲੀ ਦਲ ਵਾਰਿਸ ਪੰਜਾਬ ਨੇ ਕਿਹਾ ਕਿ ਇਸ ਮਾਮਲੇ ਵਿੱਚ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੀ ਭੂਮਿਕਾ ਸਬੰਧੀ ਉੱਠ ਰਹੇ ਸਵਾਲਾਂ ਦੀ ਵੀ ਨਿਰਪੱਖ ਅਤੇ ਸਮਾਂਬੱਧ ਜਾਂਚ ਹੋਣੀ ਚਾਹੀਦੀ ਹੈ ਤੇ ਉਸਦੇ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਜਾਵੇ।ਪਾਰਟੀ ਨੇ ਹਰਪਾਲ ਸਿੰਘ ਚੀਮਾ ਦੇ ਅਸਤੀਫ਼ੇ ਦੀ ਵੀ ਮੰਗ ਕੀਤੀ ਜਾਵੇਗੀ।ਪਾਰਟੀ ਨੇ ਕਿਹਾ ਕਿ 11 ਸਤੰਬਰ ਦਾ ਇਹ ਸੂਬਾ ਪੱਧਰੀ ਰੋਸ ਕਿਸੇ ਇੱਕ ਵਿਅਕਤੀ ਦੇ ਵਿਰੋਧ ਲਈ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ, ਕਿਸਾਨਾਂ, ਆਮ ਲੋਕਾਂ ਅਤੇ ਲੋਕਤੰਤਰਿਕ ਹੱਕਾਂ ਦੀ ਆਵਾਜ਼ ਬਣ ਕੇ ਸਰਕਾਰ ਨੂੰ ਜਵਾਬਦੇਹ ਬਣਾਉਣ ਲਈ ਹੈ।

## ਵੋਟਰ ਸੂਚੀ ਦੀ ਸੋਧ ਲਈ ਬੀ ਐੱਲ ਓ ਨਾਲ ਸੰਪਰਕ ਕਰਨ ਲੋਕ : ਕਲੇਰ



**ਜਗਰਾਉਂ (ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਜਗਰਾਉਂ ਐੱਸ ਆਰ ਕਲੇਰ ਸਾਬਕਾ ਵਿਧਾਇਕ ਨੇ ਹਲਕੇ ਦੇ ਸਮੂਹ ਵੋਟਰਾ ਨੂੰ ਅਪੀਲ ਕੀਤੀ ਹੈ ਕਿ ਉਹ ਵੋਟਰ ਸੂਚੀ ਨਾਲ ਸਬੰਧਤ ਆਪਣੇ ਕੰਮ 12 ਸਤੰਬਰ ਤੋਂ ਪਹਿਲਾਂ-ਪਹਿਲਾਂ ਮੁਕੰਮਲ ਕਰਾ ਲੈਣ।ਸ੍ਰੀ ਕਲੇਰ ਨੇ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੇ ਨਵੀਂ ਵੋਟ ਬਣਾਉਣੀ ਹੈ, ਵੋਟਰ ਸੂਚੀ ਵਿੱਚ ਕਿਸੇ ਤਰ੍ਹਾਂ ਦੀ ਸੋਧ ਕਰਾਉਣੀ ਹੈ, ਆਪਣੀ ਵੋਟ ਕਿਸੇ ਹੋਰ ਹਲਕੇ ਵਿੱਚ ਤਬਦੀਲ ਕਰਵਾਉਣੀ ਹੈ ਜਾਂ ਕਿਸੇ ਹੋਰ ਹਲਕੇ ਤੋਂ ਆਪਣੀ ਵੋਟ ਜਗਰਾਉਂ ਹਲਕੇ ਵਿੱਚ ਲਿਆਉਣੀ ਹੈ। ਉਹ ਇਸ ਸਬੰਧੀ ਸਮੇਂ ਸਿਰ ਕਾਰਵਾਈ ਕਰਾਉਣ।ਉਨ੍ਹਾਂ ਕਿਹਾ ਕਿ ਵੋਟਰ ਦੀ ਵੋਟ ਉਸੇ ਸਥਾਨ 'ਤੇ ਦਰਜ ਹੋਣੀ ਚਾਹੀਦੀ ਹੈ, ਜਿੱਥੇ ਉਸ ਦਾ ਪੱਕਾ ਰਿਹਾਇਸ਼ੀ ਪਤਾ ਹੈ।ਉਨ੍ਹਾਂ ਅੱਗੇ ਕਿਹਾ ਕਿ ਜਿਨ੍ਹਾਂ ਵੋਟਾਂ 'ਤੇ ਕਿਸੇ ਤਰ੍ਹਾਂ ਦਾ ਇਤਰਾਜ਼ ਦਰਜ ਹੋਇਆ ਹੈ, ਸਬੰਧਤ ਵੋਟਰ ਆਪਣਾ ਸਪਸ਼ਟੀਕਰਨ ਅਤੇ ਲੋੜੀਂਦੇ ਦਸਤਾਵੇਜ਼ ਵੀ ਸਮੇਂ ਸਿਰ ਜਮ੍ਹਾਂ ਕਰਾਉਣ।ਇਸ ਤੋਂ ਇਲਾਵਾ ਵੋਟਰ ਸੂਚੀ ਨਾਲ ਸਬੰਧਤ ਨਵੀਂ ਵੋਟ ਬਣਾਉਣ, ਵੋਟ ਕਟਵਾਉਣ, ਵੋਟ ਤਬਦੀਲ ਕਰਾਉਣ ਜਾਂ ਕਿਸੇ ਵੀ ਤਰ੍ਹਾਂ ਦੀ ਸੋਧ ਕਰਵਾਉਣ ਲਈ ਜਗਰਾਉਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸਬੰਧਤ ਬੀ ਐੱਲ ਓ ਨਾਲ ਸੰਪਰਕ ਕਰਕੇ ਆਪਣੀ ਵੋਟ ਅਤੇ ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਦੀ ਜਾਂਚ ਕਰ ਲੈਣ ਅਤੇ ਜੇਕਰ ਕੋਈ ਤਰੁੱਟੀ ਜਾਂ ਲੋੜੀਂਦੀ ਸੋਧ ਹੋਵੇ ਤਾਂ ਉਸ ਨੂੰ ਨਿਰਧਾਰਤ ਸਮੇਂ ਅੰਦਰ 12 ਸਤੰਬਰ ਤੋਂ ਪਹਿਲਾਂ ਫਾਰਮ ਨੰਬਰ 6-7-8 ਭਰ ਕੇ ਵੋਟ ਨੂੰ ਸਹੀ ਕਰਾ ਸਕਦੇ ਹਨ।

## ਸਫਾ 1 ਦੇ ਬਾਕੀ...

### ਪੈਨਸ਼ਨਾਂ ਤੇ ਰਿਟਾਇਰਮੈਂਟ ...

ਜਾਂਚ ਟਾਇਰ-99 ਕਮੇਟੀ ਵੱਲੋਂ ਕੀਤੀ ਜਾਵੇਗੀ, ਜਿਸ ਵਿੱਚ ਵਿਭਾਗ ਦੇ ਮੁਖੀ, ਲੇਖਾ ਸ਼ਾਖਾ ਦੇ ਐੱਸ ਏ ਐੱਸ ਕੇਡਰ ਦੇ ਅਧਿਕਾਰੀ, ਕਾਨੂੰਨੀ ਸਲਾਹਕਾਰ ਅਤੇ ਹੋਰ ਸੰਬੰਧਤ ਅਧਿਕਾਰੀ ਸ਼ਾਮਲ ਹਨ। ਜਸਟਿਸ ਮੋਦਗਿਲ ਨੇ ਸਖ਼ਤ ਰੁਖ ਅਪਣਾਉਂਦਿਆਂ ਕਿਹਾ, 'ਕਮੇਟੀ ਵੱਲੋਂ ਕੀਤੀ ਜਾਣ ਵਾਲੀ ਸਮੀਖਿਆ ਸਿਰਫ ਇੱਕ ਰਸਮੀ ਕਾਰਵਾਈ ਜਾਂ ਵਿਭਾਗ ਦੇ ਪੁਰਾਣੇ ਰੁਖ ਤੱਕ ਸੀਮਤ ਨਹੀਂ ਹੋਣੀ ਚਾਹੀਦੀ। ਕਮੇਟੀ ਨੂੰ ਹਰੇਕ ਮਾਮਲੇ ਦੀ ਹਰ ਪਹਿਲੂ ਤੋਂ ਸੁਤੰਤਰ ਅਤੇ ਨਵੇਂ ਸਿਰੇ ਤੋਂ ਜਾਂਚ ਕਰਨੀ ਪਵੇਗੀ।' ਅਦਾਲਤ ਨੇ ਨਿਰਦੇਸ਼ ਦਿੱਤੇ ਕਿ ਹਰੇਕ ਕੇਸ ਦੇ ਸੇਵਾ ਰਿਕਾਰਡ, ਪੁਰਾਣੇ ਹੁਕਮਾਂ, ਸਰਕਾਰੀ ਨਿਯਮਾਂ ਅਤੇ ਦੇਰੀ ਦੇ ਕਾਰਨਾਂ ਦਾ ਵਿਅਕਤੀਗਤ ਤੌਰ 'ਤੇ ਵਿਸ਼ਲੇਸ਼ਣ ਕੀਤਾ ਜਾਵੇ। ਖਾਸ ਤੌਰ 'ਤੇ ਲਾਭਾਂ ਵਿੱਚ ਹੋਈ ਦੇਰੀ ਦੇ ਵਿਆਜ ਦੇ ਦਾਅਵਿਆਂ ਬਾਰੇ ਅਦਾਲਤ ਨੇ ਹਦਾਇਤ ਕੀਤੀ ਕਿ ਜਿੱਥੇ ਵੀ ਰਿਕਾਰਡ ਤੋਂ ਦੇਰੀ ਸਪੱਸ਼ਟ ਹੁੰਦੀ ਹੈ, ਉੱਥੇ ਕਮੇਟੀ ਨੂੰ ਦੇਰੀ ਦੇ ਸਮੇਂ ਅਤੇ ਵਿਆਜ ਦੇ ਹੱਕ ਬਾਰੇ ਇੱਕ ਸਪੱਸ਼ਟ ਫੈਸਲਾ (Speaking Order) ਦਰਜ ਕਰਨਾ ਹੋਵੇਗਾ। ਕਾਨੂੰਨੀ ਮੁੱਦਿਆਂ 'ਚ ਇੱਕਸਾਰਤਾ ਬਣਾਏ ਰੱਖਣ ਲਈ ਹਾਈ ਕੋਰਟ ਨੇ ਪੰਜਾਬ ਦੇ ਸਹਾਇਕ ਐਡਵੋਕੇਟ ਜਨਰਲ ਟੀ ਪੀ ਐੱਸ ਵਾਲੀਆ ਨੂੰ ਇਸ ਕਮੇਟੀ ਦੇ ਵਾਧੂ ਮੈਂਬਰ ਵਜੋਂ ਨਾਮਜ਼ਦ ਕੀਤਾ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਪਟੀਸ਼ਨਰਾਂ ਦੀਆਂ ਅਰਜ਼ੀਆਂ ਨੂੰ ਪ੍ਰਤੀਬੇਨਤੀ (Representation) ਵਜੋਂ ਲਿਆ ਜਾਵੇਗਾ ਅਤੇ ਲੋੜ ਪੈਣ 'ਤੇ ਉਨ੍ਹਾਂ ਨੂੰ ਆਪਣਾ ਪੱਖ ਰੱਖਣ ਅਤੇ ਦਸਤਾਵੇਜ਼ ਪੇਸ਼ ਕਰਨ ਦਾ ਪੂਰਾ ਮੌਕਾ ਦਿੱਤਾ ਜਾਵੇਗਾ। ਕਮੇਟੀ ਨੂੰ ਇਨ੍ਹਾਂ ਸਾਰੇ ਮਾਮਲਿਆਂ ਦਾ ਨਿਪਟਾਰਾ ਕਰਕੇ ਯੋਗ ਹੁਕਮ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

### ਟਰੰਪ ਸਰਕਾਰ ਦਾ ...

ਕਿਹਾ ਹੈ। ਫੌਕਸ 7 ਨਿਊਜ਼ ਦੇ ਐਂਕਰ ਐਲੇਕ ਨੋਲਨ ਨੇ ਵੀ ਇਸ ਪੋਸਟਰ ਦੀ ਤਿੱਖੀ ਨਿੰਦਾ ਕੀਤੀ ਹੈ। ਉਨ੍ਹਾ ਐੱਕਸ 'ਤੇ ਆਪਣੇ ਪਰਵਾਰਕ ਪਿਛੋਕੜ ਦਾ ਜ਼ਿਕਰ ਕਰਦਿਆਂ ਲਿਖਿਆ, "ਮੇਰੇ ਦਾਦਾ ਜੀ ਦਾ ਨਾਂਅ ਦਾਨ ਸਿੰਘ ਸੀ। ਉਨ੍ਹਾ ਦੇ ਪਿਤਾ ਕੱਥਾ ਸਿੰਘ ਦਹਾਕੇ ਪਹਿਲਾਂ ਭਾਰਤ ਤੋਂ ਬਿਹਤਰ ਜ਼ਿੰਦਗੀ ਦੀ ਭਾਲ ਵਿੱਚ ਅਮਰੀਕਾ ਆਏ ਸਨ। ਉਹ ਕੈਲੀਫੋਰਨੀਆ ਵਿੱਚ ਕਿਸਾਨ ਬਣੇ ਅਤੇ ਮੇਰੇ ਦਾਦਾ ਜੀ ਨੇ ਬਾਅਦ ਵਿੱਚ ਟਰੱਕ ਡਰਾਈਵਰ ਵਜੋਂ ਵੀ ਕੰਮ ਕੀਤਾ। ਇਹ ਪੋਸਟਰ ਨਸਲਵਾਦੀ ਹੈ ਅਤੇ 'ਸਿੰਘ' ਨਾਂਅ ਵਾਲੇ ਹਰ ਵਿਅਕਤੀ ਦਾ ਅਪਮਾਨ ਕਰਦਾ ਹੈ।" ਇਹ ਵਿਵਾਦ ਅਜਿਹੇ ਸਮੇਂ ਸਾਹਮਣੇ ਆਇਆ ਹੈ, ਜਦੋਂ ਟਰੰਪ ਪ੍ਰਸ਼ਾਸਨ ਗੈਰ-ਕਾਨੂੰਨੀ ਤੌਰ 'ਤੇ ਰਹਿ ਰਹੇ ਲੋਕਾਂ ਨੂੰ ਖ਼ੁਦ ਦੇਸ਼ ਛੱਡਣ ਲਈ ਲਗਾਤਾਰ ਚਿਤਾਵਨੀਆਂ ਦੇ ਰਿਹਾ ਹੈ। ਇਸੇ ਦੌਰਾਨ ਭਾਰਤ ਵਿੱਚ ਅਮਰੀਕੀ ਰਾਜਦੂਤ ਸਰਜੀਓ ਗੋਰ ਨੂੰ ਲਿਖੇ ਇੱਕ ਪੱਤਰ ਵਿੱਚ ਭਾਜਪਾ ਦੇ ਬੁਲਾਰੇ ਆਰ ਪੀ ਸਿੰਘ ਨੇ ਇੱਕ ਅਧਿਕਾਰਤ ਅਮਰੀਕੀ ਸਰਕਾਰੀ ਦੇਸ਼ ਨਿਕਾਲੇ (ਡਿਪੋਰਟੇਸ਼ਨ) ਦੀ ਮੁਹਿੰਮ ਵਿੱਚ ਸਿੱਖ ਪਛਾਣ ਅਤੇ 'ਸਿੰਘ' ਉਪਨਾਮ ਨੂੰ ਇੱਕ ਵਿਅੰਗ (ਕੈਰੀਕੇਚਰ) ਵਜੋਂ ਵਰਤੇ ਜਾਣ 'ਤੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਉਨ੍ਹਾ ਕਿਹਾ ਹੈ, 'ਅਮਰੀਕਾ ਨੂੰ ਆਪਣੇ ਇਮੀਗ੍ਰੇਸ਼ਨ ਕਾਨੂੰਨਾਂ ਨੂੰ ਲਾਗੂ ਕਰਨ ਅਤੇ ਗੈਰ-ਕਾਨੂੰਨੀ ਇਮੀਗ੍ਰੇਸ਼ਨ ਵਿਰੁੱਧ ਕਾਰਵਾਈ ਕਰਨ ਦਾ ਪੂਰਾ ਅਧਿਕਾਰ ਹੈ, ਪਰ ਕਾਨੂੰਨ ਲਾਗੂ ਕਰਨਾ ਕਦੇ ਵੀ ਨਸਲੀ, ਜਾਤੀਗਤ ਜਾਂ ਧਾਰਮਕ ਰੂੜ੍ਹੀਵਾਦੀ ਸੋਚ (ਸਟੀਰੀਓਟਾਈਪਿੰਗ) ਦਾ ਬਹਾਨਾ ਨਹੀਂ ਬਣਨਾ ਚਾਹੀਦਾ।'

ਉਨ੍ਹਾ ਪੁੱਛਿਆ ਹੈ ਕਿ ਕੀ ਅਮਰੀਕਾ ਫਾਈਬਰ ਆਪਟਿਕਸ ਦੇ ਮੋਢੀ ਡਾ. ਨਰਿੰਦਰ ਸਿੰਘ ਕਪਾਨੀ, ਅਮਰੀਕੀ ਕਾਂਗਰਸ ਲਈ ਚੁਣੇ ਗਏ ਪਹਿਲੇ ਸਿੱਖ ਅਤੇ ਪਹਿਲੇ ਏਸ਼ੀਆਈ-ਅਮਰੀਕੀ ਦਲੀਪ ਸਿੰਘ ਸੌਂਦ ਅਤੇ ਨਾਗਰਿਕਤਾ ਅਤੇ ਧਾਰਮਕ ਆਜ਼ਾਦੀ ਲਈ ਲੜਨ ਵਾਲੇ ਸਿੱਖ ਅਮਰੀਕੀ ਫੌਜੀ ਭਗਤ ਸਿੰਘ ਥਿੰਦ ਨੂੰ ਭੁੱਲ ਗਿਆ ਹੈ? ਉਨ੍ਹਾ ਕਿਹਾ ਹੈ, "ਸਿੱਖ ਅਮਰੀਕਾ ਵਿੱਚ ਸਿਰਫ ਟਰੱਕ ਚਲਾਉਣ ਲਈ ਨਹੀਂ ਆਏ। ਅਸੀਂ ਵਿਗਿਆਨੀਆਂ, ਕਿਸਾਨਾਂ, ਉੱਦਮੀਆਂ, ਸੈਨਿਕਾਂ, ਲੋਕ ਸੇਵਕਾਂ ਅਤੇ ਰਾਸ਼ਟਰ-ਨਿਰਮਾਤਾਵਾਂ ਵਜੋਂ ਆਏ ਹਾਂ। ਇੱਕ ਸਦੀ ਤੋਂ ਵੱਧ ਸਮੇਂ ਤੋਂ ਸਿੱਖਾਂ ਨੇ ਅਮਰੀਕਾ ਦੀ ਅਰਥ ਵਿਵਸਥਾ, ਵਿਗਿਆਨਕ ਤਰੱਕੀ, ਖੇਤੀਬਾੜੀ, ਹਥਿਆਰਬੰਦ ਫੌਜਾਂ ਅਤੇ ਜਨਤਕ ਜੀਵਨ ਵਿੱਚ ਯੋਗਦਾਨ ਪਾਇਆ ਹੈ। ਅਮਰੀਕਾ ਵਿੱਚ ਸਿੱਖਾਂ ਦੇ ਯੋਗਦਾਨ ਦੇ ਪਿਛੋਕੜ ਵਿੱਚ ਅਮਰੀਕੀ ਸਰਕਾਰ ਦੀ ਮੁਹਿੰਮ, ਜਿਸ ਵਿੱਚ ਇੱਕ ਸਿੱਖ ਵਿਅਕਤੀ ਨੂੰ ਦਰਸਾਇਆ ਗਿਆ ਹੈ ਅਤੇ 'ਮਿਸਟਰ ਸਿੰਘ' ਨੂੰ ਇੱਕ ਰੂੜ੍ਹੀਵਾਦੀ ਤੌਰ 'ਤੇ ਵਰਤਿਆ ਗਿਆ ਹੈ, ਡੂੰਘੀ ਤਰ੍ਹਾਂ ਅਪਮਾਨਜਨਕ ਹੈ।"

ਇਹ ਸਿਰਫ ਇੱਕ ਵਿਅਕਤੀ ਦਾ ਨਹੀਂ, ਸਗੋਂ ਇੱਕ ਮਾਣਮੱਤੇ ਭਾਈਚਾਰੇ ਦਾ ਅਪਮਾਨ ਹੈ, ਜਿਸ ਦੇ ਮੈਂਬਰਾਂ ਨੇ ਅਮਰੀਕਾ ਲਈ ਕੰਮ ਕੀਤਾ ਹੈ, ਸੇਵਾ ਕੀਤੀ ਹੈ ਅਤੇ ਕੁਰਬਾਨੀਆਂ ਦਿੱਤੀਆਂ ਹਨ। ਹਰ ਤਰ੍ਹਾਂ ਨਾਲ ਇਮੀਗ੍ਰੇਸ਼ਨ ਕਾਨੂੰਨ ਲਾਗੂ ਕਰੋ, ਪਰ ਇਹ ਮਾਣ, ਨਿਰਪੱਖਤਾ ਅਤੇ ਸਤਿਕਾਰ ਨਾਲ ਕਰੋ। ਸਿੱਖ ਪਛਾਣ ਨੂੰ ਕਦੇ ਵੀ ਮਜ਼ਾਕ ਦਾ ਪਾਤਰ ਨਹੀਂ ਬਣਾਉਣਾ ਚਾਹੀਦਾ।

### ਗੁਜਰਾਤ ਦੀਆਂ ਛੇ ...

ਐਂਡ ਆਡੀਟਰ ਜਨਰਲ ਵੱਲੋਂ ਵਿਆਪਕ ਆਡਿਟ ਕੀਤਾ ਜਾਵੇ। ਆਮਦਨ ਕਰ ਵਿਭਾਗ ਅਤੇ ਇਨਫੋਰਸਮੈਂਟ ਡਾਇਰੈਕਟੋਰੇਟ ਨੂੰ ਵੀ ਚੰਦਿਆਂ ਦੇ ਸਰੋਤ, ਦਾਨ ਦੇਣ ਵਾਲਿਆਂ ਦੀ ਪਛਾਣ, ਪੈਸਾ ਕਿਸ ਮਾਧਿਅਮ ਰਾਹੀਂ ਤਬਦੀਲ ਕੀਤਾ ਗਿਆ ਅਤੇ ਆਖ਼ਰਕਾਰ ਇਸ ਦਾ ਲਾਭ ਕਿਸ ਨੂੰ ਮਿਲਿਆ, ਇਨ੍ਹਾਂ ਸਾਰੇ ਪੱਖਾਂ ਦੀ ਜਾਂਚ ਕਰਨੀ ਚਾਹੀਦੀ ਹੈ।

ਚੋਣ ਕਮਿਸ਼ਨ ਨੂੰ ਉਨ੍ਹਾਂ ਪਾਰਟੀਆਂ ਵਿਰੁੱਧ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ, ਜਿਨ੍ਹਾਂ ਨੇ ਕਾਨੂੰਨੀ ਲੋੜਾਂ ਦੀ ਉਲੰਘਣਾ ਕੀਤੀ ਹੈ। ਨਾਲ ਹੀ ਇਹ ਵੀ ਜਾਂਚਿਆ ਜਾਣਾ ਚਾਹੀਦਾ ਹੈ ਕਿ ਕੀ ਉਨ੍ਹਾਂ ਦੀ ਰਜਿਸਟ੍ਰੇਸ਼ਨ ਰੱਦ ਕੀਤੀ ਜਾਣੀ ਚਾਹੀਦੀ ਹੈ ਅਤੇ ਜਾਂਚ ਦੇ ਨਤੀਜੇ ਜਨਤਕ ਕੀਤੇ ਜਾਣੇ ਚਾਹੀਦੇ ਹਨ। ਵਿੱਤੀ ਜਾਂ ਚੋਣਾਵੀ ਬੇਨਿਯਮੀਆਂ ਲਈ ਦੋਸ਼ੀ ਪਾਏ ਜਾਣ ਵਾਲੇ ਵਿਅਕਤੀਆਂ ਅਤੇ ਸੰਸਥਾਵਾਂ ਵਿਰੁੱਧ ਸਖ਼ਤ ਸਜ਼ਾ ਹੋਣੀ ਚਾਹੀਦੀ ਹੈ।ਇਨ੍ਹਾਂ ਚੰਦਿਆਂ ਦੀ ਵੱਡੀ ਰਕਮ ਅਤੇ ਅਸਾਧਾਰਨ ਢੰਗ ਗੰਭੀਰ ਖਦਸ਼ਾ ਪੈਦਾ ਕਰਦੇ ਹਨ ਕਿ ਇਨ੍ਹਾਂ ਵਿੱਚੋਂ ਕੁਝ ਪਾਰਟੀਆਂ ਸ਼ਾਇਦ ਸਿਆਸੀ ਫੰਡਾਂ ਨੂੰ ਇੱਕ ਥਾਂ ਤੋਂ ਦੂਜੀ ਥਾਂ ਪਹੁੰਚਾਉਣ ਲਈ ਸਿਰਫ਼ ਮੋਹਰੇ ਜਾਂ ਫਰੰਟ ਸੰਸਥਾਵਾਂ ਵਜੋਂ ਬਣਾਈਆਂ ਜਾਂ ਵਰਤੀਆਂ ਗਈਆਂ ਹੋਣ ਅਤੇ ਇਹ ਪੈਸਾ ਆਖ਼ਰਕਾਰ ਭਾਜਪਾ ਤੱਕ ਪਹੁੰਚਿਆ ਹੋਵੇ। ਇਹ ਭਾਰਤ ਦੀ ਚੋਣਾਵੀ ਲੋਕਤੰਤਰ ਦੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਜੁੜਿਆ ਬਹੁਤ ਗੰਭੀਰ ਮਾਮਲਾ ਹੈ ਅਤੇ ਇਸ ਨੂੰ ਛੋਟੀਆਂ ਜਾਂ ਹਾਸ਼ੀਏ 'ਤੇ ਮੌਜੂਦ ਸਿਆਸੀ ਜਥੇਬੰਦੀਆਂ ਦਾ ਮਾਮਲਾ ਕਹਿ ਕੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਜੇਕਰ ਸੱਤਾਧਾਰੀ ਪਾਰਟੀ ਨੂੰ ਲਾਭ ਪਹੁੰਚਾਉਣ ਲਈ ਸਿਆਸੀ ਪੈਸੇ ਦੇ ਸਰੋਤ ਜਾਂ ਮੰਜ਼ਲ ਨੂੰ ਛੁਪਾਉਣ ਵਾਸਤੇ ਪ੍ਰਾਕਸੀ ਪਾਰਟੀਆਂ ਦੀ ਵਰਤੋਂ ਕੀਤੀ ਗਈ ਹੈ ਤਾਂ ਭਾਰਤ ਦੇ ਲੋਕਾਂ ਨੂੰ ਇਸ ਪੂਰੇ ਵਿੱਤੀ ਲੈਣ-ਦੇਣ ਦੀ ਜਾਣਕਾਰੀ ਲੈਣ ਦਾ ਹੱਕ ਹੈ।

ਸੀ ਪੀ ਆਈ ਮੰਗ ਕਰਦੀ ਹੈ ਕਿ ਇਸ ਪੂਰੀ ਲੜੀ ਦੀ ਹਰ ਕੜੀ ਦੀ ਪਾਰਦਰਸ਼ੀ ਜਾਂਚ ਕੀਤੀ ਜਾਵੇ ਅਤੇ ਜਾਂਚ ਦੇ ਨਤੀਜੇ ਪੂਰੀ ਤਰ੍ਹਾਂ ਜਨਤਕ ਕੀਤੇ ਜਾਣ। ਇਸ ਮਾਮਲੇ ਵਿੱਚ ਜੋ ਵੀ ਵਿਅਕਤੀ ਜਾਂ ਸੰਸਥਾ ਦੋਸ਼ੀ ਪਾਈ ਜਾਂਦੀ ਹੈ, ਉਸ ਵਿਰੁੱਧ—ਉਸ ਦੀ ਸਿਆਸੀ ਪਦਵੀ ਜਾਂ ਸੰਬੰਧਾਂ ਦੀ ਪਰਵਾਹ ਕੀਤੇ ਬਿਨਾਂ ਸਖ਼ਤ ਕਾਰਵਾਈ ਕੀਤੀ ਜਾਵੇ।

### ਚੂਨੀ ਲਾਲ ਭਗਤ...

(ਪਹਿਲਾਂ ਜਲੰਧਰ ਦੱਖਣੀ) ਹਲਕੇ ਤੋਂ ਤਿੰਨ ਵਾਰ ਵਿਧਾਇਕ ਚੁਣੇ ਗਏ। ਇਸ ਤੋਂ ਇਲਾਵਾ ਉਹ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਸਨ।

ਉਹ ਪਰਵਾਰ ਵਿੱਚ ਚਾਰ ਧੀਆਂ ਤੇ ਚਾਰ ਪੁੱਤਰ ਛੱਡ ਗਏ ਹਨ। ਉਨ੍ਹਾ ਦੇ ਪੁੱਤਰ ਮੋਹਿੰਦਰ ਭਗਤ ਇਸ ਵੇਲੇ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਕੈਬਨਿਟ ਮੰਤਰੀ ਹਨ। ਦੇਸ਼ ਦੀ ਵੰਡ ਵੇਲੇ ਉਹ ਪਾਕਿਸਤਾਨ ਦੇ ਸਿਆਲਕੋਟ ਤੋਂ ਭਾਰਤ ਆਏ ਸਨ ਅਤੇ ਇੱਥੇ ਖੇਡਾਂ ਦਾ ਸਾਮਾਨ ਬਣਾਉਣ ਦਾ ਕਾਰੋਬਾਰ ਸ਼ੁਰੂ ਕੀਤਾ ਸੀ।

ਉਨ੍ਹਾ ਦਾ ਪੋਤਾ ਕ੍ਰਿਸ਼ ਭਗਤ ਇੱਕ ਕ੍ਰਿਕਟਰ ਹੈ, ਜੋ ਇਸੇ ਸਾਲ ਅਪਰੈਲ ਵਿੱਚ ਮੁੰਬਈ ਇੰਡੀਅਨਜ਼ ਲਈ ਖੇਡ ਚੁੱਕਾ ਹੈ। ਉਨ੍ਹਾ ਦਾ ਅੰਤਮ ਸੰਸਕਾਰ ਮਾਡਲ ਹਾਊਸ ਨੇੜੇ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ।

ਪੰਜਾਬ ਸਰਕਾਰ ਨੇ ਉਨ੍ਹਾ ਦੇ ਸਤਿਕਾਰ ਵਜੋਂ ਵੀਰਵਾਰ ਨੂੰ ਸੂਬੇ ਦੇ ਸਾਰੇ ਸਰਕਾਰੀ ਦਫਤਰਾਂ, ਬੋਰਡਾਂ, ਕਾਰਪੋਰੇਸ਼ਨ ਅਤੇ ਵਿਦਿਅਕ ਅਦਾਰਿਆਂ ਵਿੱਚ ਬਾਕੀ ਰਹਿੰਦੇ ਦਿਨ ਦੀ ਛੁੱਟੀ ਕਰ ਦਿੱਤੀ।

ਚੂਨੀ ਲਾਲ ਭਗਤ ਦੇ ਚਲਾਣੇ ਤੋਂ ਕੁਝ ਹੀ ਘੰਟਿਆਂ ਬਾਅਦ ਉਨ੍ਹਾ ਦੇ ਦਾਮਾਦ ਮੋਹਨ ਭਗਤ ਦਾ ਵੀ ਲੰਮੀ ਬਿਮਾਰੀ ਅਤੇ ਬ੍ਰੇਨ ਹੈਮਰੇਜ ਕਾਰਨ ਦੇਹਾਂਤ ਹੋ ਗਿਆ। ਪਰਵਾਰ ਵਿੱਚ ਇੱਕੋ ਦਿਨ ਦੋ ਮੌਤਾਂ ਹੋਣ ਕਾਰਨ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਹੈ।

## ਧੂਰੀ-ਬਾਗੜੀਆਂ ਮਾਰਗ 'ਤੇ ਪੁੱਟੀਆਂ ਬਰਮਾਂ ਬਣੀਆਂ ਮੌਤ ਦਾ ਜਾਲ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**

ਧੂਰੀ-ਬਾਗੜੀਆਂ ਮੁੱਖ ਸੜਕ ਅੱਜਕੱਲ੍ਹ ਰਾਹਗੀਰਾਂ ਲਈ ਸਫ਼ਰ ਦਾ ਸਾਧਨ ਘੱਟ ਅਤੇ ਖ਼ਤਰੇ ਦੀ ਘੰਟੀ ਵੱਧ ਸਾਬਤ ਹੋ ਰਹੀ ਹੈ।ਸਬੰਧਤ ਵਿਭਾਗ ਵੱਲੋਂ ਸੜਕ ਦੇ ਦੋਵੇਂ ਪਾਸੇ ਕਰੀਬ ਡੇਢ ਤੋਂ ਦੋ ਫੁੱਟ ਤੱਕ ਡੂੰਘੀਆਂ ਬਰਮਾਂ ਪੁੱਟ ਕੇ ਲੰਮੇ ਸਮੇਂ ਤੋਂ ਅਧੂਰੀਆਂ ਛੱਡ ਦਿੱਤੀਆਂ ਗਈਆਂ ਹਨ।ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਇਹਨਾਂ ਪੁੱਟੀਆਂ ਹੋਈਆਂ ਬਰਮਾਂ ਦੀ ਮੁਰੰਮਤ ਨਾ ਹੋਣ ਕਰਕੇ ਇਹ ਰਸਤਾ ਨਿੱਤ ਦਿਨ ਵਾਪਰ ਰਹੇ ਭਿਆਨਕ ਹਾਦਸਿਆਂ ਦਾ ਮੁੱਖ ਸਬੱਬ ਬਣ ਰਿਹਾ ਹੈ।ਇਹ ਮਾਰਗ ਇਲਾਕੇ ਦੀ ਆਵਾਜਾਈ ਲਈ ਬੇਹੱਦ ਅਹਿਮ ਮੰਨਿਆ ਜਾਂਦਾ ਹੈ।ਧੂਰੀ ਤੋਂ ਨਾਭਾ, ਪਟਿਆਲਾ ਤੇ ਚੰਡੀਗੜ੍ਹ ਵੱਲ ਜਾਣ ਵਾਲੇ ਮੁਸਾਫ਼ਰ ਅਕਸਰ ਸਮੇਂ ਦੀ ਬਚਤ ਲਈ ਇਸੇ ਰਸਤੇ ਦੀ ਵਰਤੋਂ ਕਰਦੇ ਹਨ।ਦਿਨ-ਰਾਤ ਇੱਥੇ ਵਾਹਨਾਂ ਦੀ ਲਗਾਤਾਰ ਚਹਿਲ-ਪਹਿਲ ਰਹਿੰਦੀ ਹੈ, ਪਰ ਸੜਕ ਕੰਢੇ ਪੁੱਟੇ ਡੂੰਘੇ ਟੋਇਆਂ ਕਾਰਨ ਖਾਸ ਕਰਕੇ ਰਾਤ ਦੇ ਸਮੇਂ ਜਾਂ ਸਾਹਮਣੇ ਤੋਂ ਆਉਂਦੀਆਂ ਤੇਜ਼ ਲਾਈਟਾਂ ਕਾਰਨ ਵਾਹਨ ਚਾਲਕਾਂ ਦਾ ਸੰਤੁਲਨ ਵਿਗੜ ਜਾਂਦਾ ਹੈ, ਜਿਸ ਨਾਲ ਦੋ-ਪਹੀਆ ਅਤੇ ਚਾਰ-ਪਹੀਆ ਵਾਹਨ ਅਕਸਰ ਖੱਡਿਆਂ ਵਿੱਚ ਜਾ ਡਿੱਗਦੇ ਹਨ।ਬਰਸਾਤ ਦੇ ਦਿਨਾਂ ਵਿੱਚ ਇਨ੍ਹਾਂ ਖੱਡਿਆਂ ਵਿੱਚ ਪਾਣੀ ਭਰ ਜਾਣ ਕਾਰਨ ਸਥਿਤੀ ਹੋਰ ਵੀ ਜ਼ਿਆਦਾ ਖ਼ਤਰਨਾਕ ਹੋ ਜਾਂਦੀ ਹੈ।ਜਦੋਂ ਇਸ ਗੰਭੀਰ ਸਮੱਸਿਆ ਸਬੰਧੀ ਸਥਾਨਕ ਲੋਕਾਂ ਅਤੇ ਰਾਹਗੀਰਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਆਪਣੇ ਗੁੱਸੇ ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਬੰਧਤ ਵਿਭਾਗ ਅਤੇ ਸ਼ਾਸਨ-ਪ੍ਰਸ਼ਾਸਨ ਅੱਖਾਂ ਮੀਟ ਕੇ ਕਿਸੇ ਵੱਡੇ ਹਾਦਸੇ ਦੀ ਉਡੀਕ ਕਰ ਰਿਹਾ ਹੈ।ਇਲਾਕਾ ਨਿਵਾਸੀਆਂ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਉੱਚ ਡਿਪਟੀ ਕਮਿਸ਼ਨਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਇਸ ਮਾਰਗ ਦੀਆਂ ਬਰਮਾਂ ਨੂੰ ਤੁਰੰਤ ਪੂਰਿਆ ਜਾਵੇ ਅਤੇ ਸੜਕ ਨੂੰ ਚੌੜਾ ਤੇ ਪੱਕਾ ਕਰਨ ਦਾ ਕੰਮ ਜਲਦ ਤੋਂ ਜਲਦ ਮੁਕੰਮਲ ਕੀਤਾ ਜਾਵੇ, ਤਾਂ ਜੁ ਆਮ ਜਨਤਾ ਨੂੰ ਹਾਦਸਿਆਂ ਦੇ ਭੈਅ ਤੋਂ ਨਿਜ਼ਾਤ ਮਿਲ ਸਕੇ।

### 'ਆਪ' 'ਚ ਮਾਨ...

ਸਤੇਂਦਰ ਜੈਨ ਦੀ ਸ਼ਮੂਲੀਅਤ ਪਾਰਟੀ ਦੇ ਪੰਜਾਬ ਸੰਗਠਨ ਅਤੇ ਇਸ ਦੀ ਕੇਂਦਰੀ ਲੀਡਰਸ਼ਿਪ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਨ ਦੀ ਨਜ਼ਰ ਤੋਂ ਕੀਤੀ ਗਈ ਹੈ। ਦਿਲਚਸਪ ਗੱਲ ਇਹ ਹੈ ਕਿ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ, ਜਗਰਾਉਂ ਤੋਂ ਵਿਧਾਇਕ ਸਰਬਜੀਤ ਕੌਰ ਮਾਣੂਕੇ ਅਤੇ ਤਲਵੰਡੀ ਸਾਬੋ ਤੋਂ ਵਿਧਾਇਕ ਬਲਜਿੰਦਰ ਕੌਰ ਹੁਣ ਕੌਮੀ ਕਾਰਜਕਾਰਨੀ ਦਾ ਹਿੱਸਾ ਨਹੀਂ ਰਹੇ।

### ਵਾਂਗਚੁੱਕ ਨੇ ਭੱਟੀ...

ਮੀਟਿੰਗਾਂ ਦੀ ਯਾਦ ਆ ਰਹੀ ਹੈ।" ਵਾਂਗਚੁੱਕ ਵੱਲੋਂ ਸਾਂਝੀ ਕੀਤੀ ਗਈ ਕਲਿੱਪ ਵਿੱਚ ਇੱਕ ਦਫਤਰ ਦਿਖਾਇਆ ਗਿਆ ਹੈ, ਜਿੱਥੇ ਅਧਿਕਾਰੀ ਸੰਕਟ ਬਾਰੇ ਚਰਚਾ ਕਰਨ ਲਈ ਘੰਟਿਆਂਬੱਧੀ ਮੀਟਿੰਗਾਂ ਵਿੱਚ ਬਿਤਾਉਂਦੇ ਹਨ, ਸਿਰਫ ਇਹ ਐਲਾਨ ਕਰਨ ਲਈ, 'ਆਜ ਤੋ ਕਮਾਲ ਹੀ ਹੋ ਗਯਾ, ਸਰਵਸੰਮਤੀ ਸੇ ਫੈਸਲਾ ਹੁਆ... ਅਗਲੀ ਮੀਟਿੰਗ ਕੀ ਤਾਰੀਖ ਫਿਕਸ ਹੋ ਗਈ ਹੈ!'

## ਸੁਧਾਰ ਦੇ ਵਿਦਿਆਰਥੀਆਂ ਦਾ ਪਹਿਲੀਆਂ ਪੁਜ਼ੀਸ਼ਨਾਂ 'ਤੇ ਕਬਜ਼ਾ



**ਰਾਏਕੋਟ (ਸੰਤੋਖ ਗਿੱਲ)**-ਇੱਥੇ ਗੁਰੂ ਹਰਿਗੋਬਿੰਦ ਖ਼ਾਲਸਾ ਕਾਲਜ ਦੇ ਬੀ.ਵਾਕ ਮੈਡੀਕਲ ਲੈਬ ਟੈਕਨਾਲੋਜੀ ਵਿਭਾਗ ਦੇ ਵਿਦਿਆਰਥੀਆਂ ਨੇ ਹਾਲੀਆ ਦੀ ਪੰਜਾਬ ਯੂਨੀਵਰਸਿਟੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਤਿਹਾਸਕ ਉਪਲਬਧੀ ਦਰਜ ਕੀਤੀ ਹੈ। ਵਿਦਿਆਰਥੀਆਂ ਨੇ ਯੂਨੀਵਰਸਿਟੀ ਦੀਆਂ ਸਾਰੀਆਂ ਪੰਜ ਸਿਖਰਲੀਆਂ ਮੈਰਿਟ ਪੁਜ਼ੀਸ਼ਨਾਂ ਆਪਣੇ ਨਾਮ ਕਰਕੇ ਕਾਲਜ ਦਾ ਮਾਣ ਵਧਾਇਆ ਹੈ।ਯੂਨੀਵਰਸਿਟੀ ਮੈਰਿਟ ਵਿੱਚ ਕ੍ਰਮਵਾਰ ਚੰਚਲ ਨੇ 85 %, ਕਾਇਨਾਤ ਨੇ 83.9 %, ਰਾਜਨ ਨੇ 81.5 %, ਅਨਮੋਲਪ੍ਰੀਤ ਕੌਰ ਨੇ 79.39 % ਅਤੇ ਖ਼ੁਸ਼ਪ੍ਰੀਤ ਨੇ 79.33 % ਅੰਕਾਂ ਨਾਲ ਪੰਜਵਾਂ ਸਥਾਨ ਹਾਸਲ ਕੀਤਾ ਹੈ।ਇਸ ਮਾਣਮੱਤੀ ਸਫਲਤਾ 'ਤੇ ਕਾਲਜ ਦੇ ਪ੍ਰਿੰਸੀਪਲ ਪ੍ਰੋਫੈਸਰ ਇੰਦਰਜੀਤ ਸਿੰਘ, ਵਿਭਾਗ ਮੁਖੀ ਪ੍ਰੋ. ਕਰਮਜੀਤ ਕੌਰ ਅਤੇ ਸਹਾਇਕ ਪ੍ਰੋਫੈਸਰ ਕਮਲਪ੍ਰੀਤ ਕੌਰ ਤੇ ਸਿਮਰਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਬਲਾਕ ਗਿੱਦੜਬਾਹਾ 'ਚ ਹੋਈ ਸ਼ੁਰੂਆਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਦੇ ਖੇਡ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ 2026 ਸੀਜ਼ਨ-4 ਤਹਿਤ ਬਲਾਕ ਗਿੱਦੜਬਾਹਾ ਵਿਖੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਹੋਈ। ਇਸ ਮੌਕੇ ਹਲਕਾ ਵਿਧਾਇਕ ਗਿੱਦੜਬਾਹਾ ਸ. ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਐਸ.ਡੀ.ਐੱਮ. ਸ. ਅਰਵਿੰਦਰਪਾਲ ਸਿੰਘ ਵਿਸ਼ੇਸ਼ ਤੌਰ 'ਤੇ ਉਨ੍ਹਾਂ ਨਾਲ ਮੌਜੂਦ ਰਹੇ।ਜ਼ਿਲ੍ਹਾ ਖੇਡ ਅਫ਼ਸਰ ਸ੍ਰੀਮਤੀ ਅਨਿੰਦਰਵੀਰ ਕੌਰ ਬਰਾੜ ਵੱਲੋਂ ਮੁੱਖ ਮਹਿਮਨ ਅਤੇ ਵਿਸ਼ੇਸ਼ ਮਹਿਮਾਨ ਦਾ ਇਸ ਸਮਾਰੋਹ ਵਿੱਚ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਜੀ ਆਇਆਂ ਆਖਿਆ। ਮੁੱਖ ਮਹਿਮਾਨ ਹਲਕਾ ਵਿਧਾਇਕ ਸ. ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕੀਤੀ ਅਤੇ ਬਲਾਕ ਗਿੱਦੜਬਾਹਾ ਦੀਆਂ ਖੇਡਾਂ ਨੂੰ ਸ਼ੁਰੂ ਕਰਨ ਦਾ ਐਲਾਨ ਕੀਤਾ।ਤਰਸੇਮ ਸਿੰਘ ਡੀ.ਪੀ.ਈ. ਵੱਲੋਂ ਸਟੇਜ਼ ਸੈਕਟਰੀ ਦੀ ਭੂਮਿਕਾ ਨਿਭਾਈ ਗਈ।ਇਸ ਮੌਕੇ ਡੀ.ਐਸ.ਪੀ. ਸ. ਜਤਿੰਦਰ ਸਿੰਘ, ਸਰਪੰਚ ਕੋਟਭਾਈ ਸ. ਜਗਸੀਰ ਸਿੰਘ, ਪੀ.ਏ. ਸ੍ਰੀ ਜਗਤਾਰ ਸਿੰਘ ਧਾਲੀਵਾਲ, ਯੂਥ ਆਗੂ ਸ੍ਰੀ ਨਵਦੀਪ ਸਿੰਘ ਨਵੀ ਬਰਾੜ, ਐਮ.ਸੀ. ਸ੍ਰੀ ਮੁਨਤਾਜ ਸਿੰਘ ਰੈਸਟੀ ਰੰਧਾਵਾ ਤੋਂ ਇਲਾਵਾ ਖੇਡ ਵਿਭਾਗ ਦੇ ਸਮੂਹ ਕੋਚ, ਦਫ਼ਤਰੀ ਸਟਾਫ, ਸਿੱਖਿਆ ਵਿਭਾਗ ਦੇ ਸਮੂਹ ਡੀ.ਪੀ.ਈ/ਪੀ.ਟੀ.ਆਈ, ਸਿਹਤ ਵਿਭਾਗ ਦੀ ਟੀਮ, ਸਕਿਉਰਟੀ ਦੀ ਟੀਮ ਅਤੇ ਪਤਵੰਤੇ ਵਿਅਕਤੀ ਆਦਿ ਹਾਜ਼ਰ ਸਨ।

## ਪੈਨਸ਼ਨਰਾਂ ਦੀ ਮੀਟਿੰਗ 'ਚ ਸਰਕਾਰ ਦੀ ਨੀਤੀ ਦੀ ਸਖਤ ਨਿੰਦਾ



**ਲੁਧਿਆਣਾ (ਸਤੀਸ਼ ਸਚਦੇਵਾ)**-ਦਫਤਰ ਡਿਪਟੀ ਕਮਿਸ਼ਨਰ ਲੁਧਿਆਣਾ ਤੋਂ ਸੇਵਾ ਮੁਕਤ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਨਿਰਮਲ ਸਿੰਘ ਲਲਤੋਂ ਜ਼ਿਲਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਭਾਗ ਲਿਆ।ਮੀਟਿੰਗ ਵਿੱਚ ਹਾਜ਼ਰ ਆਏ ਮੈਂਬਰਾ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਸਬੰਧੀ ਪੰਜਾਬ ਸਰਕਾਰ ਵੱਲੋਂ ਅਪਨਾਈ ਗਈ ਟਾਲਮਟੋਲ ਦੀ ਨੀਤੀ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕਰਦਿਆਂ ਆਖਿਆ ਕਿ ਸੂਬਾ ਸਰਕਾਰ ਵੱਲੋਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਫੈਸਲੇ ਦੇ ਵਿਰੁੱਧ ਮਾਨਯੋਗ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕਰਕੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤਾ ਦੇਣ ਤੋਂ ਪਾਸਾ ਵੱਟ ਰਹੀ ਹੈ ਜਿਸ ਦਾ ਪੈਨਸ਼ਨਰ ਇਕਜੁੱਟ ਹੋ ਕੇ ਜੁਆਬ ਦੇਣਗੇ ਮੀਟਿੰਗ ਵਿੱਚ ਬਲਜਿੰਦਰ ਸਿੰਘ ਜਨਰਲ ਸਕੱਤਰ, ਹਰਜਿੰਦਰ ਸਿੰਘ, ਰਵਿੰਦਰ ਸਿੰਘ, ਬ੍ਰਿਜ ਭੂਸ਼ਨ, ਮੋਹਨ ਸਿੰਘ ਹਰੀਕਿਸ਼ਨ ਬੇਰੀ, ਗੁਰਮੀਤ ਸਿੰਘ, ਗੁਰਦੇਵ ਸਿੰਘ,ਚਮਕੌਰ ਸਿੰਘ, ਪਰਮਜੀਤ ਸਿੰਘ ਸੱਪਲ, ਸੁਭਾਸ਼ ਚੰਦ, ਰਛਪਾਲ ਸਿੰਘ, ਸੁਰਿੰਦਰ ਸਿੰਘ, ਮਿਸ ਨਿਰਮਲ ਸ਼ਰਮਾ, ਮਿਸ ਹਰਮਿੰਦਰ ਕੌਰ ,ਮੁੰਨਾ ਸੁਰਿੰਦਰ ਕੌਰ, ਦਵਿੰਦਰ ਕੌਰ ਅਤੇ ਰਣਜੀਤ ਕੌਰ ਸ਼ਾਮਲ ਸਨ।

## ਮਾਨ ਸਰਕਾਰ ਨੇ ਪੰਜਾਬ 'ਚ ਖੇਡਾਂ ਦਾ ਮਾਹੌਲ ਸਿਰਜਿਆ : ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਪਟਿਆਲਾ ਦੇ ਸਮੂਹ ਵਿਧਾਇਕਾਂ ਨੇ ਜ਼ਿਲ੍ਹੇ ਨੂੰ ਖੇਡਾਂ ਵਤਨ ਪੰਜਾਬ ਦੀਆਂ 'ਚ ਮੋਹਰੀ ਜ਼ਿਲ੍ਹਾ ਬਣਾਉਣ ਉਤੇ ਜ਼ੋਰ ਦਿੱਤਾ ਹੈ।ਇੱਥੇ ਇੱਕ ਉਚ ਪੱਧਰੀ ਬੈਠਕ ਕਰਕੇ ਖੇਡਾਂ ਵਤਨ ਪੰਜਾਬ ਦੀਆਂ-4 ਸੀਜ਼ਨ ਦੀ ਰਜਿਸਟ੍ਰੇਸ਼ਨ ਤੇ ਚੱਲ ਰਹੀਆਂ ਖੇਡਾਂ ਦਾ ਜਾਇਜ਼ਾ ਲੈਣ ਮੌਕੇ ਸਿਹਤ ਮੰਤਰੀ ਨੇ ਕਿਹਾ ਭਗਵੰਤ ਮਾਨ ਸਰਕਾਰ ਨੇ ਇਨ੍ਹਾਂ ਖੇਡਾਂ ਰਾਹੀਂ ਦਾਦੇ ਤੋਂ ਪੋਤੇ ਤੱਕ ਨੂੰ ਖੇਡ ਮੈਦਾਨ ਵਿੱਚ ਭੇਜ ਕੇ ਪੰਜਾਬ ਅੰਦਰ ਖੇਡਾਂ ਦਾ ਮਾਹੌਲ ਸਿਰਜਿਆ ਹੈ।ਉਨ੍ਹਾਂ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾ ਕੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ ਹੈ।ਬੈਠਕ ਮੌਕੇ ਵਿਧਾਇਕ ਨੀਨਾ ਮਿੱਤਲ, ਚੇਤਨ ਸਿੰਘ ਜੌੜਾਮਾਜਰਾ, ਗੁਰਲਾਲ ਘਨੌਰ, ਕੁਲਵੰਤ ਸਿੰਘ ਬਾਜੀਗਰ ਤੇ ਗੁਰਦੇਵ ਸਿੰਘ ਦੇਵ ਮਾਨ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਦੇ ਨੁਮਾਇੰਦੇ ਦੇਵਿੰਦਰਪਾਲ ਸਿੰਘ ਮਿੱਕੀ, ਰਣਜੋਧ ਸਿੰਘ ਹਡਾਣਾ ਦੇ ਨੁਮਾਇੰਦੇ ਹਰਪ੍ਰੀਤ ਸਿੰਘ ਘੁੰਮਣ, ਏ.ਡੀ.ਸੀ (ਦਿਹਾਤੀ ਵਿਕਾਸ) ਦਮਨਜੀਤ ਸਿੰਘ ਮਾਨ, ਐਸ. ਪੀ ਰਜੇਸ਼ ਛਿੱਬੜ, ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਸਮੇਤ ਜ਼ਿਲ੍ਹਾ ਪਟਿਆਲਾ ਦੀਆਂ ਖੇਡ ਐਸੋਸੀਏਸ਼ਨਾਂ ਤੇ ਫੈਡਰੇਸ਼ਨਾਂ ਦੇ ਨੁਮਾਇੰਦੇ ਵੀ ਮੌਜੂਦ ਸਨ।ਇਸ ਮੌਕੇ ਵਿਧਾਇਕ ਗੁਰਲਾਲ ਘਨੌਰ ਨੇ ਦੱਸਿਆ ਕਿ 10 ਅਕਤੂਬਰ ਤੋਂ 23 ਨਵੰਬਰ ਤੱਕ ਸੂਬਾ ਪੱਧਰ ਦੇ ਮੁਕਾਬਲੇ ਹੋਣਗੇ। ਸੂਬਾ ਪੱਧਰ ਉੱਤੇ ਜ਼ਿਲ੍ਹਾ ਪੱਧਰ ਦੀਆਂ 28 ਖੇਡਾਂ ਦੇ ਜੇਤੂਆਂ ਤੋਂ ਇਲਾਵਾ 10 ਹੋਰ ਖੇਡਾਂ ਸਿੱਧੀਆਂ ਸੂਬਾ ਪੱਧਰ ਉੱਤੇ ਨਵੀਆਂ ਸ਼ਾਮਲ ਹੋਣਗੀਆਂ।ਸੂਬਾ ਪੱਧਰ ਉਤੇ ਕੁੱਲ 38 ਖੇਡਾਂ ਦੇ ਮੁਕਾਬਲੇ ਹੋਣਗੇ। ਉਨ੍ਹਾਂ ਦੱਸਿਆ ਕਿ ਚਾਰ ਪੈਰਾ ਖੇਡਾਂ ਦੇ ਮੁਕਾਬਲੇ 25 ਤੋਂ 28 ਨਵੰਬਰ ਤੱਕ ਹੋਣਗੇ।

## 7 ਸਾਲ ਪੁਰਾਣੇ ਮਾਮਲੇ 'ਚ ਭਗੌੜੇ ਦੋ ਮੁਲਜ਼ਮ ਗ੍ਰਿਫ਼ਤਾਰ



**ਮਲੋਟ (ਰਜਿੰਦਰ ਜੁਨੇਜਾ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸੀਨੀਅਰ ਕਪਤਾਨ ਪੁਲਿਸ ਅਭਿਮਨਿਊ ਰਾਣਾ, ਆਈ.ਪੀ.ਐੱਸ. ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੁਲਿਸ ਵੱਲੋਂ ਮਾੜੇ ਅਨਸਰਾਂ ਤੇ ਪੁਰਾਣੇ ਅਪਰਾਧਿਕ ਮਾਮਲਿਆਂ 'ਚ ਭਗੌੜੇ ਮੁਲਜ਼ਮਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਇਸੇ ਤਹਿਤ ਸਪੈਸ਼ਲ ਸਟਾਫ਼ ਸ੍ਰੀ ਮੁਕਤਸਰ ਸਾਹਿਬ ਨੇ 7 ਸਾਲ ਪੁਰਾਣੇ ਆਤਮਹੱਤਿਆ ਲਈ ਮਜਬੂਰ ਕਰਨ ਦੇ ਮਾਮਲੇ ਵਿੱਚ ਅਦਾਲਤ ਵੱਲੋਂ ਭਗੌੜੇ ਕਰਾਰ ਦਿੱਤੇ ਦੋ ਸਕੇ ਭਰਾਵਾਂ ਹਰਦੀਪ ਸਿੰਘ ਪੁੱਤਰ ਗੁਰਮੇਲ ਸਿੰਘ ਤੇ ਗੁਰਪ੍ਰੀਤ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਪਿੰਡ ਮਹਿਮਾ ਸਵਾਈ, ਜ਼ਿਲ੍ਹਾ ਬਠਿੰਡਾ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ।ਜਾਣਕਾਰੀ ਅਨੁਸਾਰ 16 ਅਗਸਤ 2019 ਨੂੰ ਮਸਤਾਨ ਨਗਰ (ਮਲੋਟ) ਦੇ ਰਹਿਣ ਵਾਲੇ ਵਿਕਰਮ ਸਿੰਘ ਉਰਫ਼ ਵਿੱਕੀ ਨੇ ਆਤਮਹੱਤਿਆ ਕਰ ਲਈ ਸੀ।ਮ੍ਰਿਤਕ ਦੇ ਪਿਤਾ ਕ੍ਰਿਸ਼ਨ ਸਿੰਘ ਦੇ ਬਿਆਨਾਂ ਮੁਤਾਬਕ, ਵਿਕਰਮ ਸਿੰਘ ਦਾ ਵਿਆਹ ਰਮਨਦੀਪ ਕੌਰ ਨਾਲ ਹੋਇਆ ਸੀ।ਵਿਆਹ ਦੇ ਦੋ ਸਾਲ ਬਾਅਦ ਵੀ ਬੱਚਾ ਨਾ ਹੋਣ ਕਰਕੇ ਰਮਨਦੀਪ ਕੌਰ ਆਪਣੇ ਪਤੀ ਨਾਲ ਝਗੜਾ ਕਰਦੀ ਰਹਿੰਦੀ ਸੀ।ਇਸ ਦੇ ਨਾਲ ਹੀ ਰਮਨਦੀਪ ਕੌਰ ਦੇ ਭਰਾ ਹਰਦੀਪ ਸਿੰਘ ਤੇ ਗੁਰਪ੍ਰੀਤ ਸਿੰਘ ਵੀ ਵਿਕਰਮ ਸਿੰਘ ਨੂੰ ਲਗਾਤਾਰ ਪ੍ਰੇਸ਼ਾਨ ਕਰਦੇ ਸਨ, ਜਿਸ ਤੋਂ ਤੰਗ ਆ ਕੇ ਉਸ ਨੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਸੀ।ਇਸ ਘਟਨਾ ਤੋਂ ਬਾਅਦ 17 ਅਗਸਤ 2019 ਨੂੰ ਥਾਣਾ ਸਿਟੀ ਮਲੋਟ ਵਿਖੇ ਰਮਨਦੀਪ ਕੌਰ, ਹਰਦੀਪ ਸਿੰਘ ਤੇ ਗੁਰਪ੍ਰੀਤ ਸਿੰਘ ਵਿਰੁੱਧ ਮੁਕੱਦਮਾ ਨੰਬਰ 160, ਧਾਰਾ 306 ਆਈ ਪੀ ਸੀ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ।ਇਸ ਮਾਮਲੇ 'ਚ ਦੋਵੇਂ ਭਰਾ ਲਗਾਤਾਰ ਫ਼ਰਾਰ ਚੱਲ ਰਹੇ ਸਨ, ਜਿਨ੍ਹਾਂ ਨੂੰ ਅਦਾਲਤ ਵੱਲੋਂ ਭਗੌੜਾ ਕਰਾਰ ਦਿੱਤਾ ਗਿਆ ਸੀ।

## ਹੋਲੀ ਹਾਰਟ ਸਕੂਲ 'ਚ ਟਰਮ-1 ਦੀਆਂ ਪ੍ਰੀਖਿਆਵਾਂ ਲਈ ਵਿਦਿਆਰਥੀ ਪੂਰੇ ਉਤਸ਼ਾਹ 'ਚ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ, ਅਜੀਤਵਾਲ ਵਿਖੇ ਪਹਿਲੀ ਟਰਮ ਦੀਆਂ ਪ੍ਰੀਖਿਆਵਾਂ ਦੀਆਂ ਤਿਆਰੀਆਂ ਪੂਰੇ ਜ਼ੋਰ-ਸ਼ੋਰ ਨਾਲ ਮੁਕੰਮਲ ਕਰ ਲਈਆਂ ਗਈਆਂ ਹਨ।ਪ੍ਰੀਖਿਆਵਾਂ ਦੀ ਸ਼ੁਰੂਆਤ ਨੂੰ ਲੈ ਕੇ ਸਕੂਲ ਕੈਂਪਸ ਵਿੱਚ ਅਕਾਦਮਿਕ ਮਾਹੌਲ ਬਣਿਆ ਹੋਇਆ ਹੈ ਤੇ ਵਿਦਿਆਰਥੀ ਵਧੀਆ ਨਤੀਜੇ ਹਾਸਲ ਕਰਨ ਲਈ ਪੂਰੇ ਉਤਸ਼ਾਹ ਅਤੇ ਆਤਮ-ਵਿਸ਼ਵਾਸ ਨਾਲ ਤਿਆਰ ਹਨ।ਸਕੂਲ ਪ੍ਰਬੰਧਕਾਂ ਤੇ ਅਧਿਆਪਕਾਂ ਵੱਲੋਂ ਪ੍ਰੀਖਿਆਵਾਂ ਤੋਂ ਪਹਿਲਾਂ ਵਿਦਿਆਰਥੀਆਂ ਦੇ ਸੰਕਲਪਾਂ ਨੂੰ ਸਪੱਸ਼ਟ ਕਰਨ ਲਈ ਵਿਸ਼ੇਸ਼ ਰੀਵਿਜ਼ਨ ਕਲਾਸਾਂ ਤੇ ਅਭਿਆਸ ਸੈਸ਼ਨ ਆਯੋਜਿਤ ਕੀਤੇ ਗਏ।ਅਧਿਆਪਕਾਂ ਵੱਲੋਂ ਹਰ ਵਿਸ਼ੇ ਦੇ ਮਹੱਤਵਪੂਰਨ ਨੁਕਤਿਆਂ ਨੂੰ ਚੰਗੀ ਤਰ੍ਹਾਂ ਸਮਝਾਇਆ ਗਿਆ ਹੈ, ਤਾਂ ਜੁ ਵਿਦਿਆਰਥੀ ਬਿਨਾਂ ਕਿਸੇ ਮਾਨਸਿਕ ਬੋਝ ਦੇ ਪ੍ਰੀਖਿਆਵਾਂ ਦੇ ਸਕਣ।ਸਕੂਲ ਦੀ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਦੱਸਿਆ ਕਿ ਪ੍ਰੀਖਿਆਵਾਂ ਨੂੰ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ।ਹਾਲ ਹੀ ਵਿੱਚ ਸਕੂਲ ਵਿਖੇ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਤੇ ਕਾਊਂਸਲਿੰਗ ਸੈਸ਼ਨ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਪ੍ਰੀਖਿਆ ਦੇ ਤਣਾਅ ਤੋਂ ਮੁਕਤ ਰਹਿਣ ਤੇ ਸਮੇਂ ਦੀ ਸਹੀ ਵਰਤੋਂ ਕਰਨ ਦੇ ਨੁਕਤੇ ਦੱਸੇ ਗਏ।ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਤੇ ਰਮਨ ਅਰੋੜਾ ਨੇ ਸਮੂਹ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪ੍ਰੀਖਿਆਵਾਂ ਸਿਰਫ਼ ਅੰਕ ਪ੍ਰਾਪਤ ਕਰਨ ਦਾ ਜ਼ਰੀਆ ਨਹੀਂ ਹਨ, ਸਗੋਂ ਇਹ ਆਪਣੇ ਗਿਆਨ ਅਤੇ ਸਮਰੱਥਾ ਦਾ ਮੁਲਾਂਕਣ ਕਰਨ ਦਾ ਇੱਕ ਵਧੀਆ ਮੌਕਾ ਹੁੰਦੀਆਂ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

## ਆਈ ਸੀ ਆਈ ਸੀ ਆਈ ਪ੍ਰੂਡੈਂਸ਼ੀਅਲ ਲਾਈਫ ਨੇ 'ਪਾਰਟਨਰ ਸਟੈਕ 2.0' ਕੀਤਾ ਲਾਂਚ

**ਅੰਮ੍ਰਿਤਸਰ:** ਆਈ ਸੀ ਆਈ ਸੀ ਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਆਪਣੇ ਪਾਰਟਨਰ ਸਟੈਕ ਨੂੰ ਅਪਗ੍ਰੇਡ ਕਰਦਿਆਂ 'ਆਈ ਸੀ ਆਈ ਸੀ ਆਈ ਲਾਈਫ ਪਾਰਟਨਰ ਸਟੈਕ 2.0' ਲਾਂਚ ਕੀਤਾ ਹੈ। ਕੰਪਨੀ ਮੁਤਾਬਕ ਇਸ ਵਿੱਚ ਏ ਆਈ-ਅਧਾਰਿਤ ਟੂਲਸ ਅਤੇ ਡਿਜੀਟਲ ਸਮਰੱਥਾਵਾਂ ਰਾਹੀਂ ਸਲਾਹਕਾਰਾਂ ਤੇ ਵੰਡ ਭਾਈਵਾਲਾਂ ਨੂੰ ਵਿਕਰੀ, ਆਨਬੋਰਡਿੰਗ ਅਤੇ ਗਾਹਕ ਸੇਵਾ ਵਿੱਚ ਸਹਾਇਤਾ ਮਿਲੇਗੀ। 'ਈਕੁਓਟ' ਏ ਆਈ ਉਤਪਾਦ ਸਿਫ਼ਾਰਿਸ਼ਕਰਤਾ ਗਾਹਕ ਦੇ ਜੀਵਨ ਪੜਾਅ ਅਤੇ ਹਿੱਸੇ ਅਨੁਸਾਰ ਉਤਪਾਦ ਸੁਝਾਉਂਦਾ ਹੈ ਅਤੇ ਹਵਾਲੇ ਬਣਾਉਣ ਦੀ ਸਹੂਲਤ ਦਿੰਦਾ ਹੈ। 'ਲੀਵਾ' ਏ ਆਈ ਚੈਟਬੋਟ ਰਾਹੀਂ ਸਲਾਹਕਾਰਾਂ ਨੂੰ ਉਤਪਾਦਾਂ ਅਤੇ ਹਵਾਲਿਆਂ ਦੀ ਜਾਣਕਾਰੀ ਆਸਾਨੀ ਨਾਲ ਮਿਲ ਸਕੇਗੀ। ਮੁੱਖ ਵੰਡ ਅਧਿਕਾਰੀ ਅਮੀਸ਼ ਬੈਂਕਰ ਨੇ ਕਿਹਾ ਕਿ ਨਵੀਆਂ ਸਮਰੱਥਾਵਾਂ ਗਾਹਕ ਯਾਤਰਾ ਨੂੰ ਤੇਜ਼ ਅਤੇ ਸਰਲ ਬਣਾਉਣ ਵਿੱਚ ਮਦਦ ਕਰਨਗੀਆਂ।

# 'ਖੇਡਾਂ ਵਤਨ ਪੰਜਾਬ ਦੀਆਂ-2026' ਪੰਜਾਬ ਦਾ ਚੌਥਾ ਸੀਜ਼ਨ ਸ਼ੁਰੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਦੇ ਚੌਥੇ ਸੀਜ਼ਨ ਦਾ ਆਗਾਜ਼ ਹੋ ਗਿਆ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 5 ਸਤੰਬਰ ਨੂੰ ਬਠਿੰਡਾ ਵਿਖੇ ਇਨ੍ਹਾਂ ਖੇਡਾਂ ਦਾ ਉਦਘਾਟਨ ਕੀਤਾ ਗਿਆ ਸੀ, ਜਦਕਿ ਸਮਾਪਤੀ ਸਮਾਰੋਹ 29 ਨਵੰਬਰ ਨੂੰ ਪਟਿਆਲਾ ਵਿਖੇ ਹੋਵੇਗਾ। ਇਹ ਜਾਣਕਾਰੀ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ-2026' ਸਬੰਧੀ ਜ਼ਿਲ੍ਹਾ ਪ੍ਰਸ਼ਾਸਨ, ਖੇਡ ਸੰਸਥਾਵਾਂ ਅਤੇ ਆਮ ਆਦਮੀ ਪਾਰਟੀ ਦੇ ਸਪੋਰਟਸ ਕੋਆਰਡੀਨੇਟਰਾਂ ਨਾਲ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ। ਵਿਧਾਇਕ ਡਾ. ਨਿੱਜਰ ਨੇ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' ਦਾ ਪਹਿਲਾ ਸੀਜ਼ਨ ਮਾਨ ਸਰਕਾਰ ਵੱਲੋਂ ਸਾਲ 2022 ਵਿੱਚ ਸ਼ੁਰੂ ਕੀਤਾ ਗਿਆ ਸੀ। ਇਨ੍ਹਾਂ ਖੇਡਾਂ ਵਿੱਚ ਹੁਣ ਤੱਕ ਪੰਜ ਲੱਖ ਤੱਕ ਖਿਡਾਰੀਆਂ ਦੀ ਸ਼ਮੂਲੀਅਤ ਰਹੀ ਹੈ ਅਤੇ ਇਸ ਸਾਲ 10 ਲੱਖ ਖਿਡਾਰੀਆਂ ਦੀ ਸ਼ਮੂਲੀਅਤ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ 9 ਉਮਰ ਵਰਗਾਂ ਵਿੱਚ 38 ਖੇਡਾਂ, ਇੱਕ ਪ੍ਰਦਰਸ਼ਨੀ ਖੇਡ (ਟੈਨਿਸ ਬਾਲ ਕ੍ਰਿਕਟ) ਅਤੇ 4 ਪੈਰਾ ਖੇਡਾਂ ਦੇ ਮੁਕਾਬਲੇ ਬਲਾਕ, ਜ਼ਿਲ੍ਹਾ ਅਤੇ ਸੂਬਾ ਪੱਧਰ 'ਤੇ ਕਰਵਾਏ ਜਾ ਰਹੇ ਹਨ। ਇਨ੍ਹਾਂ ਮੁਕਾਬਲਿਆਂ ਵਿੱਚ ਮੁੰਡਿਆਂ ਅਤੇ ਕੁੜੀਆਂ ਦੋਵਾਂ ਦੀ ਸ਼ਮੂਲੀਅਤ ਹੋਵੇਗੀ। ਜੇਤੂ ਖਿਡਾਰੀਆਂ ਨੂੰ 12 ਕਰੋੜ ਰੁਪਏ ਤੋਂ ਵੱਧ ਦੀ ਇਨਾਮੀ ਰਾਸ਼ੀ ਦੇ ਨਾਲ-ਨਾਲ ਗ੍ਰੇਡੇਸ਼ਨ ਸਰਟੀਫਿਕੇਟ ਵੀ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਲਈ ਅੰਡਰ-14, ਅੰਡਰ-17, ਅੰਡਰ-21, 21-30, 31-40, 41-50, 51-60, 61-70 ਅਤੇ 70 ਸਾਲ ਤੋਂ ਵੱਧ ਉਮਰ ਦੇ ਵਰਗ ਬਣਾਏ ਗਏ ਹਨ। ਡਾ. ਨਿੱਜਰ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਸਮੇਤ ਪੂਰੇ ਪੰਜਾਬ ਵਿੱਚ 8 ਸਤੰਬਰ ਤੋਂ 18 ਸਤੰਬਰ ਤੱਕ ਬਲਾਕ ਪੱਧਰ 'ਤੇ 7 ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਇਨ੍ਹਾਂ ਵਿੱਚ ਅਥਲੈਟਿਕਸ, ਖੋ-ਖੋ, ਕਬੱਡੀ (ਨੈਸ਼ਨਲ ਸਟਾਈਲ), ਕਬੱਡੀ (ਸਰਕਲ ਸਟਾਈਲ), ਫੁੱਟਬਾਲ, ਵਾਲੀਬਾਲ (ਸਮੈਸ਼ਿੰਗ) ਅਤੇ ਵਾਲੀਬਾਲ




(ਸ਼ੂਟਿੰਗ) ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ 20 ਸਤੰਬਰ ਤੋਂ 30 ਸਤੰਬਰ ਤੱਕ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਜਾਣਗੇ। ਜ਼ਿਲ੍ਹਾ ਪੱਧਰ 'ਤੇ ਬਲਾਕ ਪੱਧਰ ਦੀਆਂ 7 ਖੇਡਾਂ ਦੇ ਜੇਤੂਆਂ ਤੋਂ ਇਲਾਵਾ 21 ਹੋਰ ਖੇਡਾਂ ਦੇ ਮੁਕਾਬਲੇ ਸਿੱਧੇ ਜ਼ਿਲ੍ਹਾ ਪੱਧਰ 'ਤੇ ਕਰਵਾਏ ਜਾਣਗੇ। ਇਸ ਤਰ੍ਹਾਂ ਜ਼ਿਲ੍ਹਾ ਪੱਧਰ 'ਤੇ ਕੁੱਲ 28 ਖੇਡਾਂ ਹੋਣਗੀਆਂ। ਇਨ੍ਹਾਂ 21 ਖੇਡਾਂ ਵਿੱਚ ਹੈਂਡਬਾਲ, ਸਾਫਟਬਾਲ, ਜੂਡੋ, ਗਤਕਾ, ਕਿੱਕ ਬਾਕਸਿੰਗ, ਹਾਕੀ, ਨੈੱਟਬਾਲ, ਬੈਡਮਿੰਟਨ, ਬਾਸਕਟਬਾਲ, ਪਾਵਰਲਿਫਟਿੰਗ, ਲਾਅਨ ਟੈਨਿਸ, ਰੈਸਲਿੰਗ, ਸਵੀਮਿੰਗ, ਬਾਕਸਿੰਗ, ਟੇਬਲ ਟੈਨਿਸ, ਵੇਟਲਿਫਟਿੰਗ, ਚੈੱਸ, ਸ਼ੂਟਿੰਗ, ਫੈਂਸਿੰਗ, ਰੋਲਰ ਸਕੇਟਿੰਗ ਅਤੇ ਆਰਚਰੀ ਸ਼ਾਮਲ ਹਨ। ਵਿਧਾਇਕ ਡਾ. ਨਿੱਜਰ ਨੇ ਦੱਸਿਆ ਕਿ 10 ਅਕਤੂਬਰ ਤੋਂ 23 ਨਵੰਬਰ ਤੱਕ ਸੂਬਾ ਪੱਧਰੀ ਮੁਕਾਬਲੇ ਕਰਵਾਏ ਜਾਣਗੇ। ਸੂਬਾ ਪੱਧਰ 'ਤੇ ਜ਼ਿਲ੍ਹਾ ਪੱਧਰ ਦੀਆਂ 28 ਖੇਡਾਂ ਦੇ ਜੇਤੂਆਂ ਤੋਂ ਇਲਾਵਾ 10 ਹੋਰ ਖੇਡਾਂ ਸਿੱਧੀਆਂ ਸੂਬਾ ਪੱਧਰ 'ਤੇ ਸ਼ਾਮਲ ਕੀਤੀਆਂ ਗਈਆਂ ਹਨ। ਇਸ ਤਰ੍ਹਾਂ ਸੂਬਾ ਪੱਧਰ 'ਤੇ ਕੁੱਲ 38 ਖੇਡਾਂ ਦੇ ਮੁਕਾਬਲੇ ਹੋਣਗੇ। ਇਨ੍ਹਾਂ 10 ਖੇਡਾਂ ਵਿੱਚ ਜਿਮਨਾਸਟਿਕ, ਰੋਇੰਗ, ਕੈਕਿੰਗ-ਕੈਨੋਇੰਗ, ਵੁਸ਼ੂ, ਰਗਬੀ, ਸਾਈਕਲਿੰਗ, ਘੁੜਸਵਾਰੀ, ਤਾਇਕਵਾਂਡੋ, ਬੇਸਬਾਲ ਅਤੇ ਕਰਾਟੇ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ 25 ਤੋਂ 28 ਨਵੰਬਰ ਤੱਕ ਚਾਰ ਪੈਰਾ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ। ਇਨ੍ਹਾਂ ਵਿੱਚ ਪੈਰਾ ਪਾਵਰਲਿਫਟਿੰਗ, ਪੈਰਾ ਬੈਡਮਿੰਟਨ, ਵ੍ਹੀਲਚੇਅਰ ਬਾਸਕਟਬਾਲ ਅਤੇ ਪੈਰਾ ਅਥਲੈਟਿਕਸ ਸ਼ਾਮਲ ਹਨ। ਵਿਧਾਇਕ ਡਾ. ਨਿੱਜਰ ਨੇ ਨੌਜਵਾਨਾਂ ਅਤੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਖੇਡ ਮੁਕਾਬਲਿਆਂ ਲਈ ਆਪਣਾ ਨਾਮ ਰਜਿਸਟਰਡ ਕਰਵਾ ਕੇ ਵੱਧ ਤੋਂ ਵੱਧ ਗਿਣਤੀ ਵਿੱਚ ਭਾਗ ਲੈਣ। ਇਸ ਤੋਂ ਪਹਿਲਾਂ ਹੋਈ ਜ਼ਿਲ੍ਹਾ ਪੱਧਰੀ ਮੀਟਿੰਗ ਵਿੱਚ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ, ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਖੇਡ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵੱਧ ਤੋਂ ਵੱਧ ਖਿਡਾਰੀਆਂ ਦੀ ਇਨ੍ਹਾਂ ਖੇਡਾਂ ਲਈ ਰਜਿਸਟ੍ਰੇਸ਼ਨ ਯਕੀਨੀ ਬਣਾਈ ਜਾਵੇ। ਉਨ੍ਹਾਂ ਖੇਡ ਸੰਸਥਾਵਾਂ ਅਤੇ ਆਮ ਆਦਮੀ ਪਾਰਟੀ ਦੇ ਸਪੋਰਟਸ ਕੋਆਰਡੀਨੇਟਰਾਂ ਨੂੰ ਵੀ ਇਨ੍ਹਾਂ ਖੇਡਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਅਤੇ ਹੋਰਨਾਂ ਨੂੰ ਪ੍ਰੇਰਿਤ ਕਰਨ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਐੱਸ.ਡੀ.ਐੱਮ. ਅੰਮ੍ਰਿਤਸਰ-2 ਸ. ਗੁਰਮੰਦਰ ਸਿੰਘ, ਐੱਸ.ਡੀ.ਐੱਮ. ਅਜਨਾਲਾ ਸ੍ਰੀਮਤੀ ਚਾਰੂਮਿਤਾ, ਐੱਸ.ਡੀ.ਐੱਮ. ਮਜੀਠਾ ਸ੍ਰੀ ਰਜਨੀਸ਼ ਅਰੋੜਾ, ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਗੁਰਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਖੇਡ ਸੰਸਥਾਵਾਂ ਦੇ ਨੁਮਾਇੰਦੇ ਅਤੇ ਆਮ ਆਦਮੀ ਪਾਰਟੀ ਦੇ ਸਪੋਰਟਸ ਕੋਆਰਡੀਨੇਟਰ ਵੀ ਹਾਜ਼ਰ ਸਨ।

# ਬੂਥ ਬੱਧਰ 'ਤੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਮਨੀਸ਼ ਸਿਸੋਦੀਆ ਵੱਲੋਂ ਮੀਟਿੰਗ

**ਦੀਨਾਨਗਰ/ਗੁਰਦਾਸਪੁਰ (ਬਲਵਿੰਦਰ ਸਿੰਘ ਬਿੱਲਾ )**-ਦੀਨਾਨਗਰ ਹਲਕੇ ਦੇ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਰਾਜੀਵ ਸੈਣੀ ਨੇ ਦੱਸਿਆ ਕਿ ਬੂਥ ਬੱਧਰ 'ਤੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਵਲੋਂ ਮੀਟਿੰਗ ਕੀਤੀ ਗਈ ਅਤੇ ਇਸ ਮੌਕੇ ਮਨੀਸ਼ ਸਿਸੋਦੀਆ ਵਲੋਂ ਉਨ੍ਹਾਂ ਨੂੰ ਪਾਰਟੀ ਹਿੱਤ ਵਿੱਚ



ਕੀਤੇ ਜਾ ਰਹੇ ਕਾਰਜਾਂ ਨੂੰ ਮੁੱਖ ਰੱਖਦਿਆਂ ਸਨਮਾਨਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਮਨੀਸ਼ ਸਿਸੋਦੀਆ ਵੱਲੋਂ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕਰਨ ਲਈ ਬਹੁਤ ਹੀ ਤਰਕਸੰਗਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਸਮਝਾਇਆ ਗਿਆ ਕਿ ਪਾਰਟੀ ਦੀਆਂ ਜੜ੍ਹਾਂ ਮਜ਼ਬੂਤ ਹਨ ਅਤੇ ਪਾਰਟੀ ਵੱਲੋਂ ਕੀਤੇ ਗਏ ਲੋਕ-ਹਿੱਤ ਦੇ ਕੰਮਾਂ ਨੂੰ ਜੇਕਰ ਜ਼ਮੀਨੀ ਪੱਧਰ 'ਤੇ ਹੋਰ ਮਿਹਨਤ ਨਾਲ ਜਨਤਾ ਦੇ ਰੂਬਰੂ ਕਰਵਾਇਆ ਜਾਵੇ ਤਾਂ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਵੇਗਾ।ਉਨ੍ਹਾਂ ਕਿਹਾ ਕਿ ਇਸੇ ਸੋਚ ਨਾਲ ਅਸੀਂ ਹਰ ਬੂਥ ਨੂੰ ਮਜ਼ਬੂਤ ਕਰਨ ਅਤੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਕੰਮਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਯਤਨ ਕਰਾਂਗੇ ਅਤੇ ਹਲਕਾ ਦੀਨਾਨਗਰ ਦੀ ਸ਼ੀਟ ਨੂੰ ਜਿੱਤ ਕੇ ਪਾਰਟੀ ਦੀ ਝੋਲ਼ੀ ਵਿੱਚ ਪਾਵਾਂਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੈ ਅਤੇ ਲੋਕਪੱਖੀ ਫੈਸਲਿਆਂ ਕਾਰਨ ਲੋਕ ਸਰਕਾਰ ਦੀ ਕਾਰਗੁਜ਼ਾਰੀ ਤੋਂ ਖੁਸ਼ ਹਨ।

## ਗੁਜਰਪੁਰਾ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੀ ਅਹਿਮ ਮੀਟਿੰਗ



**ਜੈਂਤੀਪੁਰ (ਸੁਖਬੀਰ ਸਿੱਧੂ)**- ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਹਲਕਾ ਮਜੀਠਾ ਦੇ ਪਿੰਡ ਗੁਜਰਪੁਰਾ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਪਿੰਡ ਵਾਸੀਆਂ ਵੱਲੋਂ ਵੱਡਾ ਸਹਿਯੋਗ ਦਿੱਤਾ ਗਿਆ।ਮੀਟਿੰਗ ਦੌਰਾਨ ਪਿੰਡ ਦੇ ਮੌਜੂਦਾ ਰਾਜਨੀਤਕ ਹਾਲਾਤ, ਮਨੁੱਖੀ ਅਧਿਕਾਰਾਂ ਅਤੇ ਪੰਜਾਬ ਦੇ ਭਵਿੱਖ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਹਲਕਾ ਮਜੀਠਾ ਦੇ ਇੰਚਾਰਜ ਭਾਈ ਨਾਥਵਿੰਦਰ ਸਿੰਘ ਬਾਜਵਾ, ਭਾਈ ਪੱਪਲਪ੍ਰੀਤ ਸਿੰਘ ਦੇ ਮਾਤਾ ਜੀ, ਭਾਈ ਜੁਗਰਾਜ ਸਿੰਘ ਉਦੋ ਨੰਗਲ (ਯੂਥ ਪ੍ਰਧਾਨ) ਅਤੇ ਭਾਈ ਕਿਰਪਾਲ ਸਿੰਘ (ਸਰਕਲ ਇੰਚਾਰਜ) ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਸ਼ਾਮਲ ਹੋਏ ਅਤੇ ਸੰਗਤਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਬੁਲਾਰਿਆਂ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਵਿਚਾਰਧਾਰਾ ਅਤੇ ਪੰਜਾਬ ਦੇ ਹੱਕਾਂ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਦੇ ਨਾਲ ਹੀ ਪੰਜਾਬ ਸਰਕਾਰ ਦੀਆਂ ਨੀਤੀਆਂ 'ਤੇ ਸਵਾਲ ਚੁੱਕਦਿਆਂ ਕਿਹਾ ਗਿਆ ਕਿ ਪੰਜਾਬ ਵਿੱਚ ਲੋਕਾਂ ਦੀ ਆਵਾਜ਼ ਨੂੰ ਦਬਾਉਣ, ਨਜਾਇਜ਼ ਪਰਚਿਆਂ ਅਤੇ ਮਨੁੱਖੀ ਅਧਿਕਾਰਾਂ ਦੇ ਘਾਣ ਵਰਗੇ ਗੰਭੀਰ ਮੁੱਦਿਆਂ 'ਤੇ ਪੰਜਾਬ ਵਾਸੀਆਂ ਨੂੰ ਇਕਜੁੱਟ ਹੋ ਕੇ ਆਪਣੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਮੀਟਿੰਗ ਦੌਰਾਨ ਹਾਜ਼ਰ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਨੂੰ ਮਜ਼ਬੂਤ ਕੀਤਾ ਜਾਵੇ ਅਤੇ ਪੰਜਾਬ ਵਿੱਚ ਬਦਲਾਅ ਲਈ ਲੋਕਤੰਤਰਿਕ ਢੰਗ ਨਾਲ ਇਕਜੁੱਟ ਹੋ ਕੇ ਆਪਣੀ ਭੂਮਿਕਾ ਨਿਭਾਈ ਜਾਵੇ।

## ਖਾਲੜਾ ਮਿਸ਼ਨ ਦੇ ਡਾ. ਕਾਬਲ ਸਿੰਘ ਦੀ ਮੌਤ 'ਤੇ ਅਫਸੋਸ ਦਾ ਪ੍ਰਗਟਾਵਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਮਿਸ਼ਨ ਆਰਗੇਨਾਈਜੇਸ਼ਨ ਦੇ ਆਗੂ ਐਡਵੋਕੇਟ ਜਗਦੀਪ ਸਿੰਘ ਰੰਧਾਵਾ ਨੇ ਭਾਈ ਜਸਵੰਤ ਸਿੰਘ ਖਾਲੜਾ ਦੇ ਸਾਥੀ ਰਹੇ ਕਾਬਲ ਸਿੰਘ ਤਰਨ ਤਾਰਨ ਦੀ ਮੌਤ 'ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਉਹਨਾਂ ਦੇ ਅਚਾਨਕ ਫ਼ਾਨੀ ਦੁਨੀਆ ਤੋਂ ਰੁਖ਼ਸਤ ਹੋ ਜਾਣ ਤੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।



ਕਾਬਲ ਸਿੰਘ ਅਕਸਰ ਭਾਈ ਖਾਲੜਾ ਹੋਰਾਂ ਨਾਲ ਸੰਘਰਸ਼ਸ਼ੀਲ ਰਹੇ। ਉਹਨਾਂ ਨੇ ਭਾਈ ਖਾਲੜਾ ਦੇ ਸਾਥੀਆਂ ਅਤੇ ਸਰਗਰਮ ਆਗੂਆਂ ਦੁਆਰਾ ਪੁਲਸ ਖ਼ਿਲਾਫ਼ ਵਿੱਢੀ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ । ਕਾਬਲ ਸਿੰਘ ਨਰਮ ਅਤੇ ਨਿੱਘੇ ਸੁਭਾਅ ਦੇ ਮਾਲਕ ਸਨ। ਪਹਿਲਾਂ ਉਹਨਾ ਦੁਆਰਾ ਤਰਨ ਤਾਰਨ ਵਿਖੇ ਮੈਡੀਕਲ ਕਲੀਨਿਕ ਚਲਾਏ ਜਾਣ ਕਰਕੇ ਸਾਰੇ ਉਹਨਾਂ ਨੂੰ ਡਾਕਟਰ ਕਾਬਲ ਸਿੰਘ ਦੇ ਨਾਮ ਨਾਲ ਹੀ ਸੰਬੋਧਨ ਕਰਦੇ ਸਨ ਅਤੇ ਉਹਨਾਂ ਤਾ-ਉਮਰ ਇੱਕ ਇਮਾਨਦਾਰ ਜ਼ਿੰਦਗੀ ਬਤੀਤ ਕੀਤੀ । ਕਈ ਧਰਨਿਆਂ-ਮੁਜ਼ਾਹਰਿਆਂ ਵਿੱਚ ਉਹਨਾਂ ਨੇ ਹੋ ਰਹੇ ਜ਼ੁਲਮ ਅਤੇ ਮਨੁੱਖੀ ਹੱਕਾਂ ਦੇ ਘਾਣ ਨੂੰ ਉਜਾਗਰ ਕਰਨ ਲਈ ਨੁੱਕੜ ਨਾਟਕਾਂ ਦੁਆਰਾ ਲੋਕਾਂ ਦੇ ਦਿਲਾਂ ਤੇ ਗਹਿਰੀ ਛਾਪ ਛੱਡੀ। ਉਹਨਾਂ ਦੀਆਂ ਅੰਤਿਮ ਰਸਮਾਂ ਲਈ ਅਤੇ ਅਸਥੂਲ ਸਰੀਰ ਨੂੰ ਚਰਨਾਂ ਵਿੱਚ ਨਿਵਾਸ ਬਖਸ਼ਣ ਲਈ 13 ਸਤੰਬਰ ਨੂੰ ਸ਼ਹੀਦ ਊਧਮ ਸਿੰਘ ਹਾਲ ਨੰ: 01, ਭਗਤਾਂ ਵਾਲਾ, ਅੰਮ੍ਰਿਤਸਰ ਵਿਖੇ ਅਰਦਾਸ ਬੇਨਤੀ ਕੀਤੀ ਜਾਵੇਗੀ।

## ਸ਼ੈਰੀ ਕਲਸੀ ਦੀ ਅਗਵਾਈ ਹੇਠ ਸਫ਼ਾਈ ਮੁਹਿੰਮ ਜਾਰੀ



**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਜਾਰੀ ਹੈ।ਵਿਧਾਇਕ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ ਵਲੋਂ ਬਟਾਲਾ ਸ਼ਹਿਰ ਅੰਦਰ ਵੱਖ ਵੱਖ ਸਥਾਨਾਂ ਦਾ ਦੌਰਾ ਕਰਦਿਆਂ ਆਪਣੀ ਮੌਜੂਦਗੀ ਵਿੱਚ ਕੂੜੇ ਦੇ ਢੇਰਾਂ ਨੂੰ ਚੁਕਵਾਇਆ ਗਿਆ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸਫ਼ਾਈ ਟੀਮਾਂ ਵੱਲੋਂ ਸੜਕਾਂ, ਜਨਤਕ ਥਾਵਾਂ ਅਤੇ ਹੋਰ ਸੰਵੇਦਨਸ਼ੀਲ ਸਥਾਨਾਂ ਦੀ ਸਫ਼ਾਈ ਕੀਤੀ ਗਈ। ਇਸ ਤੋਂ ਇਲਾਵਾ ਇਕੱਠੇ ਹੋਏ ਕੂੜੇ ਨੂੰ ਹਟਾਉਣ ਦੇ ਨਾਲ-ਨਾਲ ਗਾਰਬੇਜ ਵਲਨਰੇਬਲ ਪੁਆਇੰਟਸ ਅਤੇ ਬਲੈਕ ਸਪਾਟਸ ਦੀ ਵੀ ਵਿਸ਼ੇਸ਼ ਤੌਰ 'ਤੇ ਸਫ਼ਾਈ ਕੀਤੀ ਗਈ।ਉਨ੍ਹਾਂ ਸਫਾਈ ਸੇਵਕਾਂ ਵਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਫ਼ਾਈ ਟੀਮਾਂ ਦਾ ਪੂਰਨ ਸਹਿਯੋਗ ਕਰਨ, ਕੂੜਾ ਨਿਰਧਾਰਤ ਸਥਾਨਾਂ 'ਤੇ ਹੀ ਸੁੱਟਣ ਅਤੇ ਜਨਤਕ ਥਾਵਾਂ ਨੂੰ ਗੰਦਾ ਨਾ ਕਰਨ।ਉਨ੍ਹਾਂ ਕਿਹਾ ਕਿ ਬਟਾਲਾ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਸ਼ਹਿਰ ਵਾਸੀਆਂ ਅਤੇ ਦੁਕਾਨਦਾਰਾਂ ਦਾ ਸਹਿਯੋਗ ਵੀ ਬੇਹੱਦ ਜ਼ਰੂਰੀ ਹੈ।

## ਜਹਾਂਗੀਰ ਵਿਖੇ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਚੈਰੀਟੇਬਲ ਲੈਬੋਰਟਰੀ ਦਾ ਮੁਫ਼ਤ ਕੈਂਪ 13 ਨੂੰ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਪਿੰਡ ਜਹਾਂਗੀਰ ਜ਼ਿਲ੍ਹਾ ਤਰਨ ਤਾਰਨ ਦੇ ਗੁਰਦੁਆਰਾ ਮਾਤਾ ਨਿਹਾਲ ਕੌਰ ਜੀ ਵਿਖੇ 'ਮਿਸ਼ਨ ਸਿਹਤਮੰਦ ਪੰਜਾਬ' ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 13 ਸਤੰਬਰ (ਐਤਵਾਰ) ਨੂੰ ਡਾਕਟਰ ਅਜੀਤ ਸਿੰਘ ਦੀ ਮਿੱਠੀ ਯਾਦ ਵਿੱਚ ਸਮੂਹ ਸੰਧਾ ਪਰਿਵਾਰ ਦੇ ਸਹਿਯੋਗ ਨਾਲ ਚੈਰੀਟੇਬਲ ਲੈਬੋਰਟਰੀ ਕੈਂਪ ਲਗਾਇਆ ਜਾ ਰਿਹਾ ਹੈ। ਲਾਈਫ ਕੇਅਰ ਫਾਊਂਡੇਸ਼ਨ ਦੇ ਯੂਨਿਟ ਮੈਨੇਜਰ ਪਰਮਜੀਤ ਸਿੰਘ ਨੇ ਦੱਸਿਆ ਕਿ ਇਹ ਕੈਂਪ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਲੱਗੇਗਾ। ਇਸ ਕੈਂਪ ਵਿੱਚ ਕਿਡਨੀ ਦੇ 6 ਟੈਸਟ, ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਕਿਰੇਟੀਨਿਨ, ਬਲੱਡ ਯੂਰੀਆ ਕਿਰੇਟੀਨਿਨ ਰੇਸ਼ੋ, ਗੁਰਦਿਆਂ ਦੇ ਟੈਸਟ, ਯੂਰਿਕ ਐਸਿਡ ਦਾ ਇੱਕ ਟੈਸਟ, ਬਲੱਡ ਗਲੂਕੋਜ਼/ ਸ਼ੂਗਰ ਦਾ ਇੱਕ ਟੈਸਟ, 2 ਲਿਵਰ ਦੇ ਟੈਸਟ, ਸੀ ਬੀ ਸੀ, ਬਿਲਕੁਲ ਮੁਫ਼ਤ ਕੀਤੇ ਜਾਣਗੇ ਅਤੇ ਬਾਕੀ ਟੈਸਟ ਵੀ 75 ਪ੍ਰਤੀਸ਼ਤ ਘੱਟ ਰੇਟ 'ਤੇ ਕੀਤੇ ਜਾਣਗੇ। ਟੈਸਟ ਕਰਵਾਉਣ ਲਈ ਖ਼ਾਲੀ ਪੇਟ ਹੀ ਆਇਆ ਜਾਵੇ।

## ਹੈਰੋਇਨ ਸਮੇਤ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਇਕ ਨਸ਼ਾ ਤਸਕਰ ਨੂੰ ਕਾਬੂ ਕਰਕੇ ਉਸ ਪਾਸੋਂ 3 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਤਫਤੀਸ਼ੀ ਅਫਸਰ ਏ.ਐਸ.ਆਈ. ਵਿਜੇ ਕੁਮਾਰ ਨੇ ਦੱਸਿਆ ਕਿ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਉਨ੍ਹਾਂ ਸਮੇਤ ਪੁਲਸ ਪਾਰਟੀ ਸ਼ਮਸ਼ਾਨਘਾਟ ਪੁਰਾਣਾ ਸ਼ਾਲਾ ਤੋਂ ਅਜੇ ਸਿੰਘ ਪੁੱਤਰ ਗੁਰਬਖਸ਼ ਸਿੰਘ ਪੁਰਾਣਾ ਸ਼ਾਲਾ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 3 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਸ਼ਾਲਾ ਪੁਲਸ ਨੇ ਅਜੇ ਸਿੰਘ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਸਪਰਿੰਗ ਬਰਡਜ਼ ਸਕੂਲ ਦੇ ਵਿਦਿਆਰਥੀ ਸਨਮਾਨਤ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਸਪਰਿੰਗ ਬਰਡਜ਼ ਸਕੂਲ, ਅੱਡਾ ਸੈਦੋਲੇਹਲ ਮਹਿਤਾ ਰੋਡ ਅੰਮ੍ਰਿਤਸਰ ਵਿਖੇ ਪਿਛਲੇ ਸਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਗਏ ਧਾਰਮਿਕ ਸਿੱਖਿਆ ਦੇ ਪੇਪਰ ਦਾ ਨਤੀਜਾ ਗੁਰਦੁਆਰਾ ਧਰਮ ਪ੍ਰਚਾਰ ਕਮੇਟੀ ਵੱਲੋਂ ਸਕੂਲ ਵਿੱਚ ਐਲਾਨ ਕੀਤਾ ਗਿਆ।ਇਸ ਮੌਕੇ ਜਿਨ੍ਹਾਂ ਵਿਦਿਆਰਥੀਆਂ ਨੇ



ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪੁਜ਼ੀਸ਼ਨਾਂ ਹਾਸਲ ਕੀਤੀਆਂ, ਉਨ੍ਹਾਂ ਨੂੰ ਸਕੂਲ ਮੈਨੇਜਮੈਂਟ ਅਤੇ ਸਟਾਫ ਵੱਲੋਂ ਮੈਡਲ ਅਤੇ ਸਰਟੀਫਿਕੇਟ ਪ੍ਰਦਾਨ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਐਮ.ਡੀ. ਪਰਮਿੰਦਰ ਸਿੰਘ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਧਰਮ ਪ੍ਰਚਾਰ ਕਮੇਟੀ) ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਨ ਅਤੇ ਧਾਰਮਿਕ ਸਿੱਖਿਆ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰਿੰਸੀਪਲ ਗੁਰਪ੍ਰੀਤ ਕੌਰ, ਧਾਰਮਿਕ ਅਧਿਆਪਕਾ ਪਰਮਜੀਤ ਕੌਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਗੁਰਮੁਖ ਸਿੰਘ ਸੈਦੋਲੇਹਲ ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਹੋਣ 'ਤੇ ਅੰਦੋਲਨ ਕੀਤਾ ਜਾਵੇਗਾ : ਔਜਲਾ

**ਛੇਹਰਟਾ, (ਮਨੋਜ ਕੁਮਾਰ)**-ਪੰਜਾਬ ਵਿਚ ਉਦਯੋਗ ਤੇ ਵਪਾਰ ਦੀ ਵਿਗੜ ਰਹੀ ਸਥਿਤੀ ਨੂੰ ਲੈ ਕੇ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪੰਜਾਬ ਸਰਕਾਰ 'ਤੇ ਤਿੱਖਾ ਹਮਲਾ ਕੀਤਾ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਵਪਾਰ



ਮਹਿੰਗਾ ਹੋ ਗਿਆ ਹੈ, ਟਰਾਂਸਪੋਰਟੇਸ਼ਨ ਦੀ ਲਾਗਤ ਵਧ ਗਈ ਹੈ ਤੇ ਉਦਯੋਗ ਭਾਰੀ ਕਰਜ਼ੇ ਦੇ ਦਬਾਅ ਹੇਠ ਹਨ। ਦੂਜੇ ਪਾਸੇ ਵਪਾਰੀਆਂ ਦੇ ਕਰੋੜਾਂ ਰੁਪਏ ਦੇ ਜੀ ਐੱਸ ਟੀ ਰਿਫੰਡ 8-9 ਮਹੀਨਿਆਂ ਤੋਂ ਅਟਕੇ ਹੋਏ ਹਨ। ਸੰਸਦ ਮੈਂਬਰ ਔਜਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਾਲ ਹੀ ਵਿਚ ਗੁਰਪ੍ਰੀਤ ਸੇਖੋਂ ਦੀ ਕਰਵਾਈ ਗਈ ਜੁਆਇਨਿੰਗ 'ਤੇ ਵੀ ਸਵਾਲ ਖੜ੍ਹੇ ਕੀਤੇ। ਉਨ੍ਹਾਂ ਕਿਹਾ ਕਿ ਜੇਕਰ ਗੈਂਗਸਟਰ ਹੀ ਕਾਨੂੰਨ ਬਣਾਉਣ ਵਾਲਿਆਂ ਦੇ ਨਾਲ ਬੈਠਣ ਲੱਗ ਜਾਣ ਤਾਂ ਪੰਜਾਬ ਦਾ ਕੀ ਬਣੇਗਾ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਜਦੋਂ ਕੋਈ ਵਪਾਰੀ ਜੀ ਐੱਸ ਟੀ ਜਮ੍ਹਾਂ ਕਰਵਾਉਣ ਵਿਚ ਦੇਰੀ ਕਰਦਾ ਹੈ ਤਾਂ ਉਸ 'ਤੇ ਪੈਨਲਟੀ ਲਗਾਈ ਜਾਂਦੀ ਹੈ, ਪਰ ਜਦੋਂ ਸਰਕਾਰ ਵਪਾਰੀਆਂ ਦਾ ਪੈਸਾ ਮਹੀਨਿਆਂ ਤਕ ਰੋਕ ਕੇ ਰੱਖਦੀ ਹੈ ਤਾਂ ਸਰਕਾਰ 'ਤੇ ਕੋਈ ਪੈਨਲਟੀ ਨਹੀਂ ਲੱਗਦੀ। ਜੀ ਐੱਸ ਟੀ ਰਿਫੰਡ ਵਪਾਰੀਆਂ ਦਾ ਜਾਇਜ਼ ਪੈਸਾ ਹੈ ਤੇ ਇਸ ਨੂੰ ਸਮੇਂ ਸਿਰ ਜਾਰੀ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸਬੰਧੀ ਉਨ੍ਹਾਂ ਨੇ ਡੀ ਟੀ ਸੀ ਨਾਲ ਵੀ ਗੱਲ ਕੀਤੀ ਹੈ। ਮਈ-ਜੂਨ ਦੇ ਰਿਫੰਡ ਹੁਣ ਕਲੀਅਰ ਕੀਤੇ ਜਾ ਰਹੇ ਹਨ, ਜਦਕਿ ਵਪਾਰੀਆਂ ਮੁਤਾਬਕ ਮਾਰਚ ਤਕ ਦੇ ਰਿਫੰਡ ਹੀ ਜਾਰੀ ਹੋ ਸਕੇ ਹਨ। ਔਜਲਾ ਨੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਸਰਕਾਰੀ ਫੰਡਾਂ ਦੀ ਸਹੀ ਵਰਤੋਂ ਕਰਨ ਦੀ ਬਜਾਏ ਸਿਆਸੀ ਲਾਭ ਲੈਣ ਵਿਚ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਜੋ ਪੈਸਾ ਲੋਕਾਂ ਦਾ ਹੈ, ਉਹ ਇਸ਼ਤਿਹਾਰਾਂ 'ਤੇ ਖ਼ਰਚ ਕੀਤਾ ਜਾ ਰਿਹਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਕੀਤਾ ਗਿਆ ਤਾਂ ਸੜਕਾਂ 'ਤੇ ਅੰਦੋਲਨ ਕੀਤਾ ਜਾਵੇਗਾ। ਔਜਲਾ ਨੇ ਦੋਸ਼ ਲਗਾਇਆ ਕਿ ਭ੍ਰਿਸ਼ਟਾਚਾਰ ਕਾਰਨ ਸਰਕਾਰੀ ਯੋਜਨਾਵਾਂ ਦਾ ਲਾਭ ਲੋਕਾਂ ਤਕ ਪੂਰੀ ਤਰ੍ਹਾਂ ਨਹੀਂ ਪਹੁੰਚ ਰਿਹਾ। ਔਜਲਾ ਨੇ ਕਿਹਾ ਕਿ ਗੁਰੂ ਨਗਰੀ ਅੰਮ੍ਰਿਤਸਰ ਦਾ ਅਸਲ ਵਿਕਾਸ ਤਾਂ ਹੀ ਸੰਭਵ ਹੈ ਜਦੋਂ ਸਰਕਾਰ ਸਿਆਸੀ ਲਾਭ ਤੋਂ ਉੱਪਰ ਉੱਠ ਕੇ ਸ਼ਹਿਰ ਤੇ ਪੰਜਾਬ ਦੇ ਹਿੱਤ ਵਿਚ ਕੰਮ ਕਰੇ।

## ਜ਼ਿਲ੍ਹਾ ਪ੍ਰਧਾਨ ਕਾਂਗਰਸ ਪੱਤਰਕਾਰ ਹਰਦੀਪ ਸਿੰਘ, ਸੁਖਜਿੰਦਰ ਸਿੰਘ ਨਾਲ ਕੀਤਾ ਦੁੱਖ ਸਾਂਝਾ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਜ਼ਿਲਾ ਤਰਨ ਤਾਰਨ ਦੇ ਪ੍ਰਧਾਨ ਰਾਜਬੀਰ ਸਿੰਘ ਭੁੱਲਰ ਤੇ ਚੈਅਰਮੈਨ ਰਮਨ ਕੁਮਾਰ ਅੱਜ ਪਿੰਡ ਝਬਾਲ ਪੁਖਤਾ ਵਿਖੇ ਪੱਤਰਕਾਰਾਂ ਹਰਦੀਪ ਸਿੰਘ ਤੇ ਸੁਖਜਿੰਦਰ ਸਿੰਘ ਨਾਲ ਦੁੱਖ ਸਾਂਝਾ ਕਰਨ ਲਈ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜੇ। ਪ੍ਰਧਾਨ ਰਾਜਬੀਰ ਸਿੰਘ ਭੁੱਲਰ ਅਤੇ ਚੈਅਰਮੈਨ ਰਮਨ ਕੁਮਾਰ ਝਬਾਲ ਨੇ ਮਾਂ ਦੇ ਵਿਛੋੜੇ ਨੂੰ ਅਸਿਹ ਤੇ ਅਕਿਹ ਦੱਸਿਆ ਅਤੇ ਮਾਤਾ ਸਵਿੰਦਰ ਕੌਰ ਦੇ ਬੇਵਕਤ ਅਕਾਲ ਚਲਾਣੇ 'ਤੇ ਡੂੰਘਾ ਦੁੱਖ ਪ੍ਰਗਟਾਉਂਦਿਆਂ ਪਰਿਵਾਰ ਨੂੰ ਵਹਿਗੁਰੂ ਦੇ ਭਾਣੇ ਵਿੱਚ ਰੱਬ ਦਾ ਹੁਕਮ ਮੰਨਣ ਲਈ ਹੌਸਲਾ ਦਿੱਤਾ। ਮੌਕੇ ਉਨ੍ਹਾਂ ਨਾਲ ਹੀਰਾ ਮੱਲੀ, ਨੌਜਵਾਨ ਕਾਂਗਰਸੀ ਆਗੂ ਹਰਜੋਤ ਸਿੰਘ ਛਾਪਾ, ਬੌਬੀ ਤੱਖਤੂਚੱਕ ਸਮੇਤ ਹੋਰ ਕਾਂਗਰਸੀ ਨੌਜਵਾਨ ਵੀ ਹਾਜ਼ਰ ਸਨ।

## ਢੰਡ 'ਚ ਬਣੇ ਗੁਦਾਮਾਂ ਵਿਚਲੀ ਕਣਕ ਨੂੰ ਲੱਗੀ ਸੁਸਰੀ ਤੋਂ ਕਈ ਪਿੰਡ ਪ੍ਰਭਾਵਤ




**ਝਬਾਲ (ਹਰਜਿੰਦਰ ਸਿੰਘ ਸੋਨੀ)**-ਬੀਤੇ ਕੱਲ੍ਹ ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਦੇ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਜਗਬੀਰ ਸਿੰਘ ਬੱਬੂ ਗੰਡੀਵਿੰਡ ਦੀ ਅਗਵਾਈ ਹੇਠ ਪਿੰਡ ਢੰਡ 'ਚ ਸੁਸਰੀ ਤੋਂ ਪ੍ਰਭਾਵਤ ਲੋਕਾਂ ਦੀ ਮੁਸ਼ਕਲ ਨੂੰ ਸਮਝਦੇ ਹੋਏ ਬਲਾਕ ਗੰਡੀਵਿੰਡ ਦੇ ਜਥੇਬੰਦੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਗੰਡੀਵਿੰਡ ਨੂੰ ਅਤੇ ਜਥੇਬੰਦੀ ਦੇ ਹੋਰ ਅਹੁਦੇਦਾਰਾਂ ਸਮੇਤ ਪਿੰਡ ਢੰਡ ਵਿੱਚ ਬਣੇ ਗੁਦਾਮਾਂ ਦਾ ਜਾਇਜ਼ਾ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਗੁਦਾਮਾਂ ਵਿਚਲੀ ਪਈ ਪਨਗ੍ਰੇਨ ਦੀ ਕਣਕ ਮਹਿਕਮੇ ਦੀ ਨਲਾਇਕੀ ਦੇ ਕਾਰਨ ਹਜ਼ਾਰਾਂ ਟਨ ਕਣਕ ਸੁਸਰੀ ਨਾਲ ਜਿੱਥੇ ਖਰਾਬ ਹੋ ਰਹੀ ਹੈ ਉਥੇ ਗੁਦਾਮਾਂ ਦੇ ਆਸ ਪਾਸ ਦੇ ਪਿੰਡ ਜਿਵੇਂ ਢੰਡ ਕਸੇਲ ਜਗਤਪੁਰਾ ਮੀਆਂਪੁਰ ਆਦਿ ਦੇ ਲੋਕਾਂ ਦੇ ਘਰਾਂ ਤੱਕ ਸੁਸਰੀ ਪਹੁੰਚ ਚੁੱਕੀ ਹੈ, ਜਿਸ ਨਾਲ ਲੋਕਾਂ ਦਾ ਜਿਉਣਾ ਦੁੱਭਰ ਹੋ ਰਿਹਾ ਹੈ ਪਰ ਪਨਗ੍ਰੇਨ ਦੇ ਅਧਿਕਾਰੀ ਕੁੰਭਕਰਨ ਦੀ ਨੀਂਦ ਸੁੱਤੇ ਪਏ ਹਨ ਜਦੋਂ ਜਥੇਬੰਦੀ ਦੇ ਕਾਰਕੁਨਾਂ ਵੱਲੋਂ ਗੁਦਾਮ ਅੰਦਰ ਜਾ ਕੇ ਅਧਿਕਾਰੀਆਂ ਖਿਲਾਫ ਨਾਅਰੇਬਾਜ਼ੀ ਕੀਤੀ ਤਾਂ ਉਥੋਂ ਦੇ ਮੌਜੂਦਾ ਅਧਿਕਾਰੀਆਂ ਵੱਲੋਂ ਪਨਗ੍ਰੇਨ ਦੇ ਇੰਸਪੈਕਟਰ ਨਾਲ ਫੋਨ 'ਤੇ ਗੱਲ ਕਰਵਾਈ ਤਾਂ ਇੰਸਪੈਕਟਰ ਨੇ ਬਹੁਤ ਜਲਦੀ ਸੁਸਰੀ ਨੂੰ ਦਵਾਈ ਲਗਾ ਕੇ ਇਸ ਮੁਸ਼ਕਲ ਦਾ ਹੱਲ ਕਰਵਾਉਣ ਦਾ ਵਿਸ਼ਵਾਸ ਦੁਆਇਆ।ਕਿਸਾਨ ਜਥੇਬੰਦੀ ਦੇ ਅਹੁਦੇਦਾਰਾਂ ਵੱਲੋਂ ਚਿਤਾਵਨੀ ਦਿੱਤੀ ਕਿ ਜੇਕਰ ਇਸ ਮਹਿਕਮੇ ਵੱਲੋਂ ਇੱਕ ਹਫਤੇ ਦੇ ਅੰਦਰ ਹੱਲ ਨਾ ਕੀਤਾ ਗਿਆ, ਤਾਂ ਜਥੇਬੰਦੀ ਵੱਲੋਂ ਗੁਦਾਮ ਅੰਦਰ ਧਰਨਾ ਦਿੱਤਾ ਜਾਵੇਗਾ । ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨਪ੍ਰੀਤ ਸਿੰਘ ਗੰਡੀਵਿੰਡ, ਅਮਰਜੀਤ ਸਿੰਘ ਢੰਡ, ਮੱਸਾ ਸਿੰਘ ਢੰਡ, ਗੁਰਬਾਜ ਸਿੰਘ ਗੰਡੀਵਿੰਡ, ਹੀਰਾ ਸਿੰਘ ਗੰਡੀਵਿੰਡ, ਮਨਜੀਤ ਸਿੰਘ ਗੰਡੀਵਿੰਡ, ਜਗਜੀਤ ਸਿੰਘ ਭੋਜੀਆ, ਡਾਕਟਰ ਮਿਲਖਾ ਸਿੰਘ ਗੰਡੀਵਿੰਡ ਆਦਿ ਹਾਜ਼ਰ ਸਨ।

## 67 ਲੱਖ ਰੁਪਏ ਦੀ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਦੋਰਾਂਗਲਾ ਪੁਲਸ ਨੇ ਨੌਕਰੀ ਦੇਣ ਦਾ ਝਾਂਸਾ ਦੇ ਕੇ ਠੱਗੀ ਮਾਰਨ ਵਾਲੇ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਿਸ ਨੇ ਸਤਨਾਮ ਸਿੰਘ ਵਲੋਂ ਦਿੱਤੀ ਸ਼ਿਕਾਇਤ 'ਤੇ ਕੀਤੀ ਗਈ ਜਾਂਚ ਪੜਤਾਲ ਵਿਚ ਪਾਇਆ ਕਿ ਸਤਨਾਮ ਸਿੰਘ ਪੁੱਤਰ ਕਰਤਾਰ ਸਿੰਘ, ਪਾਲਦੀਪ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਗੁੰਨੋਪੁਰ ਥਾਣਾ ਭੈਣੀ ਮੀਆਂ ਖਾਂ, ਸੰਦੀਪ ਬਾਂਸਲ, ਨਵਲ ਕੁਮਾਰ ਝਾਅ ਵਾਸੀ ਨਾਰਥ ਐਵਨਿਊ ਨਿਊ ਦਿੱਲੀ, ਦੀਵਾਨ ਚੰਦ ਬੇਦੀ ਵਾਸੀ ਕਰੋਲ ਬਾਗ ਨਿਊ ਦਿੱਲੀ, ਅੰਜੂ ਦੇਵੀ ਵਾਸੀ ਦੋਰਾਂਗਲਾ ਨੇ ਆਪਸੀ ਮਿਲੀਭੁਗਤ ਨਾਲ ਸਤਨਾਮ ਸਿੰਘ ਪੁੱਤਰ ਮੋਹਿੰਦਰ ਸਿੰਘ ਵਾਸੀ ਵਜੀਰਪੁਰ ਦੀ ਲੜਕੀ, ਸਤਪਾਲ ਸਿੰਘ ਪੁੱਤਰ ਸਰਦਾਰੀ ਲਾਲ ਵਾਸੀ ਆਲੀਨੰਗਲ ਦੀ ਲੜਕੀ ਅਤੇ ਜਵਾਈ ਨੂੰ ਮਹਿਕਮਾ ਇਨਕਮ ਟੈਕਸ ਵਿਚ ਨੌਕਰੀ ਦਿਵਾਉਣ ਦਾ ਝਾਂਸਾ ਦੇ ਕੇ 67 ਲੱਖ ਰੁਪਏ ਦੀ ਠੱਗੀ ਮਾਰੀ ਹੈ। ਥਾਣਾ ਦੋਰਾਂਗਲਾ ਪੁਲਸ ਨੇ 67 ਲੱਖ ਰੁਪਏ ਦੀ ਠੱਗੀ ਮਾਰਨ ਵਾਲੇ ਖ਼ਿਲਾਫ਼ ਮੁਕੱਦਮਾ ਨੰਬਰ 90, ਜ਼ੇਰੇ ਧਾਰਾ 318(4), 61(2), ਬੀ.ਐਨ.ਐਸ. ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਸੇਂਟ ਸੋਲਜਰ ਸਕੂਲ ਦੇ ਪ੍ਰਿੰਸੀਪਲ 'ਵਿੱਦਿਆ ਜੋਤ ਸਨਮਾਨ' ਅਵਾਰਡ ਨਾਲ ਸਨਮਾਨਤ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸਿੱਖਿਆ ਦੇ ਖੇਤਰ ਵਿੱਚ ਸਮਰਪਿਤ ਯੋਗਦਾਨ ਦੇਣ ਵਾਲੀਆਂ ਉੱਗੀਆਂ ਸ਼ਖਸ਼ੀਅਤਾਂ ਨੂੰ ਸਨਮਾਨਤ ਕਰਨ ਲਈ ਆਲ ਇੰਡੀਆ ਸਕੂਲ ਐਸੋਸੀਏਸ਼ਨ ਵੱਲੋਂ ਅਕਾਲ ਅਕੈਡਮੀ ਮਹਿਤਾ ਚੌਂਕ ਵਿੱਚ ਇੱਕ ਸ਼ਾਨਦਾਰ ਸਮਾਰੋਹ ਰੱਖਿਆ ਗਿਆ। ਇਸ ਸਮਾਗਮ ਵਿੱਚ 265 ਚੇਅਰਪਰਸਨ, ਡਾਇਰੈਕਟਰ, ਪ੍ਰਿੰਸੀਪਲ, ਮੁੱਖ ਅਧਿਆਪਕਾਂ ਨੂੰ ਸਨਮਾਨਤ ਕੀਤਾ ਗਿਆ। ਇਸੇ ਤਹਿਤ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਲਈ ਬੜੇ ਮਾਣ ਵਾਲੀ ਗੱਲ ਰਹੀ ਕਿ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ ਨੂੰ ਉਹਨਾਂ ਦੇ ਸਿੱਖਿਆ ਦੇ ਖੇਤਰ ਵਿੱਚ ਬਹੁਮੁੱਲੇ ਯੋਗਦਾਨ, ਸਮਰਪਣ ਅਤੇ ਸ਼ਾਨਦਾਰ ਅਗਵਾਈ ਲਈ ਵਕਾਰੀ ਵਿਦਿਆ ਜੋਤ ਸਨਮਾਨ ਨਾਲ ਸਨਮਾਨਤ ਕੀਤਾ ਗਿਆ। ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਸੰਦੀਪ ਸ਼ਰਮਾ ਦਾ ਸ਼ਾਨਦਾਰ ਅਤੇ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਪ੍ਰਿੰਸੀਪਲ ਸੰਦੀਪ ਸ਼ਰਮਾ ਨੂੰ ਵਧਾਈ ਦਿੱਤੀ ਅਤੇ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨਿਲਾਕਸ਼ੀ ਗੁਪਤਾ ਅਤੇ ਸਮੂਹ ਸਟਾਫ ਨੇ ਵੀ ਪ੍ਰਿੰਸੀਪਲ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

## ਪੀ ਜੀ ਦੀ ਸਮੇਂ-ਸਮੇਂ 'ਤੇ ਚੈਕਿੰਗ ਹੋਣਾ ਲਾਜ਼ਮੀ : ਸਮਾਜ ਸੇਵੀ

**ਗੁਰਦਾਸਪੁਰ (ਜਨਕ ਮਹਾਜਨ)**- ਬੀਤੇ ਦਿਨੀਂ ਦਿੱਲੀ ਸਥਿਤ ਮੋਤੀ ਬਾਗ ਇਲਾਕੇ ਵਿਚ ਇਕ ਪੀ ਜੀ ਵਿਚ ਰਹਿੰਦੇ ਬੱਚੇ ਇਮਾਰਤ ਡਿੱਗਣ ਕਾਰਨ ਦੁਰਘਟਨਾ ਦਾ ਸ਼ਿਕਾਰ ਹੋ ਗਏ ਜਿਸ ਵਿਚ ਹੋਸਟਲ ਢਹਿ-ਢੇਰੀ ਹੋਣ ਨਾਲ 6 ਦੇ ਕਰੀਬ ਵਿਦਿਆਰਥੀ ਮੌਤ ਦਾ ਸ਼ਿਕਾਰ ਹੋ ਗਏ ਸਨ। ਵੱਡੀ ਗਿਣਤੀ 'ਚ ਵਿਦਿਆਰਥੀ ਜ਼ਖ਼ਮੀ ਵੀ ਹੋ ਗਏ ਅਤੇ ਕਈ ਜੀਆਂ ਨੂੰ ਗੰਭੀਰ ਸੱਟਾਂ ਲੱਗੀਆਂ। ਇਸ ਤੋਂ ਇਲਾਵਾ ਪਹਿਲਾਂ ਵੀ ਅਜਿਹੀਆਂ ਮੰਦਭਾਗੀ ਖਬਰਾਂ ਪੜਨ ਅਤੇ ਸੁਣਨ ਵਿਚ ਮਿਲਦੀਆਂ ਹਨ। ਅਜਿਹੇ ਹਾਦਸੇ ਹੋਣ ਤੋਂ ਬਾਅਦ ਪ੍ਰਸ਼ਾਸਨ ਥੋੜ੍ਹੇ ਦਿਨ ਹਰਕਤ ਵਿਚ ਰਹਿੰਦਾ ਹੈ, ਉਸ ਤੋਂ ਬਾਅਦ ਕੁੰਭਕਰਨ ਨਹੀਂ ਸੌਂ ਜਾਂਦਾ ਹੈ ਅਤੇ ਪੀ ਜੀ ਵਿਚ ਰਹਿਣ ਵਾਲੇ ਬੱਚਿਆਂ ਵਾਲੀ ਇਮਾਰਤ ਦੀ ਚੈਕਿੰਗ ਨਹੀਂ ਹੁੰਦੀ ਤੇ ਅਜਿਹੀ ਇਮਾਰਤ ਦੇ ਮਾਲਕ ਪੂਰੀਆਂ ਸ਼ਰਤਾਂ ਨਹੀਂ ਕਰਦੇ ਅਤੇ ਨਾ ਹੀ ਅਜਿਹੇ ਲੋਕਾਂ ਖਿਲਾਫ ਕੋਈ ਠੋਸ ਕਾਰਵਾਈ ਹੁੰਦੀ ਹੈ। ਇਹ ਪ੍ਰਗਟਾਵਾ ਸਮਾਜ ਸੇਵੀ ਆਗੂਆਂ ਨੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਪੀ ਜੀ ਮਾਲਕ ਪੈਸੇ ਕਮਾਉਣ ਦੀ ਹੋੜ ਵਿਚ ਸਰਕਾਰੀ ਨਿਯਮਾਂ ਦੀ ਉਲੰਘਣਾ ਕਰਕੇ ਮਾਸੂਮ ਵਿਦਿਆਰਥੀਆਂ ਦੀ ਜ਼ਿੰਦਗੀ ਨਾਲ ਖਿਲਵਾੜ ਕਰਦੇ ਹਨ। ਦਿੱਲੀ ਵਰਗੇ ਵੱਡੇ ਸ਼ਹਿਰਾਂ ਵਿਚ ਜ਼ਿਆਦਾਤਰ ਬੱਚੇ ਯੂ.ਪੀ.ਸੀ., ਨੀਟ ਆਦਿ ਕਈ ਤਰ੍ਹਾਂ ਦੀਆਂ ਪ੍ਰੀਖਿਆਵਾਂ ਲਈ ਟੈਸਟ ਪਾਸ ਕਰਨ ਵਾਸਤੇ ਇਥੇ ਕੋਚਿੰਗ ਸੈਂਟਰਾਂ ਵਿਚ ਪੜ੍ਹਨ ਲਈ ਆਉਂਦੇ ਹਨ ਅਤੇ ਮਾੜੀਆਂ ਰਿਹਾਇਸ਼ੀ ਇਮਾਰਤਾਂ ਵਿਚ ਰਹਿੰਦੇ ਕਈ ਤਰ੍ਹੇ ਦੇ ਖਤਰੇ ਮੁੱਲ ਲੈਂਦੇ ਹਨ। ਅਜਿਹੇ ਕੋਚਿੰਗ ਸੈਂਟਰ ਚੰਡੀਗੜ੍ਹ ਸ਼ਹਿਰਾਂ ਵਿਚ ਵੀ ਹੋਣ ਕਰਕੇ ਉਥੇ ਹੀ ਵੱਡੀ ਗਿਣਤੀ ਵਿਚ ਪੀ ਜੀ ਹੋਸਟਲਾਂ ਆਦਿ ਵਿਚ ਰਹਿੰਦੇ ਹਨ। ਅਜਿਹੇ ਹਾਦਸਿਆਂ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਨੂੰ ਵੀ ਆਪਣੇ ਇਲਾਕੇ ਅਧੀਨ ਚੱਲ ਰਹੇ ਪੀ ਜੀ ਵਗੈਰਾ ਦੀਆਂ ਇਮਾਰਤਾਂ ਦੀ ਚੰਗੀ ਤਰ੍ਹਾਂ ਨਾਲ ਸਮੇਂ-ਸਮੇਂ ਸਿਰ ਜਾਂਚ ਪੜਤਾਲ ਕਰਦੇ ਰਹਿਣਾ ਚਾਹੀਦਾ ਹੈ ਅਤੇ ਪੀ ਜੀ ਆਦਿ ਵਿਚ ਰਹਿਣ ਵਾਲੇ ਬੱਚਿਆਂ ਵਾਲੀ ਇਮਾਰਤ ਦੀ ਚੰਗੀ ਤਰ੍ਹਾਂ ਜਾਂਚ ਪੜਤਾਲ ਕਰਨੀ ਚਾਹੀਦੀ ਹੈ। ਅਜਿਹੀਆਂ ਇਮਾਰਤਾਂ ਅੰਦਰ ਦਾਖਲ ਹੋਣ ਅਤੇ ਐਮਰਜੈਂਸੀ ਗੇਟ ਬਾਹਰ ਨਿਕਲਣ ਵਾਸਤੇ ਰਸਤੇ ਵੀ ਹੋਣੇ ਚਾਹੀਦੇ ਹਨ। ਇਮਾਰਤਾਂ ਵਿਚ ਬਿਜਲੀ, ਪਾਣੀ, ਹਵਾ, ਰੋਸ਼ਨੀ, ਅੱਗ ਬੁਝਾਊ ਯੰਤਰ ਆਦਿ ਹੋਰ ਲੋੜੀਂਦੀਆਂ ਵਸਤੂਆਂ ਦੀ ਚੈਕਿੰਗ ਕਰਨੀ ਚਾਹੀਦੀ ਹੈ। ਅਜਿਹੀਆਂ ਇਮਾਰਤਾਂ ਦੀ ਫਾਇਰ ਬ੍ਰਿਗੇਡ, ਪੁਲਿਸ, ਸਿਵਲ ਪ੍ਰਸ਼ਾਸਨ ਤੋਂ ਇਲਾਵਾ ਹੋਰ ਵੀ ਸੰਬੰਧਤ ਵਿਭਾਗਾਂ ਤੋਂ ਐਨ.ਓ.ਸੀ.ਲੈ ਕੇ ਸਮੇਂ-ਸਿਰ ਚੈਕਿੰਗ ਕਰਦੇ ਰਹਿਣਾ ਚਾਹੀਦਾ ਅਤੇ ਸ਼ਰਤਾਂ ਪੂਰੀ ਨਾ ਕਰਨ ਵਾਲੇ ਮਾਲਕ ਖਿਲਾਫ ਸਰਕਾਰ ਵਲੋਂ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ।

## ਠੇਕੇਦਾਰ ਦੀ ਲਾਪਰਵਾਹੀ ਤੋਂ ਸ਼ਹਿਰ ਵਾਸੀ ਪ੍ਰੇਸ਼ਾਨ

**ਧਾਰੀਵਾਲ, (ਮਨਦੀਪ ਵਿੱਕੀ)**- ਧਾਰੀਵਾਲ ਸ਼ਹਿਰ ਵਿੱਚੋਂ ਲੰਘਦੀ ਜੀ.ਟੀ. ਰੋਡ ਨੂੰ ਦੋਵਾਂ ਪਾਸਿਆਂ ਤੋਂ 5-5 ਫੁੱਟ ਚੌੜਾ ਕਰਨ ਦਾ ਕੰਮ ਪਿਛਲੇ ਕਈ ਦਿਨਾਂ ਤੋਂ ਚੱਲ ਰਿਹਾ ਹੈ, ਪਰ ਠੇਕੇਦਾਰ ਦੀ ਅਣਗਹਿਲੀ ਅਤੇ ਮਨਮਾਨੇ ਰੱਵਈਏ ਕਾਰਨ ਸ਼ਹਿਰ ਵਾਸੀਆਂ, ਦੁਕਾਨਦਾਰਾਂ ਅਤੇ ਰਾਹਗੀਰਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਥਾਨਕ ਸ਼ਹਿਰ ਵਾਸੀਆਂ ਗੁਰਵਿੰਦਰ ਸਿੰਘ ਨਾਗੀ, ਵਿਕਾਸ ਬੱਬਰ, ਗੁਰਨਾਮ ਸਿੰਘ ਨਾਗੀ, ਹਰਜੀਤ ਸਿੰਘ ਪੰਮਾ, ਗੋਰਖ ਨਾਥ, ਚੇਤਨ ਕੁਮਾਰ, ਰਾਕੇਸ਼ ਮਹਾਜਨ ਅਤੇ ਹਰਦੇਵ ਸਿੰਘ ਆਦਿ ਨੇ ਰੋਸ



ਪ੍ਰਗਟਾਉਂਦਿਆਂ ਦੱਸਿਆ ਕਿ ਠੇਕੇਦਾਰ ਵੱਲੋਂ ਅੱਗਾ ਦੌੜ, ਪਿੱਛਾ ਚੌੜ ਵਾਲੀ ਨੀਤੀ ਅਪਣਾਈ ਜਾ ਰਹੀ ਹੈ। ਜੇ.ਸੀ.ਬੀ. ਮਸ਼ੀਨ ਨਾਲ ਸੜਕ ਦੇ ਕਿਨਾਰਿਆਂ ਦੀ ਪੁਟਾਈ ਕਰਕੇ ਟਰੱਕਾਂ ਰਾਹੀਂ ਬੱਜਰ ਤਾਂ ਸੁੱਟ ਦਿੱਤਾ ਗਿਆ ਹੈ, ਪਰ ਉਸ ਨੂੰ ਸਹੀ ਢੰਗ ਨਾਲ ਭਰਨ ਦੀ ਬਜਾਏ ਅੱਗੇ ਤੋਂ ਅੱਗੇ ਹੋਰ ਪੁਟਾਈ ਕੀਤੀ ਜਾ ਰਹੀ ਹੈ। ਮੇਨ ਬਾਜ਼ਾਰ ਸਮੇਤ ਕਈ ਥਾਵਾਂ 'ਤੇ ਪੁੱਟੇ ਹੋਏ ਟੋਏ ਅਜੇ ਵੀ ਅਧੂਰੇ ਪਏ ਹਨ ਅਤੇ ਬੱਜਰ ਸੜਕ 'ਤੇ ਖਿਲਰਿਆ ਹੋਇਆ ਹੈ।ਸੜਕ 'ਤੇ ਖਿਲਰੇ ਇਸ ਬੱਜਰ ਕਾਰਨ ਲੰਘਣ ਵਾਲੇ ਵੱਡੇ ਵਾਹਨਾਂ ਦੇ ਟਾਇਰਾਂ ਹੇਠੋਂ ਬੱਜਰ ਦੇ ਵੱਡੇ ਟੁਕੜੇ ਖਿਸਕ ਕੇ ਰਾਹਗੀਰਾਂ ਦੇ ਲੱਗ ਰਹੇ ਹਨ, ਜਿਸ ਨਾਲ ਕਿਸੇ ਵੇਲੇ ਵੀ ਕੋਈ ਵੱਡਾ ਹਾਦਸਾ ਵਾਪਰਨ ਦਾ ਗੰਭੀਰ ਖ਼ਤਰਾ ਬਣਿਆ ਹੋਇਆ ਹੈ। ਸ਼ਹਿਰ ਵਾਸੀਆਂ ਨੇ ਸਬੰਧਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਠੇਕੇਦਾਰ ਨੂੰ ਤੁਰੰਤ ਸਹੀ ਢੰਗ ਨਾਲ ਕੰਮ ਕਰਨ ਦੀ ਹਦਾਇਤ ਦਿੱਤੀ ਜਾਵੇ। ਅਧੂਰੇ ਛੱਡੇ ਪਿਛਲੇ ਕੰਮ ਅਤੇ ਟੋਇਆਂ ਨੂੰ ਪਹਿਲਾਂ ਮੁਕੰਮਲ ਭਰਿਆ ਜਾਵੇ, ਉਸ ਤੋਂ ਬਾਅਦ ਹੀ ਅਗਲੀ ਪੁਟਾਈ ਸ਼ੁਰੂ ਕੀਤੀ ਜਾਵੇ ਤਾਂ ਜੋ ਲੋਕਾਂ ਨੂੰ ਆ ਰਹੀਆਂ ਪ੍ਰੇਸ਼ਾਨੀਆਂ ਤੋਂ ਰਾਹਤ ਮਿਲ ਸਕੇ।

## ਵਿਦਿਆਰਥੀਆਂ ਦਾ 13ਵੇਂ ਯੋਗਾਸਨ ਸਪੋਰਟਸ ਫੈਡਰੇਸ਼ਨ ਕੱਪ 'ਚ ਸ਼ਾਨਦਾਰ ਪ੍ਰਦਰਸ਼ਨ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**-13ਵਾਂ ਯੋਗਾਸਨ ਸਪੋਰਟਸ ਫੈਡਰੇਸ਼ਨ ਕੱਪ ਲੁਧਿਆਣਾ ਵਿੱਚ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਅਤੇ ਸੰਸਥਾਵਾਂ ਦੇ ਲਗਭਗ 175 ਪ੍ਰਤੀਯੋਗੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੁਕਾਬਲੇ ਵਿੱਚ ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ, ਅਨੁਸ਼ਾਸਨ, ਇਕਾਗਰਤਾ ਅਤੇ ਸ਼ਾਨਦਾਰ ਯੋਗਾ ਹੁਨਰ ਦਾ ਪ੍ਰਦਰਸ਼ਨ ਕੀਤਾ,





ਸਮੁੱਚੇ ਤੌਰ 'ਤੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਚੈਂਪੀਅਨ ਟਰਾਫੀ ਘਰ ਲਿਆਂਦੀ।ਸਕੂਲ ਦੀ ਟੀਮ ਨੇ ਵੱਖ-ਵੱਖ ਯੋਗਾ ਆਸਣ ਅਤੇ ਕਲਾਤਮਕ ਯੋਗਾ ਸ਼੍ਰੇਣੀਆਂ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਜੱਜਾਂ ਨੂੰ ਪ੍ਰਭਾਵਿਤ ਕੀਤਾ। ਅੰਡਰ-10 ਸ਼੍ਰੇਣੀ ਵਿੱਚ ਸਕੂਲ ਦੇ ਖਿਡਾਰੀ ਸਿਮਰਤ ਕੌਰ ਅਤੇ ਅਰਸ਼ਦੀਪ ਸਿੰਘ ਨੇ ਕਲਾਤਮਕ ਯੋਗਾ ਅਤੇ ਟੀਮ ਈਵੈਂਟਾਂ ਦੋਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਪਹਿਲਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਸਾਈਕਲਾਂ ਨਾਲ ਸਨਮਾਨਿਤ ਕੀਤਾ ਗਿਆ। ਅੰਡਰ 8 ਟੀਮ ਵਿੱਚ ਗੁਰਸੀਰਤ ਕੌਰ ਪਹਿਲੇ ਸਥਾਨ 'ਤੇ, ਸ੍ਰਿਸ਼ਟੀ ਅਤੇ ਗੁਰਲੀਨ ਦੂਜੇ ਸਥਾਨ 'ਤੇ ਰਹੀਆਂ। ਅੰਡਰ 10 ਟੀਮ ਵਿੱਚ ਸਿਮਰਤ ਕੌਰ ਅਤੇ ਅਰਸ਼ਦੀਪ ਸਿੰਘ ਪਹਿਲੇ ਸਥਾਨ 'ਤੇ ਰਹੇ, ਜਦੋਂ ਕਿ ਹਰਕੀਰਤ ਕੌਰ, ਗੁਰਨੂਰ ਕੌਰ ਅਤੇ ਮਨਸੀਰਤ ਕੌਰ ਦੂਜੇ ਸਥਾਨ 'ਤੇ ਰਹੇ। ਅੰਡਰ 14 ਟੀਮ ਵਿੱਚ, ਤਾਨਿਆ ਪਹਿਲੇ, ਅਵਨੀਤ ਕੌਰ ਅਤੇ ਤਨਿਸ਼ਕਾ ਦੂਜੇ ਅਤੇ ਮਨਸੀਰਤ ਕੌਰ ਤੀਜੇ ਸਥਾਨ 'ਤੇ ਰਹੀ। ਅੰਡਰ 19 ਵਿਅਕਤੀਗਤ ਵਿੱਚ ਏਕਮਜੋਤ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਪ੍ਰੋਗਰਾਮ ਅਧੀਨ ਆਯੋਜਿਤ ਔਨਲਾਈਨ ਯੋਗਾ ਮੁਕਾਬਲੇ ਵਿੱਚ, ਅੰਡਰ 8 ਟੀਮ ਵਿੱਚ ਪਵਲੀਨ, ਅਰਮਾਨਪ੍ਰੀਤ ਅਤੇ ਮਹਿਕਦੀਪ ਨੇ ਪਹਿਲਾ, ਜਦੋਂ ਕਿ ਭਾਰਗਵੀ ਅਤੇ ਭਵਿਆ ਨੇ ਦੂਜਾ ਸਥਾਨ ਹਾਸਲ ਕੀਤਾ ।ਅੰਡਰ 10 ਟੀਮ ਵਿੱਚ ਵਿਹਾਸ ਨੇ ਪਹਿਲਾ ਸਥਾਨ ਚਿਤਨੂਰ , ਮਾਇਰਾ, ਨਵਿਆ , ਸਰਗੁਣ ਦੂਜੇ ਸਥਾਨ ਤੇ ਰਹੇ। ਸਕੂਲ ਦੀ ਇਸ ਸ਼ਾਨਦਾਰ ਸਫਲਤਾ ਤੇ ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰੈਜ਼ੀਡੈਂਟ ਅਜੈ ਖੋਸਲਾ ਤੇ ਪ੍ਰਿੰਸੀਪਲ ਡਾਕਟਰ ਬਿੰਦੂ ਭੱਲਾ ਨੇ ਜੇਤੂ ਟੀਮਾਂ ਤੇ ਉਹਨਾਂ ਦੇ ਮਾਪਿਆਂ ਤੇ ਉਹਨਾਂ ਦੇ ਕੋਚਾਂ ਨੂੰ ਹਾਰਦਿਕ ਵਧਾਈ ਦਿੱਤੀ।

## ਭੁੱਲਰ 'ਚ ਭਰੋਵਾਲ ਦੀ ਅਗਵਾਈ 'ਚ 37 ਪਰਵਾਰ ਭਾਜਪਾ 'ਚ ਹੋਏ ਸ਼ਾਮਲ



**ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**- ਭਾਰਤੀ ਜਨਤਾ ਪਾਰਟੀ ਨੂੰ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਪਿੰਡ ਭੁੱਲਰ ਵਿਖੇ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ ਅੱਜ ਭਾਜਪਾ ਦੇ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਦੀ ਅਗਵਾਈ ਹੇਠ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖਦਿਆਂ 37 ਪਰਿਵਾਰਾਂ ਨੇ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜਿਆ। ਸ਼ਾਮਲ ਹੋਏ ਸਾਰੇ ਪਰਵਾਰਾਂ ਨੂੰ ਭਰੋਵਾਲ ਵੱਲੋਂ ਪਾਰਟੀ 'ਚ ਜੀ ਆਇਆਂ ਕਿਹਾ ਗਿਆ।ਇਸ ਮੌਕੇ ਰਮਨਦੀਪ ਸਿੰਘ ਭਰੋਵਾਲ ਨੇ ਕਿਹਾ ਕਿ ਅੱਜ ਪੰਜਾਬ ਦੀ ਜਨਤਾ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਲੋਕ ਮਾਰੂ ਨੀਤੀਆਂ ਤੋਂ ਅੱਕ ਚੁੱਕੀ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਦੇਸ਼ ਹਿੱਤ ਨੀਤੀਆਂ ਅਤੇ ਭਾਜਪਾ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ 'ਚ ਲੋਕਾਂ ਦਾ ਭਾਜਪਾ 'ਤੇ ਵਿਸ਼ਵਾਸ ਦਿਨੋ-ਦਿਨ ਵਧ ਰਿਹਾ ਹੈ। ਉਨ੍ਹਾਂ ਆਖਿਆ ਕਿ ਆਉਣ ਵਾਲੇ ਸਮੇਂ ਵਿੱਚ ਹਲਕਾ ਖਡੂਰ ਸਾਹਿਬ ਵਿੱਚ ਭਾਜਪਾ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਕਰਨਬੀਰ ਸਿੰਘ ਤੇ ਡਾਕਟਰ ਅਮਨਦੀਪ ਸਿੰਘ, ਚਰਨ ਸਿੰਘ, ਨਿਰਵੈਲ ਸਿੰਘ, ਰਾਜਬੀਰ ਸਿੰਘ , ਜਸਕਰਨ ਸਿੰਘ, ਗੁਰਭਿੰਦਰ ਸਿੰਘ, ਬੇਅੰਤ ਸਿੰਘ, ਕੁਲਦੀਪ ਸਿੰਘ, ਜੋਬਨਪ੍ਰੀਤ ਸਿੰਘ ਰਾਜਬੀਰ ਸਿੰਘ, ਬੀਬੀ ਕੁਲਵਿੰਦਰ ਕੌਰ, ਅਮਨਪ੍ਰੀਤ ਕੌਰ, ਜੋਗਿਦਰ ਕੌਰ, ਰਾਜਬੀਰ ਕੌਰ ਮਨਜੀਤ ਕੌਰ, ਮਨਪ੍ਰੀਤ ਕੌਰ, ਬਲਵਿੰਦਰ ਕੌਰ, ਲਖਵਿੰਦਰ ਕੌਰ, ਕੁਲਦੀਪ ਕੌਰ, ਜਸਬੀਰ ਕੌਰ, ਰਾਜ ਕੌਰ ਸਰਬਜੀਤ ਕੌਰ, ਜਸਵਿੰਦਰ ਕੌਰ ਨੇ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ ।

## ਹਿੰਦੂ ਕੰਨਿਆ ਮਹਾਂਵਿਦਿਆਲਿਆ ਧਾਰੀਵਾਲ ਦਾ ਬੀ ਏ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ

**ਧਾਰੀਵਾਲ (ਮਨਦੀਪ ਵਿੱਕੀ)**-ਹਿੰਦੂ ਕੰਨਿਆ ਮਹਾਂਵਿਦਿਆਲਿਆ ਧਾਰੀਵਾਲ ਦਾ ਬੀ ਏ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਨ ਡੀ ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਲਈਆਂ ਗਈਆਂ ਮਈ 2026 ਦੀਆਂ ਪ੍ਰੀਖਿਆਵਾਂ ਦੇ ਆਏ



ਨਤੀਜੇ ਵਿੱਚੋਂ ਹਿੰਦੂ ਕੰਨਿਆ ਮਹਾਂਵਿਦਿਆਲਿਆ ਦੀ ਬੀ ਏ ਜਮਾਤ ਸਮੈਸਟਰ ਦੂਜਾ ਵਿੱਚੋਂ ਵਿਦਿਆਰਥਣ ਕਾਜਲ ਨੇ 7.43 ਐਸ ਜੀ ਪੀ ਏ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ, ਅਵਨੀਤ ਕੌਰ ਨੇ 7.17 ਐਸ ਜੀ ਪੀ ਏ ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਚਾਹਤ ਪ੍ਰੀਤ ਕੌਰ ਨੇ 6.48 ਐਸ ਜੀ ਪੀ ਏ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਮੌਕੇ ਕਾਲਜ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਡਾਕਟਰ ਰਜਵਿੰਦਰ ਕੌਰ ਦੁਆਰਾ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਗਿਆ ਤੇ ਉਹਨਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ ਅਤੇ ਨਾਲ ਹੀ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਗਈ।

## ਪ੍ਰਸ਼ਾਸਨ ਸਕੂਲੀ ਬੱਚਿਆਂ ਦੀ ਸੁਰੱਖਿਆ ਨਾਲ ਖਿਲਵਾੜ ਬੰਦ ਕਰੇ : ਦੁਧਾਲਾ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਥੋੜ੍ਹੇ ਪੈਸੇ ਬਚਾਉਣ ਦੀ ਖਾਤਰ ਬੱਚਿਆਂ ਦੀਆਂ ਕੀਮਤੀ ਜ਼ਿੰਦਗੀਆਂ ਨੂੰ ਖਤਰੇ ਵਿੱਚ ਪਾਉਣਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਸਕੂਲਾਂ-ਕਾਲਜਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਲੈ ਕੇ ਜਾਣ ਵਾਲੀਆਂ ਵੈਨਾਂ ਦੇ ਕਾਗਜ਼ਾਤ, ਸੁਰੱਖਿਆ ਪ੍ਰਬੰਧ ਅਤੇ ਵਾਹਨਾਂ ਦੀ ਹਾਲਤ ਸਬੰਧੀ ਕਥਿਤ ਲਾਪਰਵਾਹੀ 'ਤੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ ਉੱਠਣੇ ਸੁਭਾਵਿਕ ਹਨ।ਸੀ ਪੀ ਆਈ ਮਜੀਠਾ ਦੇ ਆਗੂ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਨਾਲ ਜੁੜੇ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਬਹੁਤ ਗੰਭੀਰ ਨਤੀਜੇ ਪੈਦਾ ਕਰ ਸਕਦੀ ਹੈ। ਉਨ੍ਹਾਂ ਮੰਗ ਕੀਤੀ ਕਿ ਸਕੂਲਾਂ ਅਤੇ ਕਾਲਜਾਂ ਨਾਲ ਜੁੜੀਆਂ ਸਾਰੀਆਂ ਵਿਦਿਆਰਥੀ ਵੈਨਾਂ ਦੀ ਤੁਰੰਤ ਜਾਂਚ ਕਰਵਾਈ ਜਾਵੇ ਅਤੇ ਜਿਨ੍ਹਾਂ ਵਾਹਨਾਂ ਦੇ ਦਸਤਾਵੇਜ਼ ਜਾਂ ਸੁਰੱਖਿਆ ਮਾਪਦੰਡ ਪੂਰੇ ਨਹੀਂ ਹਨ, ਉਨ੍ਹਾਂ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।ਉਨ੍ਹਾਂ ਲੇਡੀ ਹੈਲਪਰ ਦੀ



ਗੈਰਹਾਜ਼ਰੀ ਦਾ ਮੁੱਦਾ ਵੀ ਗੰਭੀਰਤਾ ਨਾਲ ਉਠਾਉਂਦਿਆਂ ਕਿਹਾ ਕਿ ਜੇਕਰ ਕਿਸੇ ਸਕੂਲ ਬੱਸ ਜਾਂ ਵੈਨ ਵਿੱਚ ਲੜਕੀਆਂ/ਵਿਦਿਆਰਥਣਾਂ ਸਫ਼ਰ ਕਰ ਰਹੀਆਂ ਹਨ ਤਾਂ ਨਿਰਧਾਰਤ ਸੁਰੱਖਿਆ ਨਿਯਮਾਂ ਅਨੁਸਾਰ ਲੇਡੀ ਹੈਲਪਰ ਦੀ ਮੌਜੂਦਗੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਵਿਦਿਆਰਥਣਾਂ ਨੂੰ ਲਿਜਾਣ ਵਾਲੀਆਂ ਸਕੂਲੀ ਵੈਨਾਂ ਵਿੱਚ ਲੇਡੀ ਹੈਲਪਰ ਮੌਜੂਦ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਨਿਯਮਾਂ ਦੀ ਉਲੰਘਣਾ ਦਾ ਮਾਮਲਾ ਨਹੀਂ, ਸਗੋਂ ਬੱਚਿਆਂ ਦੀ ਸੁਰੱਖਿਆ ਨਾਲ ਸਿੱਧਾ ਜੁੜਿਆ ਗੰਭੀਰ ਸਵਾਲ ਹੈ। ਪ੍ਰਸ਼ਾਸਨ ਨੂੰ ਇਸ ਪੱਖੋਂ ਵੀ ਸਖ਼ਤ ਚੈਕਿੰਗ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਧੁੰਦ ਦੇ ਮੌਸਮ ਨੂੰ ਦੇਖਦਿਆਂ ਇਹ ਮਾਮਲਾ ਹੋਰ ਵੀ ਗੰਭੀਰ ਹੈ। ਜੇਕਰ ਕਿਸੇ ਵਾਹਨ ਦੀ ਇੰਸ਼ੋਰੈਂਸ, ਪ੍ਰਦੂਸ਼ਣ ਸਰਟੀਫਿਕੇਟ ਜਾਂ ਹੋਰ ਲੋੜੀਂਦੇ ਦਸਤਾਵੇਜ਼ ਮਿਆਦ ਪੁੱਗਣ ਤੋਂ ਬਾਅਦ ਵੀ ਵਰਤੇ ਜਾ ਰਹੇ ਹਨ ਤਾਂ ਇਸ ਦੀ ਜ਼ਿੰਮੇਵਾਰੀ ਤੈਅ ਹੋਣੀ ਚਾਹੀਦੀ ਹੈ।ਕਾਮਰੇਡ ਦੁਧਾਲਾ ਨੇ ਸਿਆਸੀ ਲਹਿਜੇ ਵਿੱਚ ਕਿਹਾ ਕਿ ਸਰਕਾਰ ਦਾ ਕੰਮ ਸਿਰਫ਼ ਹਾਦਸੇ ਤੋਂ ਬਾਅਦ ਬਿਆਨ ਦੇਣਾ ਨਹੀਂ, ਸਗੋਂ ਹਾਦਸਾ ਹੋਣ ਤੋਂ ਪਹਿਲਾਂ ਸੁਰੱਖਿਆ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਕਾਗਜ਼ੀ ਕਾਰਵਾਈ ਦੀ ਬਜਾਏ ਜ਼ਮੀਨੀ ਪੱਧਰ 'ਤੇ ਸਖ਼ਤ ਚੈਕਿੰਗ ਕਰਨੀ ਚਾਹੀਦੀ ਹੈ। ਇਸ ਮਾਮਲੇ ਸੰਬੰਧੀ ਜਦੋਂ ਪੱਤਰਕਾਰਾਂ ਵੱਲੋਂ ਟਰੈਫਿਕ ਇੰਚਾਰਜ, ਦਿਹਾਤੀ ਨਾਲ ਗੱਲਬਾਤ ਕਰਨ ਅਤੇ ਪ੍ਰਸ਼ਾਸਨ ਦਾ ਪੱਖ ਜਾਣਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਵਿਦਿਆਰਥੀ ਵੈਨਾਂ ਦੀ ਜਾਂਚ, ਲੇਡੀ ਹੈਲਪਰਾਂ ਦੀ ਮੌਜੂਦਗੀ ਅਤੇ ਹੋਰ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਤੁਰੰਤ ਕਾਰਵਾਈ ਨਾ ਹੋਈ ਤਾਂ ਸੀ ਪੀ ਆਈ ਵੱਲੋਂ ਇਸ ਮੁੱਦੇ ਨੂੰ ਜਨਤਾ ਦੇ ਸਾਹਮਣੇ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।

# ਕਟਾਰੂ ਚੱਕ ਨੇ ਸ਼ਿੰਗਾਰਮਾ ਪੁਲ ਦਾ ਰੱਖਿਆ ਨੀਂਹ ਪੱਥਰ

**ਪਠਾਨਕੋਟ ( ਦਵਿੰਦਰ ਸਿੰਘ)**-ਵਿਧਾਨ ਸਭਾ ਹਲਕਾ ਭੋਆ ਦੇ ਲੋਕਾਂ ਨੂੰ ਵੱਡੀ ਸੌਗਾਤ ਦਿੰਦਿਆਂ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਪਿੰਡ ਕੋਲੀਆਂ ਦੇ ਨਜ਼ਦੀਕ ਸ਼ਿੰਗਾਰਮਾ ਪੁਲ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ, ਪੰਚਾਇਤੀ ਨੁਮਾਇੰਦੇ ਅਤੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ। ਇਲਾਕਾ ਵਾਸੀਆਂ ਵੱਲੋਂ ਇਸ ਮੌਕੇ ਪਟਾਕੇ ਚਲਾ ਕੇ ਅਤੇ ਜੈਕਾਰਿਆਂ ਦੀ ਗੂੰਜ ਨਾਲ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੇ ਹਲਕੇ ਦੇ ਲੋਕਾਂ ਵਿੱਚ ਆ ਕੇ ਹਮੇਸ਼ਾ ਖੁਸ਼ੀ ਮਹਿਸੂਸ ਹੁੰਦੀ ਹੈ ਅਤੇ ਅੱਜ ਦਾ ਦਿਨ ਉਨ੍ਹਾਂ ਲਈ ਵਿਸ਼ੇਸ਼ ਹੈ, ਕਿਉਂਕਿ ਲੰਬੇ ਸਮੇਂ ਤੋਂ ਇਲਾਕਾ ਵਾਸੀਆਂ ਵੱਲੋਂ ਸ਼ਿੰਗਾਰਮਾ ਵਿਖੇ ਪੁਲ ਬਣਾਉਣ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਪੰਜਾਬ ਸਰਕਾਰ ਵੱਲੋਂ ਪੂਰਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਭੋਆ ਵਿੱਚ ਤਿੰਨ ਨਵੇਂ ਪੁਲਾਂ ਨੂੰ ਮਨਜ਼ੂਰੀ ਮਿਲੀ ਹੈ, ਜਿਨ੍ਹਾਂ 'ਤੇ ਕਰੀਬ 62 ਕਰੋੜ ਰੁਪਏ ਦੀ ਲਾਗਤ ਆਵੇਗੀ। ਇਨ੍ਹਾਂ ਵਿੱਚੋਂ ਸ਼ਿੰਗਾਰਮਾ ਦੇ ਨਜ਼ਦੀਕ ਬਣਨ ਵਾਲੇ ਪੁਲ ਦਾ




ਨਿਰਮਾਣ ਕਾਰਜ ਅੱਜ ਸ਼ੁਰੂ ਕਰਵਾਇਆ ਗਿਆ ਹੈ। ਇਸ ਤੋਂ ਇਲਾਵਾ ਜਲਾਲੀਆ ਨਾਲੇ 'ਤੇ ਬਣਨ ਵਾਲੇ ਪੁਲ ਦਾ ਨਿਰਮਾਣ ਕਾਰਜ ਵੀ ਇੱਕ ਹਫ਼ਤੇ ਦੇ ਅੰਦਰ ਸ਼ੁਰੂ ਕਰਵਾਉਣ ਦੀ ਗੱਲ ਉਨ੍ਹਾਂ ਕਹੀ। ਤੀਜਾ ਪੁਲ ਘਰੋਟਾ ਦੇ ਨਜ਼ਦੀਕ ਸਾਂਭਲਾ ਵਿਖੇ ਬਣਾਇਆ ਜਾਣਾ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਸ਼ਿੰਗਾਰਮਾ ਵਿਖੇ ਬਣਨ ਵਾਲਾ ਪੁਲ ਲਗਭਗ 165 ਮੀਟਰ ਲੰਬਾ ਅਤੇ 42 ਮੀਟਰ ਚੌੜਾ ਹੋਵੇਗਾ, ਜਿਸ ਦੇ ਨਿਰਮਾਣ 'ਤੇ 17 ਕਰੋੜ 82 ਲੱਖ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਕਿਹਾ ਕਿ ਇਹ ਪੁਲ ਰਾਵੀ ਦਰਿਆ ਦੇ ਪਾਰਲੇ ਪਾਸੇ ਵੱਸਦੇ ਕਰੀਬ 60-65 ਪਿੰਡਾਂ ਦੇ ਲੋਕਾਂ ਲਈ ਬੇਹੱਦ ਮਹੱਤਵਪੂਰਨ ਸਾਬਤ ਹੋਵੇਗਾ ਅਤੇ ਇਲਾਕੇ ਦੀ ਆਵਾਜਾਈ ਤੇ ਕਨੈਕਟੀਵਿਟੀ ਨੂੰ ਹੋਰ ਮਜ਼ਬੂਤ ਕਰੇਗਾ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਇਸ ਇਲਾਕੇ ਵਿੱਚ 100 ਬਿਸਤਰਿਆਂ ਵਾਲਾ ਹਸਪਤਾਲ ਖੋਲ੍ਹਣ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ। ਇਸ ਤੋਂ ਇਲਾਵਾ ਨਰੋਟ ਜੈਮਲ ਸਿੰਘ ਤੋਂ ਸਿੱਧਾ ਕੀੜੀ ਨੂੰ ਜੋੜਨ ਵਾਲੇ ਇੱਕ ਵੱਡੇ ਪੁਲ ਦਾ ਪ੍ਰੋਜੈਕਟ ਵੀ ਪ੍ਰਕਿਰਿਆ ਅਧੀਨ ਹੈ ।ਇਸ ਮੌਕੇ ਬਲਾਕ ਸੰਮਤੀ ਚੇਅਰਮੈਨ ਧਰਮਪਾਲ, ਬਲਾਕ ਪ੍ਰਧਾਨ ਸੂਬੇਦਾਰ ਕੁਲਵੰਤ ਸਿੰਘ, ਸਰਪੰਚ ਬਮਿਆਲ ਮਨੀਸ਼ ਗੁਪਤਾ, ਸਰਪੰਚ ਕੋਲੀਆਂ ਰਾਜੂ, ਸਰਪੰਚ ਕੋਟ ਭੱਟੀਆਂ ਰਾਜੇਸ਼ ਠਾਕੁਰ, ਸਰਪੰਚ ਢੀਡਾ ਰਜਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਮਦਨ ਕੁਮਾਰ, ਰਾਜ ਕੁਮਾਰ, ਬਿਸ਼ਨ ਦਾਸ, ਯਸ਼ਪਾਲ ਵਰਮਾ, ਸਰਪੰਚ ਕੋਟਲੀ ਵਿਪਨ ਕੁਮਾਰ, ਸਰਪੰਚ ਕਿਲਪੁਰ ਬੋਧਰਾਜ, ਸੰਮਤੀ ਮੈਂਬਰ ਨਰੇਸ਼ ਕੁਮਾਰ, ਬਲਾਕ ਪ੍ਰਧਾਨ ਸੰਦੀਪ ਮਹਾਜਨ, ਕੌਂਸਲਰ ਕਰਮ ਚੰਦ, ਸਰਕਲ ਪ੍ਰਧਾਨ ਯਸ਼ਪਾਲ ਦਤਿਆਲ, ਸਰਪੰਚ ਮਾਖਣਪੁਰ ਮੰਗਾ ਰਾਮ, ਬਲਾਕ ਸੰਮਤੀ ਮੈਂਬਰ ਲਾਲੀਤਾ ਦੇਵੀ ਸਮੇਤ ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

# ਗੰਗਾ ਵਹਿ ਨਿਕਲੀ ਹੈ...

ਬਾਰਾਂ ਸਾਲਾਂ ਤੋਂ ਚੁੱਪ ਲੋਕ ਹੁਣ ਬੋਲਣ ਲੱਗ ਪਏ ਹਨ। ਜਦੋਂ ਪਾਣੀ ਸਿਰ ਤੋਂ ਉੱਪਰ ਵਗਣਾ ਸ਼ੁਰੂ ਹੋ ਜਾਂਦਾ ਹੈ ਤਾਂ ਇਨਸਾਨ ਨੂੰ ਆਪਣੇ ਹੱਥ-ਪੈਰ ਮਾਰਨ ਦੀ ਲੋੜ ਮਹਿਸੂਸ ਹੁੰਦੀ ਹੈ। ਹਾਲ ਹੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਲਾਨ ਕੀਤਾ ਕਿ ਪੱਛਮੀ ਏਸ਼ੀਆ ਦੀ ਜੰਗ ਦੌਰਾਨ ਭਾਰਤ ਦੀ ਜੀ ਡੀ ਪੀ 7.8 ਫੀਸਦੀ ਦੀ ਦਰ ਨਾਲ ਵਧੀ ਹੈ, ਜੋ ਕਿ ਦੇਸ਼ ਦੀ ਖੁਸ਼ਹਾਲੀ ਦਾ ਸੰਕੇਤ ਹੈ। ਹਾਲਾਂਕਿ ਅਰਥ ਸ਼ਾਸਤਰੀਆਂ ਨੇ ਇਸ ਅੰਕੜੇ ਨੂੰ ਕੋਰਾ ਝੂਠ ਕਰਾਰ ਦਿੰਦਿਆਂ ਕਿਹਾ ਹੈ ਕਿ ਅਸਲ ਵਿੱਚ ਜੀ ਡੀ ਪੀ 2.6 ਫੀਸਦੀ ਵਧੀ ਹੈ। ਖੁਸ਼ਹਾਲੀ ਦਾ ਹਾਲ ਇਹ ਹੈ ਕਿ ਵਧਦੀ ਮਹਿੰਗਾਈ, ਬੇਰੁਜ਼ਗਾਰੀ ਅਤੇ ਭ੍ਰਿਸ਼ਟਾਚਾਰ ਨੇ ਲੋਕਾਂ ਦਾ ਲੱਕ ਤੋੜ ਦਿੱਤਾ ਹੈ। ਨਿਆਂ ਪ੍ਰਣਾਲੀ ਅਤੇ ਪ੍ਰਸ਼ਾਸਨਿਕ ਸੰਸਥਾਵਾਂ ਵਿੱਚ ਨਿਘਾਰ ਸਾਫ ਦਿਸ ਰਿਹਾ ਹੈ। ਬੱਚੇ ਸਖਤ ਮਿਹਨਤ ਕਰਦੇ ਹਨ ਅਤੇ ਉਨ੍ਹਾਂ ਦੇ ਮਾਪੇ ਲੱਖਾਂ ਰੁਪਏ ਕੋਚਿੰਗ ਕਲਾਸਾਂ ’ਤੇ ਖਰਚ ਕਰਦੇ ਹਨ, ਪਰ ਜਦੋਂ ਪੇਪਰ ਲੀਕ ਹੁੰਦਾ ਹੈ ਤਾਂ ਬਹੁਤ ਸਾਰੇ ਨਿਰਾਸ਼ ਬੱਚੇ ਖੁਦਕੁਸ਼ੀ ਕਰ ਲੈਂਦੇ ਹਨ। ਸਿੱਖਿਆ ਪ੍ਰਣਾਲੀ ਦੇ ਨਿੱਜੀਕਰਨ ਨੇ ਇਸ ਨੂੰ ਬਹੁਤ ਮਹਿੰਗਾ ਬਣਾ ਦਿੱਤਾ ਹੈ। ਸਿਹਤ ਸੰਭਾਲ, ਆਵਾਜਾਈ ਅਤੇ ਹੋਰ ਖੇਤਰਾਂ ਦਾ ਵੀ ਇਹੀ ਹਾਲ ਹੈ। ਸੁਰੱਖਿਅਤ ਰੁਜ਼ਗਾਰ ਦੀ ਉਮੀਦ ਖਤਮ ਹੋ ਗਈ ਹੈ। ਦੇਸ਼ ਦੇ ਮਹੱਤਵਪੂਰਨ ਖੇਤਰਾਂ ਨੂੰ ਦੋ ਉਦਯੋਗਪਤੀਆਂ, ਅੰਬਾਨੀ ਅਤੇ ਅਡਾਨੀ ਨੂੰ ਸੌਂਪਣ ਨਾਲ ਇਹ ਹੋਰ ਵੀ ਗੁੰਝਲਦਾਰ ਹੋ ਗਿਆ ਹੈ।

ਪਰ ਜਦੋਂ ਸ਼ੋਸ਼ਣ ਆਪਣੇ ਸਿਖਰ ’ਤੇ ਪਹੁੰਚ ਗਿਆ ਤਾਂ ਕੁਝ ਪੜ੍ਹੇ-ਲਿਖੇ ਨੌਜਵਾਨਾਂ ਨੇ ਜਨਰਲ ਜ਼ੈੱਡ ਨੂੰ ਆਵਾਜ਼ ਦਿੱਤੀ। ਮੁੱਦਾ ਪੇਪਰ ਲੀਕ ਦਾ ਸੀ, ਪਰ ਇਸ ਨੇ ਸਰਕਾਰ ਦੇ ਮਾੜੇ ਕੰਮਾਂ ਦਾ ਖਜ਼ਾਨਾ ਉਜਾਗਰ ਕੀਤਾ। ਲੱਖਾਂ ਲੋਕਾਂ ਦੀ ਭੀੜ ਨੇ ਜੰਤਰ-ਮੰਤਰ ਨੂੰ ਭਰ ਦਿੱਤਾ ਅਤੇ ਸਰਕਾਰ ਨੂੰ ਹਿਲਾ ਦਿੱਤਾ। ਦਿੱਲੀ ਪੁਲਸ ਨੇ ਨੌਜਵਾਨਾਂ ’ਤੇ ਬੇਰਹਿਮੀ ਕੀਤੀ, ਪਰ ਅੰਤ ਵਿੱਚ, ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਅਸਤੀਫਾ ਦੇਣ ਲਈ ਮਜਬੂਰ ਹੋਣਾ ਪਿਆ। ਗ੍ਰਹਿ ਮੰਤਰੀ ਵੀ ਵੇਟਿੰਗ ਲਿਸਟ ਵਿੱਚ ਸਨ। ਭਾਵੇਂ ਨੌਜਵਾਨਾਂ ਨੇ ਆਪਣੀ ਲਹਿਰ ਨੂੰ ਸਿੱਖਿਆ ਵਿੱਚ ਸੁਧਾਰ ਲਿਆਉਣ ਤੱਕ ਸੀਮਤ ਰੱਖਿਆ ਹੈ, ਪਰ ਉਨ੍ਹਾਂ ਦੀ ਲਹਿਰ ਨੇ ਦੇਸ਼-ਭਰ ਵਿੱਚ ਬੇਜ਼ੁਬਾਨਾਂ ਨੂੰ ਆਵਾਜ਼ ਦਿੱਤੀ ਹੈ। ਉਨ੍ਹਾਂ ਨੇ ਨਿਡਰਤਾ ਨਾਲ ਆਪਣੀ ਲੜਾਈ ਲੜਨ ਲਈ ਸਹਿਮਤੀ ਦਿੱਤੀ ਹੈ ਅਤੇ ਇਹ ਨਿਰੰਤਰ ਜਾਰੀ ਹੈ। ਇਸ ਤੋਂ ਇਲਾਵਾ ਜਨਰਲ ਅਲਫਾ ਨੇ ਪਿੰਡਾਂ ਵਿੱਚ ਸਕੂਲਾਂ ਦੀ ਮਾੜੀ ਹਾਲਤ ਵਿਰੁੱਧ ਆਪਣੇ ਵਿਰੋਧ ਪ੍ਰਦਰਸ਼ਨਾਂ ਨੂੰ ਵੀ ਤੇਜ਼ ਕਰ ਦਿੱਤਾ ਹੈ। ਬਿਹਾਰ ਦੇ ਛੇ ਸਾਲਾ ਆਦਿੱਤਿਆ ਕੁਮਾਰ ਨੇ ਆਮ ਲੋਕਾਂ ਦੇ ਹੱਕਾਂ ਦੀ ਲੜਾਈ ਨੂੰ ਜੋ ਗਤੀ ਦਿੱਤੀ ਹੈ, ਉਹ ਸ਼ਲਾਘਾਯੋਗ ਹੈ। ਨੌਜਵਾਨ ਕੁੜੀਆਂ ਅਤੇ ਔਰਤਾਂ ਨੇ ਕਈ ਅੰਦੋਲਨ ਸ਼ੁਰੂ ਕੀਤੇ ਹਨ।

ਸਾਗਰ ਜ਼ਿਲ੍ਹੇ ਵਿੱਚ ਹਾਲ ਹੀ ਵਿੱਚ ਹੋਏ ਸ਼ਰਾਬ ਘੁਟਾਲੇ, ਜਿਸ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ 30 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਸੀ, ਦੇ ਜਵਾਬ ਵਿੱਚ ਔਰਤਾਂ ਨੇ ਸ਼ਰਾਬ ਦੀਆਂ ਦੁਕਾਨਾਂ ਵਿੱਚ ਭੰਨਤੋੜ ਕੀਤੀ, ਸ਼ਰਾਬ ਕੱਢੀ ਅਤੇ ਅੱਗ ਲਗਾ ਦਿੱਤੀ। ਉਨ੍ਹਾਂ ਨੇ ਇਸ ਘੁਟਾਲੇ ਲਈ ਪ੍ਰਸ਼ਾਸਨ ਅਤੇ ਠੇਕੇਦਾਰਾਂ ਵਿਚਕਾਰ ਮਿਲੀਭੁਗਤ ਨੂੰ ਜ਼ਿੰਮੇਵਾਰ ਠਹਿਰਾਇਆ। ਲੋਕ ਇਸ ਗੱਲ ਤੋਂ ਚੰਗੀ ਤਰ੍ਹਾਂ ਜਾਣੂ ਸਨ, ਪਰ ਉਨ੍ਹਾਂ ਵਿੱਚ ਵਿਰੋਧ ਕਰਨ ਦੀ ਹਿੰਮਤ ਦੀ ਘਾਟ ਸੀ। ਉਹ ਸਿਰਫ ਪੀੜਤਾਂ ਦੇ ਪਰਵਾਰਾਂ ਲਈ ਮੁਆਵਜ਼ੇ ਦੀ ਮੰਗ ਕਰਦੇ ਰਹਿੰਦੇ ਸਨ। ਇਸੇ ਤਰ੍ਹਾਂ, ਦਿੱਲੀ ਵਿੱਚ ਇੱਕ ਹੋਸਟਲ ਢਹਿਣ ਨਾਲ ਹੋਈਆਂ ਮੌਤਾਂ ਤੋਂ ਗੁੱਸੇ ਵਿੱਚ ਆਏ ਵਿਦਿਆਰਥੀਆਂ ਨੇ ਇੱਕ ਵਿਸ਼ਾਲ ਵਿਰੋਧ ਪ੍ਰਦਰਸ਼ਨ ਸ਼ੁਰੂ ਕੀਤਾ ਹੈ ਅਤੇ ਵਿਦਿਆਰਥਣਾਂ ਦਾ ਉਤਸ਼ਾਹ ਸੱਚਮੁੱਚ ਕਮਾਲ ਦਾ ਹੈ। ਇਸੇ ਤਰ੍ਹਾਂ ਮੁਸਲਮਾਨ ਪਿਛਲੇ ਬਾਰਾਂ ਸਾਲਾਂ ਤੋਂ ਮੌਜੂਦਾ ਸਰਕਾਰ ਦੇ ਜ਼ੁਲਮਾਂ ਦਾ ਸਾਹਮਣਾ ਕਰ ਰਹੇ ਹਨ। ਉਹ ਚੁੱਪ ਰਹੇ। ਉਨ੍ਹਾਂ ਨੂੰ ਦੇਸ਼ਧ੍ਰੋਹ, ਲਵ ਜੇਹਾਦ, ਗਊ ਹੱਤਿਆ, ਕਬਜ਼ੇ ਅਤੇ ਸੜਕ ’ਤੇ ਨਮਾਜ਼ ਪੜ੍ਹਨ ਦੇ ਦੋਸ਼ਾਂ ਵਿੱਚ ਜੇਲ੍ਹ ਭੇਜਿਆ ਗਿਆ। ਉਹ ਵੀ ਹੁਣ ਰਾਤ ਨੂੰ ਸਹਾਰਨਪੁਰ ਮਸਜਿਦ ਨੂੰ ਅਚਾਨਕ ਢਾਹੁਣ ਤੋਂ ਬਾਅਦ ਮੈਦਾਨ ਵਿੱਚ ਆ ਗਏ ਹਨ। ਇਹ ਚੰਗੇ ਸੰਕੇਤ ਹਨ। ਇਨਸਾਫ ਦੀ ਲੜਾਈ ਲੜਨੀ ਚਾਹੀਦੀ ਹੈ।

ਬਕੌਲ ਦੁਸ਼ਯੰਤ : ਹੋ ਗਈ ਹੈ ਪੀਰ ਪਰਵਤ-ਸੀ ਪਿਘਲਨੀ ਚਾਹੀਏ, ਇਸ ਹਿਮਾਲਯ ਸੇ ਕੋਈ ਗੰਗਾ ਨਿਕਲਨੀ ਚਾਹੀਏ। ਗੰਗਾ ਹੁਣ ਵਹਿ ਨਿਕਲੀ ਹੈ। ਹੁਕਮਰਾਨ ਹੈਰਾਨ-ਪ੍ਰੇਸ਼ਾਨ ਹੈ।

## ਪਾਠਕ-ਸੱਥ

### ਹਾਏ ! ਮਹਿੰਗਾਈ

ਫਰਵਰੀ 2026 ’ਚ ਪ੍ਰਚੂਨ ਮਹਿੰਗਾਈ ਨੇ ਤਕਰੀਬਨ ਪਿਛਲੇ 8 ਮਹੀਨਿਆਂ ਦਾ ਰਿਕਾਰਡ ਤੋੜ ਦਿੱਤਾ ਹੈ । ਭਾਰਤੀ ਰਿਜ਼ਰਵ ਬੈਂਕ ਨੇ ਪ੍ਰਚੂਨ ਮਹਿੰਗਾਈ ਨੂੰ ਤਕਰੀਬਨ ਚਾਰ ਫ਼ੀਸਦੀ ’ਤੇ ਰੱਖਣ ਦਾ ਟੀਚਾ ਤੈਅ ਕੀਤਾ ਸੀ, ਪਰ ਜਨਵਰੀ ਵਿਚ ਰਿਟੇਲ ਮਹਿੰਗਾਈ 5.30 ਫੀਸਦੀ ਤੋਂ ਵੱਧ ਹੋ ਗਈ । ਇੰਝ ਜਾਪ ਰਿਹਾ ਹੈ ਕਿ ਵਿਆਜ ਦਰਾਂ ਵਿੱਚ ਆਰ ਬੀ ਆਈ ਜਲਦੀ ਹੀ ਹੋਰ ਵਾਧਾ ਕਰੇਗੀ । ਸੁਭਾਵਿਕ ਹੀ ਹੈ ਕਿ ਆਮ ਆਦਮੀ ਦੀ ਜੇਬ ’ਤੇ ਹੋਰ ਬੋਝ ਵਧੇਗਾ ।ਕਾਬਿਲੇਗੌਰ ਖਾਣ-ਪੀਣ ਵਾਲੀਆਂ ਤਕਰੀਬਨ ਸਾਰੀਆਂ ਚੀਜ਼ਾਂ ਦੇ ਰੇਟ ਤੇਜ਼ੀ ਨਾਲ ਵਧ ਰਹੇ ਹਨ। ਹਰ ਚੀਜ ਅੱਗ ਦੇ ਭਾਅ ਵਿਕ ਰਹੀ ਹੈ । ਚੀਨੀ ਦਾ ਭਾਅ 10 ਦਿਨਾਂ ਵਿੱਚ 20 ਰੁਪਏ ਤੱਕ ਵਧਿਆ ਹੈ। ਅੱਜ ਬਾਜ਼ਾਰ ਵਿੱਚ ਚੀਨੀ 65 ਰੁਪਏ ਤੱਕ ਵਿਕ ਰਹੀ ਹੈ । ਮਾਹਰਾਂ ਮੁਤਾਬਕ ਖਾਣ-ਪੀਣ ਵਾਲੀਆਂ ਵਸਤੂਆਂ ਮਹਿੰਗੀਆਂ ਹੋਣ ਨਾਲ ਕੁਪੋਸ਼ਣ ਦਾ ਖਤਰਾ ਹੋਰ ਵਧੇਗਾ।ਚਾਹੇ ਕੇਂਦਰ ਵੱਲੋਂ ਵਾਰ-ਵਾਰ ਹਿੱਕ ਠੋਕ ਕੇ ਕਿਹਾ ਜਾ ਰਿਹਾ ਹੈ ਕਿ ਅਰਥਚਾਰਾ ਵਧੀਆ ਲੀਹ ’ਤੇ ਹੈ, ਪਰ ਹਕੀਕੀ ਗੱਲ ਤਾਂ ਇਹ ਹੈ ਕਿ ਜ਼ਮੀਨੀ ਪੱਧਰ ’ਤੇ ਲੋਕ ਮਹਿੰਗਾਈ ਨਾਲ ਜੂਝ ਰਹੇ ਹਨ । ਪੈਟਰੋਲ ਦੀਆਂ ਕੀਮਤਾਂ ਅਸਮਾਨ ਛੂਹ ਰਹੀਆਂ ਹਨ । ਅਮਰੀਕਾ -ਈਰਾਨ ਜੰਗ ਨੇ ਭਾਰਤੀ ਅਰਥਚਾਰੇ ’ਤੇ ਡੂੰਘੀ ਸੱਟ ਮਾਰੀ ਹੈ। ਪੂਰੇ ਵਿਸ਼ਵ ਵਿੱਚ ਤੇਲ ਦੀਆਂ ਕੀਮਤਾਂ ਵਿੱਚ ਰਿਕਾਰਡ ਤੋੜ ਵਾਧਾ ਹੋਇਆ ਹੈ।ਵਸਤੂਆਂ ਦੀ ਬਲੈਕ ਤੇ ਭ੍ਰਿਸ਼ਟਾਚਾਰ ਵੀ ਮਹਿੰਗਾਈ ਵਧਣ ਦਾ ਇਕ ਬਹੁਤ ਵੱਡਾ ਕਾਰਨ ਹੈ। ਮਹਿੰਗਾਈ ਨੂੰ ਕੰਟਰੋਲ ਕਰਨ ਲਈ ਸੂਬਾ ਤੇ ਕੇਂਦਰ ਸਰਕਾਰਾਂ ਨੂੰ ਠੋਸ ਨੀਤੀ ਉਲੀਕਣੀ ਚਾਹੀਦੀ ਹੈ। ਰੋਜ਼ਾਨਾ ਵਰਤੋਂ ਵਾਲੀਆਂ ਵਸਤੂਆਂ ਦੀਆਂ ਕੀਮਤਾਂ ਵਿੱਚ ਵਾਧੇ ਨੂੰ ਰੋਕਣ ਲਈ ਠੋਸ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ।

-ਸੰਜੀਵ ਸਿੰਘ ਸੈਣੀ, ਮੋਹਾਲੀ, ਸਟੇਟ ਐਵਾਰਡੀ 78889-66168

# ਪੰਜਾਬ ਦੇ ਪਾਣੀਆਂ ਦਾ ਮਸਲਾ : ਕੀ ਬੰਜਰ ਬਣ ਜਾਵੇਗਾ ਸੂਬਾ


ਗੁਰਪ੍ਰੀਤ ਲਾਹੌਰੀ

ਪੰਜਾਬ ਦੇ ਪਾਣੀਆਂ ਦਾ ਮਸਲਾ ਕੋਈ ਅੱਜ ਤੋਂ ਨਹੀਂ, ਬਲਕਿ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਦੀ ਸਿਆਸਤ ਅਤੇ ਕਿਸਾਨਾਂ ਵਿੱਚ ਚਰਚਾ ਦਾ ਵਿਸ਼ਾ ਰਿਹਾ ਹੈ। ਪੰਜਾਬ ਦਾ ਪਾਣੀ, ਪੰਜਾਬ ਦਾ ਹਰ ਤਬਕਾ, ਹਰ ਸ਼ਹਿਰੀ ਅਤੇ ਹਰ ਪੇਂਡੂ ਖੇਤਰ ਦਾ ਆਦਮੀ ਪੀਂਦਾ ਹੈ, ਪਰ ਅਫਸੋਸ ਇਸ ਗੱਲ ਦਾ ਹੈ ਕਿ ਹਮੇਸ਼ਾ ਕਿਸਾਨ ਹੀ ਇਕੱਲੇ ਅਜਿਹੇ ਹਨ, ਜਿਹੜੇ ਪਾਣੀਆਂ ਦੇ ਮੁੱਦੇ ’ਤੇ ਆਪਣਾ ਮੋਰਚਾ ਲਾਉਂਦੇ ਹਨ, ਬਾਕੀ ਕੋਈ ਹੋਰ ਨਹੀਂ । ਕੋਈ ਵੀ ਸਿਆਸੀ ਪਾਰਟੀ ਹੋਵੇ, ਚੋਣਾਂ ਵੇਲੇ ਹੀ ਪਾਣੀ ’ਤੇ ਸਿਆਸਤ ਕਰਦੀ ਹੈ, ਜਦੋਂ ਕਿ ਕਿਸਾਨ ਹਰ ਵੇਲੇ ਇਹੀ ਚਿੰਤਾ ਜ਼ਾਹਿਰ ਕਰਦੇ ਰਹਿੰਦੇ ਹਨ ਕਿ ਜੇਕਰ ਪਾਣੀ ਨਾ ਰਿਹਾ ਤਾਂ ਉਹਨਾਂ ਦੀਆਂ ਫਸਲਾਂ ਕਿਵੇਂ ਬੀਜੀਆਂ ਜਾਣਗੀਆਂ ?

ਭਾਵੇਂ ਕਿ ਕਾਰਪੋਰੇਟ ਘਰਾਣਿਆਂ ਦੇ ਸਟੇਟ, ਨੈਸ਼ਨਲ ਅਤੇ ਇੰਟਰਨੈਸ਼ਨਲ ਮੀਡੀਆ ਦੀਆਂ ਰਿਪੋਰਟਾਂ ਵਿੱਚ ਕਿਹਾ ਜਾਂਦਾ ਹੈ ਕਿ ਪਾਣੀ ਧਰਤੀ ਤੋਂ ਮੁਕੰਮਲ ਖਤਮ ਨਹੀਂ ਹੋਵੇਗਾ, ਪਰ ਦੂਜੇ ਪਾਸੇ ਅਜਿਹੀਆਂ ਰਿਪੋਰਟਾਂ ਵੀ ਆਉਂਦੀਆਂ ਹਨ ਕਿ ਜਲਵਾਯੂ ਪਰਿਵਰਤਨ ਦੇ ਕਾਰਨ ਧਰਤੀ ’ਤੇ ਅਜਿਹੀ ਉਥਲ-ਪੁਥਲ ਹੋ ਰਹੀ ਹੈ, ਜਿਸ ਦੇ ਕਾਰਨ ਬਹੁਤ ਸਾਰੀਆਂ ਥਾਵਾਂ ’ਤੇ ਤਬਾਹੀ ਮਚ ਰਹੀ ਹੈ। ਕਈ ਥਾਵਾਂ ’ਤੇ ਸੋਕਾ ਪੈ ਰਿਹਾ ਹੈ ਅਤੇ ਕਿਤੇ ਹੜ੍ਹ ਆ ਰਹੇ ਹਨ, ਉੱਥੇ ਲੋਕਾਂ ਦੀਆਂ ਜਾਨਾਂ ਜਾ ਰਹੀਆਂ ਹਨ। ਜਿੱਥੇ ਸੋਕਾ ਪੈ ਰਿਹਾ ਹੈ, ਉਥੇ ਹਾਲਾਤ ਤਾਂ ਇਸ ਤੋਂ ਵੀ ਮਾੜੇ ਹਨ; ਕਈ ਥਾਵਾਂ ’ਤੇ ਪਸ਼ੂ-ਪੰਛੀ ਮਰ ਰਹੇ ਹਨ ਅਤੇ ਦੂਜੇ ਪਾਸੇ ਮਨੁੱਖਤਾ ਜ਼ਰ-ਜ਼ਰ ਕੰਬ ਰਹੀ ਹੈ, ਕਿਉਂਕਿ ਉਹਨਾਂ ਕੋਲ ਪੀਣ ਲਈ ਪਾਣੀ ਵੀ ਨਹੀਂ ਬਚਿਆ।

ਪਹਿਲੇ ਸਮਿਆਂ ਵਿੱਚ ਸਹੀ ਕਿਹਾ ਕਰਦੇ ਸਨ ਕਿ ਜੇਕਰ ਪਾਣੀ ਨਾ ਬਚਿਆ ਤਾਂ ਅਸੀਂ ਕਿੱਧਰ ਜਾਵਾਂਗੇ, ਭਾਵੇਂ ਕਿ ਉਹ ਉਸ ਸਮੇਂ ਸੁਣੀਆਂ-ਸੁਣਾਈਆਂ ਗੱਲਾਂ ਸਨ, ਪਰ ਅਸੀਂ ਉਹਨਾਂ ਨੂੰ ਹਕੀਕਤ ਵਿੱਚ ਵੇਖ ਰਹੇ ਹਾਂ। ਸਵਾਲ ਇਸ ਵੇਲੇ ਇਹ ਹੈ ਕਿ ਜਲਵਾਯੂ ਪਰਿਵਰਤਨ ਦੇ ਕਾਰਨ ਜਿੱਥੇ ਸਰਕਾਰਾਂ ਦੀ ਬੇਰੁਖੀ ਸਾਹਮਣੇ ਆ ਰਹੀ ਹੈ, ਉੱਥੇ ਹੀ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਕੋਈ ਵੀ ਉਪਾਅ ਨਹੀਂ ਕੀਤਾ ਜਾ ਰਿਹਾ। ਦਿਨ-ਪ੍ਰਤੀ-ਦਿਨ ਮਹਿਲ-ਮਾੜੀਆਂ ਉਸਾਰੀਆਂ ਜਾ ਰਹੀਆਂ ਹਨ ਅਤੇ ਨਜਾਇਜ਼ ਕਾਲੋਨੀਆਂ ਕੱਟੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਜਿਹੜੀ ਧਰਤੀ ਹੇਠੋਂ ਨਜਾਇਜ਼ ਮਾਈਨਿੰਗ ਕੀਤੀ ਜਾ ਰਹੀ ਹੈ, ਉਸ ਵੱਲ ਕੋਈ ਵੀ ਧਿਆਨ ਨਹੀਂ ਦੇ ਰਿਹਾ।

ਸਿੱਧੇ ਤੌਰ ’ਤੇ ਕਹੀਏ ਤਾਂ ਸਰਕਾਰਾਂ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਦੇ ਕਾਰਨ ਹੀ ਪੰਜਾਬ ਅੱਜ ਬੰਜਰ ਬਣਨ ਦੀ ਕਗਾਰ ’ਤੇ ਆ ਖੜ੍ਹਾ ਹੋਇਆ ਹੈ। ਪੰਜਾਬ ਦੇ ਪਾਣੀਆਂ ਦੇ ਅੰਕੜੇ ਸਮੇਂ-ਸਮੇਂ ’ਤੇ ਬਦਲਦੇ ਰਹਿੰਦੇ ਹਨ, ਪਰ ਪਿਛਲੇ ਦਿਨੀਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਦੇ ਮੁਤਾਬਕ ਪੰਜਾਬ ਦੇ ਸਵਾ 100 ਤੋਂ ਵੱਧ ਬਲਾਕ ਇਸ ਵੇਲੇ ਸੰਕਟ ਦੇ ਘੇਰੇ ਵਿੱਚ ਹਨ। ਰਿਪੋਰਟਾਂ ਦੀ ਮੰਨੀਏ ਤਾਂ ਪੰਜਾਬ ਦੇ ਅੰਦਰ ਇਸ ਵੇਲੇ ਪਾਣੀ ਬਹੁਤ ਹੀ ਡੂੰਘਾ ਹੋ ਚੁੱਕਿਆ ਹੈ, ਜਿਸ ਕਾਰਨ ਉਹਨਾਂ ਦੀਆਂ ਫਸਲਾਂ ਦੀ ਸਿੰਚਾਈ ਨਹੀਂ ਹੋ ਰਹੀ ਅਤੇ ਨਹਿਰੀ ਪਾਣੀ ਦੇ ਜਿਹੜੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਉਹ ਵੀ ਲੱਗਭੱਗ ਖੋਖਲੇ ਵਿਖਾਈ ਦੇ ਰਹੇ ਹਨ।

ਕੇਂਦਰੀ ਜਲ ਕਮਿਸ਼ਨ ਦੀ ਰਿਪੋਰਟ ਮੁਤਾਬਕ ਪੰਜਾਬ ਸੂਬੇ ਦੇ 153 ਬਲਾਕਾਂ ਵਿੱਚੋਂ ਕਰੀਬ 133 ਬਲਾਕਾਂ ਵਿੱਚ ਹਾਲਤ ਇਸ ਵੇਲੇ ਨਾਜ਼ੁਕ ਬਣ ਚੁੱਕੀ ਹੈ। ਧਰਤੀ ਹੇਠਲਾ ਪਾਣੀ ਜ਼ਹਿਰੀਲਾ ਹੋ ਚੁੱਕਿਆ ਹੈ, ਜੋ ਮਨੁੱਖ ਲਈ ਤਾਂ ਖਰਾਬ ਹੈ ਹੀ, ਨਾਲ ਹੀ ਫਸਲਾਂ ਅਤੇ ਪਸ਼ੂਆਂ ਲਈ ਵੀ ਠੀਕ ਨਹੀਂ ਹੈ। ਆਮ ਪੀਣ ਵਾਲਾ ਵੀ ਪਾਣੀ ਸਿਹਤ ਲਈ ਨੁਕਸਾਨਦੇਹ ਹੈ ਅਤੇ ਧਰਤੀ ਹੇਠਲਾ ਪਾਣੀ, ਜਿਹੜਾ ਕਿ ਫ਼ਸਲਾਂ ਦੀ ਸਿੰਚਾਈ ਮਗਰੋਂ ਰਹਿੰਦ-ਖੂੰਹਦ ਦੇ ਰੂਪ ਵਿੱਚ ਮੁੜ ਧਰਤੀ ਦੇ ਅੰਦਰ ਜਾਂਦਾ ਹੈ, ਉਹ ਜ਼ਮੀਨਾਂ ਨੂੰ ਵੀ ਕੈਂਸਰ ਰੂਪੀ ਬਿਮਾਰੀਆਂ ਲਗਾ ਰਿਹਾ



ਹੈ। ਧਰਤੀ ਹੇਠਲੇ ਪਾਣੀ ਅਤੇ ਦਰਿਆਵਾਂ ਵਿੱਚ ਵਧਦੇ ਪ੍ਰਦੂਸ਼ਣ ਕਾਰਨ ਜਿੱਥੇ ਮਨੁੱਖਾਂ ਦੀਆਂ ਜਾਨਾਂ ਜਾ ਰਹੀਆਂ ਹਨ, ਉੱਥੇ ਹੀ ਕਾਰਪੋਰੇਟ ਕੰਪਨੀਆਂ ਇਸ ਪਾਣੀ ਤੋਂ ਅਰਬਾਂ ਰੁਪਏ ਮੁਨਾਫਾ ਕਮਾ ਰਹੀਆਂ ਹਨ।

ਗੰਧਲੇ ਪਾਣੀ ਨੂੰ ਸਾਫ਼ ਕਰਨ ਦੇ ਨਾਂਅ ’ਤੇ ਜਿੱਥੇ ਪਹਿਲਾਂ ਲੁੱਟਿਆ ਜਾ ਰਿਹਾ ਹੈ, ਉੱਥੇ ਹੀ ਆਰ.ਓ. ਸਿਸਟਮ ਅਤੇ ਹੋਰ ਕਈ ਤਰੀਕਿਆਂ ਦੀਆਂ ਮਸ਼ੀਨਾਂ ਲਗਾ ਕੇ ਆਮ ਮਨੁੱਖ ਦੀ ਲੁੱਟ ਕੀਤੀ ਜਾ ਰਹੀ ਹੈ। ਪੰਜ ਦਰਿਆਵਾਂ ਦੀ ਧਰਤੀ ’ਤੇ ਅੱਜ ਗੰਦੇ ਪਾਣੀ ਨੂੰ ਪੀਣ ਲਈ ਲੋਕ ਮਜਬੂਰ ਹੋ ਚੁੱਕੇ ਹਨ। ਧਰਤੀ ਹੇਠਲਾ ਪਾਣੀ ਪ੍ਰਦੂਸ਼ਿਤ ਹੋਣ ਦੇ ਕਾਰਨ ਮਾਲਵੇ ਅਤੇ ਮਾਝੇ ਦੇ ਬਹੁਗਿਣਤੀ ਪਿੰਡਾਂ ਵਿੱਚ ਇਸ ਵੇਲੇ ਕੈਂਸਰ ਵੱਡੇ ਪੱਧਰ ’ਤੇ ਫੈਲ ਚੁੱਕਿਆ ਹੈ, ਜਿਸ ਦੇ ਕਾਰਨ ਪੇਟ ਦੇ ਅੰਦਰ ਅਜਿਹੀਆਂ ਤਬਦੀਲੀਆਂ ਆਉਂਦੀਆਂ ਹਨ ਕਿ ਮਨੁੱਖ ਚੱਲਣ-ਫਿਰਨ ਜੋਗਾ ਨਹੀਂ ਰਹਿੰਦਾ।

ਪੰਜਾਬ ਦੇ ਬਹੁਤ ਸਾਰੇ ਜ਼ਿਲ੍ਹਿਆਂ ਵਿੱਚ ਪ੍ਰਦੂਸ਼ਿਤ ਪਾਣੀ ਦੇ ਕਾਰਨ ਫਸਲਾਂ ਘੱਟ ਹੋਣ ਲੱਗੀਆਂ ਹਨ । ਫ਼ਾਜ਼ਿਲਕਾ ਜ਼ਿਲ੍ਹੇ ਦੀ ਜੇਕਰ ਗੱਲ ਕਰੀਏ ਤਾਂ ਇੱਥੇ ਪਿਛਲੇ 10 ਸਾਲਾਂ ਤੋਂ ਪਾਣੀ ਦੀ ਗੁਣਵੱਤਾ ਕਾਫੀ ਮਾੜੀ ਹੈ। ਕਈ ਪਿੰਡ ਅਜਿਹੇ ਹਨ, ਜਿੱਥੇ ਸ਼ੁੱਧ ਪਾਣੀ ਨਹੀਂ ਪਹੁੰਚ ਰਿਹਾ; ਇਸ ਜ਼ਿਲ੍ਹੇ ਦੇ ਕਈ ਪਿੰਡਾਂ ਵਿੱਚ ਲੋਕ ਦੂਸ਼ਿਤ ਪਾਣੀ ਪੀ ਰਹੇ ਹਨ, ਪਰ ਸਰਕਾਰਾਂ ਇਸ ਵੱਲ ਧਿਆਨ ਨਹੀਂ ਦੇ ਰਹੀਆਂ।

ਬੇਸ਼ੱਕ ਰਿਪੇਰੀਅਨ ਸਿਧਾਂਤ ਅਤੇ ਸੰਵਿਧਾਨ ਦੇ ਮੁਤਾਬਕ ਕਈ ਤਰੀਕਿਆਂ ਨਾਲ ਪਾਣੀ ਨੂੰ ਬਚਾਉਣ ਦੀਆਂ ਗੱਲਾਂ ਸਮੇਂ-ਸਮੇਂ ’ਤੇ ਸਰਕਾਰਾਂ ਵੱਲੋਂ ਕੀਤੀਆਂ ਜਾਂਦੀਆਂ ਰਹੀਆਂ ਹਨ, ਪਰ ਹਕੀਕਤ ਤੇ ਸੱਚਾਈ ਇਹੋ ਹੈ ਕਿ ਪੰਜਾਬ ਦਾ ਪਾਣੀ ਹੀ ਪੰਜਾਬ ਨੂੰ ਨਹੀਂ ਮਿਲ ਰਿਹਾ। ਪੰਜਾਬ ਦੇ ਲੋਕ ਅੱਜ ਪੀਣ ਵਾਲੇ ਪਾਣੀ ਲਈ ਵੀ ਤਰਸ ਰਹੇ ਨੇ, ਫਸਲਾਂ ਦੀ ਸਿੰਚਾਈ ਤਾਂ ਦੂਰ ਦੀ ਗੱਲ ਹੈ। ਫਸਲਾਂ ਦੀ ਸਿੰਚਾਈ ਲਈ ਜਿੱਥੇ ਸਰਕਾਰਾਂ ਵੱਲੋਂ ਕਿਹਾ ਜਾ ਰਿਹਾ ਹੈ ਕਿ ਨਹਿਰੀ ਪਾਣੀ ਛੱਡਿਆ ਜਾਂਦਾ ਹੈ, ਪਰ ਅਸੀਂ ਸੁਣਦੇ ਹਾਂ ਕਿ ਜਿੱਥੇ ਪੰਜਾਬ ਦੇ ਪਾਣੀਆਂ ਨੂੰ ਕਾਰਪੋਰੇਟ ਘਰਾਣਿਆਂ ਵੱਲੋਂ ਲੁੱਟਿਆ ਜਾ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਕਰਜ਼ੇ ਦੀ ਪੰਡ ਹੋਰ ਭਾਰੀ ਹੁੰਦੀ ਜਾ ਰਹੀ ਹੈ।

ਪੰਜਾਬ ਦੇ ਹੱਕਾਂ ਵਿੱਚ ਫੈਸਲੇ ਵੀ ਲਏ ਜਾਂਦੇ ਨੇ, ਪਰ ਉਹਨਾਂ ਨੂੰ ਲਾਗੂ ਨਹੀਂ ਕੀਤਾ ਜਾਂਦਾ। ਪਿਛਲੇ ਦਿਨੀਂ ਹੀ ਕੁਝ ਸੋਧਾਂ ਕੀਤੀਆਂ ਗਈਆਂ ਅਤੇ ਕਿਹਾ ਗਿਆ ਕਿ ਜਿਹੜਾ ਹੁਣ ਪਾਣੀ ਬਰਬਾਦ ਕਰੇਗਾ, ਉਸ ਦੇ ਵਿਰੁੱਧ ਸਰਕਾਰ ਵੱਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ, ਪਰ ਅਸਲੀਅਤ ਅਤੇ ਸੱਚਾਈ ਸਭ ਦੇ ਸਾਹਮਣੇ ਹੈ; ਨਾ ਤਾਂ ਕਿਸੇ ਦੇ ਵਿਰੁੱਧ ਕਾਰਵਾਈ ਹੋਈ ਅਤੇ ਨਾ ਹੀ ਇਸ ਵੱਲ ਕਿਸੇ ਨੇ ਧਿਆਨ ਦਿੱਤਾ। ਗਿਣਵੇਂ-ਚੁਣਵੇਂ ਲੋਕਾਂ ਉਪਰ ਹੀ ਕਾਰਵਾਈ ਕਰਕੇ ਵਿਭਾਗ ਦੇ ਵੱਲੋਂ ਬੁੱਤਾ ਸਾਰ ਦਿੱਤਾ ਗਿਆ।

ਪਿਛਲੇ ਦਿਨੀਂ ਹੀ ਸਤਲੁਜ ਦਰਿਆ ਵਿੱਚ ਗੰਧਲੇ ਪਾਣੀ ਪੈਣ ਨੂੰ ਲੈ ਕੇ ਇੱਕ ਮਾਮਲਾ ਸਾਹਮਣੇ ਆਇਆ ਸੀ, ਜਿਸ ਤੋਂ ਬਾਅਦ ਪੰਜਾਬ ਪੁਲਸ ਨੇ ਹਿਮਾਚਲ ਦੇ ਇੱਕ ਕਾਰਪੋਰੇਟ ਘਰਾਣੇ ਦੇ ਵਿਰੁੱਧ ਮੁਕੱਦਮਾ ਦਰਜ ਕੀਤਾ ਸੀ। ਅਫਸੋਸ ਇਸ ਗੱਲ ਦਾ ਹੈ ਕਿ ਮੁਕੱਦਮਾ ਤਾਂ ਦਰਜ ਕਰ ਦਿੱਤਾ ਗਿਆ, ਪਰ ਉਸ ਤੋਂ ਅੱਗੇ ਦੀ ਕਾਰਵਾਈ ਕੀ ਹੋਈ, ਉਸ ਬਾਰੇ ਕੁਝ ਪਤਾ ਨਹੀਂ ਲੱਗ ਸਕਿਆ ਅਤੇ ਨਾ ਹੀ ਉਸ ਦੀ ਕੋਈ ਉੱਘ-ਸੁੱਘ ਬਾਹਰ ਨਜ਼ਰ ਆਈ। ਹਾਲਾਤ ਇਹ ਬਣ ਚੁੱਕੇ ਹਨ ਕਿ ਸਮੇਂ-ਸਮੇਂ ’ਤੇ ਮੋਰਚੇ ਤਾਂ ਲੱਗਦੇ ਨੇ, ਸਰਕਾਰਾਂ ਮੰਗਾਂ ਵੀ ਮੰਨਦੀਆਂ ਨੇ, ਪਰ ਉਹਨਾਂ ਮੰਗਾਂ ਨੂੰ ਲਾਗੂ ਕਦੇ ਵੀ ਨਹੀਂ ਕੀਤਾ ਜਾਂਦਾ।

ਭਾਵੇਂ ਕਿ ਇੱਕ ਮੋਰਚੇ ਤੋਂ ਲੈ ਕੇ ਦੂਜੇ ਮੋਰਚੇ ਦੇ ਲੱਗਣ ਤੱਕ ਦਾ ਸਮਾਂ ਇੱਕ ਸਾਲ ਜਾਂ ਡੇਢ ਸਾਲ ਹੁੰਦਾ ਹੈ, ਪਰ ਇਸ ਸਾਲ-ਡੇਢ ਦੇ ਵਿੱਚ ਜਿਹੜੀਆਂ ਕਾਰਪੋਰੇਟ ਪੱਖੀ ਨੀਤੀਆਂ ਹਨ, ਉਹਨਾਂ ਨੂੰ ਸਰਕਾਰ ਪੱਕੇ ਤੌਰ ’ਤੇ ਲਾਗੂ ਕਰਕੇ ਲੁੱਟ ਕਰਨੀ ਵੀ ਸ਼ੁਰੂ ਕਰ ਦਿੰਦੀ ਹੈ, ਜਦੋਂ ਕਿ ਦੂਜੇ ਪਾਸੇ ਆਮ ਜਨਤਾ ਨੂੰ ਦੂਸ਼ਿਤ ਪਾਣੀ, ਪ੍ਰਦੂਸ਼ਿਤ ਖਾਣਾ ਅਤੇ ਹੋਰ ਬਿਮਾਰੀਆਂ ਦੇ ਹਵਾਲੇ ਕਰ ਦਿੱਤਾ ਜਾਂਦਾ ਹੈ।

ਇਸ ਵੇਲੇ ਹਾਲਾਤ ਇਹ ਬਣ ਚੁੱਕੇ ਨੇ ਕਿ ਪੰਜਾਬ ਦੀ ਧਰਤੀ ਸੱਚਮੁੱਚ ਬੰਜਰ ਬਣਦੀ ਜਾ ਰਹੀ ਹੈ। ਜਿੱਥੇ ਪਿਛਲੇ ਸਾਲ ਆਏ ਹੜ੍ਹਾਂ ਨੇ ਪੰਜਾਬ ਦੇ ਅੰਦਰ ਤਬਾਹੀ ਮਚਾਈ, ਉੱਥੇ ਹੀ ਦੂਜੇ ਪਾਸੇ ਕਿਸਾਨਾਂ ਉੱਪਰ ਵਧ ਰਿਹਾ ਕਰਜ਼ਾ ਇਸ ਵੇਲੇ ਕਿਸਾਨਾਂ ਨੂੰ ਖੇਤੀ ਛੱਡਣ ਲਈ ਵੀ ਮਜਬੂਰ ਕਰ ਰਿਹਾ ਹੈ। ਪੰਜਾਬ ਦੇ ਅੰਦਰ ਪਿਛਲੇ ਸਾਲ ਜਿਹੜੇ ਹੜ੍ਹ ਆਏ ਸੀ, ਉਹਨਾਂ ਦੇ ਕਾਰਨ ਪੰਜਾਬ ਦੇ ਬਹੁਤ ਸਾਰੇ ਜ਼ਿਲ੍ਹਿਆਂ ਵਿੱਚ ਇਸ ਵੇਲੇ ਟਿੱਬੇ ਬਣ ਚੁੱਕੇ ਨੇ; ਪਹਾੜੀ ਮਿੱਟੀ ਦੇ ਕਾਰਨ ਕਿਸਾਨਾਂ ਦੀਆਂ ਫਸਲਾਂ ਉੱਪਰ ਗਹਿਰਾ ਅਸਰ ਪੈ ਰਿਹਾ ਹੈ, ਜਿਸ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਸਿਰਫ਼ ਤੇ ਸਿਰਫ਼ ਇਸ਼ਤਿਹਾਰਬਾਜ਼ੀ ਵਿੱਚ ਹੀ ਕਿਸਾਨਾਂ ਦਾ ਭਲਾ ਕੀਤਾ ਜਾ ਰਿਹਾ ਹੈ, ਜਦੋਂ ਕਿ ਅਸਲੀਅਤ ਅਤੇ ਜ਼ਮੀਨੀ ਹਕੀਕਤ ਕੁਝ ਹੋਰ ਹੈ।

ਮੌਜੂਦਾ ਹਾਲਾਤ ਇਹ ਬਣ ਚੁੱਕੇ ਨੇ ਕਿ ਸਰਕਾਰਾਂ ਧਿਆਨ ਨਹੀਂ ਦਿੰਦੀਆਂ; ਕਿਸਾਨ ਡਟੇ ਹੋਏ ਨੇ ਪਰ ਉਹਨਾਂ ਦੀ ਕੋਈ ਸੁਣਨ ਵਾਲਾ ਨਹੀਂ।

**ਸੰਪਰਕ** : 095698-20314

# ਗਿਆਨ ਦੇ ਅੰਬਰ ਬਨਾਮ ਆਰਥਿਕਤਾ ਦੇ ਪਿੰਜਰੇ


ਮਲਕੀਤ ਰਾਸੀ

ਸਿੱਖਿਆ ਮਨੁੱਖੀ ਚੇਤਨਾ ਦਾ ਉਹ ਪਾਕ-ਪਵਿੱਤਰ ਚੋਗਾ ਹੈ, ਜਿਸ ਨੂੰ ਪਹਿਨ ਕੇ ਰੂਹਾਂ ਅਗਿਆਨਤਾ ਦੇ ਹਨੇਰੇ ਖੂਹਾਂ ਵਿੱਚੋਂ ਬਾਹਰ ਨਿਕਲਦੀਆਂ ਹਨ ਅਤੇ ਗਿਆਨ ਦੇ ਅਸੀਮ ਅੰਬਰਾਂ ਵੱਲ ਪਰਵਾਜ਼ ਭਰਦੀਆਂ ਹਨ। ਇਹ ਸਮਾਜ ਦੇ ਹਰ ਤਬਕੇ ਲਈ ਇੱਕ ਅਜਿਹਾ ਮੁਫ਼ਤ ਨਿਰਮਲ ਝਰਨਾ ਹੋਣੀ ਚਾਹੀਦੀ ਹੈ, ਜਿੱਥੇ ਕੋਈ ਵੀ ਪਿਆਸਾ ਆਪਣੀ ਤ੍ਰਿਪਤੀ ਕਰ ਸਕੇ, ਪਰ ਜਦੋਂ ਗਿਆਨ ਦੇ ਇਸ ਉੱਚੇ-ਸੁੱਚੇ ਵਿਹੜੇ ਦੁਆਲੇ ਆਰਥਿਕਤਾ ਦੀਆਂ ਕੰਡਿਆਲੀਆਂ ਤਾਰਾਂ ਵਲੀਆਂ ਜਾਣ, ਜਦੋਂ ਸਰਕਾਰੀ ਨੀਤੀਆਂ ਦੀ ਸਿਆਹੀ ਵਿੱਚੋਂ ਲੋਕ-ਕਲਿਆਣ ਦੀ ਬਜਾਏ ਵਪਾਰੀਕਰਨ ਦੀ ਬੋਅ ਆਉਣ ਲੱਗੇ, ਤਾਂ ਸਮਾਜਿਕ ਮਨਾਂ ਅੰਦਰ ਚਿੰਤਾ ਦਾ ਝੱਖੜ ਝੁੱਲਣਾ ਸੁਭਾਵਿਕ ਹੈ। ਪੰਜਾਬ ਦੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਐੱਮ ਬੀ ਬੀ ਐੱਸ ਦੇ ਦਾਖ਼ਲਿਆਂ ਲਈ 20 ਲੱਖ ਰੁਪਏ ਦੇ ਸਰਵਿਸ ਬਾਂਡ ਦੇ ਨਾਲ-ਨਾਲ ਮਾਪਿਆਂ ਕੋਲੋਂ 20-20 ਲੱਖ ਦੀ1➟ ਅਚੱਲ ਜਾਇਦਾਦ ਦੀ ਗਾਰੰਟੀ ਮੰਗਣ ਦਾ ਫ਼ੈਸਲਾ, ਇੱਕ ਅਜਿਹੀ ਹੀ ਪ੍ਰਸ਼ਾਸਨਿਕ ਤਲਖ਼ੀ ਅਤੇ ਬੇਰੁਖ਼ੀ ਦੀ ਦਾਸਤਾਨ ਹੈ। ਇਹ ਨੀਤੀ ਹੋਣਹਾਰ ਪਰ ਨਿਰਧਨ ਵਿਦਿਆਰਥੀਆਂ ਦੇ ਸੁਪਨਿਆਂ ਦੇ ਹਰੇ-ਭਰੇ ਬਾਗ਼ ਉੱਤੇ ਅਸਮਾਨੀ ਬਿਜਲੀ ਡਿੱਗਣ ਵਾਂਗ ਹੈ, ਜਿਸ ਨੇ ਉਨ੍ਹਾਂ ਦੀਆਂ ਸੱਧਰਾਂ ਨੂੰ ਪਲਾਂ ਵਿੱਚ ਹੀ ਝੁਲਸ ਕੇ ਰੱਖ ਦਿੱਤਾ ਹੈ।

ਸੂਫ਼ੀ ਸੰਤ ਬਾਬਾ ਫ਼ਰੀਦ ਜੀ ਦਾ ਮਹਾਂ-ਵਾਕ ਹੈ: ‘ਫ਼ਰੀਦਾ ਬਾਰਿ ਪਰਾਇਐ ਬੈਸਣਾ ਸਾਂਈ ਮੁਝੇ ਨ ਦੇਹ॥’ ਯਾਨੀ ਕਿਸੇ ਦੂਜੇ ਦੇ ਬੂਹੇ ’ਤੇ ਮੰਗਤਾ ਬਣ ਕੇ ਬਹਿਣ ਨਾਲੋਂ ਮਨੁੱਖ ਦੀ ਹਸਤੀ ਦਾ ਮਿਟ ਜਾਣਾ ਬਿਹਤਰ ਹੈ। ਅਫ਼ਸੋਸ ! ਅੱਜ ਸਾਡੀਆਂ ਲੋਕਤੰਤਰੀ ਸਰਕਾਰਾਂ ਦੀਆਂ ਨੀਤੀਆਂ ਆਪਣੇ ਹੀ ਬੱਚਿਆਂ ਨੂੰ ਉਨ੍ਹਾਂ ਦੀ ਯੋਗਤਾ ਦੇ ਹੱਕ ਲਈ ਸਿਸਟਮ ਦੇ ਬੂਹੇ ’ਤੇ ‘ਮੁਹਤਾਜ’ ਬਣਾ ਰਹੀਆਂ ਹਨ। ਇਹ ਫ਼ੈਸਲਾ ਸਿਰਫ਼ ਇੱਕ ਕਾਗਜ਼ੀ ਸ਼ਰਤ ਨਹੀਂ, ਬਲਕਿ ਗਿਆਨ ਦੀ ਦੇਵੀ ਦੇ ਮੱਥੇ ’ਤੇ ਲਗਾਇਆ ਗਿਆ ਇੱਕ ਆਰਥਿਕ ਤਿਲਕ ਹੈ। ਇੱਕ ਹੋਣਹਾਰ ਵਿਦਿਆਰਥੀ ਰਾਤਾਂ ਦੀ ਨੀਂਦ ਹਰਾਮ ਕਰਕੇ, ਆਪਣੀਆਂ ਅੱਖਾਂ ਵਿੱਚ ਸੁਪਨਿਆਂ ਦੇ ਦੀਵੇ ਬਾਲ ਕੇ ਮੈਡੀਕਲ ਦੀ ਪ੍ਰੀਖਿਆ ਪਾਸ ਕਰਦਾ ਹੈ, ਪਰ ਜਦੋਂ ਉਹ ਸਫ਼ਲਤਾ ਦੀ ਸਿਖਰਲੀ ਪੌੜੀ ’ਤੇ ਪਹੁੰਚ ਕੇ ਦਾਖ਼ਲੇ ਦੀ ਦਹਿਲੀਜ਼ ਨੂੰ ਚੁੰਮਣ ਲੱਗਦਾ ਹੈ, ਤਾਂ ਅਚਾਨਕ ਜਾਇਦਾਦਾਂ ਦੇ ਕਾਗਜ਼ ਮੰਗ ਕੇ ਉਸ ਦੇ ਪੈਰਾਂ ਹੇਠੋਂ ਜ਼ਮੀਨ ਖਿਸਕਾ ਦਿੱਤੀ ਜਾਂਦੀ ਹੈ। ਇਹ ਨੀਤੀ ਸਮਾਜ ਦੇ ਪਛੜੇ, ਹਾਸ਼ੀਏ ’ਤੇ ਧੱਕੇ ਅਤੇ ਮੱਧ ਵਰਗੀ ਪਰਵਾਰਾਂ ਦੀਆਂ ਉਮੀਦਾਂ ’ਤੇ ਪਾਣੀ ਫੇਰਨ ਦਾ ਕੋਝਾ ਯਤਨ ਹੈ। ਇਹ ਤਾਂ ਉਹ ਦਰਦਨਾਕ ਮੰਜ਼ਰ ਹੈ, ਜਿੱਥੇ ‘ਗਰੀਬ ਦੀ ਜਾਨ ਸ਼ਿਕੰਜੇ ਅੰਦਰ’ ਇਸ ਤਰ੍ਹਾਂ ਕੱਸ ਦਿੱਤੀ ਗਈ ਹੋਵੇ, ਜਿੱਥੇ ਹਉਕੇ ਤੋਂ ਬਿਨਾਂ ਕੁਝ ਵੀ ਬਾਹਰ ਨਾ ਨਿਕਲੇ।

ਜੇਕਰ ਇਸ ਸ਼ਰਤ ਦੇ ਅੰਦਰੂਨੀ ਸੱਚ ਨੂੰ ਫ਼ਰੋਲਿਆ ਜਾਵੇ, ਤਾਂ ਸਾਢੇ ਸੱਤ ਸਾਲਾਂ ਲਈ ਕਿਸੇ ਮਾਪੇ ਦੀ ਜਾਇਦਾਦ ਨੂੰ ਬੰਧਕ ਬਣਾ ਲੈਣਾ ਉਸ ਪਰਿਵਾਰ ਦੇ ਜੀਵਨ-ਰੂਪੀ ਬੇੜੀ ਨੂੰ ਇੱਕ ਥਾਂ ’ਤੇ ਲੰਗਰ ਪਾ ਕੇ ਖੜ੍ਹਾ ਕਰ ਦੇਣ ਵਾਂਗ ਹੈ। ਜ਼ਿੰਦਗੀ ਕੋਈ ਸਿੱਧੀ ਸੜਕ ਨਹੀਂ, ਇਹ ਤਾਂ ਇੱਕ ਅਣਪਛਾਤਾ ਸਮੁੰਦਰ ਹੈ, ਜਿੱਥੇ ਕਿਸੇ ਵੇਲੇ ਵੀ ਦੁੱਖਾਂ-ਤਕਲੀਫ਼ਾਂ ਅਤੇ ਮੈਡੀਕਲ ਐਮਰਜੈਂਸੀਆਂ ਦੇ ਤੂਫ਼ਾਨ ਉਠ ਸਕਦੇ ਹਨ। ਅਜਿਹੇ ਔਖੇ ਸਮੇਂ ਪਰਵਾਰਾਂ ਕੋਲੋਂ ਉਨ੍ਹਾਂ ਦੀ ਜ਼ਮੀਨ-ਜਾਇਦਾਦ ਦੀ ਵਰਤੋਂ ਕਰਨ ਦਾ ਹੱਕ ਖੋਹ ਲੈਣਾ ਨਿਰਦਈਪੁਣੇ ਦੀ ਸਿਖਰ ਹੈ। ਸਾਨੂੰ ਸ਼ਾਇਰ-ਏ-ਆਜ਼ਮ ਸੁਰਜੀਤ ਪਾਤਰ ਦੀਆਂ ਉਹ ਸਤਰਾਂ ਯਾਦ ਆਉਂਦੀਆਂ ਹਨ, ਜੋ ਸਾਨੂੰ ਆਸ ਦੀ ਕਿਰਨ ਦਿੰਦੀਆਂ ਸਨ: ‘ਜੇ ਆਈਆਂ ਪੱਤਝੜਾਂ ਤਾਂ ਫਿਰ ਕੀ ਹੈ, ਤੂੰ ਅਗਲੇ ਵਰ੍ਹੇ ਫਿਰ ਗੁਲਾਬ ਹੋਣਾ।’ —ਪਰ ਸਵਾਲ ਇਹ ਪੈਦਾ ਹੁੰਦਾ ਹੈ ਕਿ ਜੇਕਰ ਰਾਜ ਦਾ ਪ੍ਰਸ਼ਾਸਨ ਹੀ ਨੌਜਵਾਨਾਂ ਦੀਆਂ ਜੜ੍ਹਾਂ ਵਿੱਚ ਤੇਜ਼ਾਬੀ ਨੀਤੀਆਂ ਦਾ ਤੇਲ ਦੇਣ ਲੱਗ ਜਾਵੇ, ਤਾਂ ਕੋਈ ਗੁਲਾਬ ਕਿਵੇਂ ਖਿੜੇਗਾ ਅਤੇ ਕਿਵੇਂ ਇਸ ਧਰਤੀ ਨੂੰ ਮਹਿਕਾਏਗਾ ? ਇਹ ਨੀਤੀਆਂ ਸੁਪਨਿਆਂ ਦੇ ਪ੍ਰਭਾਤ ਹੋਣ ਤੋਂ ਪਹਿਲਾਂ ਹੀ ਉਨ੍ਹਾਂ ਦਾ ਗਲਾ ਘੁਟਣ ਦੇ ਬਰਾਬਰ ਹਨ ।

ਸਰਕਾਰ ਦਾ ਇਹ ਦਾਅਵਾ ਹੋ ਸਕਦਾ ਹੈ ਕਿ ਇਹ ਕਦਮ ਸਰਕਾਰੀ ਹਸਪਤਾਲਾਂ ਦੇ ਉਜਾੜੇ ਨੂੰ ਰੋਕਣ ਅਤੇ ਲੋਕਾਂ ਤੱਕ ਸਿਹਤ ਸੇਵਾਵਾਂ ਪਹੁੰਚਾਉਣ ਲਈ ਚੁੱਕਿਆ ਗਿਆ ਹੈ, ਪਰ ਸੇਵਾ, ਤਿਆਗ ਅਤੇ ਮਾਨਵਤਾ ਦਾ ਜਜ਼ਬਾ ਕਦੇ ਵੀ ਡਰ ਦੇ ਸਾਇਆਂ, ਕਾਨੂੰਨੀ ਹੱਥਕੜੀਆਂ ਜਾਂ ਜਾਇਦਾਦਾਂ ਨੂੰ ਨੱਥ ਪਾ ਕੇ ਪੈਦਾ ਨਹੀਂ ਕੀਤਾ ਜਾ ਸਕਦਾ। ਇਹ ਤਾਂ ਉਹੀ ਗੱਲ ਹੋਈ ਕਿ ‘ਕੰਧਾਂ ਚੱਟ ਕੇ ਢਿੱਡ ਭਰਨ’ ਦੇ ਆਹਰ ਵਿੱਚ ਅਸੀਂ ਆਪਣੇ ਭਵਿੱਖ ਦੇ ਨਿਰਮਾਤਾਵਾਂ ਨੂੰ ਹੀ ਮਾਨਸਿਕ ਤੌਰ ’ਤੇ ਅਪਾਹਜ ਕਰ ਰਹੇ ਹਾਂ। ਜੇਕਰ ਸੂਬੇ ਦੇ ਸਿਹਤ ਢਾਂਚੇ ਨੂੰ ਸੁਰਜੀਤ ਕਰਨਾ ਹੈ, ਤਾਂ ਡਾਕਟਰਾਂ ਨੂੰ ਡਰਾ ਕੇ ਨਹੀਂ, ਬਲਕਿ ਉਨ੍ਹਾਂ ਨੂੰ ਸਤਿਕਾਰਤ ਮਾਹੌਲ, ਆਧੁਨਿਕ ਸਹੂਲਤਾਂ ਅਤੇ ਸਨਮਾਨਜਨਕ ਰੁਜ਼ਗਾਰ ਦੇ ਕੇ ਸੇਵਾ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਜਦੋਂ ਪ੍ਰਬੰਧ ਸੁਧਾਰਾਂ ਦਾ ਮੁਖੌਟਾ ਪਹਿਨ ਕੇ ਜ਼ੋਰ-ਜ਼ਬਰਦਸਤੀ ਦੇ ਰਾਹ ਤੁਰਦਾ ਹੈ, ਤਾਂ ਨੌਜਵਾਨੀ ਦੇ ਮਨਾਂ ਵਿੱਚ ਦੇਸ਼ ਪ੍ਰਤੀ ਮੋਹ ਭੰਗ ਹੁੰਦਾ ਹੈ ਅਤੇ ਉਹ ਹਿਜਰਤ ਦੇ ਰਾਹ ਪੈ ਜਾਂਦੇ ਹਨ।

ਜੇਕਰ ਅਸੀਂ ਇੱਕ ਅਜਿਹੇ ਸਮਾਜ ਦੀ ਕਲਪਨਾ ਕਰਨੀ ਹੈ ਜਿੱਥੇ ਹਰ ਕਿਸੇ ਨੂੰ ਬਰਾਬਰ ਦਾ ਨਿਆਂ ਮਿਲੇ, ਤਾਂ ਸਰਕਾਰ ਨੂੰ ਇਸ ਘਾਤਕ ਫ਼ੈਸਲੇ ਨੂੰ ਤੁਰੰਤ ਵਾਪਸ ਲੈਣਾ ਹੋਵੇਗਾ । ਹੋਣਹਾਰ ਪਰਿੰਦਿਆਂ ਦੀਆਂ ਉਡਾਣਾਂ ਨੂੰ ਆਰਥਿਕਤਾ ਦੇ ਪਿੰਜਰਿਆਂ ਵਿੱਚ ਕੈਦ ਕਰਨ ਦੀ ਬਜਾਏ, ਉਨ੍ਹਾਂ ਨੂੰ ਉਮੀਦਾਂ ਦਾ ਖੁੱਲ੍ਹਾ ਅਸਮਾਨ ਦੇਣਾ ਹੀ ਅਜੋਕੇ ਦੌਰ ਦਾ ਸਭ ਤੋਂ ਵੱਡਾ ਸੱਚ ਹੈ, ਤਾਂ ਜੋ ਕਿਸੇ ਵੀ ਗਰੀਬ ਦੇ ਘਰ ਦਾ ਰੌਸ਼ਨ ਚਿਰਾਗ ਯੋਗਤਾ ਦੀ ਲਾਟ ਹੁੰਦਿਆਂ ਹੋਇਆਂ ਵੀ ਪੈਸੇ ਦੀ ਕਮੀ ਕਾਰਨ ਬੁਝਣ ਲਈ ਮਜਬੂਰ ਨਾ ਹੋਵੇ।

**ਸੰਪਰਕ** : 84272-33744

# ਸੋਸ਼ਲ ਮੀਡੀਆ ਦੋਸਤ ਬਨਾਮ ਇਕੱਲਤਾ

ਨਰਿੰਦਰ ਪਾਲ ਸਿੰਘ ਗਿੱਲ

ਮਾਨਵਤਾ ਦੇ ਇਤਿਹਾਸ ਵਿੱਚ ਅਸੀਂ ਇੱਕ ਅਜਿਹੇ ਅਜੀਬ ਅਤੇ ਦੁਬਿਧਾਪੂਰਨ ਮੋੜ ’ਤੇ ਖੜ੍ਹੇ ਹਾਂ, ਜਿੱਥੇ ਮਨੁੱਖ ਸਮਾਰਟ ਫੋਨ ਦੀ ਇੱਕ ਛੋਹ ਨਾਲ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਬੈਠੇ ਵਿਅਕਤੀ ਨਾਲ ਜੁੜ ਸਕਦਾ ਹੈ, ਪਰ ਤ੍ਰਾਸਦੀ ਇਹ ਹੈ ਕਿ ਅੱਜ ਦਾ ਇਨਸਾਨ ਇਤਿਹਾਸ ਦੇ ਕਿਸੇ ਵੀ ਹੋਰ ਦੌਰ ਨਾਲੋਂ ਜ਼ਿਆਦਾ ਮਾਨਸਿਕ ਤੌਰ ’ਤੇ ਇਕੱਲਾ, ਉਦਾਸ ਅਤੇ ਅਲੱਗ-ਥਲੱਗ ਮਹਿਸੂਸ ਕਰ ਰਿਹਾ ਹੈ। ਸਾਡੀਆਂ ਜੇਬਾਂ ਵਿੱਚ ਪਏ ਛੋਟੇ-ਛੋਟੇ ਡਿਜੀਟਲ ਯੰਤਰਾਂ ਨੇ ਸਾਨੂੰ ਪੂਰੀ ਦੁਨੀਆ ਨਾਲ ਜੋੜਨ ਦਾ ਦਾਅਵਾ ਤਾਂ ਕੀਤਾ ਸੀ, ਪਰ ਇਸ ਵਰਚੂਅਲ ਚਮਕ-ਧਮਕ ਨੇ ਸਾਨੂੰ ਸਾਡੇ ਆਪਣੇ ਆਪ ਤੋਂ, ਸਾਡੇ ਪਰਵਾਰਾਂ ਤੋਂ ਅਤੇ ਸਾਡੇ ਅਸਲੀ ਦੋਸਤਾਂ ਤੋਂ ਬਹੁਤ ਦੂਰ ਕਰ ਦਿੱਤਾ ਹੈ।

ਫੇਸਬੁਕ, ਇੰਸਟਾਗ੍ਰਾਮ, ਵਟਸਐਪ, ਐਕਸ (ਟਵਿੱਟਰ) ਅਤੇ ਸਨੈਪਚੈਟ ਵਰਗੇ ਸੋਸ਼ਲ ਮੀਡੀਆ ਪਲੇਟਫਾਰਮਾਂ ’ਤੇ ਹਰ ਵਿਅਕਤੀ ਦੀਆਂ ਪ੍ਰੋਫਾਈਲਾਂ ’ਤੇ ਸੈਂਕੜੇ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ‘ਫ੍ਰੈਂਡਜ਼’ ਅਤੇ ‘ਫਾਲੋਅਰਜ਼’ ਦੀ ਭੀੜ ਦਿਖਾਈ ਦਿੰਦੀ ਹੈ, ਪਰ ਜਦੋਂ ਜ਼ਿੰਦਗੀ ਵਿੱਚ ਕੋਈ ਅਸਲ ਸੰਕਟ ਆਉਂਦਾ ਹੈ, ਜਦੋਂ ਮਨ ਦੀ ਉਦਾਸੀ ਨੂੰ ਵੰਡਾਉਣ ਲਈ ਕਿਸੇ ਦੀ ਲੋੜ ਹੁੰਦੀ ਹੈ ਜਾਂ ਜਦੋਂ ਅੱਖਾਂ ਵਿੱਚੋਂ ਹੰਝੂ ਕੇਵਲ ਇੱਕ ਹਮਦਰਦ ਛੂਹ ਮੰਗਦੇ ਹਨ, ਤਾਂ ਇਹ ਹਜ਼ਾਰਾਂ ਦੀ ਭੀੜ ਅਚਾਨਕ ਅਦ੍ਰਿਸ਼ਟ ਹੋ ਜਾਂਦੀ ਹੈ। ਅਜੋਕੇ ਯੁੱਗ ਦਾ ਸਭ ਤੋਂ ਵੱਡਾ ਸੱਚ ਇਹੋ ਹੈ ‘ਸਕ੍ਰੀਨਾਂ ’ਤੇ ਦੋਸਤਾਂ ਦੀ ਭੀੜ ਹੈ, ਪਰ ਹਕੀਕਤ ਵਿੱਚ ਮਨੁੱਖ ਅੰਦਰੋਂ ਬਿਲਕੁਲ ਇਕੱਲਾ ਹੈ।’

**ਆਭਾਸੀ (Virtual) ਰਿਸ਼ਤੇ ਅਤੇ ਦਿਖਾਵੇ ਦਾ ਜਾਲ:** ਸੋਸ਼ਲ ਮੀਡੀਆ ਨੇ ਰਿਸ਼ਤਿਆਂ ਦੀ ਪਰਿਭਾਸ਼ਾ ਨੂੰ ਹੀ ਬਦਲ ਕੇ ਰੱਖ ਦਿੱਤਾ ਹੈ। ਪ੍ਰਾਚੀਨ ਅਤੇ ਪਾਰੰਪਰਿਕ ਸਮੇਂ ਵਿੱਚ ਦੋਸਤੀ ਆਪਸੀ ਮੇਲ-ਜੋਲ, ਸਾਂਝੇ ਅਨੁਭਵਾਂ, ਤਿਆਗ ਅਤੇ ਔਖੇ ਸਮੇਂ ਵਿੱਚ ਇੱਕ-ਦੂਜੇ ਦੇ ਨਾਲ ਖੜ੍ਹਨ ਦੀ ਭਾਵਨਾ ’ਤੇ ਆਧਾਰਤ ਹੁੰਦੀ ਸੀ, ਪਰ ਡਿਜੀਟਲ ਦੌਰ ਵਿੱਚ ਦੋਸਤੀ ਦਾ ਮਾਪਦੰਡ ਕੇਵਲ ‘ਲਾਈਕ’, ‘ਕਮੈਂਟ’, ‘ਸ਼ੇਅਰ’ ਅਤੇ ‘ਸਟ੍ਰੀਕਸ’ ਤੱਕ ਸੀਮਤ ਹੋ ਕੇ ਰਹਿ ਗਿਆ ਹੈ।ਅੱਜ ਅਸੀਂ ਇੱਕ ਅਜਿਹੇ ‘ਦਿਖਾਵੇ ਦੇ ਕਲਚਰ’ ਵਿੱਚ ਜਿਉ ਰਹੇ ਹਾਂ, ਜਿੱਥੇ ਹਰ ਕੋਈ ਆਪਣੀ ਜ਼ਿੰਦਗੀ ਦੇ ਕੇਵਲ ਸੁੰਦਰ, ਸਫ਼ਲ ਅਤੇ ਖ਼ੁਸ਼ਹਾਲ ਪਲਾਂ ਨੂੰ ਹੀ ਪੋਸਟ ਕਰਦਾ ਹੈ। ਨਵੇਂ ਕੱਪੜੇ, ਮਹਿੰਗੇ ਹੋਟਲਾਂ ਦਾ ਖਾਣਾ, ਦੇਸ਼-ਵਿਦੇਸ਼ ਦੀਆਂ ਸੈਰਾਂ ਅਤੇ ਬਣਾਵਟੀ ਹਾਸੇ—ਇਹ ਸਭ ਸੋਸ਼ਲ ਮੀਡੀਆ ਦੀਆਂ ਦੀਵਾਰਾਂ ’ਤੇ ਸਜਾਏ ਜਾਂਦੇ ਹਨ। ਪਰ ਕੋਈ ਵੀ ਵਿਅਕਤੀ ਆਪਣਾ ਮਾਨਸਿਕ ਤਣਾਅ ਪੋਸਟ ਨਹੀਂ ਕਰਦਾ। ਇਸ ਨਕਲੀ ਅਤੇ ਮੁਸਕਰਾਉਂਦੇ ਹੋਏ ਦਿਖਾਵੇ ਦੇ ਪਿੱਛੇ ਹਰ ਵਿਅਕਤੀ ਅੰਦਰੋਂ ਟੁੱਟ ਰਿਹਾ ਹੈ। ਅਸੀਂ ਦੂਜਿਆਂ ਦੀਆਂ ਨਕਲੀ ਖ਼ੁਸ਼ੀਆਂ ਦੀ ਤੁਲਨਾ ਆਪਣੀ ਅਸਲੀ ਜ਼ਿੰਦਗੀ ਦੇ ਦੁੱਖਾਂ ਨਾਲ ਕਰਨ ਲੱਗ ਪੈਂਦੇ ਹਾਂ, ਜਿਸ ਨਾਲ ਹੀਣ ਭਾਵਨਾ ਅਤੇ ਇਕੱਲੇਪਣ ਦੀ ਭਾਵਨਾ ਹੋਰ ਡੂੰਘੀ ਹੋ ਜਾਂਦੀ ਹੈ।

**ਸੰਚਾਰ ਦੀ ਕ੍ਰਾਂਤੀ, ਪਰ ਸੰਵਾਦ ਦਾ ਅੰਤ:** ਤਕਨਾਲੋਜੀ ਨੇ ‘ਕਮਿਊਨੀਕੇਸ਼ਨ’ (ਸੰਚਾਰ) ਨੂੰ ਬਹੁਤ ਤੇਜ਼ ਕਰ ਦਿੱਤਾ ਹੈ, ਪਰ ‘ਡਾਇਲਾਗ’ (ਸੱਚਾ ਆਪਸੀ ਸੰਵਾਦ) ਖ਼ਤਮ ਕਰ ਦਿੱਤਾ ਹੈ। ਅਸੀਂ ਦਿਨ ਵਿੱਚ ਸੈਂਕੜੇ ਮੈਸੇਜ ਭੇਜਦੇ ਹਾਂ, ਈਮੋਜੀ ਰਾਹੀਂ ਆਪਣੀਆਂ ਭਾਵਨਾਵਾਂ ਨੂੰ ਜ਼ਾਹਰ ਕਰਨ ਦਾ ਅਭਿਨੈ ਕਰਦੇ ਹਾਂ। ਦਿਲ ਵਾਲਾ ਈਮੋਜੀ ਭੇਜ ਕੇ ਅਸੀਂ ਇਹ ਜਤਾਉਂਦੇ ਹਾਂ ਕਿ ਅਸੀਂ ਬਹੁਤ ਪਿਆਰ ਕਰਦੇ ਹਾਂ ਅਤੇ ਹੱਸਣ ਵਾਲਾ ਈਮੋਜੀ ਭੇਜ ਕੇ ਅਸੀਂ ਆਪਣੀ ਖ਼ੁਸ਼ੀ ਦਾ ਦਾਅਵਾ ਕਰਦੇ ਹਾਂ, ਪਰ ਕੀ ਅਸਲ ਵਿੱਚ ਉਹ ਭਾਵਨਾ ਸਾਡੇ ਮਨ ਅੰਦਰ ਹੁੰਦੀ ਹੈ ?ਕਿਸੇ ਵਿਅਕਤੀ ਨਾਲ਼ ਆਹਮੋ-ਸਾਹਮਣੇ ਬੈਠ ਕੇ ਉਸ ਦੀਆਂ ਅੱਖਾਂ ਵਿੱਚ ਦੇਖਣਾ, ਉਸ ਦੀ ਆਵਾਜ਼ ਦੀ ਕੰਬਣੀ ਨੂੰ ਮਹਿਸੂਸ ਕਰਨਾ ਅਤੇ ਉਸ ਦੇ ਮੋਢੇ ’ਤੇ ਹੱਥ ਰੱਖਣਾ, ਇਹ ਉਹ ਮਾਨਵੀ ਛੂਹਾਂ ਹਨ, ਜੋ ਡਿਜੀਟਲ ਟੈਕਸਟ ਮੈਸੇਜ ਕਦੇ ਵੀ ਨਹੀਂ ਦੇ ਸਕਦੇ।

**ਮਨੋਵਿਗਿਆਨਕ ਪ੍ਰਭਾਵ:** ਇਕੱਲਾਪਣ ਅਤੇ ‘ਫੋਮੋ’ ਮਨੋਵਿਗਿਆਨਕ ਖੋਜਾਂ ਦਰਸਾਉਂਦੀਆਂ ਹਨ ਕਿ ਸੋਸ਼ਲ ਮੀਡੀਆ ਦੀ ਵਧੇਰੇ ਵਰਤੋਂ ਅਤੇ ਮਾਨਸਿਕ ਬਿਮਾਰੀਆਂ ਵਿਚਕਾਰ ਇੱਕ ਡੂੰਘਾ ਸੰਬੰਧ ਹੈ। 'FOMO' (Fear of Missing Out) ਯਾਨੀ ‘ਕੁਝ ਛੁੱਟ ਜਾਣ ਦਾ ਡਰ’ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਅੰਦਰੋਂ-ਅੰਦਰ ਖਾ ਰਿਹਾ ਹੈ। ਜਦੋਂ ਕੋਈ ਵਿਅਕਤੀ ਸੋਸ਼ਲ ਮੀਡੀਆ ’ਤੇ ਦੂਜਿਆਂ ਨੂੰ ਪਾਰਟੀਆਂ ਕਰਦੇ, ਘੁੰਮਦੇ ਜਾਂ ਖ਼ੁਸ਼ੀਆਂ ਮਨਾਉਂਦੇ ਦੇਖਦਾ ਹੈ, ਤਾਂ ਉਸ ਨੂੰ ਲੱਗਦਾ ਹੈ ਕਿ ਕੇਵਲ ਉਹੀ ਇੱਕ ਅਜਿਹਾ ਅਭਾਗਾ ਹੈ, ਜੋ ਇਕੱਲਾ ਹੈ ਅਤੇ ਉਸ ਦੀ ਜ਼ਿੰਦਗੀ ਬੋਰਿੰਗ ਹੈ।

ਇਸ ਤੋਂ ਇਲਾਵਾ ਸੋਸ਼ਲ ਮੀਡੀਆ ਪਲੇਟਫਾਰਮਾਂ ’ਤੇ ਮਿਲਣ ਵਾਲੇ ‘ਲਾਈਕਸ’ ਅਤੇ ‘ਵਿਊਜ਼’ ਸਾਡੇ ਦਿਮਾਗ ਵਿੱਚ ‘ਡੋਪਾਮਾਈਨ’ ਨਾਮਕ ਰਸਾਇਣ ਛੱਡਦੇ ਹਨ, ਜੋ ਸਾਨੂੰ ਅਸਥਾਈ ਖ਼ੁਸ਼ੀ ਅਤੇ ਨਸ਼ਾ ਦਿੰਦਾ ਹੈ, ਪਰ ਜਦੋਂ ਕਿਸੇ ਪੋਸਟ ’ਤੇ ਮਨਪਸੰਦ ‘ਲਾਈਕਸ’ ਨਹੀਂ ਮਿਲਦੇ, ਤਾਂ ਵਿਅਕਤੀ ਮਾਨਸਿਕ ਤੌਰ ’ਤੇ ਉਦਾਸ ਅਤੇ ਨਿਰਾਸ਼ ਹੋ ਜਾਂਦਾ ਹੈ। ਅਸੀਂ ਆਪਣੀ ਆਤਮ-ਮਾਨਤਾ ਦਾ ਫੈਸਲਾ ਅਜਿਹੇ ਲੋਕਾਂ ਦੇ ਅੰਗੂਠੇ ਦੀਆਂ ਛੂਹਾਂ (ਲਾਈਕਸ) ’ਤੇ ਛੱਡ ਦਿੱਤਾ ਹੈ, ਜਿਨ੍ਹਾਂ ਨੂੰ ਅਸੀਂ ਸ਼ਾਇਦ ਅਸਲ ਜ਼ਿੰਦਗੀ ਵਿੱਚ ਜਾਣਦੇ ਵੀ ਨਹੀਂ। ਇਹ ਨਿਰਭਰਤਾ ਇਨਸਾਨ ਨੂੰ ਮਾਨਸਿਕ ਤੌਰ ’ਤੇ ਬੇਹੱਦ ਕਮਜ਼ੋਰ ਅਤੇ ਇਕੱਲਾ ਬਣਾ ਦਿੰਦੀ ਹੈ।

**ਅਸਲ ਦੋਸਤ ਦੀ ਗੈਰ-ਹਾਜ਼ਰੀ ਤੇ ਸਮਾਜਿਕ ਤਾਣਾ-ਬਾਣਾ:** ਸੱਚੀ ਦੋਸਤੀ ਇੱਕ ਅਜਿਹਾ ਰਿਸ਼ਤਾ ਹੈ, ਜੋ ਮਨੁੱਖ ਨੂੰ ਕਿਸੇ ਵੀ ਪਰਖ ਤੋਂ ਬਿਨਾਂ ਇੱਕ ‘ਸੁਰੱਖਿਅਤ ਘੇਰਾ’ ਦਿੰਦੀ ਹੈ। ਇੱਕ ਅਸਲੀ ਦੋਸਤ ਸਾਡੀਆਂ ਕਮਜ਼ੋਰੀਆਂ ਨੂੰ ਜਾਣਦੇ ਹੋਏ ਵੀ ਸਾਨੂੰ ਸਵੀਕਾਰ ਕਰਦਾ ਹੈ, ਪਰ ਸੋਸ਼ਲ ਮੀਡੀਆ ’ਤੇ ਦੋਸਤੀ ‘ਫਿਲਟਰਡ’ ਹੁੰਦੀ ਹੈ। ਉੱਥੇ ਅਸੀਂ ਕੇਵਲ ਆਪਣਾ ਚੰਗਾ ਪੱਖ ਹੀ ਦਿਖਾ ਸਕਦੇ ਹਾਂ, ਕਮਜ਼ੋਰੀ ਦਿਖਾਉਣ ’ਤੇ ਟ੍ਰੋਲ ਹੋਣ ਦਾ ਡਰ ਬਣਿਆ ਰਹਿੰਦਾ ਹੈ।

**ਮਾਨਸਿਕ ਸਿਹਤ ’ਤੇ ਪੈ ਰਿਹਾ ਗੰਭੀਰ ਅਸਰ:** ਅੱਜ ਇਕੱਲਾਪਣ ਇੱਕ ਮਹਾਂਮਾਰੀ ਦਾ ਰੂਪ ਧਾਰਨ ਕਰ ਚੁੱਕਾ ਹੈ। ਇਹ ਕੇਵਲ ਮਾਨਸਿਕ ਸਮੱਸਿਆ ਹੀ ਨਹੀਂ, ਸਗੋਂ ਸਰੀਰਕ ਬੀਮਾਰੀਆਂ ਜਿਵੇਂ ਬਲੱਡ ਪ੍ਰੈਸ਼ਰ, ਦਿਲ ਦੇ ਰੋਗ, ਅਨੀਂਦਰਾ ਅਤੇ ਇਮਿਊਨਿਟੀ ਦੀ ਕਮੀ ਦਾ ਕਾਰਨ ਵੀ ਬਣ ਰਿਹਾ ਹੈ।

ਜਦੋਂ ਇਨਸਾਨ ਆਪਣੇ ਆਪ ਨੂੰ ਇਕੱਲਾ ਮਹਿਸੂਸ ਕਰਦਾ ਹੈ, ਤਾਂ ਉਸ ਅੰਦਰ ਨਕਾਰਾਤਮਕ ਵਿਚਾਰ ਘਰ ਕਰ ਜਾਂਦੇ ਹਨ। ਉਹ ਆਪਣੇ ਆਪ ਨੂੰ ਨਿਕੰਮਾ ਅਤੇ ਬੇਕਾਰ ਸਮਝਣ ਲੱਗਦਾ ਹੈ। ਬੱਚਿਆਂ ਅਤੇ ਨੌਜਵਾਨਾਂ ਵਿੱਚ ਵਧ ਰਿਹਾ ਗੁੱਸਾ, ਚਿੜਚਿੜਾਪਨ ਅਤੇ ਖੁਦਕੁਸ਼ੀਆਂ ਦੀਆਂ ਵਧ ਰਹੀਆਂ ਘਟਨਾਵਾਂ ਦੇ ਪਿੱਛੇ ਵੀ ਇਹੋ ਅਦ੍ਰਿਸ਼ਟ ਇਕੱਲਾਪਣ ਇੱਕ ਵੱਡਾ ਕਾਰਨ ਹੈ। ਅਸੀਂ ਭੀੜ ਦੇ ਵਿਚਕਾਰ ਖੜ੍ਹੇ ਹੋ ਕੇ ਵੀ ਇਕੱਲੇ ਹਾਂ, ਕਿਉਂਕਿ ਸਾਡੇ ਆਲੇ-ਦੁਆਲੇ ਲੋਕ ਤਾਂ ਹਨ, ਪਰ ਭਾਵਨਾਤਮਕ ਸਾਂਝ ਗਾਇਬ ਹੈ।

**ਸੰਤੁਲਨ ਅਤੇ ਸੁਧਾਰ ਦੀ ਲੋੜ:** ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਸੋਸ਼ਲ ਮੀਡੀਆ ਤੋਂ ਪੂਰੀ ਤਰ੍ਹਾਂ ਮੁੱਖ ਮੋੜਨਾ ਸੰਭਵ ਨਹੀਂ ਅਤੇ ਨਾ ਹੀ ਇਹ ਇਸ ਦਾ ਹੱਲ ਹੈ। ਤਕਨਾਲੋਜੀ ਇੱਕ ਸਾਧਨ ਹੈ, ਪਰ ਸਮੱਸਿਆ ਤਦ ਪੈਦਾ ਹੁੰਦੀ ਹੈ, ਜਦੋਂ ਸਾਧਨ ਹੀ ਸਾਡਾ ਮਾਲਕ ਬਣ ਜਾਂਦਾ ਹੈ। ਇਸ ਡਿਜੀਟਲ ਦੁਖਾਂਤ ਤੋਂ ਬਚਣ ਲਈ ਸਾਨੂੰ ਆਪਣੀ ਜੀਵਨ ਸ਼ੈਲੀ ਵਿੱਚ ਕੁਝ ਸੰਤੁਲਨ ਅਤੇ ਤਬਦੀਲੀਆਂ ਲਿਆਉਣ ਦੀ ਸਖ਼ਤ ਲੋੜ ਹੈ:

**ਡਿਜੀਟਲ ਡੀਟੌਕਸ ਅਪਣਾਓ:** ਦਿਨ ਵਿੱਚ ਕੋਈ ਇੱਕ ਜਾਂ ਦੋ ਘੰਟੇ ਅਜਿਹੇ ਨਿਸਚਿਤ ਕਰੋ, ਜਦੋਂ ਤੁਸੀਂ ਫੋਨ ਤੋਂ ਪੂਰੀ ਤਰ੍ਹਾਂ ਦੂਰ ਰਹੋ। ਖਾਸ ਕਰਕੇ ਰਾਤ ਨੂੰ ਸੌਣ ਤੋਂ ਪਹਿਲਾਂ ਅਤੇ ਸਵੇਰੇ ਉੱਠਣ ਤੋਂ ਬਾਅਦ ਸਕ੍ਰੀਨ ਤੋਂ ਦੂਰੀ ਬਣਾਓ।

**ਅਸਲੀ ਰਿਸ਼ਤਿਆਂ ਵਿੱਚ ਨਿਵੇਸ਼ ਕਰੋ:** ਸੋਸ਼ਲ ਮੀਡੀਆ ’ਤੇ ਚੈਟ ਕਰਨ ਦੀ ਬਜਾਏ ਦੋਸਤਾਂ ਅਤੇ ਪਰਿਵਾਰਕ ਮੈਂਬਰਾਂ ਨਾਲ਼ ਆਹਮੋ-ਸਾਹਮਣੇ ਮਿਲਣ ਦੀ ਆਦਤ ਪਾਓ। ਕਿਸੇ ਪੁਰਾਣੇ ਦੋਸਤ ਨੂੰ ਫੋਨ ਕਰਕੇ ਉਸ ਦਾ ਹਾਲ-ਚਾਲ ਪੁੱਛੋ ਅਤੇ ਉਸ ਨਾਲ਼ ਸਮਾਂ ਬਿਤਾਓ।ਅੱਖਾਂ ਮੀਚ ਕੇ ਭਰੋਸਾ ਕਰ ਸਕੋ।ਸਕ੍ਰੀਨ ਦੀ ਦੁਨੀਆ ਤੋਂ ਬਾਹਰ ਨਿਕਲ ਕੇ ਸੈਰ ਕਰਨ ਦੀ ਆਦਤ ਪਾਓ, ਖੇਡਾਂ ਵਿੱਚ ਭਾਗ ਲਵੋ, ਕਿਤਾਬਾਂ ਪੜ੍ਹੋ ਜਾਂ ਕਿਸੇ ਸਮਾਜ ਸੇਵੀ ਕਾਰਜ ਵਿੱਚ ਹਿੱਸਾ ਲਵੋ। ਇਹ ਗਤੀਵਿਧੀਆਂ ਇਨਸਾਨ ਨੂੰ ਕੁਦਰਤੀ ਤੌਰ @ਤੇ ਮਾਨਸਿਕ ਸਕੂਨ ਦਿੰਦੀਆਂ ਹਨ।

**ਪਰਵਾਰਕ ਸਮਾਂ ਨਿਸ਼ਚਿਤ ਕਰੋ:** ਘਰ ਵਿੱਚ ਖਾਣਾ ਖਾਂਦੇ ਸਮੇਂ ਫੋਨ ਦੀ ਵਰਤੋਂ ’ਤੇ ਪਾਬੰਦੀ ਹੋਣੀ ਚਾਹੀਦੀ ਹੈ। ਪਰਿਵਾਰ ਦੇ ਸਾਰੇ ਜੀਆਂ ਨੂੰ ਆਪਸ ਵਿੱਚ ਬੈਠ ਕੇ ਆਪਣੇ ਦਿਨ ਭਰ ਦੇ ਅਨੁਭਵ ਸਾਂਝੇ ਕਰਨੇ ਚਾਹੀਦੇ ਹਨ।

ਜ਼ਿੰਦਗੀ ਦਾ ਅਸਲ ਰੰਗ ਸਕ੍ਰੀਨ ਦੇ ਪਿਕਸਲਾਂ ਵਿੱਚ ਨਹੀਂ, ਸਗੋਂ ਸਾਹਮਣੇ ਬੈਠੇ ਇਨਸਾਨ ਦੀਆਂ ਅੱਖਾਂ ਵਿੱਚ ਹੁੰਦਾ ਹੈ। ਸਾਨੂੰ ਇਹ ਸਮਝਣਾ ਪਵੇਗਾ ਕਿ ਮਨੁੱਖੀ ਭਾਵਨਾਵਾਂ ਡਿਜੀਟਲ ਨਹੀਂ, ਸਗੋਂ ਰੂਹਾਨੀ ਹੁੰਦੀਆਂ ਹਨ। ਜੇਕਰ ਅਸੀਂ ਅਜੇ ਵੀ ਨਾ ਸੰਭਲੇ, ਤਾਂ ਅਸੀਂ ਅਜਿਹੀ ਭੀੜ ਦਾ ਹਿੱਸਾ ਬਣ ਕੇ ਰਹਿ ਜਾਵਾਂਗੇ, ਜਿੱਥੇ ਹਰ ਕੋਈ ਬੋਲ ਤਾਂ ਰਿਹਾ ਹੋਵੇਗਾ, ਪਰ ਸੁਣਨ ਵਾਲਾ ਕੋਈ ਨਹੀਂ ਹੋਵੇਗਾ। ਫੋਨਾਂ ਦੀਆਂ ਸਕ੍ਰੀਨਾਂ ਨੂੰ ਥੋੜ੍ਹਾ ਸਮਾਂ ਆਰਾਮ ਦੇਣ ਅਤੇ ਆਪਣੇ ਆਲੇ-ਦੁਆਲੇ ਬੈਠੇ ਅਸਲੀ ਇਨਸਾਨਾਂ ਦਾ ਹੱਥ ਫੜ ਕੇ ਜ਼ਿੰਦਗੀ ਦੇ ਅਸਲ ਰੰਗਾਂ ਨੂੰ ਮਾਣਨ ਦੀ ਲੋੜ ਹੈ , ਤਾਂ ਜੋ ਅਸੀਂ ਭੀੜ ਵਿੱਚ ਹੁੰਦੇ ਹੋਏ ਵੀ ਇਕੱਲੇਪਣ ਦੇ ਇਸ ਦੁਖਾਂਤ ਤੋਂ ਮੁਕਤ ਹੋ ਸਕੀਏ।

**# ਸੰਪਰਕ** : 98768-05158

# ਬਿਜਲੀ ਸਪਲਾਈ ਦੇ ਮਾੜੇ ਪ੍ਰਬੰਧਾਂ ਖ਼ਿਲਾਫ਼ ਕਿਸਾਨ ਯੂਨੀਅਨ ਲੱਖੋਵਾਲ ਨੇ ਕੀਤਾ ਮੋਗਾ ਗਰਿੱਡ ਦਾ ਘਿਰਾਓ



**ਮੋਗਾ (ਇਕਬਾਲ ਸਿੰਘ ਖਹਿਰਾ)**-ਖੇਤੀ ਸੈਕਟਰ ਲਈ ਬਿਜਲੀ ਸਪਲਾਈ ਦੇ ਮਾੜੇ ਪ੍ਰਬੰਧਾਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਵੀਰਵਾਰ ਨੂੰ ਮੋਗਾ ਦੇ 132 ਕੇ ਵੀ ਗਰਿੱਡ ਅੱਗੇ ਰੋਸ ਪ੍ਰਦਰਸ਼ਨ ਕਰਦਿਆਂ ਬਿਜਲੀ ਬੋਰਡ ਮੋਗਾ ਐਕਸੀਅਨ ਦਾ ਘਿਰਾਓ ਕਰਕੇ ਧਰਨਾ ਦਿੱਤਾ ਗਿਆ।ਇਹ ਪ੍ਰਦਰਸ਼ਨ ਬੀ.ਕੇ.ਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਦੀ ਅਗਵਾਈ ਹੇਠ 11 ਤੋਂ 1 ਵਜੇ ਤੱਕ ਦਿੱਤਾ ਗਿਆ।ਇਸ ਧਰਨੇ ਦੌਰਾਨ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਵੀ ਆਪਣੇ ਸਾਥੀਆਂ ਸਮੇਤ ਸ਼ਾਮਲ ਹੋਏ।ਇਸ ਮੌਕੇ ਨੂੰ ਸੰਬੋਧਨ ਕਰਦਿਆਂ ਭੁਪਿੰਦਰ ਸਿੰਘ ਦੌਲਤਪੁਰਾ ਅਤੇ ਨਿਰਭੈ ਸਿੰਘ ਢੁੱਡੀਕੇ ਨੇ ਕਿਹਾ ਕਿ ਖੇਤੀਬਾੜੀ ਲਈ ਬਿਜਲੀ ਸਪਲਾਈ ਸਹੀ ਨਾ ਹੋਣ ਕਾਰਨ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਖੇਤੀ ਸੈਕਟਰ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਬਿਜਲੀ ਦੀ ਨਿਰਵਿਘਨ ਅਤੇ ਨਿਯਮਤ ਸਪਲਾਈ ਯਕੀਨੀ ਬਣਾਈ ਜਾਵੇ। ਆਗੂਆਂ ਨੇ ਕਿਹਾ ਕਿ ਝੋਨੇ ਦੀਆਂ ਮੁੰਜਰਾਂ ਵਿੱਚ ਦੋਧਾ ਪਿਆ ਹੈ ਜੇਕਰ ਇਸ ਨੂੰ ਪਾਣੀ ਨਾ ਲੱਗਾ ਤਾਂ ਉਹ ਸੁੱਕ ਕੇ ਫਸਲ ਬੁਰੀ ਤਰਾਂ ਬਰਬਾਦ ਹੋ ਜਾਵੇਗੀ ਤੇ ਪਹਿਲਾਂ ਹੀ ਮੰਦਹਾਲੀ ਦਾ ਸ਼ਿਕਾਰ ਕਿਸਾਨ ਹੋਰ ਕਰਜ਼ਾਈ ਹੋ ਜਾਵੇਗਾ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਦੋ ਦਿਨਾਂ ਅੰਦਰ ਬਿਜਲੀ ਦੀ ਖੇਤੀ ਸੈਕਟਰ ਨੂੰ ਸਪਲਾਈ ਨਿਰੰਤਰ ਨਾ ਚਾਲੂ ਕੀਤੀ ਗਈ ਤਾਂ ਕਿਸਾਨਾਂ ਵੱਲੋਂ ਸੜਕਾਂ ਜਾਮ ਕਰਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਹੋਵੇਗਾ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਐਕਸੀਅਨ ਮੋਗਾ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ।ਇਸ ਮੌਕੇ ਰਵਿੰਦਰ ਸਿੰਘ ਮਾਨੂਕੇ, ਪ੍ਰਗਟ ਸਿੰਘ ਸਾਫੂ ਵਾਲਾ, ਮੰਦਰਜੀਤ ਸਿੰਘ ਮਨਾਵਾਂ, ਕੁਲਜੀਤ ਸਿੰਘ, ਲਾਭ ਸਿੰਘ ਮਾਨੂਕੇ ਹਰਜੀਤ ਸਿੰਘ ਸੋਢੀ, ਮੰਗਲ ਸਿੰਘ ਨਿਧਾ ਵਾਲਾ, ਹਰਨੇਕ ਸਿੰਘ ਫਤਿਹਗੜ੍ਹ, ਜਗਸੀਰ ਸਿੰਘ ਜੱਗੀ, ਨਿਰਮਲ ਸਿੰਘ ਪਾਲ ਸਿੰਘ ਤਤਾਰੀਏ ਵਾਲਾ, ਪ੍ਰੇਮ ਸਿੰਘ, ਰਾਮ ਸਿੰਘ, ਸ਼ਵਿੰਦਰ ਸਿੰਘ, ਸਵਰਨ ਸਿੰਘ ਖਹਿਰਾ, ਗੁਰਦੇਵ ਸਿੰਘ ਬਾਘਾ ਪੁਰਾਣਾ, ਮੇਜਰ ਸਿੰਘ ਡਰੋਲੀ, ਸੀਪਾ ਸਿੰਘ, ਜਗਸੀਰ ਸਿੰਘ, ਬੇਅੰਤ ਸਿੰਘ ਮੱਲਿਆਣਾ, ਕੇਵਲ ਸਿੰਘ, ਜਗਰਾਜ ਸਿੰਘ ਦੌਲਤਪੁਰਾ, ਸਮੀਤ ਸਿੰਘ ਤਖਾਣਵਧ, ਹਰਜੀਤ ਸਿੰਘ ਸੋਢੀ, ਮੰਗਲ ਸਿੰਘ, ਫਤਹਿਗੜ੍ਹ, ਗੁਰਮੇਲ ਸਿੰਘ ਡਗਰੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਵੱਲੋਂ ਖ਼ੂਨਦਾਨ ਕੈਂਪ

**ਰਾਜਪੁਰਾ (ਰਮੇਸ਼ ਕਟਾਰੀਆ)**-ਚੰਡੀਗੜ੍ਹ ਨੇੜੇ ਰਾਜਪੁਰਾ ਸਥਿਤ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਨੇ ਆਪਣੇ ਕੈਂਪਸ ਵਿੱਚ ਇੱਕ ਸਫਲ ਖੂਨਦਾਨ ਕੈਂਪ ਦਾ ਆਯੋਜਨ ਕੀਤਾ, ਜਿਸ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨੇ ਭਾਰੀ ਉਤਸ਼ਾਹ ਨਾਲ ਹਿੱਸਾ ਲਿਆ।ਆਰੀਅਨਜ਼ ਗਰੁੱਪ ਆਫ ਕਾਲਜਿਜ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਨੇ ਇਸ ਕੈਂਪ ਦੀ ਅਗਵਾਈ ਕੀਤੀ, ਜਦ ਕਿ ਇਸ ਮੌਕੇ 'ਤੇ ਸਿਵਲ ਹਸਪਤਾਲ, ਲੁਧਿਆਣਾ ਦੀ ਸੰਸਥਾ ਸੰਵੇਦਨਾ ਟਰੱਸਟ (ਰਜਿ.) ਦੇ ਸ੍ਰੀ ਅਸ਼ੋ ਜੈਨ ਵੀ ਮੌਜੂਦ ਸਨ। ਕੈਂਪ ਦੌਰਾਨ ਕੁੱਲ 88 ਯੂਨਿਟ ਖੂਨ ਇਕੱਠਾ ਕੀਤਾ ਗਿਆ। ਖੂਨਦਾਨ ਕਰਨ ਵਾਲਿਆਂ ਵਿੱਚ ਆਦਿਤਿਆ ਕੌਰ (ਬੀ.ਟੈਕ), ਅਬਦੁੱਲਾ ਅੰਸਾਰੀ (ਆਰ.ਆਈ.ਟੀ.), ਸ਼ਸ਼ੀ ਗੁਪਤਾ (ਆਰ.ਆਈ.ਟੀ.), ਅਵਕਤ ਅਹਿਮਦ (ਬੀ.ਟੈਕ), ਸਵਾਤੀ (ਸਟਾਫ), ਬਲਬੀਰ ਸਿੰਘ (ਈ), ਰੋਹਨ ਗੁਪਤਾ (ਓ.ਟੀ.), ਅਮਨਦੀਪ ਸਿੰਘ (ਵਿਦਿਆਰਥੀ), ਤਰੁਣ ਸਿੰਘ (ਬੀ.ਫਾਰਮਾ), ਅਦਨਾਨ ਹਜ਼ਾਰੀ (ਬੀ.ਟੈਕ), ਰਾਮੇਕ ਸਿੰਘ (ਬੀ.ਫਾਰਮਾ), ਕ੍ਰਿਸ਼ਨਾ ਮਧੇਸ਼ੀਆ (ਬੀ.ਟੈਕ), ਜ਼ਾਹਿਦ ਅਬਦੁੱਲਾ (ਬੀ.ਫਾਰਮਾ) ਤੇ ਹੋਰ ਸ਼ਾਮਿਲ ਹਨ।



# ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ



**ਜਲਾਲਾਬਾਦ (ਜੀਤ ਕੁਮਾਰ)**-ਬੀਤੇ ਦਿਨ ਲੁਧਿਆਣਾ- ਜਲੰਧਰ ਬਾਈਪਾਸ ਵਿਖੇ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਦਕਰ ਸਾਹਿਬ ਦੇ ਬੁੱਤ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਦੀ ਗ੍ਰਿਫਤਾਰੀ ਅਤੇ ਸੁਰੱਖਿਆ ਲਗਾਉਣ ਲਈ ਐਸ.ਸੀ./ਐਸ.ਟੀ./ਓ.ਬੀ.ਸੀ. ਮਹਾਂ ਸੰਘਰਸ਼ ਕਮੇਟੀ ਅਤੇ ਡਾ. ਭੀਮ ਰਾਓ ਐਸ ਸੀ/ਐਸ ਟੀ/ਓ ਬੀ ਸੀ ਵੈਲਫੇਅਰ ਸੋਸਾਇਟੀ (ਰਜਿ.4611) ਜਲਾਲਾਬਾਦ ਵੱਲੋਂ ਤਹਿਸੀਲ ਕੰਪਲੈਕਸ ਜਲਾਲਾਬਾਦ ਵਿਖੇ ਐਸ ਡੀ ਐਮ ਰਾਹੀ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਭੇਜਿਆ ਗਿਆ।

ਇਸ ਮੌਕੇ ਪ੍ਰਧਾਨ ਰੋਹਿਤ ਗੁਡਾਲੀਆ, ਦਿਹਾਤੀ ਜਨਰਲ ਸੈਕਟਰੀ ਗੁਰਚੇਤ ਸਿੰਘ, ਖਜਾਨਚੀ ਨਿਰਵੈ ਸਿੰਘ, ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਅਜੇ ਕੁਮਾਰ ਖਰਾਲੀਆ, ਸਫਾਈ ਸੇਵਕ ਯੂਨੀਅਨ ਸਕੱਤਰ ਰਵੀ ਕੁਮਾਰ, ਦੇਸ ਰਾਜ ਗੁਡਾਲੀਆ, ਵਾਈਸ ਪ੍ਰਧਾਨ ਰਮੇਸ਼ ਨੰਦਾ, ਦਿਹਾਤੀ ਸੈਕਟਰੀ ਬਲਦੇਵ ਸਿੰਘ ਨੂਰ ਕੇ , ਚੌਧਰੀ ਰਾਜੇਸ਼ ਕੁਮਾਰ, ਵਿਨੋਦ ਨੰਦਾ , ਕਿਸ਼ੋਰ ਕੁਮਾਰ , ਸ਼ਾਮ ਲਾਲ ਸੈਂਸੀ ਆਦਿ ਹਾਜ਼ਰ ਸਨ। ਆਗੂਆਂ ਨੇ ਕਿਹਾ ਕਿ ਇਹ ਘਟਨਾ ਮੌਜੂਦਾ ਸਰਕਾਰ ਦੇ ਸਾਢੇ 4 ਸਾਲਾਂ ਦੇ ਕਾਰਜਕਾਲ ਦੌਰਾਨ 11ਵੀਂ ਵਾਰ ਵਾਪਰੀ ਹੈ ਜੋ ਇਸ ਸਰਕਾਰ ਦੀ ਇਕ ਵੱਡੀ ਅਸਫਲਤਾ ਨੂੰ ਦਰਸਾਉਂਦੀ ਹੈ।

## ਭਲਕੇ ਸੰਗਰੂਰ ਰੈਲੀ 'ਚ ਪੁੱਜਣ ਦਾ ਸੱਦਾ

**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਕਮੇਟੀ ਜਲਾਲਾਬਾਦ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ ਅਤੇ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਦੀ ਪ੍ਰਧਾਨਗੀ ਹੇਠ ਸਥਾਨਕ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਸੰਪੰਨ ਹੋਈ। ਜਿਸ ਵਿੱਚ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਵਿਸ਼ੇਸ਼ ਤੌਰ 'ਤੇ ਪੁੱਜੇ, ਜਦੋਂ ਕਿ ਜ਼ਿਲ੍ਹਾ ਖਜਾਨਚੀ ਮਹਿੰਦਰ ਸਿੰਘ ਮੰਨੇਵਾਲਾ, ਦਫਤਰੀ ਸਟਾਫ ਤੋਂ ਸੁਖਚੈਨ ਸਿੰਘ ਸੋਢੀ, ਬ੍ਰਾਂਚ ਸਕੱਤਰ ਸਤਪਾਲ ਸਿੰਘ, ਕੁੰਦਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਅਤੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ ਨੇ ਦੱਸਿਆ ਕਿ 12 ਸਤੰਬਰ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ 'ਚ ਹੋਣ ਵਾਲੀ ਸੂਬਾ ਪੱਧਰੀ ਰੋਸ ਰੈਲੀ ਅਤੇ ਪ੍ਰਦਰਸ਼ਨ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ ਤੇ ਪਹੁੰਚਣ ਦਾ ਸੱਦਾ ਦਿੱਤਾ ਗਿਆ।

## ਅਮਰਪਾਲ ਸਿੰਘ ਏ ਐੱਸ ਆਈ ਦੇ ਅਹੁਦੇ 'ਤੇ ਹੋਏ ਪਦਉਨਤ



**ਬਾਘਾ ਪੁਰਾਣਾ (ਮਨੀ ਸਿਗਲਾ)**-ਪੁਲਸ ਵਿਭਾਗ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਅਮਰਪਾਲ ਸਿੰਘ ਨੂੰ ਉਨ੍ਹਾਂ ਦੀ ਮਿਹਨਤ, ਲਗਨ ਤੇ ਸੇਵਾ ਨੂੰ ਦੇਖਦਿਆਂ ਏਐਸਆਈ ਦੇ ਅਹੁਦੇ 'ਤੇ ਪਦਉਨਤ ਕੀਤਾ ਗਿਆ ਹੈ।ਪਦਉਨਤੀ ਉਪਰੰਤ ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਹਿਲ ਵੱਲੋਂ ਅਮਰਪਾਲ ਸਿੰਘ ਦੇ ਮੋਢਿਆਂ 'ਤੇ ਸਟਾਰ ਲਾ ਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਹਿਲ ਨੇ ਕਿਹਾ ਕਿ ਪੁਲਿਸ ਵਿਭਾਗ ਵਿੱਚ ਪਦਉਨਤੀ ਕੁਮਚਾਰੀਆਂ ਦੀ ਮਿਹਨਤ ਅਤੇ ਇਮਾਨਦਾਰੀ ਦਾ ਸਨਮਾਨ ਹੁੰਦੀ ਹੈ।ਉਨ੍ਹਾਂ ਆਸ ਪ੍ਰਗਟ ਕੀਤੀ ਕਿ ਅਮਰਪਾਲ ਸਿੰਘ ਭਵਿੱਖ ਵਿੱਚ ਵੀ ਆਪਣੀਆਂ ਡਿਊਟੀਆਂ ਨੂੰ ਪੂਰੀ ਇਮਾਨਦਾਰੀ, ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਉਂਦੇ ਹੋਏ ਲੋਕਾਂ ਦੀ ਸੇਵਾ ਕਰਨਗੇ।ਅਮਰਪਾਲ ਸਿੰਘ ਨੇ ਪਦਉਨਤੀ ਲਈ ਪੁਲਿਸ ਵਿਭਾਗ ਦੇ ਉੱਚ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਤੇ ਨਿਸ਼ਠਾ ਨਾਲ ਨਿਭਾਉਣਗੇ।

## ਹੌਲਦਾਰ ਵਰਿੰਦਰ ਸਿੰਘ ਏ ਐੱਸ ਆਈ ਦੇ ਅਹੁਦੇ 'ਤੇ ਪਦਉਨਤ



**ਬਾਘਾ ਪੁਰਾਣਾ (ਮਨੀ ਸਿਗਲਾ)**-ਪੁਲਿਸ ਵਿਭਾਗ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹੌਲਦਾਰ ਵਰਿੰਦਰ ਸਿੰਘ ਨੂੰ ਉਨ੍ਹਾਂ ਦੀਆਂ ਸੇਵਾਵਾਂ ਤੇ ਮਿਹਨਤ ਦੇ ਮੱਦੇਨਜ਼ਰ ਏਐਸਆਈ ਦੇ ਅਹੁਦੇ 'ਤੇ ਪਦਉਨਤ ਕੀਤਾ ਗਿਆ।ਵਰਿੰਦਰ ਸਿੰਘ ਦੀ ਇਸ ਪਦਉਨਤੀ ਦੇ ਮੌਕੇ ਸਭ ਤੋਂ ਭਾਵੁਕ ਅਤੇ ਯਾਦਗਾਰੀ ਪਲ ਉਸ ਸਮੇਂ ਬਣਿਆ, ਜਦੋਂ ਉਨ੍ਹਾਂ ਦੀ ਮਾਤਾ ਨੇ ਆਪਣੇ ਹੱਥਾਂ ਨਾਲ ਆਪਣੇ ਪੁੱਤਰ ਦੇ ਮੋਢਿਆਂ 'ਤੇ ਤਰੱਕੀ ਦੇ ਸਟਾਰ ਲਗਾ ਕੇ ਉਸ ਨੂੰ ਅਸ਼ੀਰਵਾਦ ਅਤੇ ਵਧਾਈ ਦਿੱਤੀ।ਮਾਤਾ ਵੱਲੋਂ ਪੁੱਤਰ ਦੇ ਮੋਢਿਆਂ 'ਤੇ ਸਟਾਰ ਲਾਉਣ ਦਾ ਇਹ ਪਲ ਮੌਕੇ 'ਤੇ ਮੌਜੂਦ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਲਈ ਵੀ ਖਾਸ ਰਿਹਾ।ਮਾਤਾ ਨੇ ਆਪਣੇ ਪੁੱਤਰ ਦੀ ਤਰੱਕੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸ ਦੇ ਚੰਗੇ ਭਵਿੱਖ ਅਤੇ ਹੋਰ ਤਰੱਕੀਆਂ ਲਈ ਅਰਦਾਸ ਕੀਤੀ।ਇਸ ਮੌਕੇ ਵਰਿੰਦਰ ਸਿੰਘ ਨੇ ਆਪਣੀ ਮਾਤਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਇਸ ਕਾਮਯਾਬੀ ਪਿੱਛੇ ਪਰਿਵਾਰ ਵੱਲੋਂ ਮਿਲਿਆ ਸਹਿਯੋਗ, ਅਸ਼ੀਰਵਾਦ ਅਤੇ ਹੌਸਲਾ ਮਹੱਤਵਪੂਰਨ ਹੈ।

# ਨੈਸ਼ਨਲ ਕਾਲਜ 'ਚ ਨਵੇਂ ਵਿਦਿਆਰਥੀਆਂ ਦੇ ਸਵਾਗਤ ਲਈ ਫਰੈਸ਼ਰ ਪਾਰਟੀ



**ਭੀਖੀ (ਗੁਰਿੰਦਰ ਸਿੰਘ ਔਲਖ)**-ਨੈਸ਼ਨਲ ਕਾਲਜ ਵੱਲੋਂ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਦੇ ਸਵਾਗਤ ਲਈ ਸ਼ਾਨਦਾਰ ਫ੍ਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਕਾਲਜ ਦੇ ਪ੍ਰਿੰਸੀਪਲ ਅਤੇ ਪ੍ਰੋ ਗੁਰਤੇਜ ਸਿੰਘ ਵੱਲੋਂ ਸਰਸਵਤੀ ਮਾਤਾ ਦੀ ਪੂਜਾ ਕਰਕੇ ਕੀਤੀ ਗਈ।ਵਿਦਿਆਰਥੀਆਂ ਤੇ ਸਟਾਫ਼ ਵੱਲੋਂ ਨਵੇਂ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ।ਵਿਦਿਆਰਥੀਆਂ ਵੱਲੋਂ ਗੀਤ, ਗਿੱਧਾ, ਭੰਗੜਾ, ਡਾਂਸ ਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ।ਵੱਖ-ਵੱਖ ਮਨੋਰੰਜਕ ਮੁਕਾਬਲੇ ਵੀ ਕਰਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਮਿਸਟਰ ਫਰੈਸ਼ਰ ਮਨਜਿੰਦਰ ਸਿੰਘ ਤੇ ਮਿਸ ਫਰੈਸ਼ਰ ਖੁਸ਼ਪ੍ਰੀਤ ਕੌਰ ਅਤੇ ਮਿਸ ਪੰਜਾਬਣ ਖੁਸ਼ਪ੍ਰੀਤ ਕੌਰ ਦੀ ਚੋਣ ਲਈ ਵੀ ਵਿਸ਼ੇਸ਼ ਮੁਕਾਬਲਾ ਕਰਾਇਆ ਗਿਆ।ਕਾਲਜ ਦੇ ਪ੍ਰਿੰਸੀਪਲ ਨੇ ਨਵੇਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਕਾਲਜ ਵਿੱਚ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਰਚਨਾਤਮਕਤਾ, ਆਪਸੀ ਸਾਂਝ ਤੇ ਟੀਮ-ਭਾਵਨਾ ਪੈਦਾ ਕਰਨ ਵਿੱਚ ਸਹਾਇਕ ਹੁੰਦੇ ਹਨ।ਸਮਾਗਮ ਦੇ ਅੰਤ ਤੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਕਾਲਜ ਦੇ ਪ੍ਰਧਾਨ ਹਰਬੰਸ ਦਾਸ ਬਾਵਾ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਇਲਾਕੇ ਦੇ ਸਹਿਯੋਗ ਨਾਲ ਨੈਸ਼ਨਲ ਕਾਲਜ ਇਲਾਕੇ ਦੀ ਨਾਮਵਰ ਸੰਸਥਾ ਬਣ ਚੁੱਕਿਆ ਹੈ।

## ਕਾਤਰਾਂ

### ਜੰਗ ਚਾਪੜਾ ਵਲੋਂ ਮਾਤਾ ਦੀ ਭੇਟ 'ਜੋਤ ਨਿਰੰਜਨੀ ਆਈ'



**ਦੋਰਾਹਾ (ਹਰਮਿੰਦਰ ਸੇਠ)**-ਗਾਇਕ ਜੰਗ ਚਾਪੜਾ ਦੀ ਆਵਾਜ ਵਿਚ ਮਾਤਾ ਦੀ ਭੇਂਟ ਜੋਤ 'ਨਿਰੰਜਨੀ ਆਈ ' ਦੀ ਭੇਂਟ ਗੋਲੂ ਵਰਮਾ ਘੁਡਾਣੀ ਕਲਾਂ ਦੀ ਕਲਮ ਤੋਂ ਲਿਖੀ ਰਚਨਾ ਨੂੰ ਸੰਗੀਤਕਾਰ ਅਵਤਾਰ ਧੀਮਾਨ ਰਿਕਾਰਡਿੰਗ ਕੰਪਨੀ ਵਲੋਂ ਖੂਬਸੂਰਤ ਆ ਵਾਜ ਵਿਚ ਸੰਗੀਤ ਬੱਧ ਕੀਤਾ ਗਿਆ ਹੈ। ਇਸ ਭੇਂਟ ਦੀ ਵੀਡੀਓ ਗ੍ਰਾਫੀ ਅਵਤਾਰ ਧੀਮਾਨ ਦੀ ਦਿਸ਼ਾ ਨਿਰਦੇਸ਼ ਹੇਠ ਬਣਾਈ ਗਈ। ਸੰਗੀਤਕਾਰ ਧੀਮਾਨ ਨੇ ਇਸ ਭੇਂਟ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਇਸ ਰਚਨਾ ਨੂੰ ਬਹੁਤ ਵਧੀਆ ਸੰਗੀਤ ਵਿਚ ਪਰੋਇਆ ਗਿਆ ਹੈ।

### ਅਵਾਰਾ ਕੁੱਤੇ ਨੇ ਦੋ ਸਾਲਾ ਬੱਚਾ ਨੋਚਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਛਾਉਣੀ ਦੀ ਗਲੀ ਨੰਬਰ 1 ਵਿੱਚ ਆਵਾਰਾ ਕੁੱਤਿਆਂ ਦੀ ਵਧਦੀ ਗਿਣਤੀ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਵਧ ਗਈ ਹੈ। ਇੱਥੇ ਘਰ ਦੇ ਬਾਹਰ ਖੇਡ ਰਹੇ ਇੱਕ ਦੋ ਸਾਲਾ ਬੱਚੇ 'ਤੇ ਆਵਾਰਾ ਕੁੱਤੇ ਨੇ ਅਚਾਨਕ ਹਮਲਾ ਕਰ ਦਿੱਤਾ। ਹਮਲਾ ਇੰਨਾ ਭਿਆਨਕ ਸੀ ਕਿ ਕੁੱਤੇ ਨੇ ਕਾਫੀ ਦੇਰ ਤੱਕ ਬੱਚੇ ਨੂੰ ਨੋਚਿਆ, ਜਿਸ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਘਟਨਾ ਤੋਂ ਬਾਅਦ ਇਲਾਕੇ ਵਿੱਚ ਡਰ ਅਤੇ ਰੋਸ ਦਾ ਮਾਹੌਲ ਬਣਿਆ ਹੋਇਆ। ਬੱਚੇ ਦੀ ਪਛਾਣ ਰਾਘਵ ਵਜੋਂ ਹੋਈ ਹੈ। ਰਾਘਵ ਨੂੰ ਇਲਾਜ ਲਈ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ।

### ਖ਼ੂਨਦਾਨ ਕੈਂਪ ਭਲਕੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਮਾਜ ਸੇਵਾ ਦੇ ਖੇਤਰ ਵਿਚ ਸਰਗਰਮ ਲਾਇਨਜ਼ ਕਲੱਬ ਫ਼ਿਰੋਜ਼ਪੁਰ ਬਾਰਡਰ ਵੱਲੋਂ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਦੇ ਮਕਸਦ ਨਾਲ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ ਸ਼ਨੀਵਾਰ, 12 ਸਤੰਬਰ ਨੂੰ ਹੋਟਲ ਆਮੰਤਰਨ, ਬਾਜ਼ਾਰ ਨੰਬਰ 2, ਫ਼ਿਰੋਜ਼ਪੁਰ ਕੈਂਟ ਵਿਖੇ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਜਾਵੇਗਾ। ਇਹ ਜਾਣਕਾਰੀ ਕਲੱਬ ਅਹੁਦੇਦਾਰਾਂ ਲਾਇਨ ਆਸ਼ੀਸ਼ ਅਗਰਵਾਲ ਪ੍ਰਧਾਨ, ਲਾਇਨ ਗੁਰਪ੍ਰੀਤ ਖ਼ਰਬੰਦਾ ਸਕੱਤਰ, ਲਾਇਨ ਅਕਸ਼ੇ ਮਾਨਿਕ, ਲਾਇਨ ਐਡਵੋਕੇਟ ਆਸ਼ੀਸ਼ ਸ਼ਰਮਾ ਅਤੇ ਲਾਇਨ ਰੋਹਿਤ ਗਰਗ ਨੇ ਜਾਰੀ ਇਕ ਬਿਆਨ ਵਿਚ ਦਿੱਤੀ ਹੈ।

### ਹਾਰਮਨੀ ਆਯੁਰਵੈਦਿਕ ਕਾਲਜ ਵਿਖੇ ਮੈਡੀਕਲ ਕੈਂਪ ਅੱਜ ਤੋਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਅਤੇ ਆਯੁਰਵੈਦਿਕ ਇਲਾਜ ਪ੍ਰਣਾਲੀ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਲਈ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਐਂਡ ਹਸਪਤਾਲ, ਫਿਰੋਜ਼ਪੁਰ ਵਿਖੇ 11 ਤੋਂ 13 ਸਤੰਬਰ 2026 ਤੱਕ ਤਿੰਨ ਰੋਜ਼ਾ "ਦਰਦ ਮੁਕਤ, ਦਵਾ ਮੁਕਤ" ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਅੰਨਦੇਸ਼ਵਰਨੰਦ ਗਿਰੀ ਮਹਾਰਾਜ ਦੀ ਅਗਵਾਈ ਹੇਠ ਲਗਵਾਇਆ ਜਾ ਰਿਹਾ ਹੈ। ਕੈਂਪ ਦਾ ਮੁੱਖ ਉਦੇਸ਼ ਲੋਕਾਂ ਨੂੰ ਆਯੁਰਵੈਦ ਦੇ ਪ੍ਰਾਚੀਨ ਅਤੇ ਕੁਦਰਤੀ ਇਲਾਜ ਸਿਧਾਂਤਾਂ ਨਾਲ ਜੋੜਨ ਦੇ ਨਾਲ-ਨਾਲ ਵੱਖ-ਵੱਖ ਸਿਹਤ ਸਮੱਸਿਆਵਾਂ ਸਬੰਧੀ ਜਾਗਰੂਕ ਕਰਨਾ ਹੈ।

# ਔਰਤ ਦੀ ਮੌਤ ਦੇ ਮਾਮਲੇ 'ਚ ਡਾਕਟਰ 'ਤੇ ਲਾਪਰਵਾਹੀ ਦਾ ਦੋਸ਼



**ਨਾਭਾ (ਅਮਨ ਗਰਗ)**-ਨਾਭਾ ਦੇ ਮਹਿਸ ਪਿੰਡ ਵਿੱਚ ਇੱਕ 42 ਸਾਲਾ ਔਰਤ ਦੀ ਮੌਤ ਤੋਂ ਬਾਅਦ, ਡਾਕਟਰ 'ਤੇ ਲਾਪਰਵਾਹੀ ਦਾ ਦੋਸ਼ ਲਗਾਇਆ ਗਿਆ ਹੈ। ਬਿਮਾਰੀ ਦੀ ਹਾਲਤ ਵਿਚ ਬਲਜੀਤ ਕੌਰ ਨਾਮ ਦੀ ਇੱਕ ਔਰਤ ਡਾ. ਸ਼ਿਆਮ ਸਿੰਘ ਦੀ ਕਲੀਨਿਕ ਵਿੱਚ ਦਾਖਲ ਹੋਈ ਸੀ।ਉਸ ਨੂੰ ਕੁਝ ਦਿਨਾਂ ਬਾਅਦ ਛੁੱਟੀ ਦੇ ਦਿੱਤੀ ਗਈ।ਹਾਲਾਂ ਕਿ, ਉਹ ਬਿਮਾਰ ਰਹੀ, ਜਿਸ ਕਾਰਨ ਉਸ ਦੇ ਪਰਿਵਾਰ ਨੂੰ ਕਈ ਵਾਰ ਜਾਂਚ ਕਰਵਾਉਣੀ ਪਈ।ਅੰਤ ਵਿੱਚ, ਉਸ ਦੀ 6 ਸਤੰਬਰ ਨੂੰ ਰਹੱਸਮਈ ਢੰਗ ਨਾਲ ਮੌਤ ਹੋ ਗਈ।ਉਸ ਦੇ ਬੱਚੇ ਵਿਦੇਸ਼ ਵਿੱਚ ਸਨ। ਇਸ ਲਈ, ਔਰਤ ਦਾ ਅੰਤਿਮ ਸੰਸਕਾਰ 8 ਸਤੰਬਰ ਨੂੰ ਉਸ ਦੇ ਪਿੰਡ ਵਿੱਚ ਕੀਤਾ ਗਿਆ।ਅਗਲੀ ਸਵੇਰੇ, ਜਦੋਂ ਪਰਿਵਾਰ ਸ਼ਮਸ਼ਾਨਘਾਟ ਪਹੁੰਚਿਆ, ਤਾਂ ਉਨ੍ਹਾਂ ਨੂੰ ਫੁੱਲਾਂ ਵਿੱਚੋਂ ਕੁਝ ਲੋਹੇ ਦੇ ਟੁਕੜੇ ਮਿਲੇ।ਫਿਰ ਪਰਿਵਾਰ ਨੇ ਮੀਡੀਆ ਨੂੰ ਬੁਲਾਇਆ ਅਤੇ ਸਦਰ ਪੁਲਿਸ ਸਟੇਸ਼ਨ ਨੂੰ ਸੂਚਿਤ ਕੀਤਾ।ਹੱਡੀਆਂ ਦੀ ਰਾਖ ਵਿੱਚ ਤਿੰਨ ਹੋਰ ਲੋਹੇ ਦੇ ਟੁਕੜੇ ਮਿਲੇ।ਪਰਿਵਾਰ ਨੇ ਪੁਲਿਸ ਕੋਲ ਲਿਖਤੀ ਸ਼ਿਕਾਇਤ ਦਰਜ ਕਰਵਾਈ, ਜਿਸ ਵਿੱਚ ਦੋਸ਼ ਲਗਾਇਆ ਗਿਆ ਕਿ ਡਾਕਟਰ ਸ਼ਿਆਮ ਸਿੰਘ ਨੇ ਆਪਣੇ ਯੰਤਰ ਔਰਤ ਦੀ ਪਿੱਠ ਵਿੱਚ ਹੀ ਛੱਡ ਦਿੱਤੇ ਸੀ।ਬਾਅਦ ਵਿੱਚ ਔਰਤ ਦੀ ਇਨਫੈਕਸ਼ਨ ਨਾਲ ਮੌਤ ਹੋ ਗਈ। ਪੀੜਤ ਪਰਿਵਾਰ ਪੁਲਿਸ ਤੋਂ ਮਾਮਲਾ ਦਰਜ ਕਰਨ ਦੀ ਮੰਗ ਕਰ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਡੀ ਐਸ ਪੀ ਗੁਰਿੰਦਰ ਸਿੰਘ ਬੱਲ ਨੇ ਕਿਹਾ ਕਿ ਪੀੜਤ ਪਰਿਵਾਰ ਨੇ ਉਨ੍ਹਾਂ ਕੋਲ ਇੱਕ ਲਿਖਤੀ ਸ਼ਿਕਾਇਤ ਦਰਜ ਕਰਵਾਈ ਹੈ। ਉਨ੍ਹਾਂ ਕਿਹਾ ਕਿ ਦੋਵਾਂ ਧਿਰਾਂ ਨੂੰ ਸੁਣਿਆ ਗਿਆ ਹੈ, ਪੁਲਿਸ ਮੈਡੀਕਲ ਰਿਪੋਰਟ ਅਤੇ ਜਾਂਚ ਤੋਂ ਬਾਅਦ ਅਗਲੀ ਕਾਰਵਾਈ ਕਰੇਗੀ।

## 2 ਹਫ਼ਤਿਆਂ ਦਾ ਮੁਫ਼ਤ ਡੇਅਰੀ ਸਿਖਲਾਈ ਕੋਰਸ 14 ਤੋਂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਵਰਿਆਮ ਸਿੰਘ ਦੀ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ/ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਅਨੁਸੂਚਿਤ ਜਾਤੀ ਲਾਭਪਾਤਰੀਆਂ ਨੂੰ 2 ਹਫਤਿਆਂ ਦੀ ਮੁਫਤ ਡੇਅਰੀ ਸਿਖਲਾਈ ਦੇਣ ਲਈ ਦੂਜਾ ਬੈਚ 14 ਸਤੰਬਰ ਤੋਂ ਸਰਦੂਲਗੜ੍ਹ ਜ਼ਿਲ੍ਹਾ ਮਾਨਸਾ ਵਿਖੇ ਲਾਇਆ ਜਾ ਰਿਹਾ ਹੈ।

ਇਹ ਜਾਣਕਾਰੀ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸ਼੍ਰੀ ਦੀਪਕ ਵਰਮਾ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਨਾਲ ਸਬੰਧਤ ਸਿਖਿਆਰਥੀਆਂ ਦੀ ਟ੍ਰੇਨਿੰਗ ਡੇਅਰੀ ਸਿਖਲਾਈ ਸੈਂਟਰ, ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ ਵਿਖੇ 14 ਸਤੰਬਰ ਤੋਂ ਕਰਵਾਈ ਜਾਵੇਗੀ।ਇਸ ਸਕੀਮ ਤਹਿਤ ਸਿਖਲਾਈ ਕੇਵਲ ਉਨ੍ਹਾਂ ਵਿਅਕਤੀਆਂ ਨੂੰ ਹੀ ਦਿੱਤੀ ਜਾਵੇਗੀ, ਜੋ ਅਨੁਸੂਚਿਤ ਜਾਤੀ ਨਾਲ ਸਬੰਧਿਤ ਹੋਣਗੇ, ਜਿਨ੍ਹਾਂ ਦੀ ਉਮਰ 18 ਤੋਂ 55 ਸਾਲ ਦੇ ਦਰਮਿਆਨ ਹੋਵੇਗੀ ਤੇ ਉਹ ਘੱਟੋ-ਘੱਟ ਪੰਜਵੀਂ ਪਾਸ ਹੋਣਗੇ।

ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਇਹ ਸਿਖਲਾਈ ਮੁਫ਼ਤ ਦਿਵਾਈ ਜਾਵੇਗੀ ਤੇ ਸਿਖਲਾਈ ਉਪਰੰਤ ਪ੍ਰਤੀ ਸਿਖਿਆਰਥੀ 3500 ਰੁਪਏ ਵਜ਼ੀਫ਼ਾ ਵੀ ਦਿੱਤਾ ਜਾਵੇਗਾ।ਉਨ੍ਹਾਂ ਅਨੁਸੂਚਿਤ ਜਾਤੀ ਨਾਲ ਸਬੰਧਿਤ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਿਖਲਾਈ ਕੋਰਸ ਦਾ ਪੂਰਾ ਲਾਹਾ ਲੈਣ।

## ਸ਼ੇਰੋਂ 'ਤੇ ਵਹਿਸ਼ੀ ਜਬਰ ਤੇ ਗੁਲਜ਼ਾਰ ਸਿੰਘ ਦੇ ਹਕੂਮਤੀ ਕਤਲ ਦੇ ਜ਼ਿੰਮੇਵਾਰਾਂ ਦੇ ਪੁਤਲੇ ਫੂਕੇ

**ਲੁਧਿਆਣਾ (ਸਤੀਸ਼ ਸਚਦੇਵਾ)**-ਮੋਹਨਜੀਤ ਸਿੰਘ ਸ਼ੇਰੋਂ 'ਤੇ ਵਹਿਸ਼ੀ ਜ਼ਬਰ ਤੇ ਗੁਲਜ਼ਾਰ ਸਿੰਘ ਦੇ ਹਕੂਮਤੀ ਕਤਲ ਦੇ ਜ਼ਿੰਮੇਵਾਰ ਭਗਵੰਤ ਮਾਨ ਤੇ ਹਰਪਾਲ ਚੀਮਾ ਦੇ ਪੁਤਲੇ ਫੂਕੇ ਗਏ। ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ (ਰਜਿ:) ਜ਼ਿਲ੍ਹਾ ਲੁਧਿਆਣਾ ਦੇ ਜ਼ਿਲ੍ਹਾ ਕਾਰਜਕਾਰੀ ਕਮੇਟੀ ਮੈਂਬਰਾਂ ਤੇ ਹੋਰ ਵਰਕਰਾਂ ਦੀ ਇੱਕ ਵਿਸ਼ੇਸ਼ ਇਕੱਤਰਤਾ ਅੱਜ ਤਲਵੰਡੀ ਕਲਾਂ ਵਿਖੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਆਗੂਆਂ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਜਸਵੰਤ ਸਿੰਘ ਮਾਨ, ਜਥੇਦਾਰ ਗੁਰਮੇਲ ਸਿੰਘ ਢੱਟ, ਰਣਜੀਤ ਸਿੰਘ ਗੁੜੇ ਤੇ ਨਿਰਭੈ ਸਿੰਘ ਤਲਵੰਡੀ ਨੇ ਅੱਡ-ਅੱਡ ਮੁੱਦਿਆਂ ਸੁਝਾਅ ਪੇਸ਼ ਕੀਤੇ। ਸਰਬਸੰਮਤੀ ਨਾਲ ਪਾਸ ਕੀਤੇ ਪਹਿਲੇ ਮਤੇ ਰਾਹੀਂ ਮੋਹਨਜੀਤ ਸਿੰਘ ਸ਼ੇਰੋਂ ਇਨਸਾਫ ਸੰਘਰਸ਼ ਕਮੇਟੀ ਸੰਗਰੂਰ ਦੇ ਫੈਸਲੇ ਮੁਤਾਬਿਕ ਮੰਗ ਕੀਤੀ ਗਈ ਕਿ ਡੀਐਸਪੀ ਸਮੇਤ 4 ਪੁਲਸ ਅਧਿਕਾਰੀਆਂ ਨੂੰ ਫੌਰੀ ਬਰਖਾਸਤ ਕਰਕੇ, ਬਣਦਾ ਕਾਨੂੰਨੀ ਪਰਚਾ ਦਰਜ ਕਰਕੇ, ਸੀਖਾਂ ਅੰਦਰ ਡੱਕਿਆ ਜਾਵੇ, ਨਹੀਂ ਤਾਂ ਜਥੇਬੰਦੀ ਉਪਰੋਕਤ ਕਮੇਟੀ ਦੇ ਹੱਕੀ ਘੋਲ ਦਾ ਜਚਵਾਂ ਤੇ ਡਟਵਾਂ ਸਮਰਥਨ ਕਰੇਗੀ।ਦੂਜੇ ਮਤੇ ਰਾਹੀਂ ਜ਼ੋਰਦਾਰ ਮੰਗ ਕੀਤੀ ਗਈ ਕਿ ਵਿੱਤ ਮੰਤਰੀ ਹਰਪਾਲ ਚੀਮਾ ਨੂੰ ਚਿੱਟੇ ਸਬੰਧੀ ਸਵਾਲ ਕਰਨ ਵਾਲੇ ਤੇ ਪਿੱਛੋਂ ਭਾਰੀ ਮਾਨਸਿਕ ਤਸ਼ੱਦਦ ਦਾ ਸ਼ਿਕਾਰ ਹੋਣ ਵਾਲੇ ਮਜ਼ਦੂਰ ਗੁਲਜ਼ਾਰ ਸਿੰਘ ਤੂਰਬੰਜਾਰਾ ਵੱਲੋਂ ਮਰਨ ਪਹਿਰੇ ਦਿੱਤੇ ਅੰਤਿਮ ਬਿਆਨ (ਡਾਇੰਗ ਸਟੇਟਮੈਂਟ) ਮੁਤਾਬਿਕ ਬਾਕੀ 4 ਦੋਸ਼ੀਆਂ ਤੋਂ ਪਹਿਲਾਂ ਹਰਪਾਲ ਚੀਮਾ ਨੂੰ ਜ਼ਿੰਮੇਵਾਰ ਠਹਿਰਾਉਣ ਕਰਕੇ ਨਾਗਰਿਕਾਂ ਦੀ ਸੰਵਿਧਾਨਕ ਸਮਾਨਤਾ ਦੇ ਨਿਯਮ ਅਨੁਸਾਰ ਉਸ 'ਤੇ ਐਫਆਈਆਰ ਦਰਜ ਕਰਕੇ ਫੌਰੀ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਮੰਤਰੀ ਮੰਡਲ 'ਚੋਂ ਖਾਰਜ ਕੀਤਾ ਜਾਵੇ।ਇਸ ਤੋਂ ਇਲਾਵਾ ਭਗਵੰਤ ਮਾਨ ਸਰਕਾਰ ਵੱਲੋਂ ਹਰਪਾਲ ਚੀਮਾ ਨੂੰ ਹਰ ਹਾਲਤ ਬਚਾਉਣ ਦੀ ਅੰਨ੍ਹੀ ਧੁੱਸ 'ਚੋਂ ਪੰਜਾਬੀ ਕੌਮ ਦੀਆਂ ਅੰਤਮ ਸਸਕਾਰ ਸਬੰਧੀ ਕੁੱਲ ਰਸਮਾਂ ਦੀਆਂ ਧੱਜੀਆਂ ਉਡਾਉਣ, ਪੀੜਤ ਪਰਵਾਰ ਨੂੰ ਨੇੜੇ ਨਾ ਢੁੱਕਣ ਦੇਣ, ਸੈਂਕੜੇ ਲੋਕਾਂ ਦੇ ਹੱਕੀ ਵਿਰੋਧ ਦੇ ਬਾਵਜੂਦ, ਹਜ਼ਾਰਾਂ ਦੀ ਤਾਦਾਦ 'ਚ ਪੁਲਸੀ ਧਾੜਾਂ ਲਾ ਕੇ ਗੁਲਜ਼ਾਰ ਸਿੰਘ ਨੂੰ ਜਬਰੀ ਫੂਕਣ ਨੂੰ ਮੁਗਲੀਆ ਕਾਰਾ ਕਰਾਰ ਦਿੱਤਾ ਗਿਆ।ਤੀਜੇ ਮਤੇ ਰਾਹੀਂ ਐਲਾਨ ਕੀਤਾ ਗਿਆ ਕਿ 12 ਤਰੀਕ ਨੂੰ ਜਥੇਬੰਦੀ ਦਾ ਬਕਾਇਦਾ ਕਾਫ਼ਲਾ ਠੀਕ 10 ਵਜੇ ਤਲਵੰਡੀ ਕਲਾਂ ਤੋਂ ਨਾਮਧਾਰੀ ਕੂਕਾ ਲਹਿਰ, ਗਦਰ ਪਾਰਟੀ ਲਹਿਰ ਤੇ ਨਕਸਲਬਾੜੀ ਲਹਿਰ ਦੇ 9 ਮਹਾਨ ਸ਼ਹੀਦਾਂ ਦੀ ਯਾਦ ਵਿੱਚ ਕੀਤੇ ਜਾਣ ਵਾਲੇ ਸਾਲਾਨਾ ਸ਼ਹੀਦੀ ਸਮਾਗਮ ਅੱਚਰਵਾਲ ਵਾਸਤੇ ਰਵਾਨਾ ਹੋਵੇਗਾ।ਅੰਤ ਵਿੱਚ ਆਗੂਆਂ ਤੇ ਵਰਕਰਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਤੇ ਵਿੱਤ ਮੰਤਰੀ ਹਰਪਾਲ ਚੀਮਾ ਦਾ ਜੜੁੱਤ ਪੁਤਲਾ ਫੂਕ ਕੇ, ਹੱਕੀ ਮੰਗਾਂ ਦੇ ਪੱਖ 'ਚ ਆਕਾਸ਼ ਗੁੰਜਾਊ ਨਾਅਰੇ ਬੁਲੰਦ ਕੀਤੇ।

# ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ ਦੇ ਵਿਦਿਆਰਥੀਆਂ ਨੇ ਖੇਡਾਂ 'ਚ ਮਾਰੀਆਂ ਮੱਲਾਂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਦੇ ਵਿਦਿਆਰਥੀਆਂ ਨੇ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ।ਸਰਵਹਿਤਕਾਰੀ ਸਿੱਖਿਆ ਸਮਿਤੀ, ਪੰਜਾਬ ਵੱਲੋਂ ਕਰਾਈਆਂ ਗਈਆਂ 37ਵੀਆਂ ਖੇਤਰੀ ਖੇਡ ਮੁਕਾਬਲਿਆਂ ਵਿੱਚ ਸਕੂਲ ਦੇ ਖਿਡਾਰੀਆਂ ਨੇ ਕਈ ਸ਼ਾਨਦਾਰ ਉਪਲਬਧੀਆਂ ਹਾਸਲ ਕੀਤੀਆਂ।ਅੰਡਰ-14 ਨੈਸ਼ਨਲ ਸਟਾਈਲ ਕਬੱਡੀ ਵਿੱਚ ਸਕੂਲ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ-19 ਨੈਸ਼ਨਲ ਸਟਾਈਲ ਕਬੱਡੀ ਵਿੱਚ ਵੀ ਟੀਮ ਨੇ ਪਹਿਲਾ ਸਥਾਨ, ਜਦਕਿ ਸਰਕਲ ਸਟਾਈਲ ਕਬੱਡੀ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਰੋਹਤਕ, ਹਰਿਆਣਾ ਵਿਖੇ ਹੋਏ ਖੇਤਰੀ ਬਾਕਸਿੰਗ ਮੁਕਾਬਲਿਆਂ ਵਿੱਚ ਵਿਦਿਆਰਥੀ ਸੁਖਦੀਪ ਸਿੰਘ ਨੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ।ਸ਼ਤਰੰਜ ਮੁਕਾਬਲਿਆਂ ਵਿੱਚ ਵਿਦਿਆਰਥਣ ਨਵਜੋਤ ਨੇ ਰਾਸ਼ਟਰੀ ਪੱਧਰ ਲਈ ਆਪਣਾ ਸਥਾਨ ਪੱਕਾ ਕੀਤਾ, ਜਦਕਿ ਸਕੂਲ ਦੀ ਸ਼ਤਰੰਜ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਸਕੂਲ ਦੀਆਂ ਵਿਦਿਆਰਥਣਾਂ ਦੀ ਬੈਡਮਿੰਟਨ ਟੀਮ ਨੇ ਵੀ ਦੂਜਾ ਸਥਾਨ ਪ੍ਰਾਪਤ ਕੀਤਾ।ਪੰਜਾਬ ਸਰਕਾਰ ਵੱਲੋਂ ਕਰਵਾਈਆਂ ਗਈਆਂ ਗਰਮ ਰੁੱਤ ਦੀਆਂ ਖੇਡਾਂ ਦੇ ਬਾਕਸਿੰਗ ਮੁਕਾਬਲਿਆਂ ਵਿੱਚ ਅਰਮਾਨ ਸਿੰਘ ਅਤੇ ਸੁਖਦੀਪ ਸਿੰਘ ਨੇ ਸੋਨ ਤਮਗੇ, ਜਦਕਿ ਗੁਰਪ੍ਰੀਤ ਸਿੰਘ, ਜਤਿਨ ਸ਼ਰਮਾ ਤੇ ਸੰਦੀਪ ਨੇ ਚਾਂਦੀ ਦੇ ਤਮਗੇ ਜਿੱਤ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।

## ਹਰਮੇਸ਼ ਮਾਲੜੀ ਨੂੰ ਧਮਕੀਆਂ ਦੇਣ ਵਾਲਿਆਂ ਦੀ ਹੋਵੇ ਗ੍ਰਿਫ਼ਤਾਰੀ : ਤਰਕਸ਼ੀਲ

**ਮਾਨਸਾ (ਆਤਮਾ ਸਿੰਘ ਪਮਾਰ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਤਲਵੰਡੀ ਸਲੇਮ ਦੇ ਸਰਪੰਚ ਅਤੇ ਉਸ ਦੇ ਲੱਠਮਾਰਾਂ ਵੱਲੋਂ ਪੁਲਿਸ ਅਧਿਕਾਰੀਆਂ ਦੀ ਹਾਜ਼ਰੀ 'ਚ ਸ਼ਹੀਦ ਪਾਸ ਯਾਦਗਾਰੀ ਕਮੇਟੀ ਦੇ ਆਗੂ ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਸ਼ਬਦ ਬੋਲਣ, ਗਾਲ੍ਹਾਂ ਕੱਢਣ ਅਤੇ ਲੱਤਾਂ ਬਾਹਾਂ ਤੋੜਨ ਦੀਆਂ ਧਮਕੀਆਂ ਦੇਣ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਸਰਪੰਚ ਪ੍ਰਦੀਪ ਸਿੰਘ ਅਤੇ ਉਸ ਦੇ ਲੱਠਮਾਰਾਂ ਨੂੰ ਸਖ਼ਤ ਧਾਰਾਵਾਂ ਤਹਿਤ ਤੁਰੰਤ ਗ੍ਰਿਫ਼ਤਾਰ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।

ਉਨ੍ਹਾਂ ਕਿਹਾ ਕਿ ਪਾਸ-ਹੰਸ ਰਾਜ ਯਾਦਗਾਰੀ ਕੰਪਲੈਕਸ ਤੋਂ ਨਾਜਾਇਜ਼ ਕਬਜ਼ਾ ਵੀ ਤੁਰੰਤ ਪ੍ਰਭਾਵ ਨਾਲ ਹਟਾਇਆ ਜਾਵੇ।ਮਾਨਸਾ ਜੋਨ ਮੁਖੀ ਅੰਮ੍ਰਿਤ ਰਿਸ਼ੀ,ਇਕਾਈ ਮੁਖੀ ਮਾ.ਲੱਖਾ ਸਿੰਘ ਸਹਾਰਨਾ, ਮੀਡੀਆ ਵਿਭਾਗ ਮੁਖੀ ਭੁਪਿੰਦਰ ਫ਼ੌਜੀ ਅਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਥਾਨਕ ਵਿਧਾਇਕ ਦੀ ਸਰਪ੍ਰਸਤੀ ਹੇਠ ਤਾਨਾਸ਼ਾਹੀ ਅਤੇ ਗੁੰਡਾਗਰਦੀ ਕਰ ਰਹੇ ਸਰਪੰਚ ਅਤੇ ਉਸ ਦੇ ਲਾਠੀਮਾਰਾਂ ਵੱਲੋਂ 9 ਸਤੰਬਰ ਦੇ ਪਾਸ ਯਾਦਗਾਰੀ ਸਮਾਗਮ ਦੀ ਸ਼ਾਂਤਮਈ ਢੰਗ ਨਾਲ ਤਿਆਰੀ ਕਰਦੇ ਪ੍ਰਬੰਧਕ ਕਮੇਟੀ ਦੇ ਆਗੂ ਹਰਮੇਸ਼ ਮਾਲੜੀ ਨੂੰ ਪੁਲਿਸ ਅਧਿਕਾਰੀਆਂ ਤੇ ਕਮੇਟੀ ਆਗੂਆਂ ਤੇ ਪਿੰਡ ਵਾਸੀਆਂ ਦੀ ਹਾਜ਼ਰੀ 'ਚ ਧਮਕੀਆਂ ਦੇ ਕੇ ਇਲਾਕੇ ਦਾ ਮਾਹੌਲ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ ਤਰਕਸ਼ੀਲ ਆਗੂ ਭਰਭੂਰ ਸਿੰਘ ਮੰਨਣ, ਜਸਵੀਰ ਸੋਨੀ, ਗੁਰਦੀਪ ਸਿੰਘ ਸਿੱਧੂ, ਕ੍ਰਿਸ਼ਨ ਮਾਨਬੀਬੜੀਆਂ, ਹਰਬੰਸ ਸਿੰਘ ਢਿੱਲੋਂ ਅਤੇ ਮਹਿੰਦਰਪਾਲ ਅਤਲਾ ਨੇ ਕਿਹਾ ਕਿ ਸ਼ਹੀਦ ਪਾਸ-ਚੰਸ ਰਾਜ ਯਾਦਗਾਰੀ ਕਮੇਟੀ ਅਤੇ ਸਮੂਹ ਲੋਕ ਪੱਖੀ ਜਨਤਕ ਜਮਹੂਰੀ ਜੱਥੇਬੰਦੀਆਂ ਵੱਲੋਂ ਪ੍ਰਸ਼ਾਸਨ ਅਤੇ ਹਲਕੇ ਦੀ ਵਿਧਾਇਕ ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਵੀ ਨਾ ਤਾਂ ਉਸ ਕੰਪਲੈਕਸ 'ਚੋਂ ਝੂਲੇ ਅਤੇ ਓਪਨ ਜਿੰਮ ਹਟਾਏ ਗਏ ਹਨ ਅਤੇ ਨਾ ਹੀ ਦੋਸ਼ੀਆਂ ਵਿਰੁੱਧ ਕਾਨੂੰਨੀ ਕਾਰਵਾਈ ਹੀ ਕੀਤੀ ਗਈ ਹੈ।

# ਗਿਆਸਪੁਰਾ ਨੇ ਪਾਇਲ ਹਲਕੇ ਦੇ 109 ਪਿੰਡਾਂ ਲਈ 5 ਕਰੋੜ 19 ਲੱਖ ਦੀ ਗ੍ਰਾਂਟ ਵੰਡੀ



**ਦੋਰਾਹਾ (ਹਰਮਿੰਦਰ ਸੇਠ)**

ਹਲਕਾ ਪਾਇਲ ਦੇ ਪੇਂਡੂ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕਰਨ ਦੇ ਮਕਸਦ ਨਾਲ ਆਮ ਆਦਮੀ ਪਾਰਟੀ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਰੰਗਲਾ ਪੰਜਾਬ ਯੋਜਨਾ ਤਹਿਤ ਦੋਰਾਹਾ ਤੇ ਮਲੌਦ ਬਲਾਕ ਅਧੀਨ ਆਉਂਦੇ 109 ਪਿੰਡਾਂ ਦੀਆਂ ਪੰਚਾਇਤਾਂ ਨੂੰ 5 ਕਰੋੜ 19 ਲੱਖ ਰੁਪਏ ਦੀਆਂ ਗ੍ਰਾਂਟਾਂ ਵੰਡੀਆਂ ਗਈਆਂ।ਗ੍ਰਾਂਟਾਂ ਦੇ ਚੈੱਕ ਪੰਚਾਇਤਾਂ ਨੂੰ ਸੌਂਪਦਿਆਂ ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜ਼ੀਹ ਦਿੱਤੀ ਜਾ ਰਹੀ ਹੈ ਤੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ।

ਵਿਧਾਇਕ ਗਿਆਸਪੁਰਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਾਇਲ ਹਲਕੇ ਦੇ ਪੇਂਡੂ ਖੇਤਰਾਂ ਦੇ ਵਿਕਾਸ ਲਈ 10 ਕਰੋੜ ਰੁਪਏ ਦੀ ਗ੍ਰਾਂਟ ਭੇਜੀ ਗਈ, ਜਿਸ 'ਚੋਂ 5 ਕਰੋੜ 19 ਲੱਖ ਰੁਪਏ ਹੁਣ 109 ਪਿੰਡਾਂ ਨੂੰ ਵੰਡੇ ਗਏ ਹਨ।ਉਨ੍ਹਾਂ ਕਿਹਾ ਕਿ ਇਹ ਰਕਮ ਪਿੰਡਾਂ ਵਿੱਚ ਗਲੀਆਂ ਦੇ ਨਿਰਮਾਣ, ਧਰਮਸ਼ਾਲਾਵਾਂ, ਐੱਸ.ਸੀ. ਧਰਮਸ਼ਾਲਾਵਾਂ, ਸੜਕਾਂ, ਕਬਰਸਤਾਨਾਂ, ਲਾਇਬ੍ਰੇਰੀਆਂ ਸਮੇਤ ਲੋਕਾਂ ਦੀਆਂ ਲੋੜਾਂ ਨਾਲ ਜੁੜੇ ਵੱਖ-ਵੱਖ ਵਿਕਾਸ ਕਾਰਜਾਂ 'ਤੇ ਖਰਚ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਕਈ ਪਿੰਡਾਂ ਵਿੱਚ ਅਜਿਹੇ ਕੰਮ ਕਰਾਏ ਜਾ ਰਹੇ ਹਨ, ਜਿਨ੍ਹਾਂ ਦੀ ਲੋਕ ਲੰਬੇ ਸਮੇਂ ਤੋਂ ਉਡੀਕ ਕਰ ਰਹੇ ਸਨ।ਕਈ ਥਾਵਾਂ 'ਤੇ ਲੋਕਾਂ ਵੱਲੋਂ ਇਹ ਗੱਲ ਕਹੀ ਜਾਂਦੀ ਰਹੀ ਹੈ ਕਿ 50 ਸਾਲਾਂ ਤੋਂ ਗਲੀ ਦਾ ਨਿਰਮਾਣ ਨਹੀਂ ਹੋਇਆ ਜਾਂ ਧਰਮਸ਼ਾਲਾ ਵਿੱਚ ਅੱਜ ਤੱਕ ਇੱਕ ਇੱਟ ਵੀ ਨਹੀਂ ਲੱਗੀ।ਅਜਿਹੇ ਲੰਬਿਤ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਗਿਆ।ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਪਾਇਲ ਹਲਕੇ ਦੇ ਪੇਂਡੂ ਖੇਤਰਾਂ ਵਿੱਚ ਵਿਕਾਸ ਕਾਰਜਾਂ ਲਈ ਹੁਣ ਤੱਕ ਕਰੀਬ 25 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ।ਇਨ੍ਹਾਂ ਵਿੱਚ ਦੋਰਾਹਾ ਤੇ ਮਲੌਦ ਬਲਾਕ ਵਿੱਚ ਖੇਡ ਮੈਦਾਨਾਂ ਲਈ ਕਰੀਬ 20 ਕਰੋੜ ਰੁਪਏ ਖਰਚ ਕੀਤੇ ਗਏ, ਜਦਕਿ ਹੁਣ 5 ਕਰੋੜ 19 ਲੱਖ ਰੁਪਏ ਦੀ ਹੋਰ ਗ੍ਰਾਂਟ ਪਿੰਡਾਂ ਦੇ ਵਿਕਾਸ ਲਈ ਵੰਡੀ ਗਈ ਹੈ।

ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਜਾਰੀ ਕੀਤੀਆਂ ਗ੍ਰਾਂਟਾਂ ਦੀ ਸਹੀ, ਪਾਰਦਰਸ਼ੀ ਅਤੇ ਸਮੇਂ ਸਿਰ ਵਰਤੋਂ ਯਕੀਨੀ ਬਣਾਈ ਜਾਵੇ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜ ਮੁਕੰਮਲ ਹੋਣ ਉਪਰੰਤ ਯੂਜ਼ਰ ਸਰਟੀਫਿਕੇਟ ਵੀ ਸਮੇਂ ਸਿਰ ਜਮ੍ਹਾਂ ਕਰਾਏ ਜਾਣ, ਜਿਹੜੀਆਂ ਪੰਚਾਇਤਾਂ ਸਮੇਂ ਸਿਰ ਯੂਜ਼ਰ ਸਰਟੀਫਿਕੇਟ ਜਮ੍ਹਾਂ ਕਰਵਾਉਣਗੀਆਂ, ਉਨ੍ਹਾਂ ਨੂੰ ਅਗਲੇ ਪੜਾਅ ਵਿੱਚ ਉਨ੍ਹਾਂ ਦੀਆਂ ਮੰਗਾਂ ਅਨੁਸਾਰ ਹੋਰ ਗ੍ਰਾਂਟਾਂ ਮੁਹੱਈਆ ਕਰਾਈਆਂ ਜਾਣਗੀਆਂ।ਉਨ੍ਹਾਂ ਇਹ ਵੀ ਦੱਸਿਆ ਕਿ ਰੰਗਲਾ ਪੰਜਾਬ ਯੋਜਨਾ ਤਹਿਤ ਆਉਣ ਵਾਲੇ ਸਮੇਂ 'ਚ ਹੋਰ 5 ਕਰੋੜ ਰੁਪਏ ਦੀਆਂ ਗ੍ਰਾਂਟਾਂ ਵੀ ਵੰਡੀਆਂ ਜਾਣਗੀਆਂ।

ਵਿਧਾਇਕ ਗਿਆਸਪੁਰਾ ਨੇ ਬੀਡੀਪੀਓ ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਨਿਗਰਾਨੀ ਕਰਕੇ ਉਨ੍ਹਾਂ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਕੰਮਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਾ ਕੀਤਾ ਜਾਵੇ।

## ਨਵਜੰਮੇ ਬੱਚਿਆਂ ਦੀ ਸਕ੍ਰੀਨਿੰਗ ਬਾਰੇ ਸੀ ਐੱਮ ਈ ਰਾਹੀਂ ਦਿੱਤੀ ਜਾਣਕਾਰੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਏਮਜ਼ ਬਠਿੰਡਾ ਦੇ ਬਾਲ ਰੋਗ ਤੇ ਨਿਓਨੇਟੋਲੋਜੀ ਵਿਭਾਗ ਨੇ 5 ਸਤੰਬਰ ਨੂੰ ਨਵਜੰਮੇਬੱਚਿਆਂ ਦੀ ਸਕ੍ਰੀਨਿੰਗ ਜਾਗਰੂਕਤਾ ਪ੍ਰੋਗਰਾਮ ਤੇ ਸੀਐਮਈ 2026 ਦਾ ਸਫ਼ਲਤਾਪੂਰਵਕ ਆਯੋਜਨ ਕੀਤਾ, ਜਿਸਦਾ ਵਿਸ਼ਾ ਸ,ੀ ਜਨਮ ਤੋਂ ਸਫਲਤਾ ਤੱਕ।ਇਸ ਪ੍ਰੋਗਰਾਮ ਦਾ ਉਦੇਸ਼ ਨਵਜੰਮੇ ਬੱਚਿਆਂ ਦੀ ਸਕ੍ਰੀਨਿੰਗ, ਵਿਰਾਸਤੀ ਤੇ ਮੈਟਾਬੋਲਿਕ ਵਿਕਾਰਾਂ ਦੀ ਸ਼ੁਰੂਆਤੀ ਪਛਾਣ ਤੇ ਪ੍ਰਭਾਵਿਤ ਬੱਚਿਆਂ ਵਿੱਚ ਬਿਹਤਰ ਨਤੀਜਿਆਂ ਲਈ ਸਮੇਂ ਸਿਰ ਦਖਲਅੰਦਾਜ਼ੀ ਬਾਰੇ ਜਾਗਰੂਕਤਾ ਨੂੰ ਉਤਸ਼ਾਹਤ ਕਰਨਾ ਸੀ।ਇਹ ਪ੍ਰੋਗਰਾਮ ਏਮਜ਼ ਦੇ ਕਾਰਜਕਾਰੀ ਨਿਰਦੇਸ਼ਕ, ਪ੍ਰੋਫੈਸਰ ਡਾ. ਰਤਨਗੁਪਤਾ ਦੀ ਸਰਪ੍ਰਸਤੀ ਹੇਠ ਆਯੋਜਤ ਕੀਤਾ ਗਿਆ ਸੀ।ਪ੍ਰੋ. ਡਾ. ਸੀਮਾ ਕਪੂਰ, ਐਕਸੀਲੈਂਸ, ਜੈਨੇਟਿਕਸ ਵਿਭਾਗ, ਐਮਏਐਮਸੀ, ਨਵੀਂ ਦਿੱਲੀ ਦੇ ਪ੍ਰੋਫੈਸਰ ਤੇ ਭਾਰਤ ਵਿੱਚ ਨਵਜੰਮੇ ਬੱਚਿਆਂ ਦੀ ਸਕ੍ਰੀਨਿੰਗ ਵਿੱਚ ਮੋਹਰੀ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ, ਜਦੋਂ ਕਿ ਪ੍ਰੋ. ਡਾ. ਇਨੂਸ਼ਾ ਪਾਨੀਗ੍ਰਹੀ, ਪ੍ਰੋਫੈਸਰ ਤੇ ਯੂਨਿਟ ਮੁਖੀ, ਜੈਨੇਟਿਕਸ, ਪੀਜੀਆਈ ਐਮਈਆਰ ਚੰਡੀਗੜ੍ਹ ਮਹਿਮਾਨ ਵਜੋਂ ਸ਼ਾਮਲ ਹੋਏ।

## ਕੰਬੋਜ ਵੱਲੋਂ ਚੋਣ ਮੁਹਿੰਮ ਤੇਜ਼, 4 ਜ਼ੋਨਾਂ ਦੀਆਂ ਮੀਟਿੰਗਾਂ ਕਰਕੇ ਵਰਕਰ ਕੀਤੇ ਲਾਮਬੰਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਤੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਆਖਿਆ ਕਿ ਆਮ ਆਦਮੀ ਪਾਰਟੀ ਦੇ ਰਾਜ ਅੰਦਰ ਸਿਰਫ ਭ੍ਰਿਸ਼ਟਾਚਾਰ, ਨਸ਼ਿਆਂ ਤੇ ਕ੍ਰਾਈਮ ਨੂੰ ਬੜ੍ਹਾਵਾ ਮਿਲਿਆ ਹੈ, ਜਦੋਂ ਕਿ ਲੋਕਾਂ ਲਈ ਵਿਕਾਸ ਨਾਂਅ ਦਾ ਕੋਈ ਵੀ ਕੰਮ ਨਹੀਂ ਹੋਇਆ।ਹਰਦਿਆਲ ਕੰਬੋਜ ਨੇ ਇਹ ਪ੍ਰਗਟਾਵਾ ਹਲਕੇ ਦੇ 4 ਜ਼ੋਨਾਂ ਦੀਆਂ ਵਿਸ਼ੇਸ਼ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕੀਤਾ।ਇਹ ਮੀਟਿੰਗਾਂ ਜਾਸਲਾ, ਮਾਣਕਪੁਰ, ਫੁਲਕਾ ਤੇ ਸਾਮਦ ਵਿਖੇ ਹੋਈਆਂ, ਜਿਨ੍ਹਾਂ 'ਚ 20 ਪਿੰਡਾਂ ਦੇ ਕਾਂਗਰਸੀ ਵਰਕਰਾਂ ਨੇ ਦਾ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਏਸੇ ਤਰ੍ਹਾਂ ਮੌਜੂਦਾ ਕੌਂਸਲਰ ਰਜਿੰਦਰ ਕੌਰ ਆਪਣੇ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ ਹੋ ਗਈ।ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਤੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਤੇ ਮਿਲਟੀ ਕੰਬੋਜ ਨੇ ਕੌਂਸਲਰ ਰਜਿੰਦਰ ਕੌਰ ਤੇ ਉਨ੍ਹਾਂ ਦੇ ਸਮੁੱਚੇ ਸਾਥੀਆਂ ਨੂੰ ਮੁੜ ਕਾਂਗਰਸ 'ਚ ਸ਼ਾਮਲ ਕਰਾਇਆ ਤੋਂ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿਵਾਇਆ। ਹਰਦਿਆਲ ਕੰਬੋਜ ਨੇ ਕਿਹਾ ਕਿ ਪੰਜਾਬ ਦੇ ਲੋਕ ਕਾਂਗਰਸ ਦੀਆਂ ਨੀਤੀਆਂ ਤੇ ਵਿਚਾਰਧਾਰਾ ਨਾਲ ਜੁੜ ਰਹੇ ਹਨ।ਸੂਬੇ 'ਚ ਕਾਂਗਰਸ ਦੇ ਹੱਕ 'ਚ ਮਾਹੌਲ ਬਣ ਰਿਹਾ ਹੈ ਅਤੇ ਆਉਣ ਵਾਲੇ ਸਮੇਂ 'ਚ ਪੰਜਾਬ 'ਚ ਕਾਂਗਰਸ ਦੀ ਸਰਕਾਰ ਬਣਨਾ ਯਕੀਨੀ ਹੈ।

# ਨਿਰਮਲ ਭੱਟੀਆਂ ਨੇ ਸਚਿਨ ਪਾਇਲਟ ਨਾਲ ਪੰਜਾਬ ਦੇ ਮੁੱਦਿਆਂ 'ਤੇ ਕੀਤੀ ਚਰਚਾ



**ਸਨੌਰ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੀਨੀਅਰ ਆਗੂ, ਬੈਂਕਫਿੰਕੋ ਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਨਿਰਮਲ ਸਿੰਘ ਭੱਟੀਆਂ ਨੇ ਕਾਂਗਰਸ ਹਾਈਕਮਾਂਡ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਇੰਚਾਰਜ ਨਿਯੁਕਤ ਕੀਤੇ ਗਏ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਤੇ ਕਾਂਗਰਸ ਵਰਕਿੰਗ ਕਮੇਟੀ ਦੇ ਮੈਂਬਰ ਸਚਿਨ ਪਾਇਲਟ ਨਾਲ ਮੁਲਾਕਾਤ ਕੀਤੀ।ਉਨ੍ਹਾਂ ਪੰਜਾਬ ਕਾਂਗਰਸ ਦਾ ਇੰਚਾਰਜ ਬਣਨ 'ਤੇ ਪੰਜਾਬ ਦੇ ਕਾਂਗਰਸੀਆਂ ਅਤੇ ਹਲਕਾ ਸਨੌਰ ਦੇ ਕਾਂਗਰਸੀਆਂ ਵੱਲੋਂ ਉਨ੍ਹਾਂ ਨੂੰ ਗੁਲਦਸਤਾ ਭੇਟ ਕਰ ਕੇ ਸਵਾਗਤ ਕੀਤਾ।

ਨਿਰਮਲ ਸਿੰਘ ਭੱਟੀਆਂ ਨੇ ਸਚਿਨ ਪਾਇਲਟ ਨਾਲ ਪੰਜਾਬ ਦੇ ਮੌਜੂਦਾ ਰਾਜਨੀਤਕ ਹਾਲਾਤ ਅਤੇ ਪੰਜਾਬ ਦੇ ਮੁੱਦਿਆਂ 'ਤੇ ਚਰਚਾ ਕੀਤੀ।ਉਨ੍ਹਾਂ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ, ਪੰਜਾਬ 'ਚ ਹੋਰ ਰਹੀ ਲੁੱਟ-ਖਸੁੱਟ, ਰਾਜਨੀਤਕ ਗੁੰਡਾਗਰਦੀ ਬਾਰੇ ਵਿਸਥਾਰ ਪੂਰਵਕ ਪੰਜਾਬ ਇੰਚਾਰਜ ਨੂੰ ਦੱਸਿਆ ਗੱਲ ਕੀਤੀ।ਚੌਧਰੀ ਭੱਟੀਆਂ ਨੇ ਕਿ ਪੰਜਾਬ 'ਚ ਇੱਕ ਤਰੀਕੇ ਨਾਲ ਅਣ-ਐਲਾਨੀ ਅਮਰਜੈਂਸੀ ਲਾਗੂ ਹੋ ਚੁੱਕੀ ਹੈ, ਜੋ ਵਿਅਕਤੀ ਪੰਜਾਬ ਦੇ ਹਿੱਤਾਂ ਦੀ ਗੱਲ ਕਰਦਾ ਹੈ ਜਾਂ ਸਰਕਾਰ ਦੀਆਂ ਨਾਕਾਮੀਆਂ ਨੂੰ ਉਜਾਗਰ ਕਰਦਾ ਹੈ ਤਾਂ ਉਸ 'ਤੇ ਝੂਠਾ ਪਰਚਾ ਦਰਜ ਕਰ ਕੇ ਜੇਲ ਭੇਜ ਦਿੱਤਾ ਜਾਂਦਾ ਹੈ।ਉਨ੍ਹਾਂ ਜ਼ਿਲਾ ਪਟਿਆਲਾ ਦੀਆਂ ਵੱਖ-ਵੱਖ ਵਿਧਾਨ ਸਭਾ ਸੀਟਾਂ ਅਤੇ ਖਾਸ ਤੌਰ 'ਤੇ ਹਲਕਾ ਸਨੌਰ ਬਾਰੇ ਪੰਜਾਬ ਕਾਂਗਰਸ ਦੇ ਇੰਚਾਰਜ ਨਾਲ ਵਿਸ਼ੇਸ਼ ਤੌਰ 'ਤੇ ਗੱਲਬਾਤ ਕੀਤੀ।ਉਨ੍ਹਾਂ ਦੱਸਿਆ ਕਿ ਹਲਕਾ ਸਨੌਰ ਹਮੇਸ਼ਾ ਕਾਂਗਰਸ ਪਾਰਟੀ ਦਾ ਗੜ੍ਹ ਰਿਹਾ ਹੈ, ਪਰ 2017 ਅਤੇ 2022 ਵਿਚ ਲਗਾਤਾਰ ਹਲਕਾ ਸਨੌਰ ਤੋਂ ਕਾਂਗਰਸ ਪਾਰਟੀ ਹਾਰਦੀ ਆ ਰਹੀ ਹੈ। ਕਾਂਗਰਸ ਪਾਰਟੀ ਇਹ ਸੀਟ ਜਿੱਤ ਸਕਦੀ ਹੈ ਜੇ ਪਾਰਟੀ ਇਸ ਵੱਲ ਪੂਰਾ ਧਿਆਨ ਦੇਵੇ।

# ਨਾਵਲਕਾਰ ਪਰਗਟ ਸਤੌਜ ਵਿਦਿਆਰਥੀਆਂ ਦੇ ਰੂਬਰੂ



**ਬੋਹਾ (ਨਿਰੰਜਣ ਬੋਹਾ)**-ਸਰਕਾਰੀ ਸੈਕੰਡਰੀ ਸਮਾਰਟ ਸਕੂਲ ਰਾਮਗੜ੍ਹ ਸ਼ਾਹਪੁਰੀਆਂ ਵਿਖੇ ਸਕੂਲ ਮੁਖੀ ਦਿਲਬਾਗ ਰਿਉਂਦ ਦੀ ਅਗਵਾਈ ਵਿੱਚ ਢਾਹਾਂ ਪੁਰਸਕਾਰ ਜੇਤੂ ਨਾਵਲਕਾਰ ਪਰਗਟ ਸਤੌਜ ਵਿਦਿਆਰਥੀਆਂ ਦੇ ਰੂਬਰੂ ਹੋਏ।ਮੰਚ ਦੇ ਕੋਆਰਡੀਨੇਟਰ ਮੈਡਮ ਸੁਖਵਿੰਦਰ ਕੌਰ ਮਘਾਣੀਆਂ ਨੇ ਕਿਹਾ ਕਿ ਪਰਗਟ ਸਤੌਜ ਨੇ ਸੰਗਰੂਰ ਜ਼ਿਲ੍ਹਾ ਦੇ ਪਿੰਡ ਸਤੌਜ ਵਿਚ ਜਨਮ ਲੈ ਕੇ ਪੰਜਾਬੀਅਤ ਦਾ ਨਾਂ ਪੂਰੇ ਵਿਸ਼ਵ ਵਿਚ ਰੌਸ਼ਨ ਕੀਤਾ ਹੈ।ਗੁਰਪ੍ਰੀਤ ਕੌਰ ਅਚਾਨਕ ਨੇ ਨਾਵਲਕਾਰ ਪਰਗਟ ਸਤੌਜ ਉਨ੍ਹਾਂ ਦੀ ਹਮਸਫ਼ਰ ਅੰਮ੍ਰਿਤ ਪਾਲ ਕੌਰ ਅਤੇ ਕਵੀ ਹਰਵਿੰਦਰ ਭਖੜਿਆਲ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਸਤੌਜ ਹੁਣ ਸਾਹਿਤਕ ਵਾਤਾਵਰਨ ਦਾ ਚਮਕਦਾ ਧਰੂਧਾਰਾ ਹੈ ,ਜਿਸ ਦੇ ਨਾਵਲਾਂ ਵਿੱਚ ਪੇਂਡੂ ਧਰਾਤਲ ਨੂੰ ਸੋਹਣੇ ਸ਼ਬਦਾਂ ਵਿੱਚ ਪਰੋਇਆ ਹੈ।ਸੁਰਜੀਤ ਸਿੰਘ ਨੇ ਸਕੂਲ ਦੀਆਂ ਪ੍ਰਾਪਤੀਆਂ ਅਤੇ ਗਤੀਵਿਧੀਆਂ ਦੀ ਗੱਲ ਕਰਦਿਆਂ ਸਮੁੱਚੇ ਸਟਾਫ਼ ਦੀ ਏਕਤਾ ਦੀ ਸ਼ਲਾਘਾ ਕੀਤੀ ।ਪਰਗਟ ਸਤੌਜ ਨੇ ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਬੜੇ ਹੀ ਕਲਾਤਮਕ ਢੰਗ ਨਾਲ ਵਿਦਿਆਰਥੀਆਂ ਨੂੰ ਆਪਣੇ ਨਾਲ ਸ਼ੁਰੂ ਤੋਂ ਅਖੀਰ ਤੱਕ ਜੋੜੀ ਰੱਖਿਆ। ਉਨ੍ਹਾਂ ਆਪਣੇ ਦਾਦੇ ਪੜਦਾਦਿਆਂ ਦੀ ਵਿਰਾਸਤ ਦੀ ਗੱਲ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਘਰ ਹਾਲਤ ਬਹੁਤ ਮਾੜੇ ਦੌਰ ਵਿੱਚ ਗੁਜਰੇ। ਜਮੀਨ ਵਿਕਣ ਅਤੇ ਗਹਿਣੇ ਹੋਣ ਤੱਕ ਦੀ ਨੌਬਤ ਹੀ ਨਹੀਂ ਆਈ ਸਗੋਂ ਆੜਤੀਏ ਦੁਆਰਾ ਘਰ ਦੀਆਂ ਵਸਤਾਂ ਡੰਗਰ ਗੱਡੇ ਬੱਕਰੀਆਂ ਵਿੱਚ ਵਿਆਜ ਬਦਲੇ ਹੀ ਹੜੱਪ ਲਈਆਂ। ਸਤੌਜ ਪੂਰੀ ਪੀੜ੍ਹੀ ਵਿਚੋਂ ਸਕੂਲ ਦਾ ਰਸਤਾ ਦੇਖਣ ਵਾਲਾ ਦੂਸਰਾ ਸਖਸ਼ ਸੀ। ਔਖੇ ਦੌਰ ਵਿੱਚ ਤੰਗੀਆਂ ਤੁਰਸ਼ੀਆਂ ਨਾਲ ਜੂਝਦਿਆਂ ਕਿਤਾਬਾਂ ਪੜ੍ਹਨ ਤੇ ਲਿਖਣ ਦਾ ਘਰਦਿਆਂ ਤੋਂ ਚੋਰੀ ਅਭਿਆਸ ਸਤੌਜ ਨੇ ਸ਼ੁਰੂ ਕੀਤਾ।ਦਿਨ ਰਾਤ ਮਿਹਨਤ ਕੀਤੀ ਆਖਰ ਦੋਵੇਂ ਭਰਾ ਡੀ ਪੀ ਈ ਦੀ ਸਰਕਾਰੀ ਨੌਕਰੀ ਲੈਣ ਵਿੱਚ ਸਫ਼ਲ ਹੋ ਗਏ। ਇਸ ਤਰ੍ਹਾਂ ਆਪਣੀ ਨਿੱਜੀ ਜ਼ਿੰਦਗੀ ਦੀ ਉਦਾਹਰਨ ਦੇ ਕੇ ਵਿਦਿਆਰਥੀਆਂ ਨੂੰ ਨਿਸ਼ਾਨਾ ਮਿਥਣ ਅਤੇ ਮਿਹਨਤ ਕਰਨ ਦੀ ਸਿੱਖਿਆ ਦਿੱਤੀ। ਸਕੂਲ ਦੀ ਵਿਦਿਆਰਥੀਅਣ ਦੇ ਪਾਤਰਾਂ ਬਾਰੇ ਸਵਾਲ ਕਰਨ 'ਤੇ ਸਤੌਜ ਨੇ ਦੱਸਿਆ ਕਿ ਨਾਵਲਾਂ ਦੇ ਪਾਤਰ ਲੱਭਣ ਲਈ ਉਸ ਨੂੰ ਜਿਆਦਾ ਘਾਲਣਾ ਨਹੀਂ ਘਾਲਣੀ ਪੈਂਦੀ ਸਗੋਂ ਉਹ ਉਸ ਨੂੰ ਆਪਣੇ ਆਲੇ ਦੁਆਲੇ ਵਿਚੋਂ ਹੀ ਮਿਲ ਜਾਂਦੇ ਹਨ।ਉਨ੍ਹਾਂ ਦੱਸਿਆ ਕਿ ਉਨ੍ਹਾਂ ਸ਼ੁਰੂਆਤ ਕਵਿਤਾ ਤੋਂ ਕਰਦਿਆਂ ਯਕਦਮ ਨਾਵਲ ਵੱਲ ਮੋੜਾ ਕੱਟਿਆ।ਸਮਾਗਮ ਦੇ ਅਖੀਰ ਵਿੱਚ ਸਕੂਲ ਮੁਖੀ ਦਿਲਬਾਗ ਰਿਉਂਦ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਤੌਜ ਇਨਾਮਾਂ ਸਨਮਾਨਾਂ ਦੀ ਦੌੜ ਵਿਚ ਨਾ ਪੈ ਕੇ ਉਸਾਰੂ ਸਾਹਿਤ ਸਿਰਜਣ ਵਿੱਚ ਜੁਟਿਆ ਹੋਇਆ ਹੈ। ਢਾਹਾਂ ਇੰਟਰਨੈਸ਼ਨਲ ਪੁਰਸਕਾਰ ਜੇਤੂ ਸਤੌਜ ਨਾਵਲਕਾਰ ਹੋਣ ਦੇ ਨਾਲ ਨਾਲ ਇੱਕ ਸਫ਼ਰ ਘੁਮੱਕੜ, ਸੋਹਣਾ ਫੋਟੋ ਸ਼ੂਟ ਕਰਨ ਵਾਲਾ, ਪਰਿਵਾਰ ਨੂੰ ਸਮਾਂ ਦੇਣ ਵਾਲਾ ਖ਼ੂਬਸੂਰਤ ਇਨਸਾਨ ਹੈ।ਸਮਾਗਮ ਦੀਆਂ ਖੂਬਸੂਰਤ ਤਸਵੀਰਾਂ ਸ ਦਲਜੀਤ ਸਿੰਘ ਮਘਾਣੀਆਂ ਨੇ ਕੈਮਰੇ 'ਚ ਕੈਦ ਕੀਤੀਆਂ।ਇਸ ਸਮੇਂ ਦਲਜੀਤ ਸਿੰਘ, ਲਲਿਤ ਕੁਮਾਰ, ਨਰਿੰਦਰ ਸਿੰਘ, ਮਨਜਿੰਦਰ ਸਿੰਘ, ਮੈਡਮ ਜਸਪ੍ਰੀਤ ਕੌਰ, ਮੈਡਮ ਰਾਜਦੀਪ ਕੌਰ, ਰੂਪ ਸਿੰਘ, ਗੁਰਦੀਪ ਸਿੰਘ ਆਦਿ ਸਟਾਫ਼ ਮੈਂਬਰ ਮੌਜੂਦ ਸਨ।

## ਕੱਚੇ ਮੁਲਾਜ਼ਮ ਭਲਕੇ ਕਰਨਗੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਇਨਲਿਸਟਮੈਂਟ-ਆਊਟਸੋਰਸ ਤਾਲਮੇਲ ਕਮੇਟੀ ਪੰਜਾਬ ਦੇ ਸੱਦੇ 'ਤੇ ਫਰਦ ਕੇਂਦਰ ਕੰਪਿਊਟਰ ਆਪਰੇਟਰ ਐਸੋਸੀਏਸ਼ਨ ਵੱਲੋਂ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਮੁਲਾਜ਼ਮਾਂ ਨੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਸਰਕਾਰ ਦਾ ਅਰਥੀ ਫੂਕ ਮੁਜ਼ਾਹਰਾ ਕੀਤਾ। ਪ੍ਰਦਰਸ਼ਨਕਾਰੀਆਂ ਨੇ ਕਾਲੀਆਂ ਪੱਟੀਆਂ ਅਤੇ ਬਿੱਲੇ ਲਗਾ ਕੇ ਆਪਣੀ ਨਾਰਾਜ਼ਗੀ ਜ਼ਾਹਰ ਕੀਤੀ ਅਤੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਵੱਲ ਜਲਦ ਧਿਆਨ ਨਾ ਦਿੱਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਜ਼ਿਲ੍ਹਾ ਪ੍ਰਧਾਨ ਸੁਨੀਲ ਸ਼ਰਮਾ, ਮੀਤ ਪ੍ਰਧਾਨ ਬਲਵਿੰਦਰ ਸਿੰਘ ਅਤੇ ਖਜਾਨਚੀ ਗੁਰਪ੍ਰੀਤ ਚੋਪੜੀ ਦੀ ਅਗਵਾਈ ਹੇਠ ਇਕੱਠੇ ਹੋਏ ਆਪਰੇਟਰਾਂ ਨੇ ਆਖਿਆ ਕਿ ਸਰਕਾਰ ਲੰਮੇ ਸਮੇਂ ਤੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਅਣਗੌਲਿਆ ਕਰ ਰਹੀ ਹੈ।

ਵੇਰਕਾ, ਜਲ ਸਪਲਾਈ, ਮਾਰਕਫੈੱਡ, ਪੀ.ਡਬਲਯੂ.ਡੀ. ਅਤੇ ਵੇਅਰਹਾਊਸ ਵਰਗੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਕੰਮ ਕਰ ਰਹੇ ਆਊਟਸੋਰਸ ਅਤੇ ਇਨਲਿਸਟਮੈਂਟ ਕਰਮਚਾਰੀ ਆਪਣੇ ਭਵਿੱਖ ਨੂੰ ਲੈ ਕੇ ਚਿੰਤਤ ਹਨ। ਐਸੋਸੀਏਸ਼ਨ ਨੇ ਸਾਫ਼ ਸ਼ਬਦਾਂ ਵਿੱਚ ਆਖਿਆ ਹੈ ਕਿ ਆਪਣੇ ਹੱਕਾਂ ਦੀ ਪ੍ਰਾਪਤੀ ਲਈ 12 ਸਤੰਬਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ।

## ਪੁਲਸ ਚੌਕੀ 'ਚ ਖੜ੍ਹੀ ਬੱਸ ਨੂੰ ਲੱਗੀ ਭਿਆਨਕ ਅੱਗ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਲੰਘੇ ਦਿਨ ਦੁਪਹਿਰ ਸਮੇਂ ਪੁਲਿਸ ਚੌਕੀ ਸੁਨਾਮ ਵਿਖੇ ਉਸ ਸਮੇਂ ਹਾਹਾਕਾਰ ਮੱਚ ਗਈ, ਜਦੋਂ ਪੁਰਾਣੇ ਮੁਕੱਦਮੇ ਨੰਬਰ 15/21 ਵਿੱਚ ਖੜ੍ਹੀ ਇੱਕ ਨਿੱਜੀ ਕੰਪਨੀ ਦੀ ਪੁਰਾਣੀ ਬੱਸ ਨੂੰ ਅਚਾਨਕ ਭਿਆਨਕ ਅੱਗ ਲੱਗ ਗਈ। ਅੱਗ ਨੇ ਦੇਖਦੇ ਹੀ ਦੇਖਦੇ ਬੱਸ ਨੂੰ ਆਪਣੀ ਲਪੇਟ ਵਿੱਚ ਲੈ ਲਿਆ।ਜਾਣਕਾਰੀ ਅਨੁਸਾਰ ਉਕਤ ਬੱਸ ਮੁਕੱਦਮੇ ਵਿੱਚੋਂ ਬਰੀ ਵੀ ਹੋ ਚੁੱਕੀ ਸੀ ਅਤੇ ਕਾਫ਼ੀ ਸਮੇਂ ਤੋਂ ਪੁਲਿਸ ਚੌਕੀ ਵਿਖੇ ਖੜ੍ਹੀ ਸੀ। ਅੱਗ ਲੱਗਣ ਦੇ ਕਾਰਨਾਂ ਦਾ ਫਿਲਹਾਲ ਪਤਾ ਨਹੀਂ ਲੱਗ ਸਕਿਆ।ਚੌਕੀ ਇੰਚਾਰਜ ਜਗਦੀਪ ਸਿੰਘ ਨੇ ਪੱਤਰਕਾਰਾਂ ਦੱਸਿਆ ਕਿ ਮੁੱਢਲੇ ਤੌਰ 'ਤੇ ਅੱਗ ਲੱਗਣ ਦੇ ਦੋ ਸੰਭਾਵਿਤ ਕਾਰਨ ਸਾਹਮਣੇ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਸੰਭਵ ਹੈ ਕਿ ਕਿਸੇ ਵਿਅਕਤੀ ਵੱਲੋਂ ਬੀੜੀ ਜਾਂ ਸਿਗਰਟ ਪੀ ਕੇ ਉੱਥੇ ਸੁੱਟ ਦਿੱਤੀ ਗਈ ਹੋਵੇ, ਕਿਉਂਕਿ ਬੱਸ ਦੇ ਨੇੜੇ ਲਿਫ਼ਾਫੇ ਆਦਿ ਪਏ ਹੋਏ ਸਨ। ਇਸ ਤੋਂ ਇਲਾਵਾ ਤੇਜ਼ ਧੁੱਪ ਕਾਰਨ ਬੱਸ ਦੇ ਸ਼ੀਸ਼ਿਆਂ ਵਿੱਚ ਪੈਦਾ ਹੋਈ ਗਰਮਾਇਸ਼ ਨੂੰ ਵੀ ਅੱਗ ਲੱਗਣ ਦਾ ਇੱਕ ਸੰਭਾਵਿਤ ਕਾਰਨ ਮੰਨਿਆ ਜਾ ਰਿਹਾ ਹੈ।

## ਈ-ਰਿਕਸ਼ਾ ਯੂਨੀਅਨ ਮੋਗਾ ਦੇ ਪ੍ਰਧਾਨ ਤੇ ਹੋਰ ਵਾਰਿਸ ਪੰਜਾਬ ਦੇ ਹੋਏ



ਮੋਗਾ (ਇਕਬਾਲ ਸਿੰਘ ਖਹਿਰਾ)-ਈ-ਰਿਕਸ਼ਾ ਯੂਨੀਅਨ ਮੋਗਾ ਦੇ ਪ੍ਰਧਾਨ, ਜਨਰਲ ਸਕੱਤਰ, ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਮੂਲੀਅਤ ਕੀਤੀ ਗਈ।ਇਸ ਮੌਕੇ ਹਲਕਾ ਮੋਗਾ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਉਮੀਦਵਾਰ ਗੁਰਮੀਤ ਸਿੰਘ ਢੁੱਕਣ ਵਾਲਾ ਨੂੰ ਭਰਵਾਂ ਹੁੰਗਾਰਾ ਮਿਲਿਆ।ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਗੁਰਪ੍ਰੀਤ ਸਿੰਘ ਪ੍ਰਧਾਨ, ਮੇਜਰ ਸਿੰਘ ਲੋਹਰੇ ਜਨਰਲ ਸਕੱਤਰ, ਜਸਵੰਤ ਸਿੰਘ ਵਾਈਸ ਪ੍ਰਧਾਨ ਕਮਲਜੀਤ ਸਿੰਘ ਮੈਂਬਰ ਅਤੇ ਰਮੇਸ਼ ਸਿੰਘ ਮੈਂਬਰ ਸਮੇਤ ਹੋਰ ਮੈਂਬਰ ਸ਼ਾਮਲ ਹਨ।ਇਸ ਮੌਕੇ ਤਰਨਦੀਪ ਸਿੰਘ ਸਿਆਂ ਵਾਲਾ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਪਾਰਟੀ ਨਾਲ ਜੁੜਨ ਦਾ ਫੈਸਲਾ ਸੰਗਠਨ ਨੂੰ ਹੋਰ ਮਜ਼ਬੂਤੀ ਦੇਣ ਵਿੱਚ ਸਹਾਇਕ ਹੋਵੇਗਾ।ਈ-ਰਿਕਸ਼ਾ ਯੂਨੀਅਨ ਦੇ ਸਾਰੇ ਅਹੁਦੇਦਾਰਾਂ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਤਰਨਦੀਪ ਸਿੰਘ ਸਿਆਂ ਵਾਲਾ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਤੇ ਸਭ ਨੂੰ ਜੀ ਆਇਆਂ ਕਿਹਾ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵਿੱਚ ਸ਼ਾਮਲ ਕੀਤਾ ਗਿਆ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਮਹੀਨਾਵਾਰ ਮੀਟਿੰਗ



ਮੱਖੂ (ਵਰਪਾਲ ਸਿੰਘ ਸੰਧੂ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਡਾ. ਹਰਭਜਨ ਕੰਬੋਜ਼ ਦੀ ਯੋਗ ਅਗਵਾਈ ਹੇਠ ਬਲਾਕ ਮੱਖੂ ਦੀ ਮਹੀਨਾਵਾਰ ਮੀਟਿੰਗ ਡਾ. ਲਵਪ੍ਰੀਤ ਸਿੰਘ ਦੀ ਪ੍ਰਧਾਨਗੀ ਤੇ ਚੇਅਰਮੈਨ ਡਾ. ਗੁਲਾਬ ਦੀ ਅਗਵਾਈ ਹੇਠ ਤਾਜ ਢਾਬਾ ਮੱਖੂ ਵਿੱਚ ਹੋਈ।ਮੀਟਿੰਗ ਵਿੱਚ ਜ਼ਿਲ੍ਹਾ ਕਮੇਟੀ ਮੈਂਬਰ ਡਾ. ਪਰਮਜੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਦੌਰਾਨ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਬਾਰੇ ਯੂਨੀਅਨ ਦੇ ਪ੍ਰੈਸ ਸਕੱਤਰ ਡਾ. ਵਿਕਾਸ ਕੁਮਾਰ ਨੇ ਦੱਸਿਆ ਕਿ ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਨੇ ਦੱਸਿਆ ਕਿ ਜਥੇਬੰਦੀ ਦੇ ਉਦੇਸ਼ ਮਾਨਵ ਸੇਵਾ ਪਰਮੋ ਧਰਮ ਹੈ। ਇਸ ਤਹਿਤ ਸਾਰੇ ਪ੍ਰੈਕਟੀਸ਼ਨਰ ਜੋ, ਕਿ ਵੱਖ-ਵੱਖ ਪਿੰਡਾਂ ਸ਼ਹਿਰਾਂ ਜਾਂ ਸਲੱਮ ਏਰੀਏ ਵਿੱਚ ਕੰਮ ਕਰਦੇ ਹਨ ਆਪਣੀਆਂ ਕਲੀਨਕਾਂ ਨੂੰ ਪੂਰਾ ਸਾਫ ਸੁਥਰਾ ਰੱਖਣਾ ਹੈ ਤੇ ਆਪਣਾ ਸਾਫ਼ ਸੁਥਰਾ ਕੰਮ ਕਰਨ ਦੇ ਨਾਲ ਨਾਲ ਸਮਾਜ ਭਲਾਈ ਦੇ ਕੰਮ ਕਰਦੇ ਹੋਏ ਸਸਤੀਆਂ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ।ਸਾਡੀ ਸਰਕਾਰ ਕੋਲੋਂ ਮੰਗ ਹੈ ਕਿ ਸਰਕਾਰ ਵੱਲੋਂ ਜੋ ਟ੍ਰੇਨਿੰਗ ਲਈ ਉਪਰਾਲਾ ਕੀਤਾ ਗਿਆ ਹੈ, ਉਸ ਨੂੰ ਜਲਦੀ ਤੋਂ ਜਲਦੀ ਅਮਲੀ ਜਾਮਾ ਪਹਿਨਾ ਕੇ ਪ੍ਰੈਕਟੀਸ਼ਨਰਾਂ ਦੀ ਰਜਿਸਟਰੇਸ਼ਨ ਕਰਨ ਦੀ ਮੰਗ ਨੂੰ ਸਰਕਾਰ ਪੂਰਾ ਕਰੇ ਤਾਂ ਜੁ ਉਹ ਬੇਖੌਫ਼ ਪ੍ਰੈਕਟਿਸ ਕਰ ਸਕਣ।ਮੀਟਿੰਗ ਵਿੱਚ ਨਿਊ ਵਿਜੀਓਥੈਰੇਪੀ ਤੇ ਐਕਸਰੇ ਸੈਂਟਰ ਦੇ ਡਾ. ਲੱਕੀ ਖਾਨ ਅਗਵਾਈ ਹੇਠ ਉਨ੍ਹਾਂ ਦੀ ਟੀਮ ਨੇ ਵੀ ਸ਼ਮੂਲੀਅਤ ਕੀਤੀ।

## ਡਾ. ਵਿਜੇ ਸ਼ਾਰਦਾ ਵੱਲੋਂ ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਦੇ ਸਮੂਹ ਮੈਂਬਰਾਂ ਦਾ ਸਨਮਾਨ



ਨਾਭਾ (ਅਮਨ ਗਰਗ)-ਸਾਬਕਾ ਸਿਵਲ ਸਰਜਨ ਰਿਟਾਇਰਡ ਡਾਕਟਰ ਵਿਜੇ ਸ਼ਾਰਦਾ ਵੱਲੋਂ ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਦੇ ਚੇਅਰਮੈਨ ਡਾਕਟਰ ਸਤਪਾਲ ਅਗਰਵਾਲ, ਪ੍ਰਧਾਨ ਚਮਨ ਲਾਲ ਪੱਪੀ ਨੂੰ ਪਿਛਲੇ 58 ਸਾਲਾਂ ਤੋਂ ਸਾਵਣ ਦੇ ਚਾਲਿਆਂ ਦੇ ਵਿੱਚ ਮਾਤਾ ਸ੍ਰੀ ਨੈਣਾ ਦੇਵੀ ਹਿਮਾਚਲ ਪ੍ਰਦੇਸ਼ ਵਿਖੇ ਲਾਏ ਜਾ ਰਹੇ ਲੰਗਰ ਦੀ ਸੇਵਾ ਭਾਵਨਾ ਦੇ ਚੱਲਦੇ ਸਮੂਹ ਮੈਂਬਰਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਡਾ. ਵਿਜੇ ਸ਼ਾਰਦਾ ਦੇ ਗ੍ਰਹਿ ਵਿਖੇ ਮੈਹਸ ਪੁਲ ਦੇ ਪਾਰ 'ਤੇ ਸਥਿਤ ਸ੍ਰੀ ਸਤਿਆ ਨਰਾਇਣ ਜੀ ਦੇ ਮੰਦਿਰ 'ਚ ਇਕ ਪ੍ਰੋਗਰਾਮ ਕਰਵਾਇਆ ਗਿਆ, ਜਿਸ 'ਚ ਟੀਮ ਦੇ ਸਮੂਹ ਮੈਂਬਰਾਂ ਨੇ ਆਪਣੇ ਪਰਿਵਾਰ ਸਮੇਤ ਸ਼ਿਰਕਤ ਕੀਤੀ।ਇਸ ਮੌਕੇ ਡਾ: ਵਿਜੇ ਸ਼ਾਰਦਾ ਨੇ ਚੇਅਰਮੈਨ ਡਾ. ਸਤਪਾਲ ਅਗਰਵਾਲ ਤੇ ਪ੍ਰਧਾਨ ਚਮਨ ਲਾਲ ਪੱਪੀ ਦੀ ਅਗਵਾਈ 'ਚ ਸਮੂਹ ਟੀਮ ਮੈਂਬਰਾਂ ਨੂੰ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ।ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਨਾਭਾ ਨੂੰ ਮੰਦਰ ਵਿਚ ਇਕ ਕਮਰਾ ਦਾਨ ਰੂਪ ਵਿੱਚ ਦਿੱਤਾ ਗਿਆ, ਜਿਸ ਦਾ ਉਦਘਾਟਨ ਡਾ. ਵਿਜੇ ਸ਼ਾਰਦਾ ਨੇ ਆਪਣੇ ਕਰ ਕਮਲਾਂ ਨਾਲ ਨਾਲ ਕੀਤਾ।ਡਾ. ਸਤਪਾਲ ਅਗਰਵਾਲ ਨੇ ਇਸ ਸਨਮਾਨ ਲਈ ਡਾ. ਵਿਜੇ ਸ਼ਾਰਦਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਸਮੂਹ ਮੈਂਬਰ ਦਿਨ-ਰਾਤ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ ਤੇ ਮੰਦਰ ਦੀ ਹਰ ਤਰ੍ਹਾਂ ਦੀ ਸੇਵਾ ਲਈ 24 ਘੰਟੇ ਹਾਜ਼ਰ ਹਨ।ਇਸ ਮੌਕੇ ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਵੱਲੋਂ ਡਾ. ਵਿਜੇ ਸ਼ਾਰਦਾ ਨੂੰ ਸਨਮਾਨਤ ਕੀਤਾ ਗਿਆ।

## ਖੇਤੀ ਨੀਤੀ ਬਣਾਉਣ ਤੇ ਪਾਣੀਆਂ ਦੇ ਮਸਲੇ ਉੱਚ ਮਾਹਰਾਂ ਦੀ ਕਮੇਟੀ ਰਾਹੀਂ ਹੱਲ ਕਰਨ ਦੀ ਮੰਗ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਸ਼ੁਰੂ ਕੀਤਾ ਪੱਕਾ ਮੋਰਚਾ ਦਸਵੇਂ ਦਿਨ ਵੀ ਜਾਰੀ ਰਿਹਾ। ਸਟੇਜ ਵੱਡੇ ਹਿੱਤਾਂ ਲਈ ਸਾਂਝਾ ਮੁਲਾਜ਼ਮ ਏਕੇ ਨੂੰ ਸਮਰਪਤ ਕੀਤੀ।ਉਨ੍ਹਾਂ ਕਿਹਾ ਕਿ ਖੇਤੀ ਨੀਤੀ ਕਿਸਾਨਾਂ ਮਜ਼ਦੂਰਾਂ ਪੱਖੀ ਬਣਾਉਣ, ਪਾਣੀਆਂ ਦੀ ਵੰਡ ਦੇਸ਼ ਦੇ ਰੀਪੇਰੀਅਨ ਸਿਧਾਂਤਾਂ ਮੁਤਾਬਕ ਨਿਰਪੱਖ ਉੱਚ ਪੱਧਰੀ ਮਾਹਿਰਾ ਦੀ ਕਮੇਟੀ ਬਣਾ ਕੇ ਹੱਲ ਕੀਤੇ ਜਾਣ ਪੰਜਾਬ ਤੇ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ।ਜ਼ਿਲ੍ਹਾ ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ, ਮੁਕਤਸਰ ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਹਰਫੂਲ ਸਿੰਘ ਭਾਗਸਰ ਲੰਬੀ ਬਲਾਕ ਦੇ ਵਿੱਤ ਸਕੱਤਰ ਮਨੋਹਰ ਸਿੰਘ ਸਿੱਖ ਵਾਲਾ ਨੇ ਕਿਹਾ ਕਿ ਲੰਮੇ ਸਮੇਂ ਤੋਂ ਪੰਜਾਬ ਦੀਆਂ ਵੱਖ-ਵੱਖ ਸਰਕਾਰਾਂ ਤੇ ਆਪ ਸਰਕਾਰ ਨੇ ਵੀ ਕਿਸਾਨਾਂ ਮਜ਼ਦੂਰਾਂ ਪੱਖੀ ਖੇਤੀ ਨੀਤੀ ਨਹੀਂ ਬਣਾਈ, ਸਗੋਂ ਕਾਰਪੋਰੇਟ ਪੱਖੀ ਖੇਤੀ ਨੀਤੀ ਬਣਾਉਣ ਲਈ ਇਕ ਬਦੇਸ਼ੀ ਕੰਪਨੀ ਨੂੰ 6000/- ਕਰੋੜ ਰੁਪਏ ਦਿੱਤੇ ਗਏ, ਜੋ ਕਿਸੇ ਵੀ ਤਰ੍ਹਾਂ ਵਾਜਿਬ ਨਹੀਂ ਸੀ। ਉਨ੍ਹਾਂ ਕਿਹਾ ਕਿ ਪੰਜਾਬ ਤੇ ਹਰਿਆਣਾ ਨੂੰ ਦੇਸ਼ ਦੇ ਰੀਪੇਰੀਅਨ ਸਿਧਾਂਤਾਂ ਮੁਤਾਬਕ ਨਿਰਪੱਖ ਉੱਚ ਮਾਹਿਰਾਂ ਦੀ ਕਮੇਟੀ ਰਾਹੀਂ ਹੱਲ ਕੀਤੇ ਜਾਣੇ ਚਾਹੀਦੇ ਹਨ।ਆਗੂਆਂ ਨੇ ਕਿਹਾ ਸੂਬਾ ਤੇ ਕੇਂਦਰ ਸਰਕਾਰਾਂ ਵੱਲੋਂ ਹਮੇਸ਼ਾਂ ਹੀ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਅਣਗੌਲਿਆ ਕੀਤਾ ਜਾਂਦਾ ਹੈ, ਜਦੋਂ ਕਿ ਸੂਬਾ ਸਰਕਾਰਾਂ ਨੂੰ ਵੀ ਕਿਸਾਨਾਂ ਦੀਆਂ ਫਸਲਾਂ ਐਮ ਐਸ ਪੀ ਡਾ ਸੁਆਮੀ ਨਾਥਨ ਦੀ ਰਿਪੋਰਟ ਸੀਟੂ ਜਮ੍ਹਾਂ 50% ਦੇ ਫਾਰਮੂਲੇ ਅਨੁਸਾਰ ਖਰੀਦ ਕਰਨੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਅੰਦੋਲਨਕਾਰੀ ਕਿਸਾਨਾਂ ਮਜ਼ਦੂਰਾਂ ਤੇ ਦਰਜ ਪੁਲਿਸ ਕੇਸ ਸਮੇਤ ਪਰਾਲੀ ਸਾੜਨ ਵਾਲੇ ਪਰਚੇ ਰੱਦ ਕੀਤੇ ਜਾਣ।ਇਸ ਤੋਂ ਇਲਾਵਾ ਕਿਸਾਨਾਂ ਮਜ਼ਦੂਰਾਂ ਭਖਦੀਆਂ ਮੰਗਾਂ ਸਮੇਤ ਕਰ ਮੁਕਤ ਡੇਅਰੀ ਫਾਰਮਿੰਗ ਸਮਝੌਤਾ ਲੈਂਡ ਪੂਲਿੰਗ ਨੀਤੀ ਨਿੱਜੀਕਰਨ ਦੀਆਂ ਨੀਤੀਆਂ ਰੱਦ ਕੀਤੀਆਂ ਜਾਣ ਮੰਗਾਂ ਲਾਗੂ ਕਰਾਉਣ ਤੱਕ ਸੰਘਰਸ਼ ਜਾਰੀ ਰਹੇਗਾ।

## ਸ਼੍ਰੋਮਣੀ ਅਕਾਲੀ ਦਲ ਇਸਤਰੀ ਵਿੰਗ 'ਚ ਹੋਈਆਂ ਨਿਯੁਕਤੀਆਂ



ਕੋਟਕਪੂਰਾ (ਰਛਪਾਲ ਭੁੱਲਰ)-ਬੀਬੀ ਮਨਜੀਤ ਕੌਰ ਨੰਗਲ ਪ੍ਰਧਾਨ ਇਸਤਰੀ ਅਕਾਲੀ ਦਲ ਜ਼ਿਲ੍ਹਾ ਫ਼ਰੀਦਕੋਟ ਤੇ ਬੀਬੀ ਸੁਖਦੀਪ ਕੌਰ ਢਿੱਲੋਂ ਪ੍ਰਧਾਨ ਇਸਤਰੀ ਅਕਾਲੀ ਦਲ ਹਲਕਾ ਕੋਟਕਪੂਰਾ ਵੱਲੋਂ ਮਨਤਾਰ ਸਿੰਘ ਬਰਾੜ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਕੋਟਕਪੂਰਾ ਨਾਲ ਸਲਾਹ ਮਸ਼ਵਰਾ ਕਰਕੇ ਹਲਕਾ ਕੋਟਕਪੂਰਾ ਦੀ ਜਥੇਬੰਦੀ ਇਸਤਰੀ ਵਿੰਗ ਨੂੰ ਮਜਬੂਤ ਕਰਨ ਲਈ ਨਿਯੁਕਤੀਆਂ ਕੀਤੀਆਂ ਗਈਆਂ, ਜਿਸ ਵਿੱਚ ਬੀਬੀ ਰੱਜੋ ਕੌਰ ਪ੍ਰਧਾਨ ਸਰਕਲ ਚਹਿਲ, ਬੀਬੀ ਪਰਮਜੀਤ ਕੌਰ ਪ੍ਰਧਾਨ ਸਰਕਲ ਕੋਟਕਪੂਰਾ ਦਿਹਾਤੀ, ਬੀਬੀ ਹਰਬੰਸ ਕੌਰ ਪ੍ਰਧਾਨ ਸਰਕਲ ਵਾੜਾ ਦਰਾਕਾ, ਬੀਬੀ ਮਨਪ੍ਰੀਤ ਕੌਰ ਪ੍ਰਧਾਨ ਸਰਕਲ ਢੀਮਾਂਵਾਲੀ ਤੇ ਬੀਬੀ ਪਰਮਜੀਤ ਕੌਰ ਪ੍ਰਧਾਨ ਸਰਕਲ ਮਚਾਕੀ ਮੱਲ ਸਿੰਘ ਨਿਯੁਕਤ ਕੀਤੇ ਗਏ।

## ਪਿੰਡਾਂ ਦੇ ਵਿਕਾਸ ਕਾਰਜਾਂ ਲਈ ਚੈੱਕ ਤਕਸੀਮ



ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ ਬਿੰਨੀ ਗਰਗ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਵਿਕਾਸ ਸਬੰਧੀ ਮੰਗਾਂ ਸੁਣੀਆਂ। ਉਨ੍ਹਾਂ ਪਿੰਡ ਦੁਗਨੀ, ਬਮਾਲ, ਫਰਵਾਹੀ, ਚਾਂਗਲੀ, ਘਨੌਰ ਖੁਰਦ, ਬਲਮਗੜ੍ਹ, ਜਾਤੀਮਾਜਰਾ, ਮਲੂਮਾਜਰਾ ਅਤੇ ਦੌਲਤਪੁਰ ਦਾ ਦੌਰਾ ਕੀਤਾ।ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਪਹਿਲ ਦਿੱਤੀ ਜਾ ਰਹੀ ਹੈ।ਪਿੰਡਾਂ ਵਿੱਚ ਸੜਕਾਂ, ਗਲੀਆਂ-ਨਾਲੀਆਂ, ਪੀਣ ਵਾਲੇ ਪਾਣੀ, ਸਫ਼ਾਈ, ਸਟਰੀਟ ਲਾਈਟਾਂ ਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਕੰਮ ਸਥਾਨਕ ਲੋੜਾਂ ਅਨੁਸਾਰ ਕਰਾਏ ਜਾ ਰਹੇ ਹਨ।ਉਨ੍ਹਾਂ ਪਿੰਡ ਵਾਸੀਆਂ ਦੀਆਂ ਮੰਗਾਂ ਸੁਣਦਿਆਂ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਦੇ ਨਿਰਦੇਸ਼ ਦਿੱਤੇ।ਇਸ ਦੌਰਾਨ ਵੱਖ-ਵੱਖ ਵਿਕਾਸ ਕਾਰਜਾਂ ਲਈ ਚੈੱਕ ਵੀ ਤਕਸੀਮ ਕੀਤੇ ਗਏ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜ ਪਾਰਦਰਸ਼ੀ ਢੰਗ ਨਾਲ ਸਮੇਂ ਸਿਰ ਮੁਕੰਮਲ ਕਰਾਏ ਜਾਣਗੇ।

## ਸਰਕਾਰੀ ਹਸਪਤਾਲਾਂ ਦੀ ਹਾਲਤ ਮਾੜੀ : ਕਾਲੀ



ਦੋਰਾਹਾ (ਹਰਮਿੰਦਰ ਸੇਠ)-ਪੰਜਾਬ ਅੰਦਰ ਸਵਾਇਨ ਫਲੂ ਦਾ ਵਾਇਰਲ ਬੜੀ ਤੇਜੀ ਨਾਲ ਫੈਲ ਰਿਹਾ ਹੈ। ਪੁਲਿਸ ਜ਼ਿਲ੍ਹਾ ਖੰਨਾ ਅੰਦਰ ਪ੍ਰਾਈਵੇਟ ਹਸਪਤਾਲਾਂ ਤੇ ਕਲੀਨਕਾਂ ਵਿੱਚ ਮਰੀਜ਼ਾਂ ਦੀ ਭਰਮਾਰ ਲੱਗੀ ਪਈ ਹੈ। ਡਾਕਟਰ ਅੰਬੇਡਕਰ ਨਵਯੁਵਕ ਦਲ ਪੰਜਾਬ ਦੇ ਪ੍ਰਧਾਨ ਗੁਰਦੀਪ ਸਿੰਘ ਕਾਲੀ ਨੇ ਕਿਹਾ ਕਿ ਪੰਜਾਬ ਦੇ ਸਿਵਲ ਹਸਪਤਾਲਾਂ ਦੀ ਹਾਲਾਤ ਬਹੁਤ ਹੀ ਮਾੜੀ ਹੈ, ਇਸ ਲਈ ਲੋਕ ਮਜਬੂਰੀ ਵੱਸ ਨਿੱਜੀ ਹਸਪਤਾਲਾਂ ਵਿਚ ਦਾਖਲ ਹੋ ਰਹੇ ਹਨ। ਸਰਕਾਰੀ ਹਸਪਤਾਲਾਂ ਵਿਚ ਨਾ ਤਾਂ ਕੋਈ ਮਾਹਿਰ ਡਾਕਟਰ ਹੈ ਅਤੇ ਨਾ ਹੀ ਕੋਈ ਸਹੂਲਤ ਇਹ ਸਿਰਫ ਚਿੱਟੇ ਹਾਥੀ ਬਣ ਕੇ ਰਹਿ ਗਏ ਹਨ।

## ਬਿਜਲੀ ਕੱਟਾਂ ਖ਼ਿਲਾਫ਼ ਕਿਸਾਨ ਜਥੇਬੰਦੀਆਂ ਵੱਲੋਂ ਨਿਹਾਲ ਸਿੰਘ ਵਾਲਾ ਦੇ ਮੁੱਖ ਚੌਕ ਵਿੱਚ ਧਰਨਾ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਪਿੰਡਾਂ ਵਿੱਚ ਲੱਗ ਰਹੇ ਬਿਜਲੀ ਦੇ ਅਣਐਲਾਨੇ ਕੱਟਾਂ ਤੋਂ ਪ੍ਰੇਸ਼ਾਨ ਕਿਸਾਨਾਂ ਦੇ ਹੱਕ ਵਿੱਚ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਨਿਹਾਲ ਸਿੰਘ ਵਾਲਾ ਦੇ ਮੇਨ ਚੌਕ ਵਿੱਚ ਧਰਨਾ ਲਗਾ ਕੇ ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਕਿਸਾਨ



ਆਗੂਆਂ ਨੇ ਕਿਹਾ ਕਿ ਬਿਜਲੀ ਦੇ ਲਗਾਤਾਰ ਕੱਟਾਂ ਕਾਰਨ ਕਿਸਾਨਾਂ ਨੂੰ ਖੇਤੀਬਾੜੀ ਦੇ ਕੰਮਾਂ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਖੇਤਾਂ ਲਈ ਲੋੜੀਂਦੀ ਬਿਜਲੀ ਸਪਲਾਈ ਨਾ ਮਿਲਣ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਪ੍ਰਭਾਵਿਤ ਹੋ ਰਹੀਆਂ ਹਨ ਅਤੇ ਪਿੰਡਾਂ ਦੇ ਲੋਕ ਵੀ ਪ੍ਰੇਸ਼ਾਨ ਹਨ।ਕਿਸਾਨ ਆਗੂਆਂ ਨੇ ਸਰਕਾਰ ਅਤੇ ਸਬੰਧਤ ਵਿਭਾਗ ਤੋਂ ਮੰਗ ਕੀਤੀ ਕਿ ਬਿਜਲੀ ਸਪਲਾਈ ਨੂੰ ਸੁਚਾਰੂ ਬਣਾਇਆ ਜਾਵੇ ਅਤੇ ਪਿੰਡਾਂ 'ਚ ਘੰਟਾਂ ਵਿੱਚ ਲੱਗ ਰਹੇ ਬਿਜਲੀ ਦੇ ਕੱਟ ਤੁਰੰਤ ਬੰਦ ਕੀਤੇ ਜਾਣ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਬਿਜਲੀ ਦੀ ਸਮੱਸਿਆ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਕਿਸਾਨ ਜਥੇਬੰਦੀਆਂ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰ ਅਤੇ ਸਬੰਧਤ ਵਿਭਾਗ ਦੀ ਹੋਵੇਗੀ।

# ਨਾਕਸ ਬਿਜਲੀ ਸਪਲਾਈ ਖ਼ਿਲਾਫ਼ ਆਵਾਜਾਈ ਠੱਪ

ਰਾਏਕੋਟ (ਸੰਤੋਖ ਗਿੱਲ)-ਪੰਜਾਬ ਵਿੱਚ ਬਿਜਲੀ ਸਪਲਾਈ ਦੇ ਨਾਕਸ ਪ੍ਰਬੰਧਾਂ ਅਤੇ ਲਗਾਤਾਰ ਲੱਗ ਰਹੇ ਪਾਵਰ-ਕੱਟਾਂ ਖ਼ਿਲਾਫ਼ ਭਾਰਤੀ ਕਿਸਾਨ ਯੂਨੀਅਨ (ਏਕਤਾ ਡਕੌਂਦਾ) ਵੱਲੋਂ ਪਹਿਲਾਂ ਇੱਥੇ ਐਕਸੀਅਨ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਗਿਆ। ਐਕਸੀਅਨ ਵੱਲੋਂ ਕਿਸਾਨਾਂ ਦੀ ਗੱਲ ਨਾ ਸੁਣਨ ਤੋਂ ਭੜਕੇ ਕਿਸਾਨਾਂ ਨੇ ਸ਼ਹਿਰ ਦੇ ਮੁੱਖ ਰਹੀ ਸਿੰਘ ਨਲੂਆ ਚੌਕ ਵਿੱਚ ਲੁਧਿਆਣਾ-ਬਠਿੰਡਾ ਰਾਜ ਮਾਰਗ 'ਤੇ ਆਵਾਜਾਈ ਠੱਪ ਕਰ ਦਿੱਤੀ। ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਗੁਰਜਿੰਦਰ ਸਿੰਘ ਭੁੱਲਰ, ਅਮਨਦੀਪ ਸ਼ਰਮਾ, ਸਰਬਜੀਤ ਸਿੰਘ ਗਿੱਲ ਬਲਾਕ ਪ੍ਰਧਾਨ ਪਖੋਵਾਲ, ਸਰਬਜੀਤ ਸਿੰਘ ਧੂਰਕੋਟ ਬਲਾਕ ਪ੍ਰਧਾਨ ਰਾਏਕੋਟ ਅਤੇ ਰਛਪਾਲ ਸਿੰਘ ਸਰਪੰਚ ਨੇ ਕਿਹਾ ਕਿ ਪੰਜਾਬ ਵਿੱਚ ਗੰਭੀਰ ਬਿਜਲੀ ਸੰਕਟ ਬਣਿਆ ਹੋਇਆ ਹੈ, ਪਰ ਸਰਕਾਰ ਇਸ ਨੂੰ ਮੰਨਣ ਲਈ ਤਿਆਰ ਨਹੀਂ। ਉਨ੍ਹਾਂ ਦੋਸ਼ ਲਾਇਆ ਕਿ ਖੇਤੀ ਟਿਊਬਵੈੱਲਾਂ ਨੂੰ ਅੱਠ ਘੰਟੇ ਬਿਜਲੀ ਸਪਲਾਈ ਦੇ ਸਰਕਾਰੀ ਦਾਅਵਿਆਂ ਦੇ ਬਾਵਜੂਦ ਕਿਸਾਨਾਂ ਨੂੰ ਮੁਸ਼ਕਲ ਨਾਲ ਚਾਰ ਘੰਟੇ ਹੀ ਬਿਜਲੀ ਮਿਲ ਰਹੀ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਘਰੇਲੂ ਬਿਜਲੀ ਸਪਲਾਈ ਦਾ ਹਾਲ ਬੇਹੱਦ ਮਾੜਾ ਹੈ। ਉਨ੍ਹਾਂ ਕਿਹਾ ਕਿ ਰਾਏਕੋਟ, ਸ਼ਾਹਜਹਾਨਪੁਰ, ਗੁਲਾਬਪੁਰ, ਜਲਾਲਦੀਵਾਲ ਅਤੇ ਬਰਮੀ ਗਰਿੱਡ ਤੋਂ ਇਲਾਵਾ ਮੰਜੀ ਸਾਹਿਬ ਫੀਡਰ, ਪੱਖੋਵਾਲ ਅਤੇ ਰੂਮੀ ਗਰਿੱਡ ਵਿੱਚ ਖੇਤੀਬਾੜੀ ਬਿਜਲੀ ਸਪਲਾਈ ਦੇ ਵੱਡੇ ਕੱਟ ਲਾਏ ਜਾ ਰਹੇ ਹਨ, ਜਿਸ



ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਉਨ੍ਹਾਂ ਕਿਹਾ ਕਿ ਬਿਜਲੀ ਦੀ ਘਾਟ ਕਾਰਨ ਫ਼ਸਲਾਂ ਨੂੰ ਬਚਾਉਣ ਲਈ ਕਿਸਾਨਾਂ ਨੂੰ ਮਹਿੰਗੇ ਭਾਅ ਦਾ ਡੀਜ਼ਲ ਫੂਕ ਕੇ ਜਨਰੇਟਰ ਚਲਾਉਣੇ ਪੈ ਰਹੇ ਹਨ। ਕਿਸਾਨ ਆਗੂਆਂ ਨੇ ਪਾਵਰ ਕਾਮ ਅਧਿਕਾਰੀਆਂ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਤਾਂ ਐਕਸੀਅਨ ਦਫ਼ਤਰ ਅੱਗੇ ਪੱਕਾ ਧਰਨਾ ਲਾਇਆ ਜਾਵੇਗਾ।ਕਿਸਾਨਾਂ ਨੂੰ ਗੁਰਪ੍ਰੀਤ ਸਿੱਧੂ, ਸਤਵੀਰ ਬੋਪਾਰਾਏ, ਜਸਵਿੰਦਰ ਧੂਰਕੋਟ, ਸਰਪੰਚ ਰਾਜਦੀਪ ਸਿੰਘ ਤੇ ਹਰਦੀਪ ਸਿੰਘ ਸਰਪੰਚ ਟੂਸਾ ਨੇ ਵੀ ਸੰਬੋਧਨ ਕੀਤਾ।

## ਕਾਂਗਰਸ ਨੂੰ ਝਟਕਾ, ਕਈ ਪਰਵਾਰ 'ਆਪ' 'ਚ ਸ਼ਾਮਲ



ਗਿੱਦੜਬਾਹਾ (ਜਸਵੰਤ ਗਿੱਲ ਛੱਤੇਆਣਾ)-ਹਲਕਾ ਗਿੱਦੜਬਾਹਾ ਦੇ ਪਿੰਡ ਕੋਟਭਾਈ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਕਾਂਗਰਸ ਪਾਰਟੀ ਨਾਲ ਸਬੰਧਤ ਬਲਜਿੰਦਰ ਸਿੰਘ ਬੋਘਾ, ਮੌਜੂਦਾ ਮੈਂਬਰ, ਅਤੇ ਸੋਨੀ ਕੌਰ ਪਤਨੀ ਹਰਬੰਸ ਸਿੰਘ ਨੇ ਆਪਣੇ ਪਰਿਵਾਰਾਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿੰਦਿਆਂ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਇਹ ਸ਼ਮੂਲੀਅਤ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਅਤੇ ਪਿੰਡ ਕੋਟਭਾਈ ਦੇ ਸਰਪੰਚ ਜਗਸੀਰ ਸਿੰਘ, ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਦੀ ਪ੍ਰੇਰਨਾ ਸਦਕਾ ਹੋਈ।ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ 'ਆਪ' ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਦੇ ਚਿੰਨ੍ਹ ਵਾਲੇ ਸਿਰੋਪੇ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਮਲਕੀਤ ਸਿੰਘ ਮੈਂਬਰ, ਕਸ਼ਮੀਰ ਸਿੰਘ ਮੈਂਬਰ, ਛਿੰਦਾ ਬਾਬਾ ਮੈਂਬਰ, ਸੁਖਜੀਵਨ ਸਿੰਘ ਮੈਂਬਰ, ਮਨਜੀਤ ਕੌਰ ਮੈਂਬਰ, ਕੁਲਵਿੰਦਰ ਬਰਾੜ ਪ੍ਰਧਾਨ, ਜੋਗਿੰਦਰ ਵਾਲੀਆਂ, ਸੁਖਮਿੰਦਰ ਸਿੰਘ ਵਾਲੀਆ, ਸੁਖਵਿੰਦਰ ਸਿੰਘ ਮਾਨ, ਤੇਜਾ ਸਿੰਘ ਨੰਬਰਦਾਰ, ਗੁਰਨਾਮ ਸਿੰਘ ਸੰਧੂ ਅਤੇ ਗੁਰਪ੍ਰੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

## ਦਿੜ੍ਹਬਾ ਘਟਨਾ ਤਾਕਤ ਦੀ ਦੁਰਵਰਤੋਂ ਦਾ ਸਿੱਟਾ : ਸਿੰਗਲਾ



ਸੰਗਰੂਰ/ਚੰਡੀਗੜ੍ਹ (ਪ੍ਰਵੀਨ ਸਿੰਘ)-ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਮੰਤਰੀ ਵਿਜੈ ਇੰਦਰ ਸਿੰਗਲਾ ਨੇ ਦਿੜਬਾ ਦੇ ਗੁਲਜ਼ਾਰ ਸਿੰਘ ਦੀ ਦੁਖਦਾਈ ਮੌਤ ਨੂੰ ਲੈ ਕੇ ਪੰਜਾਬ ਸਰਕਾਰ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਘੇਰਦਿਆਂ ਕਿਹਾ ਹੈ ਕਿ ਇਹ ਘਟਨਾ ਸੱਤਾ ਦੇ ਅਹੰਕਾਰ ਅਤੇ ਸਰਕਾਰੀ ਤਾਕਤ ਦੀ ਦੁਰਵਰਤੋਂ ਦਾ ਬਹੁਤ ਹੀ ਗੰਭੀਰ ਨਤੀਜਾ ਹੈ।ਸਿੰਗਲਾ ਨੇ ਕਿਹਾ ਕਿ ਗੁਲਜ਼ਾਰ ਸਿੰਘ ਵਾਲਮੀਕੀ ਸਮਾਜ ਨਾਲ ਸਬੰਧਤ ਇੱਕ ਆਮ ਨਾਗਰਿਕ ਸਨ, ਜਿਨ੍ਹਾਂ ਨੇ ਪੰਜਾਬ ਵਿੱਚ ਨਸ਼ਿਆਂ ਕਾਰਨ ਬਰਬਾਦ ਹੋ ਰਹੇ ਪਰਿਵਾਰਾਂ ਦੀ ਪੀੜਾ ਨੂੰ ਸਾਹਮਣੇ ਰੱਖਿਆ ਸੀ। ਨਸ਼ੇ ਨੇ ਉਨ੍ਹਾਂ ਦੇ ਆਪਣੇ ਪੁੱਤਰ ਦੀ ਜ਼ਿੰਦਗੀ ਨੂੰ ਵੀ ਪ੍ਰਭਾਵਿਤ ਕੀਤਾ ਸੀ ਅਤੇ ਇਸੇ ਦਰਦ ਕਾਰਨ ਉਨ੍ਹਾਂ ਨੇ ਸਰਕਾਰ ਅਤੇ ਵਿੱਤ ਮੰਤਰੀ ਤੋਂ ਸਵਾਲ ਪੁੱਛਿਆ।ਪਰ ਇੱਕ ਆਮ ਨਾਗਰਿਕ ਦਾ ਸਵਾਲ ਸੱਤਾ ਨੂੰ ਇੰਨਾ ਨਾਗਵਾਰ ਗੁਜ਼ਰਿਆ ਕਿ ਉਸ ਉੱਤੇ ਕਥਿਤ ਤੌਰ 'ਤੇ ਲਗਾਤਾਰ ਦਬਾਅ ਅਤੇ ਮਾਨਸਿਕ ਤਸ਼ੱਦਦ ਕੀਤਾ ਗਿਆ ਜਿਸ ਕਾਰਨ ਉਹ ਖੁਦਕੁਸ਼ੀ ਕਰ ਗਿਆ। ਉਨ੍ਹਾਂ ਕਿਹਾ ਕਿ ਗੁਲਜ਼ਾਰ ਸਿੰਘ ਨੇ ਕੋਈ ਜੁਰਮ ਨਹੀਂ ਕੀਤਾ ਸੀ।ਉਸ ਨੇ ਸਿਰਫ਼ ਆਪਣੇ ਪਰਿਵਾਰ, ਵਾਲਮੀਕੀ ਸਮਾਜ ਅਤੇ ਪੰਜਾਬ ਦੇ ਹਜ਼ਾਰਾਂ ਹੋਰ ਪਰਿਵਾਰਾਂ ਦੀ ਪੀੜਾ ਨੂੰ ਲੈ ਕੇ ਸਵਾਲ ਪੁੱਛਿਆ ਸੀ।

## ਡਾ. ਬਲਬੀਰ ਸਿੰਘ ਦੇ ਘਰ ਦੇ ਘਿਰਾਓ ਦੇ ਪ੍ਰੋਗਰਾਮ 'ਚ ਹੋਵਾਂਗੇ ਸ਼ਾਮਲ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਵੱਲੋਂ 11 ਸਤੰਬਰ ਨੂੰ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਦੇ ਨਿਵਾਸ ਅੱਗੇ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ ਹੈ।ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚੇ ਵੱਲੋਂ ਦੂਜੀਆਂ ਜਥੇਬੰਦੀਆਂ ਦੇ ਸਹਿਯੋਗ ਨਾਲ ਪੰਜਾਬ ਪੱਧਰ ਤੇ ਰੋਸ਼ ਮੁਜ਼ਾਹਰੇ ਕੀਤੇ ਜਾਣਗੇ। ਕੌਮੀ ਇਨਸਾਫ ਮੋਰਚੇ ਦੇ ਕੰਨਵੀਨਰ ਬਾਪੂ ਗੁਰਚਰਨ ਸਿੰਘ ਵੱਲੋਂ ਦੱਸਿਆ ਗਿਆ ਕਿ ਪਾਰਟੀ ਦੇ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਆਪਣੀ ਆਵਾਜ਼ ਪੰਜਾਬ ਸਰਕਾਰ ਤੱਕ ਪੁਚਾਉਣਗੇ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਜੁੜੇ ਮੁੱਦਿਆਂ ਅਤੇ ਆਪਣੀਆਂ ਮੰਗਾਂ ਨੂੰ ਲੈ ਕੇ ਇਹ ਘਿਰਾਓ ਕੀਤਾ ਜਾ ਰਿਹਾ ਹੈ।ਉਨ੍ਹਾਂ ਪਾਰਟੀ ਵਰਕਰਾਂ ਅਤੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 11 ਸਤੰਬਰ ਨੂੰ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਪ੍ਰਦਰਸ਼ਨ ਨੂੰ ਸਫਲ ਬਣਾਉਣ।ਬਾਪੂ ਗੁਰਚਰਨ ਸਿੰਘ ਨੇ ਕਿਹਾ ਕਿ ਕੌਮੀ ਇਨਸਾਫ਼ ਮੋਰਚਾ ਬੰਦੀ ਸਿੰਘਾਂ ਦੀ ਰਿਹਾਈ ਤੇ ਪੰਜਾਬ ਲੋਕਾਂ ਦੇ ਹੱਕਾਂ ਅਤੇ ਇਲਾਕੇ ਦੇ ਮੁੱਦਿਆਂ ਨੂੰ ਲੈ ਕੇ ਲਗਾਤਾਰ ਆਵਾਜ਼ ਉਠਾਉਂਦਾ ਰਹੇਗਾ।

## ਦਿਵਿਆਂਗ ਏਕਤਾ ਮੋਰਚਾ ਨੇ ਸੰਘਰਸ਼ ਕੀਤਾ ਪ੍ਰਚੰਡ, ਦੋ ਆਗੂ ਪੈਟਰੋਲ ਬੋਤਲਾਂ ਲੈ ਕੇ ਪਾਣੀ ਵਾਲੀ ਟੈਂਕੀ 'ਤੇ ਚੜ੍ਹੇ



ਧੂਰੀ (ਮੋਹਿਤ ਗਰਗ, ਬਿੰਨੀ ਗਰਗ)-ਆਪਣੀਆਂ ਮੰਗਾਂ ਨੂੰ ਲੈ ਕੇ ਪਿਛਲੀ 6 ਅਗਸਤ ਤੋਂ ਧੂਰੀ ਸ਼ਹਿਰ ਵਿਖੇ ਪੱਕਾ ਮੋਰਚਾ ਲਗਾ ਕੇ ਡਟੇ 'ਦਿਵਿਆਂਗ ਏਕਤਾ ਮੋਰਚਾ ਪੰਜਾਬ' ਦੇ ਆਗੂਆਂ ਨੇ ਪ੍ਰਸ਼ਾਸਨ ਤੇ ਸਰਕਾਰ ਦੀ ਬੇਰੁਖ਼ੀ ਤੋਂ ਤੰਗ ਆ ਕੇ ਆਪਣੇ ਸੰਘਰਸ਼ ਨੂੰ ਆਰ-ਪਾਰ ਦੇ ਮੋੜ 'ਤੇ ਲਿਆ ਖੜ੍ਹਾ ਕੀਤਾ ਹੈ।ਤੜਕਸਰ ਹੀ ਸਥਿਤੀ ਉਸ ਵੇਲੇ ਬੇਹੱਦ ਤਣਾਅਪੂਰਨ ਹੋ ਗਈ ਜਦੋਂ ਜਥੇਬੰਦੀ ਦੇ ਪ੍ਰਮੁੱਖ ਆਗੂ ਲਾਭ ਸਿੰਘ ਧੂਰੀ ਤੇ ਧਰਮ ਸਿੰਘ ਈਸੜਾ ਸ਼ਹਿਰ ਦੀ ਏ.ਪੀ. ਇਨਕਲੇਵ ਸਥਿਤ ਉੱਚੀ ਪਾਣੀ ਵਾਲੀ ਟੈਂਕੀ 'ਤੇ ਹੱਥਾਂ ਵਿੱਚ ਪੈਟਰੋਲ ਨਾਲ ਭਰੀਆਂ ਬੋਤਲਾਂ ਲੈ ਕੇ ਚੜ੍ਹ ਗਏ।ਇਸ ਖੌਫ਼ਨਾਕ ਕਦਮ ਨਾਲ ਪ੍ਰਸ਼ਾਸਨਿਕ ਹਲਕਿਆਂ ਵਿੱਚ ਹੜਕੰਪ ਮਚ ਗਿਆ, ਜਦਕਿ ਹੇਠਾਂ ਮੌਜੂਦ ਬਾਕੀ ਸਾਥੀਆਂ ਨੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਧਰਨਾ ਸ਼ੁਰੂ ਕਰ ਦਿੱਤਾ।

ਰੋਸ ਪ੍ਰਦਰਸ਼ਨ ਦੌਰਾਨ ਜਥੇਬੰਦੀ ਦੇ ਮੋਢੀ ਆਗੂ ਲਾਭ ਸਿੰਘ ਹੀਰਾ ਨੇ ਸਰਕਾਰ ਦੀ ਟਾਲ-ਮਟੋਲ ਨੀਤੀ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਨ੍ਹਾਂ ਮੰਗ ਕੀਤੀ ਕਿ ਰਾਜ ਦੇ ਹਰੇਕ ਦਿਵਿਆਂਗ ਵਿਅਕਤੀ ਨੂੰ ਆਰਥਿਕ ਸਹਾਰਾ ਦੇਣ ਲਈ ਘੱਟੋ-ਘੱਟ 5,000 ਰੁਪਏ ਮਹੀਨਾਵਾਰ ਗੁਜ਼ਾਰਾ ਭੱਤਾ ਦਿੱਤਾ ਜਾਵੇ।ਇਸ ਦੇ ਨਾਲ ਹੀ ਉਨ੍ਹਾਂ ਨੇ ਸਰਕਾਰੀ ਨੌਕਰੀਆਂ ਦੀ ਭਰਤੀ ਪ੍ਰਕਿਰਿਆ ਵਿੱਚ ਦਿਵਿਆਂਗਾਂ ਨੂੰ ਪਹਿਲ ਦੇਣ, ਪ੍ਰਾਈਵੇਟ ਕੰਪਨੀਆਂ ਤੇ ਉਦਯੋਗਿਕ ਫੈਕਟਰੀਆਂ ਵਿੱਚ 5 ਫੀਸਦੀ ਕੋਟਾ ਰਾਖਵਾਂ ਕਰਨ, ਪ੍ਰਾਈਵੇਟ ਸਕੂਲਾਂ ਵਿੱਚ ਉਨ੍ਹਾਂ ਦੇ ਬੱਚਿਆਂ ਲਈ ਮੁਫ਼ਤ ਲਾਜ਼ਮੀ ਸਿੱਖਿਆ, ਬਿਨਾਂ ਕਿਸੇ ਗਾਰੰਟਰ ਤੋਂ ਆਸਾਨ ਬੈਂਕ ਲੋਨ ਦੀ ਉਪਲਬਧਤਾ, ਈ-ਰਿਕਸ਼ਾ ਦੀ ਸਬਸਿਡੀ ਸੁਵਿਧਾ ਅਤੇ ਸਰਕਾਰੀ ਪ੍ਰੀਖਿਆਵਾਂ ਦੀਆਂ ਫ਼ੀਸਾਂ ਪੂਰੀ ਤਰ੍ਹਾਂ ਮੁਆਫ਼ ਕਰਨ ਦੀਆਂ ਪ੍ਰਮੁੱਖ ਮੰਗਾਂ ਜ਼ੋਰਦਾਰ ਢੰਗ ਨਾਲ ਰੱਖੀਆਂ।ਮੋਰਚੇ ਦੇ ਆਗੂਆਂ ਨੇ ਅੱਗੇ ਵਕਾਲਤ ਕਰਦਿਆਂ ਕਿਹਾ ਕਿ 'ਅੰਗਹੀਣ ਭਲਾਈ ਐਕਟ' ਨੂੰ ਮਹਿਜ਼ ਕਾਗਜ਼ਾਂ ਤੱਕ ਸੀਮਤ ਰੱਖਣ ਦੀ ਬਜਾਏ ਜ਼ਮੀਨੀ ਪੱਧਰ 'ਤੇ ਸਖ਼ਤੀ ਨਾਲ ਲਾਗੂ ਕੀਤਾ ਜਾਵੇ।ਉਨ੍ਹਾਂ ਸਵੈ-ਰੋਜ਼ਗਾਰ ਉਤਪੱਤੀ ਲਈ ਵਿਸ਼ੇਸ਼ ਸਰਕਾਰੀ ਸਕੀਮਾਂ ਬਣਾਉਣ, ਸ਼ਰਾਬ ਦੇ ਠੇਕਿਆਂ ਦੀ ਅਲਾਟਮੈਂਟ ਵਿੱਚ ਹਿੱਸੇਦਾਰੀ, ਅੰਗਹੀਣ ਖਿਡਾਰੀਆਂ ਨੂੰ ਖੇਡ ਨੀਤੀ ਤਹਿਤ ਨੌਕਰੀਆਂ ਵਿੱਚ ਪਹਿਲ ਦੇਣ ਅਤੇ ਗ੍ਰਾਮ ਪੰਚਾਇਤ/ਕੌਂਸਲਰ ਤੋਂ ਲੈ ਕੇ ਪਾਰਲੀਮੈਂਟ ਚੋਣਾਂ ਤੱਕ ਦਿਵਿਆਂਗਾਂ ਲਈ ਵਿਸ਼ੇਸ਼ ਰਾਜਨੀਤਿਕ ਕੋਟਾ ਨਿਸ਼ਚਿਤ ਕਰਨ ਦੀ ਮੰਗ ਕੀਤੀ।

## ਮਾਸਟਰ ਕੇਡਰ ਯੂਨੀਅਨ ਵੱਲੋਂ ਸੰਧਵਾਂ ਦੀ ਕੋਠੀ ਦਾ ਘਿਰਾਓ ਭਲਕੇ

ਮੋਗਾ (ਇਕਬਾਲ ਸਿੰਘ ਖਹਿਰਾ)-ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਬਲਜਿੰਦਰ ਧਾਲੀਵਾਲ, ਜਿਲਾ ਪ੍ਰਧਾਨ ਸ਼ਮਬੇਰ ਸਿੰਘ, ਜ਼ਿਲਾ ਸਕੱਤਰ ਜਸਵੰਤ ਸਿੰਘ ਕੜਿਆਲ, ਮੁੱਖ ਸਲਾਹਕਾਰ ਇੰਦਰਪਾਲ ਸਿੰਘ, ਚਰਨਜੀਤ ਸਿੰਘ ਸਮਾਲਸਰ, ਸਟੇਟ ਕਮੇਟੀ ਮੈਂਬਰ ਗਗਨਦੀਪ ਸਿੰਘ, ਨਿਰਵੈਰ ਸਿੰਘ, ਮੀਡੀਆ ਕੋਆਰਡੀਨੇਟਰ ਅਮਨਦੀਪ ਸਿੰਘ ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਹਿਗਲ, ਰਕੇਸ਼ ਕੁਮਾਰ, ਮੀਤ ਪ੍ਰਧਾਨ ਨਵਦੀਪ ਬਾਜਵਾ, ਮੈਡਮ ਨਿਧੀ, ਮੈਡਮ ਨੀਤੂ, ਮੈਡਮ ਸਿਮਰਨ ਜੀਤ ਕੌਰ, ਕਰਮਜੀਤ ਕੌਰ, ਵਿਤ ਸਕੱਤਰ ਗੁਰਪ੍ਰੀਤ ਸਿੰਘ, ਪ੍ਰੈਸ ਸਕੱਤਰ ਜਸਵਿੰਦਰ ਸਿੰਘ, ਜ਼ਿਲ੍ਹਾ ਕਮੇਟੀ ਮੈਂਬਰ ਵਿਸ਼ਾਲ ਸ਼ਰਮਾ, ਬਲਾਕ ਪ੍ਰਧਾਨ ਅਮਨਦੀਪ ਸਿੰਘ ਲੋਹਗੜ, ਨਿਰਮਲਜੀਤ ਸਿੰਘ, ਬਲਰਾਜ ਕੋਕਰੀ, ਅਰੁਣ ਕੁਮਾਰ, ਸੰਦੀਪ ਕੁਮਾਰ ਨੇ ਦੱਸਿਆ ਕਿ 12 ਅਤੇ 13 ਸਤੰਬਰ ਨੂੰ ਸਾਂਝਾ ਮੁਲਾਜ਼ਮ ਮੰਚ ਅਤੇ ਫਰੰਟ ਵੱਲੋਂ ਸੰਘਰਸ਼ਾਂ ਦੀ ਲੜੀ ਤਹਿਤ ਕੈਬਨੈਟ ਮੰਤਰੀਆਂ ਦੇ ਘਰਾਂ ਦੇ ਘੇਰਾਓ ਕਰਨ ਦੇ ਦਿੱਤੇ ਗਏ ਪ੍ਰੋਗਰਾਮ ਅਨੁਸਾਰ ਮਾਸਟਰ ਕੇਡਰ ਯੂਨੀਅਨ ਪੰਜਾਬ ਜ਼ਿਲਾ ਇਕਾਈ ਮੋਗਾ ਵੱਲੋਂ 12 ਸਤੰਬਰ ਨੂੰ ਸੰਘਰਸ਼ ਨੂੰ ਹੋਰ ਤਿੱਖਾ ਕਰਦੇ ਹੋਏ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਦਾ ਘੇਰਾਓ ਕਰਨ ਵਾਸਤੇ ਜ਼ਿਲ੍ਹਾ ਮੋਗਾ ਤੋਂ ਵੱਡੀ ਗਿਣਤੀ ਵਿੱਚ ਮਾਸਟਰ ਕੇਡਰ ਯੂਨੀਅਨ ਦੇ ਅਧਿਆਪਕ ਸਾਥੀ ਸੰਧਵਾਂ ਪਿੰਡ ਵੱਲ ਕੂਚ ਕਰਨਗੇ।

## ਬੱਧਨੀ ਖ਼ੁਰਦ ਨੂੰ ਜਾਂਦਾ ਮੁੱਖ ਮਾਰਗ ਬਣਿਆ ਨਰਕ : ਕੁਲਵੰਤ ਸਿੰਘ



ਮੋਗਾ (ਇਕਬਾਲ ਸਿੰਘ ਖਹਿਰਾ)-ਪਿੰਡ ਬੱਧਨੀ ਖ਼ੁਰਦ ਨੂੰ ਜਾਂਦਾ ਮੁੱਖ ਮਾਰਗ ਪਿਛਲੇ ਕਾਫ਼ੀ ਸਮੇਂ ਤੋਂ ਟੁੱਟਿਆ ਹੋਇਆ ਹੈ।ਤਕਰੀਬਨ ਇੱਕ ਕਿਲੋਮੀਟਰ ਲੰਮੇ ਰਸਤੇ 'ਚ ਦੋ ਤਿੰਨ ਵੱਡੇ ਟੋਇਆਂ ਵਿੱਚ ਮੋਟਾ ਪੱਥਰ ਪਾਉਣ ਦੀ ਜ਼ਰੂਰਤ ਹੈ ਪਰ ਠੇਕੇਦਾਰ ਵਲੋਂ ਬਿਨਾਂ ਵਜ੍ਹਾ ਕਈ ਹੋਰ ਥਾਵਾਂ 'ਤੇ ਪੱਥਰ ਪਾਇਆ ਜਾ ਰਿਹਾ ਹੈ।ਇਹ ਗੱਲ ਕਰਦਿਆਂ ਪਿੰਡ ਦੇ ਸਾਬਕਾ ਸਰਪੰਚ ਕਾਮਰੇਡ ਕੁਲਵੰਤ ਸਿੰਘ ਨੇ ਕਿਹਾ ਕਿ ਬਿਨਾਂ ਵਜ੍ਹਾ ਪਾਏ ਜਾ ਰਹੇ ਮੋਟੇ ਪੱਥਰ ਕਾਰਨ ਪਿੰਡ ਵਾਸੀਆਂ ਲਈ ਜਿੱਥੇ ਇਹ ਰਸਤਾ ਨਰਕ ਦਾ ਦਰਵਾਜ਼ਾ ਬਣ ਗਿਆ ਹੈ ਉੱਥੇ ਨੇੜਲੇ ਖੇਤਾਂ ਵਾਲੇ ਕਿਸਾਨਾਂ ਨੂੰ ਫਸਲਾਂ ਦੇ ਨੁਕਸਾਨ ਦਾ ਵੱਡਾ ਖ਼ਤਰਾ ਖੜ੍ਹਾ ਹੋ ਗਿਆ ਹੈ।ਇਸੇ ਕਾਰਨ ਪੀੜਤ ਕਿਸਾਨਾਂ ਵਲੋਂ ਬਿਨਾਂ ਵਜ੍ਹਾ ਪਾਏ ਜਾ ਰਹੇ ਪੱਥਰ ਦਾ ਵਿਰੋਧ ਕੀਤਾ ਜਾ ਰਿਹਾ ਹੈ।ਬੱਚਿਆਂ, ਵਿੱਦਿਆਰਥੀਆਂ, ਮਰੀਜ਼ਾਂ, ਔਰਤਾਂ ਆਦਿ ਨੂੰ ਚਾਰ ਪੰਜ ਕਿਲੋਮੀਟਰ ਘੁੰਮ ਕੇ ਆਉਣਾ ਪੈਂਦਾ ਹੈ।ਕਾਮਰੇਡ ਕੁਲਵੰਤ ਸਿੰਘ ਸਰਪੰਚ ਅਤੇ ਪਿੰਡ ਵਾਸੀਆਂ ਨੇ ਮੰਗ ਕੀਤੀ ਹੈ ਕਿ ਬੇਲੋੜਾ ਪਾਇਆ ਜਾ ਰਿਹਾ ਮੋਟਾ ਪੱਥਰ ਚੁੱਕਿਆ ਜਾਵੇ ਅਤੇ ਪਿੱਛੇ ਤੋਂ ਬਣੀ ਹੋਈ ਸੜਕ ਦੇ ਲੈਵਲ ਅਨੁਸਾਰ ਹੀ ਇਹ ਸੜਕ ਬਣਾਈ ਜਾਵੇ ਅਤੇ ਜਲਦੀ ਤੋਂ ਜਲਦੀ ਲੋਕਾਂ ਨੂੰ ਮੁਸੀਬਤ ਤੋਂ ਨਿਜਾਤ ਦੁਆਈ ਜਾਵੇ।

## ਮੋਹਨਜੀਤ 'ਤੇ ਹੋਏ ਤਸ਼ੱਦਦ ਦੀ ਸਖ਼ਤ ਨਿੰਦਾ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਸ਼ੇਰੇ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਖੋਸਾ ਫੌਜੀ ਤੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਪਿੰਡ ਸ਼ੇਰੋਂ ਵਿਖੇ ਮੋਹਨਜੀਤ ਸਿੰਘ ਸ਼ੇਰੋਂ ਨਾਲ ਹੋਏ ਕਥਿਤ ਤਸ਼ੱਦਦ ਦੀ ਸਖ਼ਤ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਆਪਣੀ ਗੱਲ ਸ਼ਾਂਤਮਈ ਢੰਗ ਨਾਲ ਰੱਖਣ ਤੇ ਰੋਸ ਪ੍ਰਗਟ ਕਰਨ ਦਾ ਹੱਕ ਹੈ।ਕਿਸਾਨ ਆਗੂਆਂ ਨੇ ਦੋਸ਼ ਲਗਾਇਆ ਕਿ ਮੁੱਖ ਮੰਤਰੀ ਪੰਜਾਬ ਦੀ ਫੇਰੀ ਦੌਰਾਨ ਮੋਹਨਜੀਤ ਸਿੰਘ ਸ਼ੇਰੋਂ ਵੱਲੋਂ ਆਪਣੇ ਘਰ ਦੀ ਛੱਤ 'ਤੇ ਖੜ੍ਹ ਕੇ ਕਾਲੇ ਝੰਡੇ ਦਿਖਾ ਕੇ ਪੰਜਾਬ ਵਿੱਚ ਨਸ਼ਿਆਂ ਕਾਰਨ ਪ੍ਰਭਾਵਿਤ ਹੋ ਰਹੀ ਨੌਜਵਾਨੀ ਨੂੰ ਬਚਾਉਣ ਦੀ ਮੰਗ ਨੂੰ ਲੈ ਕੇ ਰੋਸ ਜ਼ਾਹਰ ਕੀਤਾ ਗਿਆ।ਉਨ੍ਹਾਂ ਦੋਸ਼ ਲਗਾਇਆ ਕਿ ਇਸ ਮੌਕੇ ਡੀਐੱਸਪੀ ਖਹਿਰਾ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਮੋਹਨਜੀਤ ਸਿੰਘ ਨਾਲ ਕਥਿਤ ਤੌਰ 'ਤੇ ਤਸ਼ੱਦਦ ਕੀਤਾ ਗਿਆ ਤੇ ਉਨ੍ਹਾਂ ਦੇ ਧਾਰਮਿਕ ਕਕਾਰਾਂ ਦੀ ਬੇਅਦਬੀ ਕਰਕੇ ਉਨ੍ਹਾਂ ਨੂੰ ਜ਼ਲੀਲ ਕੀਤਾ ਗਿਆ।ਕੁਲਵੰਤ ਸਿੰਘ ਖੋਸਾ ਅਤੇ ਆਤਮਾ ਸਿੰਘ ਧੂੜਕੋਟ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਤੇ ਜੇਕਰ ਦੋਸ਼ ਸਾਬਿਤ ਹੁੰਦੇ ਹਨ ਤਾਂ ਸਬੰਧਤ ਪੁਲਸ ਅਧਿਕਾਰੀਆਂ ਨੂੰ ਮੁਅੱਤਲ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨਾਲ ਕਾਨੂੰਨ ਤੋਂ ਬਾਹਰ ਜਾ ਕੇ ਵਿਵਹਾਰ ਕਰਨਾ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

# ਪਾਵਰਕਾਮ, ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਵੱਲੋਂ ਸਰਕਾਰ ਦੀ ਅਲੋਚਨਾ



ਮੋਗਾ (ਇਕਬਾਲ ਸਿੰਘ ਖਹਿਰਾ)

Through its Authorized Reprentative Satish Kumar S/o Darshan Kumar R/o VPO Khadial, Tehsil Sunam, Distt. Sangrur

In above titled case, the accused could not be served. It is ordered that accused should appear in person or through counsel on 14-10-2026 at 10.00 a.m.

For details logon to https://highcourtchd.gov.in/?mod=district_notice&district=patiala

Judicial Magistrate - Ist Class - 8, Patiala
Dated, this day of 09-09-2026

## ਪਬਲਿਕ ਨੋਟਿਸ

ਵਿਸ਼ਾ : ਗੈਰ ਮੁਸਦਕਾ ਵਸੀਅਤ ਰਜਿਸਟਰਡ ਕਰਨ ਬਾਰੇ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਹਰਜੀਤ ਕੌਰ ਪੁੱਤਰੀ ਅਮਰਜੀਤ ਸਿੰਘ (ਪਤਨੀ ਹਰਵਿੰਦਰ ਸਿੰਘ) ਵਾਸੀ ਪਿੰਡ ਪਿੱਥੋਰਾਹਲ, ਸਬ ਤਹਿਸੀਲ ਤਲਵੰਡੀ ਚੌਧਰੀਆਂ, ਜ਼ਿਲ੍ਹਾ ਕਪੂਰਥਲਾ ਨੇ ਇੱਕ ਦਰਖਾਸਤ ਮਿਤੀ 18.08.2026 ਨੂੰ ਗੈਰ ਮੁਸਦਕਾ ਵਸੀਅਤ ਰਜਿਸਟਰਡ ਕਰਵਾਉਣ ਲਈ ਨਿਮਨਹਸਤਾਖਰ ਨੂੰ ਦਿੱਤੀ ਹੈ ਕਿ ਉਸ ਦੇ ਪਿਤਾ ਅਮਰਜੀਤ ਸਿੰਘ ਪੁੱਤਰ ਮੇਘ ਸਿੰਘ ਪੁੱਤਰ ਵਿਰਸਾ ਸਿੰਘ ਵਾਸੀ ਪਿੰਡ ਪਿੱਪਲੀ, ਤਹਿਸੀਲ ਸ਼ਾਹਕੋਟ ਜ਼ਿਲ੍ਹਾ ਜਲੰਧਰ ਨੇ ਆਪਣੀ ਚੱਲ ਅਤੇ ਅਚੱਲ ਜਾਇਦਾਦ ਦੀ ਗੈਰ ਮੁਸਦਕਾ ਵਸੀਅਤ ਮਿਤੀ 17/04/2026 ਨੂੰ ਲਿਖੀ ਸੀ, ਜੋ ਆਪਣੀ ਪਤਨੀ ਰਜਵਿੰਦਰ ਕੌਰ ਨੂੰ ਵਾਕਿਆ ਰਕਬਾ ਪਿੰਡ ਪਿੱਪਲੀ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਵਾ ਆਪਣੀ ਪੁੱਤਰੀ ਹਰਜੀਤ ਕੌਰ (ਪਤਨੀ ਹਰਵਿੰਦਰ ਸਿੰਘ) ਨੂੰ ਦੁਕਾਨ ਨੰ. 253, 294 ਨਵੀਂ ਦਾਣਾ ਮੰਡੀ, ਸੁਲਤਾਨਪੁਰ ਲੋਧੀ ਵਾ ਵਾਕਿਆ ਰਕਬਾ ਪਿੰਡ ਪਿੱਥੋਰਾਹਲ, ਸਬ ਤਹਿਸੀਲ ਤਲਵੰਡੀ ਚੌਧਰੀਆਂ, ਜ਼ਿਲ੍ਹਾ ਕਪੂਰਥਲਾ ਦੇ ਹੱਕ ਵਿੱਚ ਕੀਤੀ ਸੀ, ਪੇਸ਼ ਕੀਤੀ ਹੈ। ਸ੍ਰੀ ਅਮਰਜੀਤ ਸਿੰਘ ਦੀ ਮੌਤ ਮਿਤੀ 30.05.2026 ਨੂੰ ਹੋ ਚੁੱਕੀ ਹੈ। ਇਹ ਵਸੀਅਤ ਜ਼ੇਰ ਧਾਰਾ 40/41 ਅਧੀਨ ਰਜਿਸਟਰਡ ਕੀਤੀ ਜਾਣੀ ਹੈ। ਇਹ ਵਸੀਅਤ ਰਜਿਸਟਰਡ ਕਰਨ ਵਿੱਚ ਜੇ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਮੇਰੀ ਅਦਾਲਤ ਵਿੱਚ ਇਸ਼ਤਿਹਾਰ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਕਰ ਸਕਦਾ ਹੈ। ਇਸ ਤੋਂ ਬਾਅਦ ਕੋਈ ਵੀ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਜਾਵੇਗੀ।

ਇਹ ਇਸ਼ਤਿਹਾਰ ਅੱਜ ਮਿਤੀ 18.08.2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਅਧੀਨ ਜਾਰੀ ਕੀਤਾ ਗਿਆ ਹੈ।

ਸਹੀ/- ਜੁਆਇੰਟ ਸਬ ਰਜਿਸਟਰਾਰ ਤਲਵੰਡੀ ਚੌਧਰੀਆਂ
ਨੰਬਰ 281 /ਆਰ.ਸੀ. ਮਿਤੀ : 18.08.2026

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ – ਹੈੱਡਕੁਆਟਰ/ਫ਼ਿਰੋਜ਼ਪੁਰ, ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਸ਼ੀਰਸ਼ਕ ਵਾਲੀ ਖੁਲੀ ਈ-ਟੈਂਡਰਾ ਮੰਗ ਕਰਦੇ ਹਨ, ਜੋ www.ireps.gov.in ਉਤੇ ਉਪਲਬਧ ਹੈ ਅਤੇਜਿਨ੍ਹਾਂ ਦੀ ਟੈਂਡਰ ਬੰਦ ਹੋਣ ਦੀ ਮਿਤੀ 05/10/2026 ਦੁਪਹਿਰ 15.00 ਵਜੇ ਤਕ ਹੈ। ਟੈਂਡਰਕਰਤਾ ਕੇਵਲ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਅਪਣੀ ਮੂਲ ਜਾਂ ਸੰਸ਼ੋਧਿਤ ਟੈਂਡਰਾ ਪੇਸ਼ ਕਰ ਸਕਣਗੇ। ਇਸ ਟੈਂਡਰ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਸਵੀਕਾਰ ਨਹੀਂ ਕੀਤੇ ਜਾਣਗੇ ਅਤੇ ਪ੍ਰਾਪਤ ਹੋਣ ਵਾਲੇ ਕਿਸੀ ਵੀ ਮੈਨੂੰਅਲ ਪ੍ਰਸਤਾਵ ਉਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਇਸ ਟੈਂਡਰ ਦੇ ਲਈ ਟੈਂਡਰ ਪ੍ਰਪੱਤਰ ਸ਼ੁਲਕ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਭੁਗਤਾਨ ਦੁਆਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਦੇ ਦੁਆਰਾ ਹੀ ਕਰ ਸਕਣਗੇ। ਡਿਮਾਂਡ ਡਰਾਫਟ, ਚੈਕਰਸ ਚੈਕ, ਜਮਾਂ ਰਸੀਦ, ਐਫ.ਡੀ.ਆਰ. ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਸਵੀਕਾਰ ਕੀਤਾ ਜਾਵੇਗਾ। ਜ਼ਿਆਦਾ ਜਾਣਕਾਰੀ ਦੇ ਲਈ www.ireps.gov.in ਉਤੇ ਲਾਗ ਇਨ ਕਰੋ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਪੈਕੇਟ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ | 08.09.2026 | 21.09.2026 | 05.10.2026/15:00 ਵਜੇ |

| ਲ.ਨੰ: | ਟੈਂਡਰ ਨੰ: ਮਿਤੀ | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | 122-2026-27 ADEN-2-FZR | ਸਹਾਇਕ ਮੰਡਲ ਇੰਜੀਨੀਅਰ ਦੂਸਰੀ/ਫ਼ਿਰੋਜ਼ਪੁਰ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਪੀ-ਵੇ/ਲੋਹਿਯਾ ਖਾਸ ਸੈਕਸ਼ਨ ਵਿਚ ਟ੍ਰੈਕ ਦੇ ਰੱਖ-ਰੱਖਾਵ ਦੇ ਲਈ ਵਿਵਿਧ ਪੀ-ਵੇ ਕੰਮ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 3498546.59 | 70000.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ – ''ਕੋਈ ਕੰਮ ਨਹੀਂ।'' | | | |
| 2 | 124-2026-27- ADEN-1-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਅੰਤਰਗਤ ਅਜੀਤਵਾਰ (AJL) ਗੁਡਸ ਸ਼ੇਡ ਦੇ ਅਪਗ੍ਰੇਡਸ਼ਨ / ਸੁਧਾਰ ਦੇ ਨਾਲ-ਨਾਲ ਉਥੇ ਮਰਚੈਂਟ ਰੂਮ ਬਿਲਡਿੰਗ ਦਾ ਪ੍ਰਾਵਧਾਨ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 8418900.97 | 168400.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ – ''ਭਵਨ ਕਵਾਟਰਾਂ ਦਾ ਨਿਰਮਾਣ।'' | | | |
| 3 | 139-2026-27 DEN-HQ-FZR | ਮੰਡਲ ਇੰਜੀਨੀਅਰ–ਹੈੱਡਕੁਆਟਰ/ਫ਼ਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜੀਨੀਅਰ–ਪਹਿਲੀ/ਫ਼ਿਰੋਜ਼ਪੁਰ ਅਤੇ ਸਹਾਇਕ ਮੰਡਲ ਇੰਜੀਨੀਅਰ–ਦੂਸਰੀ/ਫ਼ਿਰੋਜ਼ਪੁਰ ਦੇ ਤਹਿਤ ਡਿਜਾਇਨ ਟੈਮਪਿੰਗ ਦੇ ਲਈ ਟੈਮਪਿੰਗ ਤੋਂ ਪਹਿਲਾ ਅਤੇ ਬਾਦ 'ਚ ਟ੍ਰੈਕ ਮਾਪ ਸਰਵੇਖਸ਼ਣ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 4983901.02 | 99700.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ – ''ਕੋਈ ਕੰਮ ਨਹੀਂ।'' | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਟੈਂਡਰ ਸੂਚਨਾ ਪੱਤਰ ਨੰ: 122-2026-27-ADEN-2-FZR & 124-2026-27-ADEN-1-FZR & 139-2026-27-DEN-HQ-FZR
Date: 09.09.2026

3122/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਵਿਦਿਆਰਥੀਆਂ ਨੂੰ ਵੋਟ ਬਣਵਾਉਣ ਦੇ ਮਹੱਤਵ ਬਾਰੇ ਕੀਤਾ ਜਾਗਰੂਕ



**ਮੁਹਾਲੀ (ਗੁਰਜੀਤ ਬਿੱਲਾ)**-ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਵਿਧਾਨ ਸਭਾ ਚੋਣਾਂ-2027 ਦੀਆਂ ਤਿਆਰੀਆਂ ਅਤੇ ਮੁੱਖ ਭੂਮਿਕਾ ਨੂੰ ਧਿਆਨ ਵਿੱਚ ਰੱਖਦਿਆਂ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ ਮੋਹਾਲੀ ਵਿਖੇ ਮਿਤੀ 8 ਅਤੇ 9 ਸਤੰਬਰ ਨੂੰ ਵੋਟਰ ਕੈਂਪ-1 ਅਤੇ 2 ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਕਾਲਜ ਦੀ ਪ੍ਰਿੰਸੀਪਲ ਜਸਪ੍ਰੀਤ ਬੈਂਸ ਦੀ ਅਗਵਾਈ ਹੇਠ ਲਗਾਇਆ ਗਿਆ।ਇਸ ਕੈਂਪ ਦਾ ਆਯੋਜਨ ਸਵੀਪ ਨੋਡਲ ਅਫਸਰ ਪ੍ਰੋਫੈਸਰ ਸਿਮਰਪ੍ਰੀਤ ਕੌਰ, ਮੁਖੀ, ਫਿਜ਼ੀਕਲ ਐਜੂਕੇਸ਼ਨ ਵਿਭਾਗ, ਦੀ ਅਗਵਾਈ ਹੇਠ ਕੀਤਾ ਗਿਆ। ਕੈਂਪ ਦਾ ਮੁੱਖ ਉਦੇਸ਼ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਵਿਦਿਆਰਥੀਆਂ ਨੂੰ ਆਪਣੀ ਵੋਟ ਰਜਿਸਟਰ ਕਰਵਾਉਣ ਲਈ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਨੂੰ ਆਪਣੇ ਮਤਦਾਨ ਦੇ ਅਧਿਕਾਰ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ।ਕਾਲਜ ਪ੍ਰਿੰਸੀਪਲ ਸ੍ਰੀਮਤੀ ਜਸਪ੍ਰੀਤ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਦਿਆਰਥੀਆਂ ਨੂੰ ਸਮਝਾਇਆ ਗਿਆ ਕਿ ਵੋਟ ਪਾਉਣਾ ਕੇਵਲ ਉਨ੍ਹਾਂ ਦਾ ਅਧਿਕਾਰ ਹੀ ਨਹੀਂ, ਸਗੋਂ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਵੀ ਹੈ।

## ਚੌਕੀਦਾਰਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਮੰਤਰੀਆਂ ਤੇ ਵਿਧਾਇਕਾਂ ਦਾ ਕੀਤਾ ਜਾਵੇਗਾ ਘਿਰਾਓ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਲਾਲ ਝੰਡਾ ਪੇਂਡੂ ਚੌਕੀਦਾਰਾਂ ਯੂਨੀਅਨ (ਸੀਟੂ) ਪੰਜਾਬ ਤਹਿਸੀਲ ਟਾਂਡਾ ਦੀ ਮਹੀਨਾਵਾਰ ਮੀਟਿੰਗ ਤਹਿਸੀਲ ਕੰਪਲੈਕਸ ਟਾਂਡਾ ਵਿਖੇ ਹੋਈ ਜਿਸ ਵਿੱਚ ਪੇਂਡੂ ਚੌਕੀਦਾਰਾਂ ਨੇ ਆਪਣੀਆਂ ਹੱਕਾਂ ਪ੍ਰਤੀ ਆਵਾਜ਼ ਬੁਲੰਦ ਕਰਦੇ ਹੋਏ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ। ਯੂਨੀਅਨ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਨੀਲੋਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤਹਿਸੀਲ ਟਾਂਡਾ ਅਤੇ ਜਿਲਾ ਹੁਸ਼ਿਆਰਪੁਰ ਦੇ ਪ੍ਰਧਾਨ ਜੋਗਿੰਦਰ ਸਿੰਘ ਗਿੱਲ ਦੀ ਪ੍ਰਧਾਨਗੀ ਵਿੱਚ ਹੋਈ ਇਸ ਮੀਟਿੰਗ ਦੌਰਾਨ ਤਹਿਸੀਲ ਟਾਂਡਾ ਦੇ ਵੱਖ-ਵੱਖ ਪਿੰਡਾਂ ਤੋਂ ਚੌਕੀਦਾਰਾਂ ਨੇ ਭਾਗ ਲਿਆ। ਮੀਟਿੰਗ ਦੌਰਾਨ ਮੰਗਾਂ ਪ੍ਰਤੀ ਪੇਂਡੂ ਚੌਕੀਦਾਰਾਂ ਨੂੰ ਲਾਮਬੰਦ ਕਰਦੇ ਹੋਏ ਤਹਿਸੀਲ ਤੇ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਗਿੱਲ ਨੇ ਕਿਹਾ ਕਿ ਉਨਾਂ ਦੀਆਂ ਮੰਗਾਂ ਨੂੰ ਲੈ ਕੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਨੀਲੋਂ ਦੀ ਅਗਵਾਈ ਹੇਠ ਪੰਜਾਬ ਸਿਵਲ ਸਕੱਤਰੇਤ ਵਿਖੇ ਮਾਲ ਮੰਤਰੀ ਪੰਜਾਬ ਅਤੇ ਵਿੱਤ ਕਮਿਸ਼ਨਰ ਮਾਲ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਵਿੱਤ ਮੰਤਰੀ ਪੰਜਾਬ ਨਾਲ ਮਾਣ ਭੱਤੇ ਦੇ ਵਾਧੇ ਸੰਬੰਧੀ ਮੀਟਿੰਗ ਕਰਵਾਈ ਜਾਵੇ ਪਰੰਤੂ ਅਜੇ ਤੱਕ ਸਰਕਾਰ




ਜਾਂ ਉਸਦੇ ਨੁਮਾਇੰਦਿਆਂ ਵੱਲੋਂ ਮੀਟਿੰਗ ਦੀ ਤਾਰੀਖ ਤੈਅ ਨਹੀਂ ਕੀਤੀ ਗਈ ਜਿਸ ਕਾਰਨ ਪੰਜਾਬ ਭਰ ਦੇ ਪੇਂਡੂ ਚੌਕੀਦਾਰਾਂ ਵਿੱਚ ਸਰਕਾਰ ਖਿਲਾਫ ਰੋਸ ਦੀ ਲਹਿਰ ਹੈ।ਯੂਨੀਅਨ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਜੇਕਰ ਸਰਕਾਰ ਨੇ ਪੇਂਡੂ ਚੌਕੀਦਾਰਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਤਾਂ ਆਉਣ ਵਾਲੇ ਸਮੇਂ ਪੰਜਾਬ ਦੇ ਮੰਤਰੀਆਂ ਅਤੇ ਵਿਧਾਇਕਾਂ ਦਾ ਘਿਰਾਓ ਪੰਜਾਬ ਪੱਧਰ ਤੇ ਕੀਤਾ ਜਾਵੇਗਾ। ਪੇਂਡੂ ਚੌਕੀਦਾਰਾਂ ਦੀਆਂ ਮੰਗਾਂ ਹਨ ਕਿ ਚੌਕੀਦਾਰਾਂ ਦੇ ਮਾਣ ਪੱਤੇ ਵਿੱਚ ਵਾਧਾ ਕਰਕੇ ਹਰਿਆਣਾ ਪੈਟਰਨ ਲਾਗੂ ਕਰਨਾ, ਡੀ ਸੀ ਰੇਟ ਦੇਣਾ, ਮੌਸਮ ਅਨੁਸਾਰ ਡਿਊਟੀ ਵਾਸਤੇ 2-2 ਵਰਦੀਆਂ, ਬੂਟ,ਬੈਟਰੀ ਭੱਤਾ, ਪਿੰਡਾਂ ਵਿੱਚ ਪੰਜ-ਪੰਜ ਮਰਲੇ ਦਾ ਪਲਾਟ ਦੇਣਾ, ਪੇਂਡੂ ਚੌਕੀਦਾਰਾਂ ਨੂੰ ਜਨਮ ਅਤੇ ਮੌਤ ਸਬੰਧੀ ਰਜਿਸਟਰੇਸ਼ਨ ਕਰਨ ਦਾ ਅਧਿਕਾਰ ਦੇਣਾ ਸ਼ਾਮਿਲ ਹਨ। ਪੇਂਡੂ ਚੌਕੀਦਾਰਾਂ ਨੇ ਚੇਤਾਵਨੀ ਦਿੱਤੀ ਕਿ ਸਰਕਾਰ ਉਹਨਾਂ ਦੀਆਂ ਮੰਗਾਂ ਸਬੰਧੀ ਜਲਦ ਤੋਂ ਜਲਦ ਨੋਟੀਫਿਕੇਸ਼ਨ ਜਾਰੀ ਕਰੇ ਨਹੀ ਤਾਂ ਪੇਂਡੂ ਚੌਕੀਦਾਰਾਂ ਵੱਲੋਂ ਪਿੰਡਾਂ ਵਿੱਚ ਲਾਲ ਝੰਡਾ ਲੈ ਕੇ ਮੰਤਰੀਆਂ ਅਤੇ ਵਿਧਾਇਕਾਂ ਦਾ ਘਰਾਓ ਕਰੇਗੀ ਜਿਸ ਦੀ ਸ਼ੁਰੂਆਤ ਮਾਲ ਮੰਤਰੀ ਪੰਜਾਬ ਦੇ ਹਲਕੇ ਤੋਂ ਕੀਤੀ ਜਾਵੇਗੀ। ਇਸ ਰੋਸ ਪ੍ਰਦਰਸ਼ਨ ਤੇ ਮੀਟਿੰਗ ਦੌਰਾਨ ਕੁਲਦੀਪ ਸਿੰਘ ਸਹਿਬਾਜ਼ਪੁਰ, ਕ੍ਰਿਸ਼ਨ ਕੁਮਾਰ ਜਾਜਾ, ਪਰਮਜੀਤ ਝੱਜਾ, ਮੀਦਾਂ ਝਾਵਾਂ, ਮੰਗਤ ਰਾਮ ਜਲਾਲਪੁਰ, ਜਸਵੀਰ ਸਿੰਘ ਬੈਂਸ ਅਵਾਨ, ਕਸ਼ਮੀਰ ਸਿੰਘ ਬੈਂਸ ਅਵਾਨ, ਸਤਪਾਲ ਸਿੰਘ ਦੁਗਲ, ਚਮਨ ਲਾਲ ਭੂਲਪੁਰ, ਜੋਗਿੰਦਰ ਸਿੰਘ ਖੋਖਰ, ਰਾਮ ਪਾਲ ਮੋਹਾ, ਮਨਜੀਤ ਸਿੰਘ ਖੁਣਖੁਣ ਕਲਾ, ਅਜੀਤ ਰਾਮ, ਹਰਦੀਪ ਸਿੰਘ ਖੁੱਡਾ, ਜਗਜੀਤ ਸਿੰਘ ਮੂਨਕਾ , ਪਰਮਜੀਤ ਸਿੰਘ ਬੱਲੀ, ਸਤਪਾਲ ਸਿੰਘ ਜਹੂਰਾ, ਗੁਰਮੁਖ ਸਿੰਘ ਮਸੀਤ ਪਲ ਕੋਟ, ਲੇਖ ਰਾਜ ਜੋੜਾ, ਸੁਰਿੰਦਰ ਸਿੰਘ ਧਾਮੀਆਂ, ਕਰਮਪਾਲ ਸਿੰਘ ਪੱਕਾ ਵਡਾਲਾ ਵੀ ਮੌਜੂਦ ਸਨ।

## ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਧੂਮਧਾਮ ਨਾਲ ਮਨਾਈ

**ਫਗਵਾੜਾ (ਜਸਵਿੰਦਰ ਢੱਡਾ)**-ਸ਼ਿਵ ਭਗਵਤੀ ਮੰਦਿਰ ਪਿੰਡ ਚੱਕ ਪ੍ਰੇਮਾ ਤਹਿਸੀਲ ਫਗਵਾੜਾ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸਬੰਧ ਵਿੱਚ ਮੰਦਿਰ ਪ੍ਰਬੰਧਕ ਕਮੇਟੀ ਵਲੋਂ ਸਵ. ਪੰਡਿਤ ਭਾਗ ਰਾਮ ਅਤੇ ਮਾਤਾ ਤੇਜੋ ਦੇਵੀ ਦੇ ਪਰਿਵਾਰ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਕਰਵਾਏ ਗਏ ਰਾਤ ਦੇ ਸਮਾਗਮ ਦੌਰਾਨ ਗਾਇਤਾ ਤਾਨੀਆ ਅਤੇ ਗਾਇਕ ਚੰਦਨ





ਪ੍ਰੀਤ ਚੰਦਨ ਵਲੋਂ ਭਗਵਾਨ ਸ੍ਰੀ ਕ੍ਰਿਸ਼ਨ ਅਤੇ ਰਾਧਾ ਰਾਣੀ ਦੇ ਪਵਿੱਤਰ ਪ੍ਰੇਮ, ਸ੍ਰੀ ਕ੍ਰਿਸ਼ਨ ਪ੍ਰਤੀ ਸੁਦਾਮਾ ਦੀ ਭਗਤੀ ਨੂੰ ਸਮਰਪਤ ਭਜਨਾਂ ਅਤੇ ਗੀਤਾਂ ਦੀ ਝੜੀ ਲਗਾਈ ਗਈ। ਇਸ ਦੌਰਾਨ ਵੱਡੀ ਗਿਣਤੀ ਵਿੱਚ ਹਾਜ਼ਰ ਸੰਗਤਾਂ ਮੰਤਰ ਮੁੱਗਧ ਹੋ ਕੇ ਝੂਮਦੀਆਂ ਰਹੀਆਂ। ਇਸ ਮੌਕੇ ਅਨੇਕਾਂ ਪ੍ਰਮੁੱਖ ਸ਼ਖਸੀਅਤਾਂ ਨੇ ਹਾਜ਼ਰੀ ਲਗਵਾਈ ਅਤੇ ਮੰਦਿਰ ਵਿਖੇ ਨਤਮਸਤਕ ਹੋ ਕੇ ਭਗਵਾਨ ਕ੍ਰਿਸ਼ਨ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਪ੍ਰਬੰਧਕਾਂ ਵੱਲੋਂ ਗਾਇਕ ਕਲਾਕਾਰਾਂ ਪ੍ਰਮੁੱਖ ਸ਼ਖਸੀਅਤਾਂ ਅਤੇ ਪਤਵੰਤਿਆਂ ਨੂੰ ਸਨਮਾਨਤ ਕੀਤਾ ਗਿਆ। ਸਟੇਜ ਦੀ ਸੇਵਾ ਬਲਵੀਰ ਬੇਗਮਪੁਰ ਨੇ ਬਾਖੂਬੀ ਨਿਭਾਈ। ਇਸ ਮੌਕੇ ਸੋਮ ਦੱਤ ਸ਼ਰਮਾ, ਬਾਬਾ ਸੁਰਜੀਤ ਕੌਰ, ਕਮੇਟੀ ਪ੍ਰਧਾਨ ਮਨਜੀਤ ਸਿੰਘ ਕੁਲਾਰ, ਪਰਮਿੰਦਰ ਕੁਮਾਰ, ਨੰਬਰਦਾਰ ਜਸਵੀਰ ਸਿੰਘ, ਬਲਬੀਰ ਸਿੰਘ, ਰਾਜੀਵ, ਰਾਮਜੀ ਗੁਲਾਬਗੜ੍ਹ, ਰਸ਼ਪਾਲ ਸਿੰਘ ਇਟਲੀ, ਅਜੈਬ ਸਿੰਘ, ਹਰਮੇਸ਼ ਲਾਲ, ਜਸਬੀਰ ਬੰਗੜ, ਬਲਵੀਰ ਬੇਗਮਪੁਰ, ਗੋਰਾ, ਜਗਜੀਵਨ, ਬਿੰਦਰ, ਰਿੱਕੀ, ਸੁਮੀਰ, ਰਵੀ, ਵਰੁਣ, ਅਦਿਤਯ, ਆਰਤੀ, ਨੀਰੂ ਸ਼ਰਮਾ, ਸਵਿਤਾ ਸ਼ਰਮਾ, ਪਰਮਿਲਾ ਰਾਣੀ, ਚੇਤਨਾ, ਸਰਗਮ, ਹਿਮਾਨੀ, ਮੋਨਿਕਾ, ਮੰਨਤ ਸ਼ਰਮਾ, ਸਹਿਜ, ਦ੍ਰਿਸ਼ਟੀ, ਰੀਆ, ਬਬਿਤਾ, ਗੀਤੂ, ਰਜਨੀ ਆਦਿ ਹਾਜ਼ਰ ਸਨ।

## ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਨਿੰਦਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤਾਂ ਨਾਲ ਛੇੜਛਾੜ ਅਤੇ ਬੇਅਦਬੀ ਦੀਆਂ ਘਟਨਾਵਾਂ 'ਤੇ ਸਖ਼ਤ ਚਿੰਤਾ ਪ੍ਰਗਟ



ਕਰਦਿਆਂ ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਅਤੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਵਿਰੁੱਧ ਤੁਰੰਤ ਅਤੇ ਸਖ਼ਤ ਕਾਰਵਾਈ ਕੀਤੀ ਜਾਵੇ ਹੈ। ਫੋਰਸ ਦੇ ਆਗੂਆਂ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਸਿਰਫ਼ ਪੰਜਾਬ ਹੀ ਨਹੀਂ, ਸਗੋਂ ਪੂਰੇ ਭਾਰਤ ਦੇ ਮਹਾਨ ਸੰਵਿਧਾਨ ਨਿਰਮਾਤਾ ਹਨ। ਆਗੂਆਂ ਨੇ ਕਿਹਾ ਕਿ ਬੀਤੇ ਦਿਨੀਂ ਲੁਧਿਆਣਾ ਦੇ ਜਲੰਧਰ ਬਾਈਪਾਸ ਵਿਖੇ ਬਾਬਾ ਸਾਹਿਬ ਜੀ ਦੇ ਬੁੱਤ ਨਾਲ ਛੇੜਛਾੜ ਅਤੇ ਬੇਅਦਬੀ ਦੀ ਘਟਨਾ ਬੇਹੱਦ ਨਿੰਦਣਯੋਗ ਹੈ। ਬੀਰਪਾਲ ਠਰੋਲੀ ਅਤੇ ਹੈਪੀ ਫਤਿਹਗੜ੍ਹ ਨੇ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਸਮੇਤ ਪੂਰੇ ਭਾਰਤ ਵਿੱਚ ਜਿੱਥੇ-ਜਿੱਥੇ ਬਾਬਾ ਸਾਹਿਬ ਦੇ ਬੁੱਤ ਸਥਾਪਿਤ ਹਨ, ਉੱਥੇ ਬੁੱਤਾਂ ਦੀ ਸੁਰੱਖਿਆ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ। ਬੁੱਤਾਂ ਦੇ ਆਲੇ-ਦੁਆਲੇ ਅਤੇ ਉਨ੍ਹਾਂ 'ਤੇ ਫੋਕਸ ਕਰਦੇ ਹੋਏ ਸੀਸੀਟੀਵੀ ਕੈਮਰੇ ਲਗਾਏ ਜਾਣ ਅਤੇ ਲੋੜ ਅਨੁਸਾਰ ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਜਾਣ।

## ਸੜੋਆ ਤੋਂ ਦਿਆਲਾ ਤੱਕ ਸੜਕ ਦੀ ਹਾਲਤ ਖਸਤਾ



**ਪੋਜੇਵਾਲ (ਰਾਮ ਲਾਲ)**-ਪਿੰਡ ਸੜੋਆ ਤੋਂ ਦਿਆਲਾ ਨੂੰ ਜਾਣ ਵਾਲੀ ਸੜਕ ਦੀ ਹਾਲਤ ਇਨ੍ਹੀਂ ਦਿਨੀਂ ਬੇਹੱਦ ਖਸਤਾ ਹੋ ਚੁੱਕੀ ਹੈ। ਸੜਕ 'ਤੇ ਥਾਂ-ਥਾਂ ਵੱਡੇ-ਵੱਡੇ ਟੋਏ ਪਏ ਹੋਏ ਹਨ ਅਤੇ ਕਈ ਥਾਵਾਂ ਤੋਂ ਸੜਕ ਦੀ ਉਪਰਲੀ ਪਰਤ ਬੁਰੀ ਤਰ੍ਹਾਂ ਉਖੜ ਚੁੱਕੀ ਹੈ। ਇਸ ਕਾਰਨ ਇਸ ਰਸਤੇ ਤੋਂ ਲੰਘਣ ਵਾਲੇ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਈ ਥਾਵਾਂ 'ਤੇ ਸੜਕ ਦੇ ਕਿਨਾਰੇ ਟੁੱਟੇ ਹੋਏ ਹਨ, ਜਦਕਿ ਕੁਝ ਹਿੱਸਿਆਂ ਵਿੱਚ ਬੱਜਰੀ ਅਤੇ ਮਿੱਟੀ ਸੜਕ 'ਤੇ ਖਿੱਲਰੀ ਪਈ ਹੈ। ਸੜਕ ਦੀ ਮਾੜੀ ਹਾਲਤ ਕਾਰਨ ਵਾਹਨਾਂ ਨੂੰ ਨੁਕਸਾਨ ਪਹੁੰਚਣ ਦੇ ਨਾਲ-ਨਾਲ ਹਾਦਸਿਆਂ ਦਾ ਖ਼ਤਰਾ ਵੀ ਬਣਿਆ ਹੋਇਆ ਹੈ। ਇਲਾਕਾ ਵਾਸੀਆਂ ਦੀ ਮੰਗ ਹੈ ਕਿ ਸਬੰਧਤ ਵਿਭਾਗ ਵੱਲੋਂ ਇਸ ਸੜਕ ਦੀ ਤੁਰੰਤ ਜਾਂਚ ਕਰਵਾ ਕੇ ਟੋਇਆਂ ਦੀ ਮੁਰੰਮਤ ਕਰਵਾਈ ਜਾਵੇ ਅਤੇ ਸੜਕ ਦੀ ਪੂਰੀ ਤਰ੍ਹਾਂ ਮੁਰੰਮਤ/ਰੀ-ਕਾਰਪੇਟਿੰਗ ਕਰਵਾਈ ਜਾਵੇ।

## ਅੰਤਰਰਾਸ਼ਟਰੀ ਸਾਖਰਤਾ ਦਿਵਸ ਮੌਕੇ ਪ੍ਰਾਰਥਨਾ ਸਭਾ ਕਰਵਾਈ

**ਗੁਰਾਇਆ (ਬਿੰਦਰ ਸੁਮਨ)**-ਐੱਸ ਟੀ ਐੱਸ ਵਰਲਡ ਸਕੂਲ ਵਿਖੇ ਜਮਾਤ ਅੱਠਵੀਂ 'ਸੀ' ਦੇ ਵਿਦਿਆਰਥੀਆਂ ਵੱਲੋਂ ਅਧਿਆਪਕ ਲਵ ਸ਼ਰਮਾ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਸਾਖਰਤਾ ਦਿਵਸ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ। ਇਸ ਸਭਾ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਿੱਖਿਆ, ਪੜ੍ਹਨ-ਲਿਖਣ ਅਤੇ ਗਿਆਨ ਦੀ ਮਹੱਤਤਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਸਭਾ ਦੀ ਸ਼ੁਰੂਆਤ ਸਹਿਜਪ੍ਰੀਤ ਕੌਰ ਅਤੇ ਅਰਨਵ ਵੱਲੋਂ ਸੁਚੱਜੀ ਕੰਪੀਅਰਿੰਗ ਨਾਲ ਕੀਤੀ ਗਈ। ਇਸ ਉਪਰੰਤ ਸਮਰਵੀਰ ਨੇ ਨਵੇਂ ਸ਼ਬਦ ਰਾਹੀਂ ਵਿਦਿਆਰਥੀਆਂ ਦੇ ਸ਼ਬਦ-ਭੰਡਾਰ ਵਿੱਚ ਵਾਧਾ ਕੀਤਾ ਅਤੇ ਅੰਮ੍ਰਿਤਪ੍ਰੀਤ ਨੇ ਪ੍ਰੇਰਨਾਦਾਇਕ ਵਿਚਾਰ ਪੇਸ਼ ਕੀਤਾ। ਅੰਮ੍ਰਿਤ ਕੌਰ ਨੇ ਦਿਲਚਸਪ ਢੰਗ ਨਾਲ ਖ਼ਬਰਾਂ ਦੀਆਂ ਸੁਰਖੀਆਂ ਪੇਸ਼ ਕੀਤੀਆਂ, ਜਦਕਿ ਪੰਕਜ ਨੇ ਸਾਖਰਤਾ ਦੀ ਮਹੱਤਤਾ ਅਤੇ ਸਿੱਖਿਆ ਦੇ ਜੀਵਨ ਵਿੱਚ ਯੋਗਦਾਨ ਬਾਰੇ ਪ੍ਰਭਾਵਸ਼ਾਲੀ ਭਾਸ਼ਣ ਦਿੱਤਾ। ਸਭਾ ਦਾ ਮੁੱਖ ਆਕਰਸ਼ਣ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਨੁੱਕੜ ਨਾਟਕ ਸੀ। ਅੰਮ੍ਰਿਤ ਕੌਰ, ਏਕਜੋਤ, ਸਹਿਜਪ੍ਰੀਤ ਕੌਰ, ਖੁਸ਼ਪ੍ਰੀਤ, ਏਕਨੂਰ ਕੌਰ, ਜਸਲੀਨ, ਅੰਮ੍ਰਿਤਪ੍ਰੀਤ ਅਤੇ ਕ੍ਰਿਤਿਕਾ ਨੇ ਆਪਣੀ ਸ਼ਾਨਦਾਰ ਪੇਸ਼ਕਾਰੀ ਰਾਹੀਂ ਸਾਖਰਤਾ ਦੇ ਮਹੱਤਵ ਦਾ ਸੰਦੇਸ਼ ਦਿੱਤਾ। ਇਸ ਤੋਂ ਇਲਾਵਾ ਏਕਜੋਤ, ਏਕਨੂਰ ਬਧਨ, ਅਨਮੋਲ, ਗੁਰਨੂਰ, ਜਸਲੀਨ, ਅਰਮਾਨ, ਅਰਨਵ ਅਤੇ ਕ੍ਰਿਤਿਕਾ ਵੱਲੋਂ ਪੇਸ਼ ਕੀਤਾ ਰੋਲ ਪਲੇਅ ਵੀ ਵਿਸ਼ੇਸ਼ ਖਿੱਚ ਦਾ ਕੇਂਦਰ ਰਿਹਾ। ਅੰਤ ਵਿੱਚ 8ਵੀਂ 'ਸੀ' ਜਮਾਤ ਦੇ ਸਮੂਹ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਗਰੁੱਪ ਡਾਂਸ ਪੇਸ਼ ਕੀਤਾ ਗਿਆ। ਸਾਰੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਸਭਾ ਨੂੰ ਯਾਦਗਾਰ ਬਣਾਇਆ। ਇਸ



ਮੌਕੇ ਵਿਦਿਆਰਥੀਆਂ ਨੇ ਇਹ ਸੰਦੇਸ਼ ਦਿੱਤਾ ਕਿ "ਸਾਖਰਤਾ ਸਿਰਫ਼ ਪੜ੍ਹਨਾ-ਲਿਖਣਾ ਨਹੀਂ, ਸਗੋਂ ਗਿਆਨ ਰਾਹੀਂ ਜੀਵਨ ਨੂੰ ਬਿਹਤਰ ਬਣਾਉਣ ਦਾ ਸਾਧਨ ਹੈ। ਸਭਾ ਦੀ ਸਮਾਪਤੀ ਸਕੂਲ ਦੀ ਪ੍ਰਿੰਸੀਪਲ ਪ੍ਰਭਜੋਤ ਗਿੱਲ ਵੱਲੋਂ ਕੀਤੀ ਗਈ। ਉਨ੍ਹਾਂ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਸਾਖਰਤਾ, ਸਿੱਖਿਆ ਅਤੇ ਨਿਰੰਤਰ ਸਿੱਖਣ ਦੀ ਮਹੱਤਤਾ ਬਾਰੇ ਪ੍ਰੇਰਨਾਦਾਇਕ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗਿਆਨ ਪ੍ਰਾਪਤੀ ਦੇ ਨਾਲ-ਨਾਲ ਪੜ੍ਹਨ ਦੀ ਆਦਤ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।

## ਮੱਕੀ ਦੀ ਕਾਸ਼ਤ ਕਰਨ ਲਈ ਕੈਂਪ ਲਗਾਇਆ




**ਨਵਾਂਸ਼ਹਿਰ (ਮਨੋਜ ਲਾਡੀ)**-ਖੇਤੀਬਾੜੀ ਮਹਿਕਮੇ ਦੇ ਸਹਿਯੋਗ ਨਾਲ, ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਲੁਧਿਆਣਾ) ਅਤੇ ਆਈ ਸੀ ਏ ਆਰ-ਅਟਾਰੀ ਜ਼ੋਨ-1 ਦੀ ਸਰਪ੍ਰਸਤੀ ਹੇਠ ਅਤੇ ਡਾ. ਪ੍ਰਦੀਪ ਕੁਮਾਰ (ਐਸੋਸੀਏਟ ਡਾਇਰੈਕਟਰ) ਦੀ ਅਗਵਾਈ ਵਿੱਚ, ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ (ਕੇ ਵੀ ਕੇ) ਲੰਗੜੋਆ, ਐੱਸ ਬੀ ਐੱਸ ਨਗਰ ਵੱਲੋਂ ਪਿੰਡ ਜਾਡਲੀ ਵਿਖੇ ਸਾਉਣੀ ਦੀ ਮੱਕੀ ਦੀ ਕਾਸ਼ਤ ਨੂੰ ਪ੍ਰਮੋਟ ਕਰਨ ਲਈ ਕਿਸਾਨਾਂ ਵਾਸਤੇ ਇੱਕ ਵਿਸ਼ੇਸ਼ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਖੇਤੀਬਾੜੀ ਮਹਿਕਮੇ ਚੋਂ ਡਾ. ਕਮਲਦੀਪ ਸਿੰਘ ਸੰਘਾ, ਡਾਕਟਰ ਕੁਲਵਿੰਦਰ ਕੌਰ ਅਤੇ ਡਾਕਟਰ ਜਗਮਨਦੀਪ ਕੌਰ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਅਤੇ ਉਨ੍ਹਾਂ ਨੇ ਕਿਸਾਨਾਂ ਦਾ ਮਾਰਗਦਰਸ਼ਨ ਕੀਤਾ। ਸਹਾਇਕ ਪ੍ਰੋਫੈਸਰ (ਕੀਟ ਵਿਗਿਆਨ) ਡਾ. ਬਲਜੀਤ ਸਿੰਘ ਨੇ ਸਾਉਣੀ ਦੀ ਮੱਕੀ ਦੀ ਫ਼ਸਲ ਨੂੰ ਆਉਣ ਵਾਲੀਆਂ ਬਿਮਾਰੀਆਂ ਬਾਰੇ ਕਿਸਾਨਾਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਮੱਕੀ ਦੀ ਫ਼ਸਲ ਦਾ ਨੁਕਸਾਨ ਕਰਨ ਵਾਲੇ ਕੀੜੇ 'ਫਾਲ ਆਰਮੀਵਰਮ' ਬਾਰੇ ਦੱਸਿਆ। ਇਸ ਤੋਂ ਇਲਾਵਾ ਉਨ੍ਹਾਂ ਨੇ ਸਾਉਣੀ ਦੀ ਮੱਕੀ ਦੀ ਕਾਸ਼ਤ ਨੂੰ ਵਧਾਉਣ ਅਤੇ ਇਸ ਨੂੰ ਪ੍ਰਮੋਟ ਕਰਨ ਬਾਰੇ ਅਹਿਮ ਨੁਕਤੇ ਸਾਂਝੇ ਕੀਤੇ ਤਾਂ ਜੋ ਕਿਸਾਨ ਇਸ ਦੀ ਵੱਧ ਤੋਂ ਵੱਧ ਪੈਦਾਵਾਰ ਲੈ ਸਕਣ।ਡਾ. ਤੇਜਬੀਰ ਸਿੰਘ ਨੇ ਪਸ਼ੂਆਂ ਦੀ ਖੁਰਾਕ ਲਈ ਮੱਕੀ ਦਾ ਸਾਈਲੇਜ (ਆਚਾਰ) ਬਣਾਉਣ 'ਤੇ ਵਿਸ਼ੇਸ਼ ਜ਼ੋਰ ਪਾਇਆ।

## 'ਖੇਡਾਂ ਵਤਨ ਪੰਜਾਬ ਦੀਆਂ-2026' ਨੌਜਵਾਨਾਂ ਲਈ ਖੇਡ ਪ੍ਰਤਿਭਾ ਦਿਖਾਉਣ ਦਾ ਸੁਨਹਿਰੀ ਮੌਕਾ : ਡਾ. ਇਸ਼ਾਂਕ ਕੁਮਾਰ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**-'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਚੱਬੇਵਾਲ ਹਲਕੇ ਦੇ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਦਾ ਮੌਕਾ ਮਿਲਣ ਜਾ ਰਿਹਾ ਹੈ। ਇਸ ਸਬੰਧੀ ਪਿੰਡ ਪੱਟੀ ਵਿਖੇ 14 ਅਤੇ 15 ਸਤੰਬਰ ਨੂੰ ਟੈਨਿਸ ਬਾਲ ਕ੍ਰਿਕਟ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਹਲਕੇ ਦੇ ਨੌਜਵਾਨਾਂ, ਕ੍ਰਿਕਟ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਮੁਕਾਬਲੇ ਵਿੱਚ ਹਿੱਸਾ ਲੈਣ ਦੀ ਅਪੀਲ



ਕੀਤੀ ਹੈ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਦਾ ਸਾਧਨ ਨਹੀਂ, ਸਗੋਂ ਨੌਜਵਾਨਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ, ਆਤਮ-ਵਿਸ਼ਵਾਸ ਅਤੇ ਜਿੱਤਣ ਦੀ ਭਾਵਨਾ ਪੈਦਾ ਕਰਨ ਦਾ ਵੀ ਮਹੱਤਵਪੂਰਨ ਜ਼ਰੀਆ ਹਨ। 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਮੰਚ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਬਲਾਕ ਤੋਂ ਜ਼ਿਲ੍ਹਾ ਅਤੇ ਅੱਗੇ ਉੱਚ ਪੱਧਰ ਤੱਕ ਪਹੁੰਚਣ ਦਾ ਮੌਕਾ ਪ੍ਰਦਾਨ ਕਰਦੇ ਹਨ।ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਵਿੱਚ ਹਿੱਸਾ ਲੈਣ ਵਾਲੀ ਹਰੇਕ ਟੀਮ ਵਿੱਚ ਘੱਟੋ-ਘੱਟ 11 ਅਤੇ ਵੱਧ ਤੋਂ ਵੱਧ 16 ਖਿਡਾਰੀ ਹੋ ਸਕਦੇ ਹਨ। 14 ਸਾਲ ਦੀ ਉਮਰ ਤੋਂ 70 ਸਾਲ ਤੱਕ ਦੇ ਖਿਡਾਰੀ ਇਸ ਵਿਚ ਹਿੱਸਾ ਲਾਇ ਸਕਦੇ ਹਨ। ਹਰ ਟੀਮ ਨੂੰ 6 ਓਵਰ ਖੇਡਣ ਦਾ ਮੌਕਾ ਮਿਲੇਗਾ ਅਤੇ ਮੁਕਾਬਲੇ ਦੀ ਜੇਤੂ ਟੀਮ ਜ਼ਿਲ੍ਹਾ ਪੱਧਰੀ ਖੇਡਾਂ ਲਈ ਕੁਆਲੀਫਾਈ ਕਰੇਗੀ। ਟੀਮਾਂ ਆਪਣੀ ਰਜਿਸਟ੍ਰੇਸ਼ਨ ਆਨਲਾਈਨ sports.punjab.gov.in 'ਤੇ ਕਰਵਾ ਸਕਦੀਆਂ ਹਨ। ਜੇਕਰ ਆਨਲਾਈਨ ਰਜਿਸਟ੍ਰੇਸ਼ਨ ਵਿਚ ਕੋਈ ਦਿੱਕਤ ਆਉਂਦੀ ਹੈ ਤਾਂ 14 ਸਤੰਬਰ ਨੂੰ ਸਵੇਰੇ 9 ਵਜੇ ਤੱਕ ਪਿੰਡ ਪੱਟੀ ਦੇ ਖੇਡ ਮੈਦਾਨ ਵਿਖੇ ਵੀ ਔਨ ਸਪੌਟ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ।

## ਉਦਯੋਗਿਕ ਤੇ ਕਾਰੋਬਾਰੀ ਵਿਕਾਸ ਨੀਤੀ ਤਹਿਤ ਪ੍ਰੋਤਸਾਹਨ ਦੇ ਛੇ ਕੇਸ ਮਨਜ਼ੂਰ

**ਕਪੂਰਥਲਾ (ਮਨਜੀਤ ਮਾਨ)**-ਸਥਾਨਕ ਉਦਯੋਗ ਨੂੰ ਹੁਲਾਰਾ ਦੇਣ ਲਈ ਇੱਕ ਅਹਿਮ ਕਦਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੰਡਸਟਰੀਅਲ ਐਂਡ ਬਿਜ਼ਨਸ ਡਿਵੈਲਪਮੈਂਟ ਪਾਲਿਸੀ-2017 ਅਤੇ 2022 ਅਧੀਨ ਪ੍ਰੋਤਸਾਹਨ ਦੇ ਛੇ ਕੇਸ ਮਨਜ਼ੂਰ ਕੀਤੇ ਗਏ ਹਨ। ਇਨ੍ਹਾਂ ਵਿੱਚ ਤਿੰਨ ਕੇਸ ਬਿਜਲੀ ਡਿਊਟੀ ਤੋਂ ਛੋਟ ਅਤੇ ਤਿੰਨ ਕੇਸ 23.48 ਲੱਖ ਰੁਪਏ ਦੀ ਐੱਸ ਜੀ ਐੱਸ ਟੀ ਰੀਇੰਬਰਸਮੈਂਟ ਨਾਲ ਸਬੰਧਤ ਹਨ, ਜਿਸ ਨਾਲ ਜ਼ਿਲ੍ਹੇ ਦੇ ਉਦਯੋਗਿਕ ਅਦਾਰਿਆਂ ਨੂੰ ਵਿੱਤੀ ਰਾਹਤ ਮਿਲੇਗੀ। ਇਹ ਮਨਜ਼ੂਰੀਆਂ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਦਿੱਤੀਆਂ ਗਈਆਂ। ਇਸ ਮੌਕੇ ਬਿਜਲੀ ਡਿਊਟੀ ਤੋਂ ਛੋਟ ਅਤੇ ਐੱਸ ਜੀ ਐੱਸ ਟੀ ਰੀਇੰਬਰਸਮੈਂਟ ਸਮੇਤ ਵੱਖ-ਵੱਖ ਉਦਯੋਗਿਕ ਪ੍ਰੋਤਸਾਹਨਾਂ ਨਾਲ ਸਬੰਧਤ ਮਾਮਲਿਆਂ ਦੀ ਸਮੀਖਿਆ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਉਦਯੋਗਿਕ ਵਿਕਾਸ ਨੂੰ ਮਜ਼ਬੂਤ ਕਰਨ ਅਤੇ ਸੂਬੇ ਵਿੱਚ ਕਾਰੋਬਾਰ ਲਈ ਸੁਖਾਵਾਂ ਮਾਹੌਲ ਸਿਰਜਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਦਯੋਗਿਕ ਮਸਲਿਆਂ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਵੱਖ-ਵੱਖ ਉਦਯੋਗਿਕ ਖੇਤਰਾਂ ਦਾ ਨਿਯਮਤ ਦੌਰਾ ਕਰਕੇ ਉਦਯੋਗਪਤੀਆਂ ਦੀਆਂ ਸਮੱਸਿਆਵਾਂ ਦਾ ਉਨ੍ਹਾਂ ਨਾਲ ਤਾਲਮੇਲ ਕਰਕੇ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਅਜਿਹੇ ਸਰਗਰਮ ਉਪਰਾਲਿਆਂ ਨਾਲ ਉਦਯੋਗਿਕ ਬੁਨਿਆਦੀ ਢਾਂਚੇ ਵਿੱਚ ਸੁਧਾਰ ਹੋਣ ਦੇ ਨਾਲ-ਨਾਲ ਜ਼ਿਲ੍ਹੇ ਵਿੱਚ ਕਾਰੋਬਾਰ ਕਰਨ ਦੀ ਸਹੂਲਤ ਵੀ ਹੋਰ ਬਿਹਤਰ ਹੋਵੇਗੀ।

## ਨਾਭ ਕੰਵਲ ਰਾਜਾ ਸਾਹਿਬ ਦੀ ਬਰਸੀ 'ਤੇ ਨਗਰ ਕੀਰਤਨ ਸਜਾਇਆ

**ਬੰਗਾ (ਅਵਤਾਰ ਕਲੇਰ)**-ਬ੍ਰਹਮ ਗਿਆਨੀ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਦੀ 86ਵੀਂ ਬਰਸੀ ਤੇ ਪਿੰਡ ਮਜਾਰਾ ਨੌਆਬਾਦ ਵਿਖੇ ਵਿਸ਼ਾਲ ਨਗਰ ਕੀਰਤਨ ਪੰਜ



ਪਿਆਰਿਆਂ ਦੀ ਅਗਵਾਈ 'ਚ ਸਜਾਇਆ ਗਿਆ। ਨਗਰ ਕੀਰਤਨ ਸ੍ਰੀ ਰਸੋਖਾਨਾ ਸਾਹਿਬ ਤੋਂ ਅਰਦਾਸ ਕਰਕੇ ਆਰੰਭ ਹੋਇਆ ਅਤੇ ਨਗਰ ਦੀ ਪਰਿਕਰਮਾ ਕਰਦੇ ਹੋਏ ਵੱਡੇ ਦਰਵਾਜੇ ਤੇ ਦੀਵਾਨ ਸਜਾਇਆ ਗਿਆ। ਨਗਰ ਕੀਰਤਨ ਦੌਰਾਨ ਪੰਡਿਤ ਸੋਮਨਾਥ ਰੋਡਿਆਂ ਵਾਲੇ, ਗੁਰਦੀਪ ਸਿੰਘ ਉੜਾਪੜ, ਬੀਬੀ ਜਸਵੀਰ ਕੌਰ ਖਾਲਸਾ, ਬੀਬੀ ਪਰਮਜੀਤ ਕੌਰ ਖਾਲਸਾ ਨੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾਇਆ। ਉਹਨਾਂ ਦੱਸਿਆ ਕਿ ਨਾਭ ਕੰਵਲ ਰਾਜਾ ਸਾਹਿਬ ਨੇ ਸ੍ਰੀ ਗੁਰੂ ਨਾਨਕ ਨਾਮ ਲੇਵਾ ਸੰਗਤ ਲਈ ਪ੍ਰਚਾਰ ਕਰਦਿਆਂ ਉਦਾਸੀ ਮੱਤ ਤਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸੰਗਤਾਂ ਨੂੰ ਜੋੜਿਆ। ਉਹਨਾਂ ਵੱਲੋਂ ਪਿੰਡ ਰਹਿਪਾ, ਝਿੰਗੜਾਂ, ਗੋਸਲਾਂ, ਸੂੰਏ, ਗੁਣਾਂਚੌਰ ਗੁਰਦੁਆਰਾ ਸਾਹਿਬ ਬਣਾਏ ਗਏ। ਕੁਲਵੰਤ ਸਿੰਘ ਹੀਰ ਮੁੱਖ ਪ੍ਰਬੰਧਕ ਨੇ ਦੱਸਿਆ ਕਿ ਸੰਗਤਾਂ ਦੀ ਸਹੂਲਤ ਵਾਸਤੇ 45 ਏਕੜ 'ਚ ਪਾਰਕਿੰਗ ਕੀਤੀ ਗਈ ਹੈ ਅਤੇ 20 ਹਜ਼ਾਰ ਦੇ ਕਰੀਬ ਗੱਡੀਆਂ ਮੁਫ਼ਤ ਸੇਵਾ ਲਈ ਲਗਾਈਆਂ ਗਈਆਂ ਹਨ।ਉਹਨਾਂ ਦੱਸਿਆ ਕਿ ਇੱਕ ਲੱਖ ਤੋਂ ਉੱਪਰ ਸੰਗਤ ਰੋਜ਼ਾਨਾ ਪੁੱਜਣ ਦੀ ਉਮੀਦ ਹੈ। ਇਸ ਮੌਕੇ ਤੇ ਇੰਦਰਜੀਤ ਸਿੰਘ ਸਿਆਣ ਪ੍ਰਧਾਨ, ਕੁਲਵੰਤ ਸਿੰਘ ਹੀਰ ਮੁੱਖ ਪ੍ਰਬੰਧਕ, ਸ਼ਿਗਾਰਾ ਸਿੰਘ, ਸਟੇਜ ਸਕੱਤਰ ਸਤਨਾਮ ਸਿੰਘ ਸ਼ੇਰਗਿੱਲ, ਬਲਿਹਾਰ ਸਿੰਘ, ਅਵਤਾਰ ਸਿੰਘ ਟੋਨੀ, ਸੁਰਜੀਤ ਸਿੰਘ ਪੱਪੂ, ਕਰਨੈਲ ਸਿੰਘ ਹੀਰ, ਤਜਿੰਦਰ ਸਿੰਘ ਬਿੱਟੂ, ਬਲਵਿੰਦਰ ਕੌਰ, ਕੁਲਵੰਤ ਸਿੰਘ ਘੁੰਮਣ, ਪਰਮਜੀਤ ਕੌਰ ਪ੍ਰਧਾਨ ਹਸਪਤਾਲ ਕਮੇਟੀ, ਗੁਰਦੀਪ ਸਿੰਘ ਬੱਬਾ, ਕਮਲਜੀਤ ਸਿੰਘ, ਸੁਰਿੰਦਰ ਸਿੰਘ, ਸ਼ਿੰਗਾਰਾ ਸਿੰਘ, ਅਮਨਦੀਪ ਸਿੰਘ, ਕਰਨਬੀਰ ਸਿੰਘ, ਅਮਰਜੀਤ ਸਿੰਘ, ਸੋਹਣ ਸਿੰਘ, ਦੀਦਾਰ ਸਿੰਘ ਬਿੱਕਰ ਸਿੰਘ ਆਦਿ ਹਾਜ਼ਰ ਸਨ।

## ਸਿਲਵਰ ਓਕ ਸਕੂਲ ਦੇ ਖਿਡਾਰੀਆਂ ਦੀ ਕ੍ਰਿਕਟ ਕੈਂਪ ਲਈ ਚੋਣ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**-ਇਲਾਕੇ ਦੀ ਪ੍ਰਮੁੱਖ ਸਿੱਖਿਆ ਅਤੇ ਖੇਡ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਦੇ ਖਿਡਾਰੀਆਂ ਨੇ ਇਸ ਸਾਲ ਵੀ ਪੰਜਾਬ ਰਾਜ ਖੇਡਾਂ ਦੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖਿਆ ਹੈ। ਇਸੇ ਅਧੀਨ ਸਿਲਵਰ ਓਕ ਸਕੂਲ ਦੇ ਚਾਰ ਖਿਡਾਰੀਆਂ ਦੀ ਉਨਾਂ ਦੀ ਸ਼ਾਨਦਾਰ ਖੇਡ ਦੇ ਸਦਕਾ ਕ੍ਰਿਕਟ ਸਟੇਟ ਕੈਂਪ ਦੇ ਲਈ ਸਲੈਕਸ਼ਨ ਹੋਈ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮਨੀਸ਼ਾ ਸੰਗਰ ਦੀ ਅਗਵਾਈ ਦੇ ਵਿੱਚ



ਸਕੂਲ ਦੇ ਕ੍ਰਿਕਟ ਕੋਚ ਪੰਕਜ ਕੁਮਾਰ ਨੇ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਸਕੂਲ ਦੀ ਟੀਮ ਦੇ ਚਾਰ ਚੋਟੀ ਦੇ ਖਿਡਾਰੀ ਗੁਰਨੂਰ ਸਿੰਘ, ਗੁਰਬਾਨ ਸੈਣੀ, ਅਭਿਜੋਤ ਸਿੰਘ ਅਤੇ ਯੁਵਰਾਜ ਪੁਰੀ ਦੀ ਵਿਧਾਈ ਸ਼ਾਨਦਾਰ ਖੇਡ ਦੇ ਸਦਕਾ ਉਹਨਾਂ ਨੂੰ ਸਟੇਟ ਕੈਂਪ ਦੇ ਲਈ ਸਿਲੈਕਟ ਕੀਤਾ ਗਿਆ। ਪ੍ਰਿੰਸੀਪਲ ਮਨੀਸ਼ਾ ਸੰਗਰ ਨੇ ਸਮੁੱਚੇ ਖੇਡ ਵਿਭਾਗ ਨੂੰ ਵਧਾਈ ਦਿੰਦਿਆਂ ਦੱਸਿਆ ਕਿਹਾ ਕਿ ਬੱਚਿਆਂ ਦਾ ਖੇਡਾਂ ਦੇ ਵਿੱਚ ਇਸ ਸਾਲ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਰਿਹਾ ਹੈ ਤੇ ਉਸੇ ਦਾ ਨਤੀਜਾ ਹੈ ਕਿ ਇਹ ਚਾਰ ਬੱਚੇ ਸਟੇਟ ਕੈਂਪ ਦੇ ਲਈ ਚੁਣੇ ਗਏ ਹਨ ਤੇ ਅਸੀਂ ਉਮੀਦ ਕਰਦੇ ਹਾਂ ਕਿ ਇਹ ਬੱਚੇ ਵਧੀਆ ਪ੍ਰਦਰਸ਼ਨ ਕਰਕੇ ਆਪਣੇ ਇਲਾਕੇ ਦਾ ਨਾਮ ਰੋਸ਼ਨ ਕਰਨਗੇ। ਚੇਅਰਮੈਨ ਤਰਲੋਚਨ ਸਿੰਘ ਨੇ ਕੋਚ ਪੰਕਜ ਕੁਮਾਰ ਦੀ ਸ਼ਲਾਘਾ ਕਰਦਿਆਂ ਹੋਇਆ ਕਿਹਾ ਕਿ ਉਹਨਾਂ ਦੇ ਲਗਾਤਾਰ ਹੁਣ ਤੱਕ ਮਿਹਨਤ ਦਾ ਨਤੀਜਾ ਹੈ ਕਿ ਇਹ ਬੱਚੇ ਲਗਾਤਾਰ ਵਧੀਆ ਪ੍ਰਦਰਸ਼ਨ ਕਰਦੇ ਆ ਰਹੇ ਹਨ ਅਤੇ ਮੈਨੂੰ ਉਮੀਦ ਹੈ ਕਿ ਇਹ ਬੱਚੇ ਨੈਸ਼ਨਲ ਪੱਧਰ ਤੱਕ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖਣਗੇ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਸੁਰੇਸ਼, ਬਲਦੇਵ, ਸੁਸ਼ੀਲ, ਵਿਸ਼ਾਲੀ, ਗੁਰਪ੍ਰੀਤ, ਅਰਚਨਾ, ਰਾਜਵਿੰਦਰ, ਗੀਤੀਕਾ, ਅਮਨ, ਸੁਖਜਿੰਦਰ, ਰਜਿੰਦਰ, ਕੁਲਵੀਰ, ਰਵਿੰਦਰ, ਗੁਰਦੇਵ, ਹਰਜੀਤ, ਅਜੇ, ਮਨੀਸ਼ਾ, ਪਰਵੀਨ, ਆਸ਼ਾ, ਗੁਰਿੰਦਰ, ਹਰਜਿੰਦਰ, ਅਮਨ, ਰੁਪਿੰਦਰ ਅਤੇ ਹੋਰ ਸਟਾਫ ਮੌਜੂਦ ਸੀ।

## ਬੇਅਦਬੀ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਦੀ ਮੰਗ

**ਜ਼ੀਰਕਪੁਰ (ਜਤਿੰਦਰ ਕੁਮਾਰ)**-ਡਾ. ਭੀਮਰਾਓ ਅੰਬੇਡਕਰ ਦੀ ਮੂਰਤੀ ਦੀ ਬੇਅਦਬੀ ਨੂੰ ਲੈ ਕੇ ਅੰਬਾਲਾ ਰੋਡ 'ਤੇ ਸਮਰਥਕਾਂ ਵਿੱਚ ਭਾਰੀ ਗੁੱਸਾ ਅਤੇ ਰੋਸ ਪਾਇਆ ਜਾ ਰਿਹਾ ਹੈ।



ਪ੍ਰਦੀਪ ਸੂਦ ਪ੍ਰਧਾਨ ਨੇ ਸਰਕਾਰ ਤੋਂ ਘਟਨਾ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਕੜੀ ਸਜ਼ਾ ਦੇਣ ਦੀ ਮੰਗ ਕੀਤੀ ਹੈ।ਉਨ੍ਹਾਂ ਨੇ ਏ ਐੱਸ ਪੀ ਗ਼ਜ਼ਲਪ੍ਰੀਤ ਜ਼ੀਰਕਪੁਰ ਨੂੰ ਮੰਗ ਪੱਤਰ ਸੌਂਪਦਿਆਂ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਦੋਸ਼ੀਆਂ ਨੂੰ ਜੇਲ੍ਹ ਭੇਜਣ ਦੀ ਮੰਗ ਕੀਤੀ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦੀ ਮੂਰਤੀ ਦੇ ਸਨਮਾਨ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ।

## ਸੇਵਾ ਕੇਂਦਰ ਦਾ ਹੈਲਪ ਡੈਸਕ ਕਰਮਚਾਰੀ ਰਿਸ਼ਵਤ ਲੈਂਦਾ ਰੰਗੇ-ਹੱਥੀਂ ਕਾਬੂ

**ਜਲੰਧਰ (ਸ਼ੈਲੀ ਐਲਬਰਟ)**-ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਮਹੇਸ਼ ਕੁਮਾਰ, ਹੈਲਪ ਡੈਸਕ, ਸੇਵਾ ਕੇਂਦਰ, ਨੂਰਮਹਿਲ, ਜ਼ਿਲ੍ਹਾ ਜਲੰਧਰ ਨੂੰ 7,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।ਥੇ ਇਹ



ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਨੂਰਮਹਿਲ, ਜ਼ਿਲ੍ਹਾ ਜਲੰਧਰ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਦੇ ਰਿਸ਼ਤੇਦਾਰ ਨੇ 24 ਅਗਸਤ 2026 ਨੂੰ ਸੇਵਾ ਕੇਂਦਰ, ਨੂਰਮਹਿਲ ਵਿਖੇ ਮੈਰਿਜ ਸਰਟੀਫਿਕੇਟ ਲਈ ਅਰਜ਼ੀ ਦਿੱਤੀ ਸੀ। ਬਾਅਦ ਵਿੱਚ ਉਹ ਮਹੇਸ਼ ਕੁਮਾਰ ਹੈਲਪ ਡੈਸਕ ਸੇਵਾ ਕੇਂਦਰ, ਨੂਰਮਹਿਲ ਨੂੰ ਮਿਲਿਆ ਅਤੇ ਮੈਰਿਜ ਸਰਟੀਫਿਕੇਟ ਜਲਦੀ ਜਾਰੀ ਕਰਨ ਦੀ ਬੇਨਤੀ ਕੀਤੀ। ਮੁਲਜ਼ਮ ਮਹੇਸ਼ ਕੁਮਾਰ ਨੇ ਇਸ ਕੰਮ ਲਈ 7,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਅਤੇ ਕਿਹਾ ਕਿ ਸਰਟੀਫਿਕੇਟ ਦੋ ਦਿਨਾਂ ਦੇ ਅੰਦਰ ਜਾਰੀ ਕਰ ਦਿੱਤਾ ਜਾਵੇਗਾ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਨਾਲ ਸੰਬੰਧਤ ਗੱਲਬਾਤ ਰਿਕਾਰਡ ਕਰ ਲਈ।ਰਿਸ਼ਵਤ ਨਾ ਦੇਣ ਦੇ ਇੱਛੁਕ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਪਹੁੰਚ ਕੀਤੀ। ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਮਹੇਸ਼ ਕੁਮਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 7,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।ਇਸ ਸੰਬੰਧੀ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਜਾਂਚ ਜਾਰੀ ਹੈ।

## ਪਹਿਲਵਾਨ ਮੋਨੂ ਦਿੱਲੀ ਵਾਲੇ ਦਾ ਬੁਲਟ ਨਾਲ ਸਨਮਾਨ



**ਮਾਹਿਲਪੁਰ (ਸ.ਫਰੀ)**-ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਭੂਨੋਂ ਵਿਖੇ ਛਿੰਝ ਮੇਲੇ ਵਿੱਚ ਐੱਨ ਆਰ ਆਈ ਹਰਜਿੰਦਰ ਸਿੰਘ ਬਿੰਦੀ ਪੁਰਤਗਾਲ ਵੱਲੋਂ ਪਿੰਡ ਭੂਨੋਂ ਵਿੱਚ ਵੱਡੀ ਰੁਮਾਲੀ ਦੇ ਜੇਤੂ ਪਹਿਲਵਾਨ ਮੋਨੂ ਦਿੱਲੀ ਵਾਲੇ ਨੂੰ ਬੋਲਟ ਮੋਟਰਸਾਇਕਲ ਨਾਲ ਸਨਮਾਨ ਕੀਤਾ ਗਿਆ। ਛੋਟੀ ਰੁਮਾਲੀ ਦੇ ਪਹਿਲਵਾਨ ਪੰਮਾ ਡੇਰਾ ਬਾਬਾ ਨਾਨਕ ਅਤੇ ਗਨੀ ਚੱਬੇਵਾਲ ਨੂੰ ਸੋਡੀ ਬਰਿਆਣਾ ਪੁਰਤਗਾਲ ਨੇ 51000 ਰੁਪਏ ਨਗਦੀ ਨਾਲ ਸਨਮਾਨਤ ਕੀਤਾ। ਪਿੰਡ ਵਾਸੀਆਂ ਤੇ ਛਿੰਝ ਮੇਲਾ ਕਮੇਟੀ ਵੱਲੋਂ ਹਰਜਿੰਦਰ ਸਿੰਘ ਬਿੰਦੀ ਦਾ ਤਹਿ ਦਿਲੋਂ ਧੰਨਵਾਦ ਕੀਤਾ।

## 'ਖੇਡਾਂ ਵਤਨ ਪੰਜਾਬ ਦੀਆਂ' ਖਿਡਾਰੀਆਂ ਲਈ ਬਿਹਤਰੀਨ ਮੰਚ : ਬਲਕਾਰ ਸਿੰਘ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਚੱਲ ਰਹੀਆਂ ਬਲਾਕ ਪੱਧਰੀ ਖੇਡਾਂ ਦੇ ਤੀਜੇ ਦਿਨ ਬਲਾਕ ਜਲੰਧਰ ਪੱਛਮੀ ਦੇ ਖੇਡ ਮੁਕਾਬਲੇ ਕਰਵਾਏ ਗਏ। ਇਸ ਮੌਕੇ ਸਮਾਪਤੀ ਸਮਾਰੋਹ ਦੌਰਾਨ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ ਖਿਡਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਆਸ਼ੀਰਵਾਦ ਦੇਣ ਲਈ ਪਹੁੰਚੇ। ਆਪਣੇ ਸੰਬੋਧਨ ਦੌਰਾਨ ਵਿਧਾਇਕ ਬਲਕਾਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਖਿਡਾਰੀਆਂ ਲਈ ਬਿਹਤਰੀਨ ਮੰਚ ਸਾਬਤ ਹੋ ਰਹੀਆਂ ਹਨ, ਜਿੱਥੇ ਵੱਖ-ਵੱਖ ਉਮਰ ਵਰਗ ਦੇ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 6 ਬਲਾਕਾਂ ਵਿੱਚ ਬਲਾਕ ਪੱਧਰੀ ਖੇਡ ਮੁਕਾਬਲੇ ਸਮਾਪਤ ਹੋ ਗਏ ਹਨ। 10 ਸਤੰਬਰ ਤੋਂ ਬਾਕੀ 5 ਬਲਾਕਾਂ ਵਿੱਚ ਬਲਾਕ ਪੱਧਰੀ ਖੇਡ ਮੁਕਾਬਲੇ ਸ਼ੁਰੂ ਹੋਣਗੇ, ਜਿਨ੍ਹਾਂ ਬਲਾਕਾਂ ਵਿੱਚ ਜਲੰਧਰ ਪੂਰਬੀ, ਫਿਲੌਰ, ਆਦਮਪੁਰ, ਭੋਗਪੁਰ ਅਤੇ ਰੁੜਕਾ ਕਲਾਂ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਮਹਿਤਪੁਰ ਬਲਾਕ ਵਿੱਚ ਅਥਲੈਟਿਕਸ ਦੇ (ਮਹਿਲਾ) ਉਮਰ ਵਰਗ 31-40 ਸਾਲ ਮੁਕਾਬਲੇ ਵਿੱਚ 100 ਮੀਟਰ ਸਰਬਜੀਤ



ਕੌਰ ਨੇ ਪਹਿਲਾ ਤੇ ਸੁਮਨਦੀਪ ਕੌਰ ਦੂਜਾ ਸਥਾਨ ਹਾਸਲ ਕੀਤਾ। 400 ਮੀਟਰ 'ਚ ਕਿਰਨ ਪਾਲ ਕੌਰ ਨੇ ਪਹਿਲਾ ਅਤੇ ਰਜਨੀਕਾ ਨੇ ਦੂਜਾ ਸਥਾਨ ਹਾਸਲ ਕੀਤਾ। ਲੰਬੀ ਛਾਲ ਵਿੱਚ ਸੁਮਨ ਅਤੇ ਸ਼ਾਟ ਪੁੱਟ ਵਿੱਚ ਨਵੀਨ ਕੌਰ ਪਹਿਲੇ ਸਥਾਨ 'ਤੇ ਰਹੀਆਂ। ਉਮਰ ਵਰਗ 41-50 ਸਾਲ 100 ਮੀਟਰ ਮੁਕਾਬਲੇ ਵਿੱਚ ਪੁਲਵਿੰਦਰ ਕੌਰ ਨੇ ਪਹਿਲਾ, ਪ੍ਰਿਆ ਨੇ ਦੂਜਾ ਅਤੇ ਪ੍ਰਭਜੋਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। 800 ਮੀਟਰ ਮੁਕਾਬਲੇ ਵਿੱਚ ਸੁਮਨਦੀਪ ਕੌਰ ਪਹਿਲੇ, ਅਮਨਦੀਪ ਕੌਰ ਦੂਜੇ ਅਤੇ ਵੀਨਾ ਰਾਣੀ ਤੀਜੇ ਸਥਾਨ 'ਤੇ ਰਹੀਆਂ। ਸ਼ਾਟ ਪੁੱਟ ਵਿੱਚ ਪਰਮਿੰਦਰ ਕੌਰ ਨੇ ਪਹਿਲਾ, ਸਿਮਰਜੀਤ ਕੌਰ ਨੇ ਦੂਜਾ ਅਤੇ ਵੀਨਾ ਰਾਣੀ ਨੇ ਤੀਜਾ ਸਥਾਨ ਹਾਸਲ ਕੀਤਾ। ਉਮਰ ਵਰਗ 51-60 ਸਾਲ ਮੁਕਾਬਲੇ ਵਿੱਚ 100 ਮੀਟਰ ਰਮਨਿਕ ਕੌਰ ਨੇ ਪਹਿਲਾ ਅਤੇ ਪਰਮਜੀਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ। ਲੰਬੀ ਛਾਲ ਵਿੱਚ ਪਰਮਜੀਤ ਕੌਰ ਨੇ ਪਹਿਲਾ ਅਤੇ ਰਮਨੀਕ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਸਰਕਲ ਸਟਾਈਲ (ਲੜਕੀਆਂ) ਅੰਡਰ-14 ਸਾਲ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਚਿੱਟੀ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਖੀਵਾ ਨੇ ਦੂਜਾ ਅਤੇ ਨੂਰਪੁਰ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-17 ਸਾਲ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪ੍ਰਤਾਪਪੁਰਾ ਨੇ ਪਹਿਲਾ, ਸੀਨੀਅਰ ਸੈਕੰਡਰੀ ਸਕੂਲ ਖੀਵਾ ਨੇ ਦੂਜਾ ਅਤੇ ਸੀਨੀਅਰ ਸੈਕੰਡਰੀ ਸਕੂਲ, ਉੱਗੀ ਨੇ ਤੀਜਾ ਸਥਾਨ ਹਾਸਲ ਕੀਤਾ। ਜਲੰਧਰ ਪੱਛਮੀ ਵਾਲੀਬਾਲ ਮੁਕਾਬਲੇ ਅੰਡਰ-14 ਲੜਕੇ ਵਿੱਚ ਸੇਂਟ ਥੋਮਸ ਸਕੂਲ ਨੇ ਪਹਿਲਾ ਅਤੇ ਡਿਪਸ ਸਕੂਲ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ।ਅੰਡਰ-14 ਲੜਕੀਆਂ ਦੇ ਮੁਕਾਬਲੇ ਵਿੱਚ ਡਿਪਸ ਸਕੂਲ ਦੀ ਟੀਮ ਨੇ ਪਹਿਲਾ ਅਤੇ ਨੂਰਪੁਰ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੇ ਮੁਕਾਬਲੇ ਵਿੱਚ ਪੀ.ਆਈ.ਐੱਸ./ ਸਟੇਟ ਸਪੋਰਟਸ ਸਕੂਲ ਦੀ ਟੀਮ ਨੇ ਪਹਿਲਾ, ਸਪੋਰਟਸ ਕਲੱਬ ਨੇ ਦੂਜਾ ਅਤੇ ਡੀ.ਏ.ਵੀ. ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-21 ਲੜਕੇ ਮੁਕਾਬਲੇ ਵਿੱਚ ਪੀ.ਆਈ.ਐੱਸ. ਸਟੇਟ ਸਪੋਰਟਸ ਸਕੂਲ ਨੇ ਪਹਿਲਾ, ਸਪੋਰਟਸ ਕਲੱਬ ਨੇ ਦੂਜਾ ਅਤੇ ਮਾਤਾ ਗੁਜਰੀ ਸਕੂਲ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਅੰਤਰਰਾਸ਼ਟਰੀ ਅਥਲੈਟਿਕਸ ਕੋਚ ਬਿਕਰਮਜੀਤ ਸਿੰਘ, ਅੰਤਰਰਾਸ਼ਟਰੀ ਵਾਲੀਬਾਲ ਕੋਚ ਅਮਰਿਤਪਾਲ ਸਿੰਘ, ਕੁਸ਼ਤੀ ਕੋਚ ਰਣਜੀਤ ਸਿੰਘ, ਕ੍ਰਿਕਟ ਕੋਚ ਆਕਾਸ਼ਦੀਪ ਸਿੰਘ, ਅਥਲੈਟਿਕਸ ਕੋਚ ਬਲਦੀਪ ਸਿੰਘ, ਸਕੂਲ ਇੰਚਾਰਜ ਰਮੇਸ਼ ਕੁਮਾਰ ਅਤੇ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ।

## ਅਕਾਲੀ ਆਗੂ ਨਾਨੋਵਾਲ ਭਾਜਪਾ 'ਚ ਸ਼ਾਮਲ

**ਪੋਜੇਵਾਲ (ਰਾਮ ਲਾਲ)**-ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਸਿਆਸੀ ਝਟਕਾ ਲੱਗਾ ਜਦੋਂ ਸੀਨੀਅਰ ਅਕਾਲੀ ਆਗੂ ਅਸ਼ੋਕ ਨਾਨੋਵਾਲ ਨੇ ਅਕਾਲੀ ਦਲ ਨੂੰ ਅਲਵਿਦਾ ਕਹਿੰਦਿਆਂ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜ ਲਿਆ।ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅਸ਼ੋਕ ਨਾਨੋਵਾਲ ਨੂੰ ਭਾਜਪਾ ਵਿੱਚ ਸ਼ਾਮਲ ਕਰਵਾਇਆ ਅਤੇ ਉਨ੍ਹਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ। ਇਸ ਮੌਕੇ ਅਸ਼ੋਕ ਨਾਨੋਵਾਲ ਨੇ ਕਿਹਾ ਕਿ ਉਹ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਅਤੇ ਵਿਕਾਸਮੁੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਨੇ ਭਾਜਪਾ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ



ਦਿਨ-ਰਾਤ ਮਿਹਨਤ ਕਰਨ ਦੀ ਗੱਲ ਵੀ ਆਖੀ। ਇਸ ਦੌਰਾਨ ਭਾਜਪਾ ਆਗੂਆਂ ਨੇ ਕਿਹਾ ਕਿ ਅਸ਼ੋਕ ਨਾਨੋਵਾਲ ਵਰਗੇ ਤਜਰਬੇਕਾਰ ਆਗੂ ਦੇ ਪਾਰਟੀ ਵਿੱਚ ਆਉਣ ਨਾਲ ਬਲਾਚੌਰ ਹਲਕੇ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਕੇਵਲ ਚੂਹੜਪੁਰ, ਜੋਗਿੰਦਰ ਸਿੰਘ ਅਟਵਾਲ, ਹਜ਼ੂਰਾ ਸਿੰਘ ਪੈਲੀ, ਯਸ਼ਪਾਲ ਠੇਕੇਦਾਰ, ਅਸ਼ਵਨੀ ਬੱਗੂਵਾਲ, ਸ਼ੰਮੀ ਜਲਾਲਪੁਰ, ਨਰਿੰਦਰ ਭਾਟੀਆ ਰਾਜੂ ਮਾਜਰਾ, ਸੁਰਿੰਦਰ ਸ਼ਿੰਦਾ ਆਦੋਆਣਾ, ਨੰਦ ਕਿਸ਼ੋਰ ਬਲਾਚੌਰ, ਬਹਾਦਰ ਸਿੰਘ ਪੈਲੀ, ਸੁਰਿੰਦਰ ਝਾਂਡੀਆਂ, ਪੰਮੀ ਪੰਡੋਰੀ, ਚਰਨਜੀਤ ਚੰਨੀ ਰੁੜਕੀ, ਦੀਪਾ ਹਿਆਤਪੁਰ ਜੱਟਾਂ, ਸ਼ੰਮੀ ਕਰੀਮਪੁਰ ਅਤੇ ਹੋਰ ਬਹੁ ਗਿਣਤੀ ਸ਼ਖਸ਼ੀਅਤਾਂ ਹਾਜ਼ਰ ਸਨ।

## ਹੈਰੋਇਨ ਸਮੇਤ ਤਿੰਨ ਗ੍ਰਿਫ਼ਤਾਰ

**ਮੁਹਾਲੀ (ਗੁਰਜੀਤ ਬਿੱਲਾ)**-ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਐੱਸ ਏ ਐੱਸ ਨਗਰ ਵਰੁਨ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮੋਹਾਲੀ ਪੁਲਸ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਆਪਰੇਸ਼ਨ ਸੈੱਲ ਦੀ ਟੀਮ ਨੇ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 120 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਇਹ ਕਾਰਵਾਈ ਸੌਰਵ ਜਿੰਦਲ ਕਪਤਾਨ ਪੁਲਿਸ (ਇਨਵੈਸਟੀਗੇਸ਼ਨ), ਆਕਾਸ਼ਦੀਪ ਕਪਤਾਨ ਪੁਲਿਸ (ਆਪਰੇਸ਼ਨ) ਅਤੇ ਰਾਜਨ ਪਰਮਿੰਦਰ ਸਿੰਘ ਉਪ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਦੀ ਨਿਗਰਾਨੀ ਹੇਠ ਇੰਸਪੈਕਟਰ ਹਰਮਿੰਦਰ ਸਿੰਘ, ਇੰਚਾਰਜ ਆਪਰੇਸ਼ਨ ਸੈੱਲ ਅਤੇ ਉਨ੍ਹਾਂ ਦੀ ਟੀਮ ਵੱਲੋਂ ਅਮਲ ਵਿੱਚ ਲਿਆਂਦੀ ਗਈ।7 ਸਤੰਬਰ ਨੂੰ ਆਪਰੇਸ਼ਨ ਸੈੱਲ ਦੀ ਪੁਲਸ ਪਾਰਟੀ ਗਸ਼ਤ ਦੌਰਾਨ ਸੈਕਟਰ 79/80 ਲਾਈਟ ਪੁਆਇੰਟ ਤੋਂ ਗੁਰਦੁਆਰਾ ਸਾਹਿਬ ਵੱਲ ਜਾ ਰਹੀ ਸੀ। ਇਸ ਦੌਰਾਨ ਪੁਲਸ ਪਾਰਟੀ ਨੂੰ ਤਿੰਨ ਸ਼ੱਕੀ ਨੌਜਵਾਨ 79/80 ਲਾਈਟਾਂ ਵੱਲੋਂ ਆਉਂਦੇ



ਦਿਖਾਈ ਦਿੱਤੇ। ਪੁਲਸ ਪਾਰਟੀ ਦੀ ਸਰਕਾਰੀ ਗੱਡੀ ਨੂੰ ਦੇਖ ਕੇ ਉਨ੍ਹਾਂ ਵੱਲੋਂ ਖਿਸਕਣ ਦੀ ਕੋਸ਼ਿਸ਼ ਕੀਤੀ ਗਈ, ਜਿਸ 'ਤੇ ਪੁਲਿਸ ਨੇ ਸ਼ੱਕ ਦੇ ਆਧਾਰ 'ਤੇ ਉਨ੍ਹਾਂ ਦੀ ਤਲਾਸ਼ੀ ਲਈ। ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਿੱਚੋਂ ਕੁੱਲ 120 ਗ੍ਰਾਮ ਹੈਰੋਇਨ ਬਰਾਮਦ ਹੋਈ।ਇਸ ਸਬੰਧੀ ਥਾਣਾ ਸੋਹਾਣਾ ਜ਼ਿਲ੍ਹਾ ਐੱਸ ਏ ਐੱਸ ਨਗਰ ਵਿਖੇ ਮੁਕੱਦਮਾ ਦਰਜ ਕਰਕੇ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ।ਗੁਰਪਿੰਦਰ ਸਿੰਘ ਉਰਫ਼ ਪੀਲੂ, ਪੁੱਤਰ ਬਲਵਿੰਦਰ ਸਿੰਘ, ਵਾਸੀ ਹਰੜ ਖੁਰਦ, ਰਾਮਦਾਸ, ਜ਼ਿਲ੍ਹਾ ਅੰਮ੍ਰਿਤਸਰ ਰੂਰਲ। ਲਵਪ੍ਰੀਤ ਸਿੰਘ ਉਰਫ਼ ਲਵ, ਪੁੱਤਰ ਜਸਵੰਤ ਸਿੰਘ, ਵਾਸੀ ਹਰੜ ਖੁਰਦ, ਰਾਮਦਾਸ, ਜ਼ਿਲ੍ਹਾ ਅੰਮ੍ਰਿਤਸਰ ਰੂਰਲ। ਗੁਰਸੇਵਕ ਸਿੰਘ ਉਰਫ਼ ਸੇਗਾ, ਪੁੱਤਰ ਕਸ਼ਮੀਰ ਸਿੰਘ, ਵਾਸੀ ਹਰੜ ਖੁਰਦ, ਰਾਮਦਾਸ, ਜ਼ਿਲ੍ਹਾ ਅੰਮ੍ਰਿਤਸਰ ਰੂਰਲ। ਤਿੰਨੋਂ ਮੁਲਜ਼ਮਾਂ ਨੂੰ ਅਦਾਲਤ ਵੱਲੋਂ 2 ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜਿਆ ਗਿਆ ਹੈ।

## ਕੁਦਰਤੀ ਖੇਤੀ ਸੰਬੰਧੀ ਕੈਂਪ ਲਗਾਇਆ

**ਬਲਾਚੌਰ, (ਜਸਵਿੰਦਰ ਬੈਂਸ)**- ਕ੍ਰਿਸ਼ੀ ਵਿਗਿਆਨ ਕੇਂਦਰ (ਕੇ ਵੀ ਕੇ) ਲੰਗੜੋਆ ਵੱਲੋਂ ਪਿੰਡ ਦੋਭਾਲੀ (ਬਲਾਕ ਬਲਾਚੌਰ) ਵਿਖੇ ਕੁਦਰਤੀ ਖੇਤੀ ਸੰਬੰਧੀ ਪਿੰਡ ਪੱਧਰੀ ਕੈਂਪ ਲਗਾਇਆ ਗਿਆ। ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਲੁਧਿਆਣਾ) ਅਤੇ ਆਈ ਸੀ ਏ ਆਰ-ਅਟਾਰੀ ਜ਼ੋਨ-1 ਦੀ ਸਰਪ੍ਰਸਤੀ ਹੇਠ, ਡਾ. ਪ੍ਰਦੀਪ ਕੁਮਾਰ (ਐਸੋਸੀਏਟ ਡਾਇਰੈਕਟਰ) ਦੀ ਅਗਵਾਈ ਹੇਠ, ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ (ਕੇ ਵੀ ਕੇ) ਲੰਗੜੋਆ ਵੱਲੋਂ ਪਿੰਡ ਦੋਭਾਲੀ (ਬਲਾਕ ਬਲਾਚੌਰ) ਵਿਖੇ ਕਿਸਾਨਾਂ ਲਈ ਇੱਕ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਕੁਦਰਤੀ ਖੇਤੀ, ਫ਼ਸਲਾਂ ਦੀ ਸੁਰੱਖਿਆ ਅਤੇ ਪਸ਼ੂ ਪਾਲਣ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨਾ ਸੀ।ਸਹਾਇਕ ਪ੍ਰੋਫੈਸਰ (ਕੀਟ ਵਿਗਿਆਨ) ਡਾ. ਬਲਜੀਤ ਸਿੰਘ ਨੇ ਕਿਸਾਨਾਂ ਨੂੰ ਕੁਦਰਤੀ ਖੇਤੀ ਵੱਲ ਧਿਆਨ ਦੇਣ ਲਈ ਪ੍ਰੇਰਿਆ ਅਤੇ ਬੀਜ ਅੰਮ੍ਰਿਤ ਅਤੇ ਜੀਵ ਅੰਮ੍ਰਿਤ ਬਣਾਉਣ ਅਤੇ ਇਹਨਾਂ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ



ਉਹਨਾਂ ਨੇ ਫ਼ਸਲਾਂ ਨੂੰ ਕੀੜੇ-ਮਕੌੜਿਆਂ ਤੋਂ ਬਚਾਉਣ ਲਈ ਰੋਕਥਾਮ ਦੇ ਕੁਦਰਤੀ ਤਰੀਕਿਆਂ ਜਿਵੇਂ ਕਿ ਬ੍ਰਹਮ ਅਸਤਰ ਅਤੇ ਅਗਨੀ ਅਸਤਰ ਬਣਾਉਣ ਬਾਰੇ ਵੀ ਅਹਿਮ ਜਾਣਕਾਰੀ ਸਾਂਝੀ ਕੀਤੀ। ਡਾ. ਤੇਜਬੀਰ ਸਿੰਘ ਨੇ ਕੁਦਰਤੀ ਖੇਤੀ ਫਾਰਮ 'ਤੇ ਦੇਸੀ ਪਸ਼ੂਆਂ ਦੀ ਸਾਂਭ-ਸੰਭਾਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਜ਼ਿਲ੍ਹੇ ਵਿੱਚ ਲੰਪੀ ਸਕਿਨ ਬਿਮਾਰੀ ਦੇ ਸਾਹਮਣੇ ਆ ਰਹੇ ਮਾਮਲਿਆਂ ਦੇ ਮੱਦੇਨਜ਼ਰ, ਉਹਨਾਂ ਨੇ ਕਿਸਾਨਾਂ ਨੂੰ ਸੁਚੇਤ ਕੀਤਾ ਅਤੇ ਹਦਾਇਤ ਕੀਤੀ ਕਿ ਬਿਮਾਰੀ ਨੂੰ ਫੈਲਣ ਤੋਂ ਰੋਕਣ ਲਈ ਸਿਹਤਮੰਦ ਪਸ਼ੂਆਂ ਦਾ ਤੁਰੰਤ ਟੀਕਾਕਰਨ ਕਰਵਾਇਆ ਜਾਵੇ।

ਪੂਰੇ ਸੈਸ਼ਨ ਦੌਰਾਨ ਮਾਹਿਰਾਂ ਨੇ ਕਿਸਾਨਾਂ ਦੁਆਰਾ ਪੁੱਛੇ ਗਏ ਵੱਖ-ਵੱਖ ਸਵਾਲਾਂ ਦੇ ਤਸੱਲੀਬਖਸ਼ ਜਵਾਬ ਦਿੱਤੇ। ਉਹਨਾਂ ਨੇ ਕਿਸਾਨਾਂ ਨੂੰ ਕੁਦਰਤੀ ਖੇਤੀ, ਸੁਰੱਖਿਅਤ ਖੇਤੀ ਅਭਿਆਸਾਂ ਅਤੇ ਪਸ਼ੂ ਪਾਲਣ ਬਾਰੇ ਵਿਹਾਰਕ ਤੇ ਮਹੱਤਵਪੂਰਨ ਸੇਧ ਪ੍ਰਦਾਨ ਕਰਦਿਆਂ ਕੈਂਪ ਨੂੰ ਸਫਲਤਾਪੂਰਵਕ ਸੰਪੰਨ ਕੀਤਾ।

## ਗੁਰਮੀਤ ਸਿੰਘ ਸਿੰਗਲ ਪੰਜਾਬੀ ਸਾਹਿਤ ਸਭਾ ਦੇ ਪ੍ਰਧਾਨ ਚੁਣੇ ਗਏ

**ਚੰਡੀਗੜ੍ਹ (ਸੁਰਜੀਤ ਸੁਮਨ)**-ਪਿਛਲੇ ਦਿਨੀਂ ਪੰਜਾਬੀ ਸਾਹਿਤ ਸਭਾ ਖਰੜ (ਰਜਿ:) ਦੀ ਇੱਕਤਰਤਾ ਪ੍ਰਸਿੱਧ ਪ੍ਰਖਯਾਤੀ ਸ਼੍ਰੋਮਣੀ ਬਾਲ ਸਾਹਿਤਕਾਰ ਤੇ ਸਭਾ ਦੇ ਸਰਪ੍ਰਸਤ ਮਨਮੋਹਨ ਸਿੰਘ ਦਾਊਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਭਾ ਦੇ ਪ੍ਰਧਾਨ ਜਸਬੀਰ ਜੱਸੀ,



ਜਨਰਲ ਸਕੱਤਰ ਸਤਵਿੰਦਰ ਸਿੰਘ ਮੜੌਲਵੀ ਅਤੇ ਹੋਰ ਅਹੁਦੇਦਾਰ ਤੇ ਮੈਂਬਰ ਸ਼ਾਮਲ ਹੋਏ। ਇਸ ਮੌਕੇ ਉੱਘੇ ਕਹਾਣੀਕਾਰ ਗੁਰਮੀਤ ਸਿੰਘ ਸਿੰਗਲ ਨੂੰ ਸਰਬ-ਸੰਮਤੀ ਨਾਲ ਸਭਾ ਦਾ ਅਗਲਾ ਪ੍ਰਧਾਨ ਚੁਣ ਲਿਆ ਗਿਆ ਹੈ। ਮਨਮੋਹਨ ਸਿੰਘ ਦਾਊਂ ਨੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਵਧਾਈ ਦਿੰਦਿਆਂ ਸਾਹਿਤ ਪ੍ਰਤੀ ਸਮਰਪਿਤ ਹੁੰਦਿਆਂ ਨਿੱਠ ਕੇ ਕੰਮ ਕਰਨ ਦੀ ਸਲਾਹ ਦਿੱਤੀ। ਸਭਾ ਦੇ ਬਾਕੀ ਅਹੁਦੇਦਾਰਾਂ ਵਿੱਚ ਸਰਪ੍ਰਸਤ ਮਨਮੋਹਨ ਸਿੰਘ ਦਾਊਂ, ਮੁੱਖ ਸਲਾਹਕਾਰ ਡਾ. ਜਸਪਾਲ ਜੱਸੀ, ਵਿਸ਼ੇਸ਼ ਮੈਂਬਰ ਨਕਸ਼ਦੀਪ ਪੰਜਕੋਹਾ, ਸੰਤਵੀਰ, ਸੀਨੀਅਰ ਮੀਤ ਪ੍ਰਧਾਨ ਸਤਵਿੰਦਰ ਸਿੰਘ ਮੜੌਲਵੀ, ਮੀਤ ਪ੍ਰਧਾਨ ਐਡਵੋਕੇਟ ਨੀਲਮ ਨਾਰੰਗ, ਜਨਰਲ ਸਕੱਤਰ ਡਾ. ਰੁਪਿੰਦਰ ਕੌਰ ਹੁੰਦਲ, ਸਹਾਇਕ ਸਕੱਤਰ ਰਾਜੂ ਨਾਹਰ ਚੂੰਨ੍ਹੀ, ਵਿੱਤ ਸਕੱਤਰ ਸੁਸ਼ੀਲਮ ਮੰਡ, ਆਡੀਟਰ ਪ੍ਰਿੰਸੀਪਲ ਗੁਰਮੀਤ ਸਿੰਘ ਖਰੜ, ਕਾਰਜਕਾਰਨੀ ਮੈਂਬਰ ਡਾ. ਹਰਨੇਕ ਸਿੰਘ ਕਲੇਰ, ਦਲਬੀਰ ਸਿੰਘ ਸਰੋਆ, ਦਲਜੀਤ ਕੌਰ ਦਾਊਂ, ਗੁਰਜੀਤ ਸਿੰਘ (ਪੱਤਰਕਾਰ), ਡਾ.ਰਜਿੰਦਰ ਸਿੰਘ ਕੁਰਾਲੀ, ਜਸਪਾਲ ਸਿੰਘ ਕੰਵਲ ਅਤੇ ਮਲਕੀਤ ਸਿੰਘ ਮੰਗਾ ਨੂੰ ਚੁਣਿਆ ਗਿਆ ਹੈ। ਇਸ ਮੌਕੇ ਹਾਜ਼ਰ ਸਾਹਿਤਕਾਰਾਂ ਮਲਕੀਅਤ ਸਿੰਘ ਔਜਲਾ, ਭੁਪਿੰਦਰ ਝੱਜ, ਮਲਕੀਤ ਨਾਗਰਾ, ਗੁਰਸਿਮਰਨ ਸਿੰਘ, ਤਜਿੰਦਰ ਸਿੰਘ ਚੱਢਾ ਸਰਹਿੰਦ, ਕੈਪਟਨ ਸੇਵਾ ਸਿੰਘ ਸਰਹਿੰਦ, ਸੀਤਲ ਸਿੰਘ ਸਮਰਾਲਾ, ਰਣਜੀਤ ਸਿੰਘ ਮਾਣਕਪੁਰ, ਗੁਰਜੀਤ ਸਿੰਘ ਲਾਂਬਾ ਖੰਗੂੜਾ, ਬੰਤ ਸਿੰਘ ਦੀਪ, ਕੁਲਵੰਤ ਸਿੰਘ ਖੋਖਰ, ਸੁਖਵਿੰਦਰ ਸਿੰਘ ਦੁਰਾਲੀ, ਗੁਰਪ੍ਰੀਤ ਸਿੰਘ ਨਿਆਮੀਆਂ, ਦਲਜੀਤ ਕੌਰ ਦਾਊਂ, ਅਲੀ ਰਾਜਪੁਰਾ, ਪਿਆਰਾ ਸਿੰਘ ਕਾਹਲੋਂ, ਜਸਪਾਲ ਸਿੰਘ ਕੰਵਲ, ਮਨਦੀਪ ਰਿਪੀ, ਖ਼ੁਸ਼ੀ ਰਾਮ ਨਿਮਾਣਾ, ਅਮਰਜੀਤ ਕੌਰ ਮੋਹਿਤਾ, ਭਗਤ ਰਾਮ ਰੰਘਾੜਾ, ਡਾ. ਸਿਮਰਜੀਤ ਕੌਰ ਨੇ ਚੁਣੇ ਗਏ ਨਵੇਂ ਅਹੁਦੇਦਾਰਾਂ/ ਕਾਰਜਕਾਰੀ ਨੂੰ ਵਧਾਈ ਦਿੱਤੀ।

## ਵਿਸ਼ਵ ਸਾਖਰਤਾ ਦਿਵਸ ਮਨਾਇਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਗਿਆਨੀ ਕਰਤਾਰ ਸਿੰਘ ਮੈਮੋਰੀਅਲ ਸਰਕਾਰੀ ਕਾਲਜ, ਟਾਂਡਾ ਉੜਮੁੜ ਵਿਖੇ ਵਿਸ਼ਵ ਸਾਖਰਤਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ। ਇਹ ਪ੍ਰੋਗਰਾਮ ਕਾਲਜ ਦੇ



ਲਿਟਰੇਰੀ ਸੰਗਠਨ ਦੁਆਰਾ ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੁਆਰਾ ਭਾਸ਼ਣ, ਕਵਿਤਾ, ਸਕਿਟ, ਅਤੇ ਹੋਰ ਰਚਨਾਤਮਕ ਪੇਸ਼ਕਾਰੀਆਂ ਕੀਤੀਆਂ ਗਈਆਂ। ਇਨ੍ਹਾਂ ਗਤੀਵਿਧੀਆਂ ਦਾ ਉਦੇਸ਼ ਸਮਾਜ ਵਿੱਚ ਸਾਖਰਤਾ ਅਤੇ ਸਿੱਖਿਆ ਦੇ ਮਹੱਤਵ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਇਹਨਾਂ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੀ ਏ ਭਾਗ ਦੂਜਾ ਦੇ ਵਿਦਿਆਰਥੀਆਂ ਵਿਧੀਕਾ ਭਾਟੀਆ, ਭੁਪਿੰਦਰ ਕੌਰ, ਭਾਰਤੀ, ਅਰਸ਼ਦੀਪ ਸੈਣੀ, ਰਮਨਜੀਤ, ਵੰਸ਼ ਮੱਟੂ ਨੂੰ ਸਕਿਟ ਲਈ, ਇਸ ਤੋਂ ਇਲਾਵਾ ਇਸ ਸੁਖਮਨਪ੍ਰੀਤ ਕੌਰ ਨੂੰ ਵਧੀਆ ਮੰਚ ਸੰਚਾਲਨ ਲਈ ਸਨਮਾਨਤ ਕੀਤਾ ਗਿਆ। ਪ੍ਰਿੰ. ਸ਼ਸ਼ੀ ਬਾਲਾ ਨੇ ਲਿਟਰੇਰੀ ਸੰਗਠਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਇਸ ਪ੍ਰੋਗਰਾਮ ਵਿੱਚ ਭਾਗ ਲੈਣ ਲਈ ਵਧਾਈ ਵੀ ਦਿੱਤੀ। ਉਹਨਾਂ ਕਿਹਾ ਕਿ ਸਮਾਜ ਨੂੰ ਸਸ਼ਕਤ ਬਣਾਉਣ ਅਤੇ ਸਮਾਜ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਵਿੱਚ ਸਾਖਰਤਾ ਦੀ ਮਹੱਤਵਪੂਰਨ ਭੂਮਿਕਾ ਹੈ। ਇਸ ਪ੍ਰੋਗਰਾਮ ਵਿੱਚ ਪ੍ਰੋ. ਵਿਜੇ ਪਾਲ ਸਿੰਘ, ਪ੍ਰੋ. ਸੁਸ਼ੀਲ ਕੁਮਾਰ, ਡਾ. ਮਨੀਸ਼ ਕੁਮਾਰ, ਪ੍ਰੋ. ਮਨਮੋਹਨ ਸਿੰਘ, ਪ੍ਰੋ.ਗੁਰਦੇਵ ਸਿੰਘ, ਪ੍ਰੋ.ਰਮਨਦੀਪ ਸਿੰਘ, ਪ੍ਰੋ. ਸੁਖਵੀਰ ਸਿੰਘ, ਪ੍ਰੋ.ਪ੍ਰਿਆ, ਪ੍ਰੋ. ਸਿਮੀ, ਪ੍ਰੋ. ਨਵਨੀਤ ਕੌਰ, ਪ੍ਰੋ. ਸ਼ਿਵਾਨੀ ਵਾਲੀਆ, ਪ੍ਰੋ.ਗੌਰਵ ਬੇਦੀ, ਪ੍ਰੋ.ਗਗਨਪ੍ਰੀਤ ਸਿੰਘ, ਪ੍ਰੋ. ਮਲਕੀਤ ਸਿੰਘ, ਪ੍ਰੋ. ਜਗਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਕਾਲਜ ਦੇ ਵਿਦਿਆਰਥੀ ਮੌਜੂਦ ਸਨ।

## ਛਿੰਝ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਛਿੰਝ ਕਮੇਟੀ ਬਖਲੌਰ, ਗੁੱਗਾ ਜ਼ਾਹਰ ਪੀਰ ਸੇਵਾਦਾਰ ਮੰਡਲੀ, ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ ਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਪਿੰਡ ਬਖਲੌਰ ਵਿਖੇ ਵਿਸ਼ਾਲ ਛਿੰਝ ਮੇਲਾ ਕਰਵਾਇਆ ਗਿਆ। ਇਸ ਛਿੰਝ ਮੇਲੇ ਦੌਰਾਨ 200 ਦੇ ਕਰੀਬ ਪਹਿਲਵਾਨਾਂ ਦੀਆਂ ਕੁਸ਼ਤੀਆਂ ਹੋਈਆਂ ਜਿਨ੍ਹਾਂ ਵਿਚੋਂ ਦਿਨੇਸ਼ ਗੁਲੀਆਂ ਨੇ ਪ੍ਰਵੀਨ ਕੋਹਾਲੀ ਨੂੰ ਅਤੇ ਭੁਪਿੰਦਰ ਅਜਨਾਲਾ ਨੇ ਭੋਲਾ ਵਾਰਨ ਨੂੰ ਹਰਾਇਆ। ਜਿਨ੍ਹਾਂ ਨੂੰ ਢਾਈ-ਢਾਈ ਲੱਖ ਰੁਪਏ ਇਨਾਮ ਵਜੋਂ ਦਿੱਤੇ ਗਏ। ਮੇਜਰ ਡੇਰਾ ਬਾਬਾ ਨਾਨਕ ਨੇ ਅੰਕਿਤ ਗੋਣੀ ਨੂੰ ਹਰਾਕੇ ਬੁਲਟ ਮੋਟਰਸਾਈਕਲ 'ਤੇ ਕਬਜ਼ਾ ਕੀਤਾ ਅਤੇ ਜਸਮਲ ਇਰਾਨ ਨੇ ਰਮਜ਼ੂ ਖਰੌਡ ਨੂੰ ਹਰਾਇਆ ਜਿਨ੍ਹਾਂ ਨੂੰ ਇਕ ਸਪਲੈਂਡਰ ਮੋਟਰਸਾਈਕਲ ਅਤੇ ਮੈਚ ਦਿੱਤੀ ਗਈ। ਸੰਤ ਰਿਸ਼ਾਪਾਲ ਭੁਲੱਥੀ ਪਹਿਲਵਾਨ ਨੇ ਵਿੱਕੀ ਮਲਕਪੁਰ ਨੂੰ ਹਰਾਕੇ ਸੋਨੇ ਦੀ ਮੁੰਦੀ 'ਤੇ ਕਬਜ਼ਾ ਕੀਤਾ। ਛੋਟਾ ਗਾਮੀ ਹੁਸ਼ਿਆਰਪੁਰ ਨੇ ਪ੍ਰਵੀਨ ਰੋਹਤਕ ਨੂੰ, ਘੋੜਾ ਬਾਬਾ ਫਲਾਹੀ ਨੇ ਸਿਮਰਨ ਮੁਕੰਦਪੁਰ ਨੂੰ, ਲਵਪ੍ਰੀਤ ਖੰਨਾ ਨੇ ਸੁਖਚੈਨ ਨੂੰ ਹਰਾਇਆ। ਲਾਲੀ ਫਗਵਾੜਾ ਤੇ ਸ਼ਹਿਜ਼ਾਦ ਆਲਮਗੀਰ, ਰਜ਼ਾਕ ਲੱਲੀਆਂ ਤੇ ਜੱਸਾ



ਸੱਪੋਂ ਫਗਵਾੜਾ ਵਿਚਕਾਰ ਫਸਵੀਂ ਟੱਕਰ ਹੋਈ। ਪਹਿਲਵਾਨਾਂ ਨੂੰ 6 ਸਪਲੈਂਡਰ ਮੋਟਰਸਾਈਕਲਾਂ ਨਾਲ ਸਨਮਾਨਤ ਕੀਤਾ ਗਿਆ। ਇੰਟਰਨੈਸ਼ਨਲ ਕੋਚ ਪੀ.ਆਰ. ਸੋਂਧੀ ਅਤੇ ਉਨ੍ਹਾਂ ਦਾ ਸਪੁੱਤਰ ਅਮਨਦੀਪ ਸੋਂਧੀ ਪੀ ਪੀ ਐੱਸ ਡੀ ਐੱਸ ਪੀ ਨਵਾਂਸ਼ਹਿਰ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਚੇਅਰਮੈਨ ਮਨਜੀਤ ਸਿੰਘ ਰਾਣਾ ਮਨੋਹਰ ਸਿੰਘ ਬੱਬੀ ਪ੍ਰਧਾਨ, ਜੋਗਰਾਜ ਜੋਗੀ ਆਰਸਰ, ਕੈਸ਼ੀਅਰ ਮੰਗਤ ਰਾਮ, ਜਸਵਿੰਦਰ ਸਿੰਘ ਬਾਜਵਾ ਸਹਾਇਕ ਕੈਸ਼ੀਅਰ, ਜਨਰਲ ਸਕੱਤਰ ਰਾਮ ਪ੍ਰਕਾਸ਼ ਚੁੰਬਰ ਅਤੇ ਲੇਖ. ਮੰਚ ਬਖਲੌਰ ਵੱਲੋਂ ਪਹਿਲਵਾਨਾਂ ਦੇ ਜਸਮੇਰ ਕਰਨ ਦੇ ਨਾਲ-ਨਾਲ ਸਮੁੱਚੇ ਸਹਿਯੋਗੀਆਂ, ਪਹਿਲਵਾਨਾਂ ਅਤੇ ਦਰਸ਼ਕਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਚੇਲਾ ਸ਼ਮਸ਼ੇਰ ਸਿੰਘ ਸੋਢੀ, ਲਖਬੀਰ ਸਿੰਘ, ਸਰਪੰਚ ਪੁੰਨੂ ਰਾਮ, ਰਾਣਾ ਸੁਰਿੰਦਰ ਸਿੰਘ ਸਾਬਕਾ ਸਰਪੰਚ, ਰਾਣਾ ਰਮੇਸ਼ ਸਿੰਘ ਸਰਪ੍ਰਸਤ, ਰਾਣਾ ਰਮੇਸ਼ ਚੰਦਰ, ਰਾਣਾ ਬਲਜੀਤ ਗੋਗੀ, ਰਾਣਾ ਹਰਦੀਪ ਸਿੰਘ, ਹੈਪੀ ਰਾਣਾ, ਬਿੰਦੂ ਰਾਣਾ, ਪੰਮੀ ਰਾਣਾ, ਇਕਬਾਲ ਸੁਮਨ, ਪ੍ਰਦੀਪ ਸੁਮਨ, ਬਿੱਟੂ ਸੁਮਨ, ਰਾਮ ਸਰੂਪ ਲੱਡਾ ਯੂ ਐੱਸ ਏ, ਸੁਰਿੰਦਰ ਸਿੰਘ ਇਟਲੀ, ਪਰਵਿੰਦਰ ਚੁੰਬਰ ਇਟਲੀ, ਏ ਐੱਸ ਆਈ ਸੁਖਵਿੰਦਰ ਸਿੰਘ, ਬਲਵਿੰਦਰ ਚੁੰਬਰ ਇਟਲੀ, ਸੰਜੀਵ ਕੁਮਾਰ ਦੁਬਈ, ਰਕੇਸ਼ ਕੁਮਾਰ, ਰਾਣਾ ਕੇਸਰ, ਧੀਰਜ ਵਿਸ਼ਿਸ਼ਟ, ਰਾਣਾ ਨਰੇਸ਼ ਕੌਸ਼ਲ, ਰਾਣਾ ਦਵਿੰਦਰ ਸਿੰਘ, ਰਾਣਾ ਵਿਨੋਦ ਕੁਮਾਰ, ਰਾਣਾ ਪਵਨ ਕੁਮਾਰ ਅਤੇ ਸੁਰਿੰਦਰ ਸਿੰਘ ਤੋਂ ਇਲਾਵਾ ਅਨੇਕਾਂ ਪ੍ਰਬੰਧਕਾਂ ਅਤੇ ਸੇਵਾਦਾਰਾਂ ਨੇ ਵੱਖ-ਵੱਖ ਪਹਿਲਵਾਨਾਂ ਨੂੰ ਇਨਾਮਾਂ ਦੀ ਵੰਡ ਕੀਤੀ।

## ਵਰਿੰਦਾਵਨ ਧਾਮ ਲਈ 16ਵੀਂ ਬੱਸ ਯਾਤਰਾ ਰਵਾਨਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਜੈ ਮਾਂ ਅਰਧਕੁੰਵਾਰੀ ਮੇਹਲੀ ਗੇਟ, ਫਗਵਾੜਾ ਵੱਲੋਂ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਦੀ ਲੜੀ ਤਹਿਤ 16ਵੀਂ ਬੱਸ ਯਾਤਰਾ ਵਰਿੰਦਾਵਨ ਧਾਮ ਲਈ ਰਵਾਨਾ ਕੀਤੀ ਗਈ। ਪ੍ਰਧਾਨ ਕੁਸ਼ ਵਢੇਰਾ ਅਤੇ ਉਪ ਪ੍ਰਧਾਨ ਸਾਹਿਲ ਵੋਹਰਾ ਦੀ ਅਗਵਾਈ ਹੇਠ ਭੇਜੀ ਗਈ ਇਸ ਬੱਸ ਯਾਤਰਾ ਨੂੰ ਸ਼ਰਧਾ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਰਵਾਨਾ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ, ਜਿਨ੍ਹਾਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੈਕਾਰਿਆਂ ਨਾਲ ਯਾਤਰਾ ਦੀ ਸ਼ੁਭ ਆਰੰਭ ਕੀਤਾ।



ਬੱਸ ਯਾਤਰਾ ਨੂੰ ਮਾਰਕੀਟ ਕਮੇਟੀ ਫਗਵਾੜਾ ਦੇ ਸਾਬਕਾ ਚੇਅਰਮੈਨ, ਬਲਾਕ ਕਾਂਗਰਸ ਪ੍ਰਧਾਨ ਅਤੇ ਆੜ੍ਹਤੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਨਰੇਸ਼ ਭਾਰਦਵਾਜ ਨੇ ਹਰੀ ਝੰਡੀ ਦਿਖਾ ਕੇ ਵਰਿੰਦਾਵਨ ਧਾਮ ਲਈ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਨੇ ਯਾਤਰਾ ਵਿੱਚ ਸ਼ਾਮਲ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਧਾਰਮਿਕ ਸਥਾਨਾਂ ਦੀ ਯਾਤਰਾ ਨਾਲ ਮਨ ਨੂੰ ਸ਼ਾਂਤੀ ਮਿਲਣ ਦੇ ਨਾਲ-ਨਾਲ ਆਪਣੀ ਧਾਰਮਿਕ ਵਿਰਾਸਤ, ਸੰਸਕ੍ਰਿਤੀ ਅਤੇ ਪਰੰਪਰਾਵਾਂ ਨਾਲ ਜੁੜਨ ਦਾ ਮੌਕਾ ਵੀ ਮਿਲਦਾ ਹੈ।ਇਸ ਮੌਕੇ ਯੂਥ ਕਾਂਗਰਸ ਸ਼ਹਿਰੀ ਪ੍ਰਧਾਨ ਸਾਹਿਲ ਵੋਹਰਾ ਨੇ ਦੱਸਿਆ ਕਿ ਜੈ ਮਾਂ ਅਰਧਕੁੰਵਾਰੀ ਮੇਹਲੀ ਗੇਟ ਵੱਲੋਂ ਸ਼ਰਧਾਲੂਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਹਰ ਮਹੀਨੇ ਕਿਸੇ ਨਾ ਕਿਸੇ ਧਾਰਮਿਕ ਸਥਾਨ ਲਈ ਬੱਸ ਯਾਤਰਾ ਭੇਜੀ ਜਾਂਦੀ ਹੈ। ਇਨ੍ਹਾਂ ਯਾਤਰਾਵਾਂ ਵਿੱਚ ਮਾਤਾ ਚਿੰਤਪੁਰਨੀ, ਜਵਾਲਾ ਦੇਵੀ ਅਤੇ ਬਾਬਾ ਬਾਲਕ ਨਾਥ ਸਮੇਤ ਹੋਰ ਧਾਰਮਿਕ ਸਥਾਨ ਪ੍ਰਮੁੱਖ ਤੌਰ 'ਤੇ ਸ਼ਾਮਲ ਹਨ। ਇਸੇ ਲੜੀ ਤਹਿਤ ਇਹ 16ਵੀਂ ਬੱਸ ਯਾਤਰਾ ਵਰਿੰਦਾਵਨ ਧਾਮ ਲਈ ਰਵਾਨਾ ਕੀਤੀ ਗਈ ਹੈ।ਸਾਹਿਲ ਵੋਹਰਾ ਨੇ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਸ਼ਰਧਾਲੂਆਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਅਤੇ ਉਨ੍ਹਾਂ ਨੂੰ ਧਾਰਮਿਕ ਤੇ ਅਧਿਆਤਮਿਕ ਮਾਹੌਲ ਨਾਲ ਜੋੜਨਾ ਹੈ। ਉਨ੍ਹਾਂ ਦੱਸਿਆ ਕਿ ਯਾਤਰਾ ਵਿੱਚ ਸ਼ਾਮਲ ਸ਼ਰਧਾਲੂ ਵਰਿੰਦਾਵਨ ਧਾਮ ਵਿਖੇ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨਗੇ ਅਤੇ ਸੋਮਵਾਰ ਸਵੇਰੇ ਫਗਵਾੜਾ ਵਾਪਸ ਪਰਤਣਗੇ।ਉਨ੍ਹਾਂ ਕਿਹਾ ਕਿ ਧਾਰਮਿਕ ਯਾਤਰਾਵਾਂ ਨੂੰ ਲੈ ਕੇ ਸ਼ਰਧਾਲੂਆਂ ਵਿੱਚ ਲਗਾਤਾਰ ਉਤਸ਼ਾਹ ਵੱਧ ਰਿਹਾ ਹੈ ਅਤੇ ਹਰ ਮਹੀਨੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਇਨ੍ਹਾਂ ਯਾਤਰਾਵਾਂ ਵਿੱਚ ਸ਼ਾਮਲ ਹੁੰਦੇ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਸੰਸਥਾ ਵੱਲੋਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਧਾਰਮਿਕ ਯਾਤਰਾਵਾਂ ਦਾ ਆਯੋਜਨ ਜਾਰੀ ਰੱਖਿਆ ਜਾਵੇਗਾ।ਇਸ ਮੌਕੇ ਪਵਨ ਪਾਠਕ, ਪੱਪੂ, ਕੁਸ਼ ਵਢੇਰਾ, ਰਾਹੁਲ ਸ਼ਰਮਾ, ਕਰਨ ਸੋਨੀ, ਪ੍ਰੀਤ ਸੈਣੀ, ਅਰਮਾਨ ਘਈ, ਵਿਨੈ ਵੋਹਰਾ, ਰਾਕੇਸ਼ ਦੁੱਗਲ ਅਤੇ ਸੰਨੀ ਪਾਠਕ ਸਮੇਤ ਹੋਰ ਪਤਵੰਤੇ ਅਤੇ ਸ਼ਰਧਾਲੂ ਹਾਜ਼ਰ ਸਨ।

## ਸੋਨੂੰ ਕੰਗ ਨੇ ਬਾਬਾ ਖੇਤਰਪਾਲ ਦੀ ਚੌਂਕੀ ਦਾ ਕੀਤਾ ਉਦਘਾਟਨ

**ਸ਼ਾਹਕੋਟ (ਅਨਦੀਪ ਸੈਦਪੁਰੀ)**-ਮੁਹੱਲਾ ਚੋਰੀਆਂ ਵਿਖੇ ਬਾਬਾ ਖੇਤਰਪਾਲ ਪ੍ਰਬੰਧਕ ਕਮੇਟੀ ਅਤੇ ਸਮੂਹ ਮੁਹੱਲਾ ਨਿਵਾਸੀਆਂ ਦੇ ਸਹਿਯੋਗ ਨਾਲ ਬਾਬਾ ਖੇਤਰਪਾਲ ਦੀ ਸਾਲਾਨਾ ਦੋ ਰੋਜ਼ਾ ਚੌਂਕੀ ਕਰਵਾਈ ਗਈ। ਬੁੱਧਵਾਰ ਰਾਤ ਨੂੰ ਚੌਂਕੀ ਦਾ ਉਦਘਾਟਨ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ ਨਿੱਜੀ ਸਹਾਇਕ ਸੋਨੂੰ ਕੰਗ ਨੇ ਸਾਥੀਆਂ ਸਮੇਤ ਫੀਤਾ ਕੱਟ ਕੇ ਕੀਤਾ। ਉਨ੍ਹਾਂ ਪ੍ਰਬੰਧਕਾਂ ਵਧਾਈ ਦਿੰਦਿਆਂ ਇਸ ਧਾਰਮਿਕ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਖੁਸ਼ਦੀਪ ਸਿੰਘ ਧੰਜੂ ਸਾਬਕਾ ਪ੍ਰਧਾਨ ਯੂਥ ਕਾਂਗਰਸ, ਲਛਮਣ ਸੇਠੀ ਸ਼ਹਿਰੀ ਪ੍ਰਧਾਨ ਕਾਂਗਰਸ, ਸੋਨੂੰ ਕਿਲੀ ਨੰਬਰਦਾਰ, ਰੇਮੀ ਗਿੱਲ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਬੰਟੀ ਬਠੋਲਾ ਪ੍ਰਧਾਨ ਵਾਤਾਵਰਣ ਸੁਧਾਰ ਸੁਸਾਇਟੀ ਸ਼ਾਹਕੋਟ, ਸਿੰਧੂ ਮਿੱਤਲ ਕਾਂਗਰਸੀ ਆਗੂ, ਡਾ.ਰਾਜੇਸ਼ ਚੌਹਾਨ, ਨਤਿਨ ਸ਼ਰਮਾ, ਪਹਿਲਵਾਨ ਮਜੀਦਾ, ਸਾਬਾ ਪੰਡਿਤ, ਤਾਰੀ ਗਿੱਲ ਨੰਬਰਦਾਰ, ਸੋਨੂੰ ਗਿੱਲ ਮੁੱਖ ਸੇਵਾਦਾਰ, ਤਸਵੀਰ ਘਈ, ਅਮਰਜੀਤ ਘਈ, ਸਾਬੀ ਗਿੱਲ ਵਾਇਸ ਪ੍ਰਧਾਨ, ਸ਼ੌਕਤ ਗਿੱਲ, ਪੰਕਜ ਘਈ, ਲੱਕੀ ਘਈ ਆਦਿ ਮੌਜੂਦ ਸਨ। ਸਟੇਜ ਸਕੱਤਰ ਦੇ ਫਰਜ਼ ਰਮੇਸ਼ ਘਈ ਨੇ ਨਿਭਾਏ।

## ਡੀ ਸੀ ਵੱਲੋਂ ਸੜਕ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਲਈ ਵਿਭਾਗਾਂ ਨੂੰ ਦਿੱਤੇ ਨਿਰਦੇਸ਼

**ਕਪੂਰਥਲਾ (ਮਨਜੀਤ ਮਾਨ)**-ਸੜਕ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਹਾਦਸਿਆਂ ਨੂੰ ਰੋਕਣ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਦਿਆਂ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਵੀਰਵਾਰ ਨੂੰ ਸਮੂਹ ਸਬੰਧਤ ਵਿਭਾਗਾਂ ਨੂੰ ਜ਼ਿਲ੍ਹੇ ਭਰ ਵਿੱਚ ਨਿਸ਼ਾਨਦੇਹੀ ਕੀਤੇ ਗਏ ਬਲੈਕ ਸਪਾਟਸ ਅਤੇ ਹਾਦਸਿਆਂ



ਦੀ ਸੰਭਾਵਨਾ ਵਾਲੇ ਖੇਤਰਾਂ ਵਿੱਚ ਤੁਰੰਤ ਸੁਧਾਰਾਤਮਕ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ।ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ, ਪੀ ਡਬਲਿਊ ਡੀ (ਬੀ ਐਂਡ ਆਰ) ਅਤੇ ਹੋਰ ਸਬੰਧਤ ਵਿਭਾਗਾਂ ਸਮੇਤ ਸਮੂਹ ਕਾਰਜਕਾਰੀ ਏਜੰਸੀਆਂ ਨੂੰ ਸੁਚੱਜੇ ਤਾਲਮੇਲ ਅਤੇ ਸਮੇਂ ਸਿਰ ਕਾਰਵਾਈ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਰਾਹਗੀਰਾਂ ਲਈ ਸੜਕਾਂ ਨੂੰ ਸੁਰੱਖਿਅਤ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜਿੱਥੇ ਅਜੇ ਤੱਕ ਪੱਕੇ ਇੰਜੀਨੀਅਰਿੰਗ ਹੱਲ ਲਾਗੂ ਨਹੀਂ ਕੀਤੇ ਗਏ ਹਨ, ਉੱਥੇ ਰਾਹਗੀਰਾਂ ਨੂੰ ਸੁਚੇਤ ਕਰਨ ਅਤੇ ਹਾਦਸਿਆਂ ਦੇ ਖਤਰੇ ਨੂੰ ਘਟਾਉਣ ਲਈ ਤੁਰੰਤ ਅੰਤਰਿਮ ਸੁਰੱਖਿਆ ਉਪਾਅ, ਜਿਵੇਂ ਕਿ ਚੇਤਾਵਨੀ ਬੋਰਡ, ਰਿਫਲੈਕਟਿਵ ਮਾਰਕਿੰਗਜ਼ ਅਤੇ ਚਿੱਟੀਆਂ ਪੱਟੀਆਂ ਲਗਾਈਆਂ ਜਾਣ। ਉਨ੍ਹਾਂ ਜ਼ੋਰ ਦਿੱਤਾ ਕਿ ਸਾਰੇ ਵਿਭਾਗ ਸੜਕ ਸੁਰੱਖਿਆ ਪ੍ਰਤੀ ਪਹਿਲ ਦੇ ਆਧਾਰ 'ਤੇ ਪਹੁੰਚ ਅਪਣਾਉਣ ਅਤੇ ਸੰਵੇਦਨਸ਼ੀਲ ਸਥਾਨਾਂ 'ਤੇ ਸੁਧਾਰਾਤਮਕ ਉਪਾਅ ਸਮੇਂ ਸਿਰ ਲਾਗੂ ਕਰਨ।ਡਿਪਟੀ ਕਮਿਸ਼ਨਰ ਨੇ ਐੱਨ ਐੱਚ ਏ ਆਈ ਨੂੰ ਜ਼ਿਲ੍ਹੇ ਵਿੱਚ ਦਿੱਲੀ-ਕਟੜਾ ਐਕਸਪ੍ਰੈਸਵੇਅ ਦੇ ਚੱਲ ਰਹੇ ਨਿਰਮਾਣ ਕਾਰਜਾਂ ਨਾਲ ਪ੍ਰਭਾਵਿਤ ਹਿੱਸਿਆਂ ਵਿੱਚ ਸੜਕ ਸੁਰੱਖਿਆ ਪ੍ਰਬੰਧਾਂ ਵੱਲ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਵੀ ਦਿੱਤੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪੀ.ਐੱਮ. ਰਾਹਤ ਸਕੀਮ, ਰਾਹਗੀਰ, ਪੀੜਤ ਮੁਆਵਜ਼ਾ ਸਕੀਮ ਅਤੇ ਫਰਿਸ਼ਤੇ ਸਕੀਮ ਸਮੇਤ ਵੱਖ-ਵੱਖ ਸੜਕ ਸੁਰੱਖਿਆ ਅਤੇ ਜਨ ਭਲਾਈ ਪਹਿਲਕਦਮੀਆਂ ਦੀ ਸਮੀਖਿਆ ਵੀ ਕੀਤੀ। ਉਨ੍ਹਾਂ ਸੜਕ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਸਕੂਲੀ ਬੱਸਾਂ ਵਿਰੁੱਧ ਕੀਤੀ ਜਾ ਰਹੀ ਕਾਰਵਾਈ ਦੀ ਵੀ ਸਮੀਖਿਆ ਕੀਤੀ। ਉਨ੍ਹਾਂ ਦੁਹਰਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਸੜਕ ਸੁਰੱਖਿਆ ਢਾਂਚੇ ਨੂੰ ਮਜ਼ਬੂਤ ਕਰਨ, ਹਾਦਸਿਆਂ ਨੂੰ ਰੋਕਣ ਅਤੇ ਕੀਮਤੀ ਜਾਨਾਂ ਬਚਾਉਣ ਲਈ ਵਚਨਬੱਧ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਰ ਟੀ ਓ ਹਰਕਰਮ ਸਿੰਘ, ਪੀ ਡਬਲਿਊ ਡੀ. ਦੇ ਐਕਸੀਅਨ ਵਿਸ਼ਾਲ ਜੰਗਰਾਲ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਏ ਐੱਸ ਆਈ ਨੇ ਚੌਂਕੀ ਕਿਸ਼ਨਗੜ੍ਹ ਦਾ ਚਾਰਜ ਸੰਭਾਲਿਆ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਥਾਣਾ ਕਰਤਾਰਪੁਰ ਦੇ ਅਧੀਨ ਪੈਂਦੀ ਪੁਲਿਸ ਚੌਕੀ ਕਿਸ਼ਨਗੜ੍ਹ ਵਿਖੇ ਏ ਐੱਸ ਆਈ ਹਰਦੀਪ ਸਿੰਘ ਨੇ ਬਤੌਰ ਇੰਚਾਰਜ ਆਪਣਾ ਅਹੁਦਾ ਸੰਭਾਲ ਲਿਆ। ਚੌਂਕੀ ਕਿਸ਼ਨਗੜ੍ਹ ਦੇ ਇੰਚਾਰਜ ਬਲਵੀਰ ਸਿੰਘ ਬੁੱਟਰ ਦੀ ਬਦਲੀ ਹੋਣ ਤੋਂ ਬਾਅਦ ਉਹਨਾਂ ਨੂੰ ਕਿਸ਼ਨਗੜ੍ਹ ਚੌਕੀ ਦਾ ਨਵਾਂ ਇੰਚਾਰਜ ਲਾਇਆ ਗਿਆ। ਉਹਨਾਂ ਨੇ ਪ੍ਰੈੱਸ ਮਿਲਣੀ ਵਿੱਚ ਕਿਹਾ ਕਿ ਕਿਸ਼ਨਗੜ੍ਹ ਇਲਾਕੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਿਆ ਜਾਵੇਗਾ। ਕਿਸ਼ਨਗੜ੍ਹ ਵਿੱਚ ਬੁਲੇਟ ਮੋਟਰਸਾਈਕਲਾਂ ਦੇ ਪਟਾਕੇ ਮਾਰਨ ਵਾਲੇ, ਅਵਾਰਾਗਰਦੀ ਕਰਨ ਵਾਲੇ ਅਤੇ ਨਸ਼ਾ ਤਸਕਰਾਂ ਤੇ ਲਗਾਮ ਕੱਸੀ ਜਾਵੇਗੀ। ਗੁੰਡਾ ਅਨਸਰ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ।

## ਮੇਹਰਚੰਦ ਪੌਲੀਟੈਕਨਿਕ ਵਰਕਸ਼ਾਪ ਦੀ ਨਵੀਂ ਦਿੱਖ ਵਿਦਿਆਰਥੀਆਂ ਨੂੰ ਸਮਰਪਤ



**ਜਲੰਧਰ (ਸ਼ੈਲੀ ਐਲਬਰਟ)**-ਮੇਹਰਚੰਦ ਪੌਲੀਟੈਕਨਿਕ ਕਾਲਜ ਜਲੰਧਰ ਵਿਚਲੀ ਵਿਦਿਆਰਥੀ-ਵਰਕਸ਼ਾਪ ਦੀਆਂ ਵਿਭਿੰਨ ਸ਼ਾਪਾਂ-ਕਾਰਪੇਂਟਰੀ, ਵੈਲਡਿੰਗ, ਸ਼ੀਟਮੈਟਲ, ਮਸ਼ੀਨ-ਸ਼ਾਪ, ਫਿਟਿੰਗ, ਸਮਿੱਥੀ, ਇਲੈਕਟਰਿਕ ਸ਼ਾਪ, ਟਰਨਿੰਗ ਆਦਿ ਦਾ ਨਵੀਨੀਕਰਣ ਕੀਤਾ ਗਿਆ ਅਤੇ ਉਵਰਆਲ ਵਰਕਸ਼ਾਪ ਵਿਦਿਆਰਥੀਆਂ ਨੂੰ ਸਮਰਪਤ ਕੀਤੀ ਗਈ। ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਵਰਕਸ਼ਾਪ ਸੁਪਰਡੈਂਟ ਦੁਰਗੇਸ਼ ਜੰਡੀ ਅਤੇ ਉਹਨਾਂ ਦੇ ਸਟਾਫ ਨੇ ਵਿਦਿਆਰਥੀਆਂ ਨਾਲ ਮਿਲ ਕੇ ਇਸ ਓਵਰਹਾਲ ਵਿੱਚ ਵੱਡੀ ਭੂਮਿਕਾ ਨਿਭਾਈ । ਨਵੇਂ ਚਾਰਟ ਲਗਾਏ ਗਏ, ਮਸ਼ੀਨਾ ਨੂੰ ਨਵਾਂ ਪੇਂਟ ਕੀਤਾ ਗਿਆ। ਨਵੇਂ ਉਪਕਰਣ ਤੇ ਟੂਲ ਲਏ ਗਏ ਅਤੇ ਨਾਲ ਹੀ ਸਟਾਫ ਅਤੇ ਵਿਦਿਆਰਥੀਆਂ ਲਈ ਵਰਕਸ਼ਾਪ ਵਿੱਚ ਕੰਮ ਦੌਰਾਨ ਐਪਰਨ ਪਾਉਣਾ ਲਾਜ਼ਮੀ ਕੀਤਾ ਗਿਆ। ਸਮੂਹ ਵਰਕਸ਼ਾਪ ਸਟਾਫ ਨੇ ਇਹ ਪ੍ਰਣ ਕੀਤਾ ਕਿ ਕੋਈ ਵੀ ਅਤੇ ਕਿੰਨ੍ਹੇ ਵੀ ਵਿਦਿਆਰਥੀ ਆਉਣ, ਵਰਕਸ਼ਾਪ ਪ੍ਰੈਕਟੀਕਲ ਅਤੇ ਟਰੇਨਿੰਗ ਨੂੰ ਪ੍ਰਮੁਖਤਾ ਦਿੱਤੀ ਜਾਵੇਗੀ।

ਅਰਵਿੰਦ ਘਈ ਸੈਕਟਰੀ ਡੀ ਏ ਵੀ ਅਤੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੁਰਗੇਸ਼ ਜੰਡੀ ਦੇ ਸੱਦੇ ਤੇ ਨਵੀਂ ਓਵਰਹਾਲ ਹੋਈ ਵਰਕਸ਼ਾਪ ਦਾ ਦੌਰਾ ਕੀਤਾ ਤੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਇਸ ਲਈ ਵਧਾਈ ਦਿੱਤੀ।

## ਡਾ. ਇਸ਼ਾਂਕ ਕੁਮਾਰ ਨੇ ਆਮ ਆਦਮੀ ਕਲੀਨਿਕ ਦਾ ਕੀਤਾ ਅਚਨਚੇਤ ਦੌਰਾ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**-ਆਮ ਲੋਕਾਂ ਨੂੰ ਸਰਕਾਰੀ ਸਿਹਤ ਸਹੂਲਤਾਂ ਦਾ ਮਿਆਰੀ ਅਤੇ ਸਮੇਂ ਸਿਰ ਲਾਭ ਯਕੀਨੀ ਬਣਾਉਣ ਦੇ ਉਦੇਸ਼ ਨਾਲ ਚੱਬੇਵਾਲ ਹਲਕੇ ਦੇ ਵਿਧਾਇਕ ਡਾ.ਇਸ਼ਾਂਕ ਕੁਮਾਰ ਵੱਲੋਂ ਆਮ ਆਦਮੀ ਕਲੀਨਿਕ, ਚੱਬੇਵਾਲ ਦਾ ਅਚਨਚੇਤ ਦੌਰਾ ਕੀਤਾ ਗਿਆ। ਇਸ ਅਚਨਚੇਤ ਜਾਂਚ ਦਾ ਮੁੱਖ ਉਦੇਸ਼ ਆਮ ਆਦਮੀ ਕਲੀਨਿਕ ਵਿੱਚ ਸਿਹਤ ਸੇਵਾਵਾਂ ਦੀ ਗੁਣਵੱਤਾ, ਸਟਾਫ਼ ਦੀ ਕਾਰਗੁਜ਼ਾਰੀ,ਦਵਾਈਆਂ ਅਤੇ ਜਾਂਚ ਸਹੂਲਤਾਂ ਦੀ ਉਪਲਬਧਤਾ ਅਤੇ ਮਰੀਜ਼ਾਂ ਦੀ ਸੰਤੁਸ਼ਟੀ ਦਾ ਜਾਇਜ਼ਾ ਲੈਣਾ ਸੀ ।ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਲੀਨਿਕ ਵਿਖੇ ਪਹੁੰਚ ਕੇ ਸਿਹਤ ਸੇਵਾਵਾਂ ਦੀ ਸਥਿਤੀ ਦਾ ਜਾਇਜ਼ਾ ਲਿਆ ਅਤੇ ਮਰੀਜ਼ਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਸੰਬੰਧੀ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਵੱਲੋਂ ਕਲੀਨਿਕ ਦੇ ਵੱਖ-ਵੱਖ ਵਿਭਾਗਾਂ, ਦਵਾਈਆਂ ਦੀ ਉਪਲਬਧਤਾ, ਲੈਬ ਟੈਸਟਾਂ, ਮਰੀਜ਼ਾਂ ਦੀ ਰਜਿਸਟ੍ਰੇਸ਼ਨ ਅਤੇ ਰਿਕਾਰਡ ਦੀ ਸੰਭਾਲ ਸਮੇਤ ਹੋਰ ਪ੍ਰਬੰਧਾਂ ਦੀ ਵੀ ਜਾਂਚ ਕੀਤੀ ਗਈ ।ਇਸ ਮੌਕੇ ਉਨ੍ਹਾਂ ਨੇ ਕਲੀਨਿਕ ਵਿੱਚ ਆਉਣ ਵਾਲੇ ਮਰੀਜ਼ਾਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਤੋਂ ਸਿਹਤ ਸੇਵਾਵਾਂ ਬਾਰੇ ਫੀਡਬੈਕ ਵੀ ਲਿਆ। ਡਾ.ਇਸ਼ਾਂਕ ਕੁਮਾਰ ਨੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਨੇੜੇ ਹੀ ਮੁੱਢਲੀਆਂ ਅਤੇ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ ਹੈ। ਇਸ ਲਈ ਇਹ ਬਹੁਤ ਜ਼ਰੂਰੀ ਹੈ ਕਿ ਕਲੀਨਿਕਾਂ ਵਿੱਚ ਆਉਣ ਵਾਲੇ ਹਰ ਮਰੀਜ਼ ਨਾਲ ਨਿਮਰਤਾ ਅਤੇ ਸਤਿਕਾਰ ਨਾਲ ਵਿਵਹਾਰ ਕੀਤਾ ਜਾਵੇ ਅਤੇ ਉਸ ਨੂੰ ਲੋੜੀਂਦੀ ਸਿਹਤ ਸਹੂਲਤ ਸਮੇਂ ਸਿਰ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰੀ ਸਿਹਤ ਸੰਸਥਾਵਾਂ ਲੋਕਾਂ ਦੀ ਸੇਵਾ ਦਾ ਮਹੱਤਵਪੂਰਨ ਕੇਂਦਰ ਹਨ ਅਤੇ ਇਨ੍ਹਾਂ ਵਿੱਚ ਉਪਲਬਧ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਆਮ ਲੋਕਾਂ ਤੱਕ ਪਹੁੰਚਣਾ ਚਾਹੀਦਾ ਹੈ।



ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਅਜਿਹੀਆਂ ਜਾਂਚਾਂ ਅਤੇ ਫੀਡਬੈਕ ਦੀ ਪ੍ਰਕਿਰਿਆ ਅੱਗੇ ਵੀ ਜਾਰੀ ਰਹੇਗੀ। ਇਸ ਮੌਕੇ ਕਲੀਨਿਕ ਦੇ ਸਟਾਫ਼ ਵੱਲੋਂ ਵਿਧਾਇਕ ਨੂੰ ਕਲੀਨਿਕ ਵਿੱਚ ਚੱਲ ਰਹੀਆਂ ਸਿਹਤ ਸੇਵਾਵਾਂ ਅਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਵਿਧਾਇਕ ਨੇ ਸਟਾਫ਼ ਵੱਲੋਂ ਕੀਤੇ ਜਾ ਰਹੇ ਕੰਮ ਦੀ ਸਮੀਖਿਆ ਕਰਦਿਆਂ ਲੋਕ ਹਿੱਤ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲਗਾਤਾਰ ਯਤਨ ਕਰਨ ਦੀ ਗੱਲ ਕਹੀ। ਇਸ ਮੌਕੇ ਉਨਾਂ ਨਾਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਹਾਰਟਾ ਡਾ.ਮਨਪ੍ਰੀਤ ਸਿੰਘ ਬੈਂਸ, ਮੈਡੀਕਲ ਅਫਸਰ ਡਾ. ਪ੍ਰਿਤੀਕਾ, ਏ ਐੱਮਓ ਡਾ. ਸਰਬਜੀਤ ਸਿੰਘ, ਫਾਰਮਾਸਿਟਟ ਪਵਨ ਸੈਣੀ, ਕਾਉਂਸਲਰ ਓਟ ਕਲੀਨਿਕ ਬਲਬੀਰ ਸਿੰਘ, ਸਟਾਫ ਨਰਸ ਇੰਦਰਜੀਤ ਕੌਰ,ਐੱਲ ਐੱਚ ਵੀ ਅਮਨਦੀਪ ਕੌਰ ਤੋਂ ਇਲਾਵਾ ਪਿੰਡ ਦੇ ਮੌਜੂਦਾ ਅਤੇ ਸਾਬਕਾ ਸਰਪੰਚ ਹਾਜ਼ਰ ਸਨ।

## ਡਾ. ਬਲਜੀਤ ਕੌਰ ਲਾਈਫ ਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਤ

**ਕਪੂਰਥਲਾ (ਮਨਜੀਤ ਮਾਨ)**-ਸੰਤ ਹੀਰਾ ਦਾਸ ਕੰਨਿਆ ਮਹਾ ਵਿਦਿਆਲਿਆ ਕਾਲਾ ਸੰਘਿਆ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ, ਕਾਲਜ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ, ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ ਦੀ ਅਗਵਾਈ ਹੇਠ ਸ੍. ਸੁਰਿੰਦਰ ਸਿੰਘ ਸੁੰਨੜ ਦੇ ਸਹਿਯੋਗ ਨਾਲ ਟੀਚਰਜ਼-ਡੇ ਦੇ ਮੌਕੇ ਤੇ ਡਾ. ਬਲਜੀਤ ਕੌਰ (ਡੀਨ ਭਾਸ਼ਾਵਾਂ (ਸੇਵਾ ਮੁਕਤ) ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਲਾਈਫ-ਟਾਈਮ ਅਚੀਵਮੈਂਟ ਐਵਾਰਡ ਦੇਣ ਸਬੰਧੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਆਰੰਭਤਾ ਵਿਸ਼ੇਸ਼ ਮਹਿਮਾਨ ਅਤੇ ਪ੍ਰਧਾਨਗੀ ਮੰਡਲ ਨੇ ਜੋਤੀ ਜਗਾ ਕੇ ਕੀਤੀ ਤੇ ਇਸ ਤੋਂ ਬਾਅਦ ਕਾਲਜ ਦੀਆਂ ਵਿਦਿਆਰਥਣਾਂ ਦੁਆਰਾ ਸ਼ਬਦ ਗਾਇਨ ਕੀਤਾ ਗਿਆ।ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸ਼ੀਤਲ ਸਿੰਘ ਸੰਘਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਿਹਾ। ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਨੇ ਵਿਸ਼ੇਸ਼ ਮਹਿਮਾਨ ਡਾ. ਬਲਜੀਤ ਕੌਰ ਅਤੇ ਸੁਰਿੰਦਰ ਸਿੰਘ ਸੁੰਨੜ ਦਾ ਫੁੱਲਾਂ ਨਾਲ ਸਵਾਗਤ ਕੀਤਾ। ਪ੍ਰਧਾਨਗੀ ਮੰਡਲ ਵਿੱਚ ਸੁਸ਼ੋਭਿਤ, ਆਸਾ ਸਿੰਘ, ਪ੍ਰਿੰਸੀਪਲ ਕੁਲਵਿੰਦਰ ਸਿੰਘ ਸਰਾਏ, ਕੁਲਵੰਤ ਸਿੰਘ ਔਜਲਾ ਅਤੇ ਡਾ. ਰਘਬੀਰ ਕੌਰ, ਪ੍ਰਿੰਸੀਪਲ ਨਵਜੋਤ ਕੌਰ ਦਾ ਸਵਾਗਤ ਪੌਦੇ ਦੇ ਕੇ ਕੀਤਾ ਗਿਆ। ਸਾਬਕਾ ਮੈਡਮ ਜਸਬੀਰ ਕੌਰ ਤੇ ਸਰਬਜੀਤ ਸਿੰਘ ਦਾ ਸਵਾਗਤ ਵੀ ਪੌਦੇ ਦੇ ਕੇ ਕੀਤਾ ਗਿਆ।ਇਸ ਮੌਕੇ ਆਸਾ ਸਿੰਘ ਨੇ ਡਾ. ਬਲਜੀਤ ਕੌਰ ਦੀ ਅਵਧੱਕ ਘਾਲਵਾਂ ਸੰਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ ਤੇ ਐਵਾਰਡ ਸਬੰਧੀ ਕੀਤੀ ਗਈ ਚੋਣ ਦੀ ਸ਼ਲਾਘਾ ਕੀਤੀ। ਕੁਲਵੰਤ ਸਿੰਘ ਔਜਲਾ ਨੇ ਡਾ. ਬਲਜੀਤ ਕੌਰ ਦਾ ਪੰਜਾਬੀ ਭਾਸ਼ਾ ਪ੍ਰਤੀ ਸਨੇਹ ਅਤੇ ਸਹਿਜਤਾ ਬਾਰੇ ਚਰਚਾ ਕਰਦੇ ਹੋਏ ਉਹਨਾਂ ਦੁਆਰਾ ਲਿਖੀਆਂ ਪੁਸਤਕਾਂ ਬਾਰੇ ਜਾਣਕਾਰੀ ਦਿੱਤੀ। ਕਾਲਜ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ



ਡਾ. ਰਾਮ ਮੂਰਤੀ ਨੇ ਮੈਡਮ ਦੀਆਂ ਹੁਣ ਤੱਕ ਦੀਆਂ ਪ੍ਰਾਪਤੀਆਂ ਬਾਰੇ ਸ਼ੋਭਾ ਪੱਤਰ ਪੜ੍ਹਿਆ ਤੇ ਕਿਹਾ ਕਿ ਮੈਡਮ ਦਾ ਪੀ ਐੱਚ ਡੀ ਤੇ ਐੱਮ ਫਿਲ ਦੀ ਰਿਸਰਚ ਕਰਵਾਉਣ ਦਾ ਤਰੀਕਾ ਨਵੇਕਲਾ ਹੈ। ਇਸ ਸਮਾਗਮ ਵਿੱਚ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ, ਵਿਸ਼ੇਸ਼ ਮਹਿਮਾਨ ਡਾ. ਬਲਜੀਤ ਕੌਰ, ਡਾ.ਰਘਬੀਰ ਕੌਰ, ਜਸਬੀਰ ਕੌਰ, ਕੁਲਵੰਤ ਸਿੰਘ ਔਜਲਾ, ਕੁਲਵਿੰਦਰ ਸਿੰਘ ਸਰਾਏ, ਕਮੇਟੀ ਮੈਂਬਰ ਗੁਰਦੇਵ ਸਿੰਘ, ਸੰਜੀਵ ਕੁਮਾਰ, ਪੱਤਰਕਾਰ, ਵਿਸ਼ੇਸ਼ ਵੱਖ-ਵੱਖ ਸਕੂਲਾਂ ਕਾਲਜਾਂ ਤੋਂ ਆਏ ਮਹਿਮਾਨ, ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ, ਪ੍ਰਿੰਸੀਪਲ ਰਜਿੰਦਰ ਕੌਰ, ਸਮੂਹ ਸਟਾਫ ਮੈਂਬਰਜ਼ ਅਤੇ ਵਿਦਿਆਰਥੀ ਹਾਜ਼ਰ ਸਨ।

## ਵਾਤਾਵਰਣ ਸੰਭਾਲ ਲਈ ਬੂਟੇ ਲਗਾਉਣਾ ਜ਼ਰੂਰੀ : ਰਵਿੰਦਰ ਸਿੰਘ ਰਾਏ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਉਸਾਰੂ ਸਾਹਿਤ ਅਤੇ ਸਾਫ-ਸੁਥਰੇ ਸਮਾਜ ਦੀ ਸਿਰਜਣਾ ਲਈ ਕਾਰਜਸ਼ੀਲ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਫਗਵਾੜਾ ਵੱਲੋਂ ਪ੍ਰਧਾਨ ਰਵਿੰਦਰ ਸਿੰਘ ਰਾਏ ਅਤੇ ਮੀਤ



ਪ੍ਰਧਾਨ ਤੇ ਸੀਨੀਅਰ ਫਾਰਮੇਸੀ ਅਫਸਰ ਅਮਿੰਦਰ ਪ੍ਰੀਤ ਕੌਰ ਰੂਬੀ ਦੀ ਅਗਵਾਈ ਹੇਠ ਈ ਐੱਸ ਆਈ ਡਿਸਪੈਂਸਰੀ ਨੰਬਰ-1 ਫਗਵਾੜਾ ਵਿਖੇ ਫੁੱਲਦਾਰ, ਫਲਦਾਰ ਅਤੇ ਛਾਂਅ ਵਾਲੇ ਬੂਟੇ ਲਗਾਏ ਗਏ। ਇਸ ਮੌਕ ਡਿਸਪੈਂਸਰੀ ਨੂੰ ਫੁੱਲਦਾਰ ਬੂਟਿਆਂ ਦੇ ਗਮਲੇ ਵੀ ਭੇਟ ਕੀਤੇ ਗਏ। ਇਸ ਮੌਕੇ ਪ੍ਰਧਾਨ ਰਵਿੰਦਰ ਸਿੰਘ ਰਾਏ ਨੇ ਕਿਹਾ ਕਿ ਦੁਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਵੱਲੋਂ ਹਰ ਸਾਲ ਪਾਰਕਾਂ, ਸੜਕਾਂ ਦੇ ਕਿਨਾਰਿਆਂ, ਹਸਪਤਾਲਾਂ, ਸਕੂਲਾਂ ਅਤੇ ਹੋਰ ਜਨਤਕ ਥਾਵਾਂ 'ਤੇ ਬੂਟੇ ਲਗਾਉਣ ਦਾ ਉਪਰਾਲਾ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਅਤੇ ਸੁਰੱਖਿਆ ਲਈ ਵੱਧ ਤੋਂ ਵੱਧ ਬੂਟੇ ਲਗਾਉਣਾ ਬੇਹੱਦ ਜ਼ਰੂਰੀ ਹੈ। ਐੱਸ ਐੱਮ ਓ ਡਾ. ਗਗਨਦੀਪ ਗਿੱਲ ਨੇ ਰੁੱਖਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਰੁੱਖ ਲਗਾਉਣ ਨਾਲ ਜਿੱਥੇ ਵਾਤਾਵਰਨ ਸਾਫ ਅਤੇ ਸ਼ੁੱਧ ਰਹਿੰਦਾ ਹੈ, ਉੱਥੇ ਅਸੀਂ ਕਈ ਬਿਮਾਰੀਆਂ ਤੋਂ ਵੀ ਬਚਾਅ ਕਰ ਸਕਦੇ ਹਾਂ। ਸਭਾ ਦੇ ਡਾਇਰੈਕਟਰ ਡਾ. ਐੱਸ ਪੀ ਮਾਨ ਨੇ ਸਮੂਹ ਹਾਜ਼ਰ ਪਤਵੰਤਿਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਪ੍ਰੋਜੈਕਟ ਵਿੱਚ ਸੀਨੀਅਰ ਫਾਰਮੇਸੀ ਅਫਸਰ ਅਮਿੰਦਰ ਪ੍ਰੀਤ ਕੌਰ ਰੂਬੀ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਡਾ. ਸਾਗਰ ਸਿੰਘ, ਪੀ ਆਰ ਓ ਓਮ ਪ੍ਰਕਾਸ਼ ਪਾਲ, ਡਾ. ਵੀਨਸ ਅਰੋੜਾ, ਵਿਵੇਕ ਬਸਰਾ ਫਾਰਮੇਸੀ ਅਫਸਰ, ਹਰਮਿੰਦਰਜੀਤ ਕੌਰ ਐੱਲ ਐੱਚ ਵੀ, ਵਾਰਡ ਅਟੈਂਡੈਂਟ ਦਵਿੰਦਰ ਸਿੰਘ, ਸੀਨੀਅਰ ਸਹਾਇਕ ਨਿਤਿਨ ਅੰਬਰੋਲ, ਰਾਜਬੰਸ ਕੌਰ ਐੱਲ ਐੱਚ ਵੀ, ਸੁਭਾਸ਼, ਸੰਜੇ ਸੋਨੂੰ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।

## ਐੱਨ ਸੀ ਸੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ

**ਪੋਜੇਵਾਲ (ਰਾਮ ਲਾਲ)**- ਬੀ ਏ ਬੀ ਸੀਨੀਅਰ ਸੈਕੰਡਰੀ ਸਕੂਲ ਬਲਾਚੌਰ ਵਿਖੇ ਐਨ ਸੀ ਸੀ ਫਸਟ ਅਫਸਰ ਪ੍ਰਿੰਸੀਪਲ ਚੰਦਰੇਸ਼ ਸੌਰੀ ਐਨ ਸੀ ਸੀ ਇੰਚਾਰਜ ਪੀ ਟੀ ਆਈ ਮੈਡਮ ਪਿੰਕੀ ਰਾਣੀ ਐਨ ਸੀ ਸੀ ਕੈਡਿਟਸਟ ਵੱਲੋਂ ਐਨ ਸੀ ਸੀ ਝੰਡਾ ਲਹਿਰਾਉਣ ਦੀ ਰਸਮ ਕੀਤੀ ਗਈ । ਐਨ ਸੀ ਸੀ ਰੋਪੜ ਦੇ ਕੈਡਿਟਸ ਵੱਲੋਂ ਮਾਰਚ ਪਾਸ ਕੀਤਾ ਗਿਆ ਅਤੇ ਝੰਡੇ ਨੂੰ ਸਲਾਮੀ ਦਿੱਤੀ ਗਈ। ਸਲਾਮੀ ਦੇਣ ਸਮੇਂ ਵੰਦੇ ਮਾਤਰਮ ਅਤੇ ਰਾਸ਼ਟਰੀ ਗਾਇਨ ਕੀਤਾ ਗਿਆ। ਕੈਡਟਸ ਨੇ ਦੇਸ਼ ਭਗਤੀ ਨਾਲ ਸੰਬੰਧਿਤ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਦੇ ਨਾਲ ਹੀ ਅੰਤਰਰਾਸ਼ਟਰੀ ਅਧਿਆਪਕ ਦਿਵਸ ਵੀ ਮਨਾਇਆ ਗਿਆ। ਅਧਿਆਪਕਾਂ ਨੂੰ ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਰਣਦੀਪ ਕੌਸ਼ਲ ਸਾਬਕਾ ਪ੍ਰਧਾਨ ਨਗਰ ਕੌਂਸਲ, ਉੱਘੇ ਸਮਾਜ ਸੇਵੀ ਅਤੇ ਪ੍ਰਧਾਨ ਸਨਾਤਨ ਧਰਮ ਬਲਾਚੌਰ ਸਭਾ ਰਾਣਾ ਨੀਲ ਕਾਂਤ, ਮੈਂਬਰ ਸਕੂਲ ਕਮੇਟੀ ਰਾਣਾ ਕੁਲਦੀਪ ਸਿੰਘ ਸੇਵਾ ਮੁਕਤ ਅਧਿਆਪਕ ਨੇ ਇਸ ਪ੍ਰੋਗਰਾਮ ਦੀ ਸ਼ੋਭਾ ਵਧਾਈ। ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਵਿਦਿਆਰਥੀਆਂ ਨੂੰ





ਰਿਫਰੈਸਮੈਂਟ ਵੀ ਦਿੱਤੀ ਗਈ। ਪ੍ਰਿੰਸੀਪਲ ਚੰਦਰੇਸ਼ ਸ਼ੌਰੀ, ਰਾਣਾ ਰਣਦੀਪ ਕੌਸ਼ਲ, ਰਾਣਾ ਨੀਲ ਕਾਂਤ ਵੱਲੋਂ ਐਨ ਸੀ ਸੀ ਬਾਰੇ ਦੱਸਿਆ। ਅਧਿਆਪਕ ਦਿਵਸ ਤੇ ਭਾਰਤ ਦੇ ਦੂਜੇ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾ ਕ੍ਰਿਸ਼ਨਨ ਦੇ ਜੀਵਨ ਬਾਰੇ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਦੱਸਿਆ ਗਿਆ।

## ਮਿਡ ਡੇ ਮੀਲ ਵਰਕਰਜ਼ ਯੂਨੀਅਨ ਵੱਲੋਂ ਜ਼ਿਲ੍ਹਾ ਪੱਧਰੀ ਮੀਟਿੰਗਾਂ 16 ਤੋਂ

**ਜਲੰਧਰ, (ਰਾਜੇਸ਼ ਥਾਪਾ)**-ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਨਿਗੂਣੇ ਜਿਹੇ ਮਾਣ ਭੱਤੇ 'ਤੇ ਕੰਮ ਕਰਦੀਆਂ ਮਿਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਬਿਮਲਾ ਦੇਵੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਜਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ ਨੇ ਜਥੇਬੰਦੀ ਵੱਲੋਂ ਪਿਛਲੇ ਸਮੇਂ ਵਿੱਚ ਕੀਤੇ ਗਏ ਕੰਮਾਂ ਦੀ ਜਾਣਕਾਰੀ ਸਾਂਝੀ ਕੀਤੀ। ਮੀਟਿੰਗ ਵਿੱਚ ਅਗਲੇ ਸੰਘਰਸ਼ ਦੀ ਕੜੀ ਵਜੋਂ 15 ਨਵੰਬਰ ਨੂੰ ਸੰਗਰੂਰ ਵਿਖੇ ਵਿਸ਼ਾਲ ਸੂਬਾ ਪੱਧਰੀ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੰਜਾਬ ਅੰਦਰ ਮਿਡ ਡੇ ਮੀਲ ਵਰਕਰਾਂ ਨੂੰ ਸੂਬਾਈ ਸੰਘਰਸ਼ ਪ੍ਰਤੀ ਸੁਚੇਤ ਕਰਨ ਲਈ ਮਿਤੀ 11 ਤੋਂ 25 ਅਕਤੂਬਰ ਤੱਕ ਜ਼ਿਲ੍ਹਾ/ ਬਲਾਕ



ਪੱਧਰੀ ਰੈਲੀਆਂ ਕੀਤੀਆਂ ਜਾਣਗੀਆਂ ਅਤੇ ਸੰਘਰਸ਼ਾਂ ਦੀ ਤਿਆਰੀ ਲਈ ਮਿਤੀ 16 ਤੋਂ 30 ਸਤੰਬਰ ਤੱਕ ਜ਼ਿਲ੍ਹਾ ਪੱਧਰੀ ਮੀਟਿੰਗਾਂ ਕੀਤੀਆਂ ਜਾਣਗੀਆਂ।ਮੀਟਿੰਗ ਵਿੱਚ ਆਗੂਆਂ ਨੇ ਸਾਂਝੇ ਤੌਰ ਤੇ ਮੰਗ ਕੀਤੀ ਕਿ ਕੀਤੇ ਗਏ ਚੋਣ ਵਾਅਦੇ ਅਨੁਸਾਰ ਮਾਣ ਭੱਤਾ ਤੁਰੰਤ ਦੁੱਗਣਾ ਕੀਤਾ ਜਾਵੇ, ਜਦੋਂ ਤੱਕ ਰੈਗੂਲਰ ਨਹੀਂ ਕੀਤਾ ਜਾਂਦਾ ਉਦੋਂ ਤੱਕ ਘੱਟੋ-ਘੱਟ ਉਜਰਤ ਨੂੰ ਲਾਗੂ ਕਰਦੇ ਹੋਏ 26000/- ਰੁਪਏ ਦਿੱਤਾ ਜਾਵੇ, ਮਿਡ ਡੇ ਮੀਲ ਵਰਕਰ ਦੇ ਅਚਨਚੇਤ ਛੁੱਟੀ ਲੈਣ ਸਮੇਂ ਖਾਣਾ ਬਣਾਉਣ ਲਈ ਬਦਲਵਾਂ ਪ੍ਰਬੰਧ ਸਕੂਲ ਮੁਖੀ ਕਰੇ, ਵਰਕਰਾਂ ਨੂੰ ਸਾਲ ਦੌਰਾਨ ਦੋ ਵਰਦੀਆਂ ਦਿੱਤੀਆਂ ਜਾਣ ਆਦਿ ਮੰਗ ਪੱਤਰ ਵਿੱਚ ਦਰਜ਼ ਮੰਗਾਂ ਲਈ ਲਗਾਤਾਰ ਸੰਘਰਸ ਕਰਨ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਤੇ ਆਧਾਰਿਤ ਬਣੀ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਦੇ ਬੈਨਰ ਹੇਠ 12 ਅਤੇ 13 ਸਤੰਬਰ ਨੂੰ ਮੰਤਰੀਆਂ ਦੇ ਘਰਾਂ ਦੇ ਘਿਰਾਓ ਕਰਨ ਦੇ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਨ ਦਾ ਵੀ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀ 2 ਅਕਤੂਬਰ ਨੂੰ ਹੋ ਰਹੀ ਜਲੰਧਰ ਵਿਖੇ ਸੂਬਾ ਪੱਧਰੀ ਜਥੇਬੰਦਕ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਇਸ ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਬਾਲਾ ਫ਼ਤਹਿਗੜ੍ਹ ਸਾਹਿਬ, ਮੀਤ ਪ੍ਰਧਾਨ ਮਮਤਾ ਸੈਦਪੁਰ ਕਪੂਰਥਲਾ, ਕਰਮਜੀਤ ਕੌਰ ਬਰਨਾਲਾ, ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ, ਜੁਆਇੰਟ ਸਕੱਤਰ ਚਰਨਜੀਤ ਕੌਰ ਮਾਹਲ, ਕੈਸ਼ੀਅਰ ਕਮਲੇਸ਼ ਕੌਰ ਰੋਪੜ, ਸਹਾਇਕ ਕੈਸ਼ੀਅਰ ਸੁਖਵਿੰਦਰ ਕੌਰ ਤਰਨਤਾਰਨ, ਪ੍ਰੈੱਸ ਸਕੱਤਰ ਸਿਮਰਨਜੀਤ ਕੌਰ ਪਾਸਲਾ ਜਲੰਧਰ, ਕੁਲਵਿੰਦਰ ਕੌਰ ਮੋਹਾਲੀ, ਸਿਬਲਜੀਤ ਕੌਰ ਫਰੀਦਕੋਟ, ਕਰਮਜੀਤ ਕੌਰ, ਆਸ਼ਾ ਰਾਣੀ, ਮਹਿੰਦਰ ਕੌਰ, ਹਰਮੇਸ ਕੌਰ ਰੋਪੜ, ਮਨਜੀਤ ਕੌਰ, ਕੁਲਵਿੰਦਰ ਕੌਰ ਅੰਦਹੇੜੀ, ਗੁਰਜੀਤ ਕੌਰ ਮੌਹਾਲੀ, ਜਸਵੀਰ ਕੌਰ, ਨਿਰਮਲਜੀਤ ਕੌਰ ਗੁਰਦਾਸਪੁਰ, ਮਨਜੀਤ ਕੌਰ ਤੋਂ ਇਲਾਵਾ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਸੂਬਾ ਪ੍ਰੈੱਸ ਸਕੱਤਰ ਇੰਦਰਜੀਤ ਵਿਰਦੀ ਆਦਿ ਹਾਜ਼ਰ ਸਨ।

## ਲੋਹਟੀਆ ਨੇ ਸੁਣੀਆਂ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ



**ਫ਼ਿਲੌਰ (ਨਿਰਮਲ)**-ਵਿਧਾਨ ਸਭਾ ਹਲਕਾ ਫ਼ਿਲੌਰ ਦੇ ਪਿੰਡ ਸੈਫਾਬਾਦ ਵਿਖੇ ਆਮ ਆਦਮੀ ਪਾਰਟੀ ਦੀ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਵੱਲੋਂ 'ਲੋਕ ਮਿਲਣੀ' ਦੌਰਾਨ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਇਲਾਕੇ ਨਾਲ ਸਬੰਧਤ ਵੱਖ-ਵੱਖ ਮਸਲਿਆਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ।ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ 'ਲੋਕ ਮਿਲਣੀ' ਦਾ ਮੁੱਖ ਮਕਸਦ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਦੇ ਵਿਕਾਸ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇਗਾ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੂੰ ਸਨਮਾਨਤ ਕੀਤਾ ਗਿਆ। ਲੋਕ ਮਿਲਣੀ ਵਿੱਚ ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ, ਵਰਕਰਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ ਅਤੇ ਲੋਕਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

## ਪ੍ਰਿੰਸੀਪਲ ਨੈਸ਼ਨਲ ਸਕੂਲ ਐਵਾਰਡਜ਼-2026 ਨਾਲ ਸਨਮਾਨਤ

**ਗੁਰਾਇਆ (ਬਿੰਦਰ ਸੁੰਮਨ)**-ਸਿੱਖਿਆ ਦੇ ਖੇਤਰ ਵਿੱਚ ਉਤਕ੍ਰਿਸ਼ਟ ਯੋਗਦਾਨ ਅਤੇ ਸਿੱਖਿਆ ਪ੍ਰਣਾਲੀ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਲਈ ਸ੍ਰੀ ਹਨੁਮਤ ਸਕੂਲ ਦੀ ਪ੍ਰਿੰਸੀਪਲ ਆਰਤੀ ਸੋਬਤੀ ਨੂੰ ਨੈਸ਼ਨਲ ਸਕੂਲ ਐਵਾਰਡਜ਼-2026 ਨਾਲ ਸਨਮਾਨਤ ਕੀਤਾ ਗਿਆ। ਉਨ੍ਹਾਂ ਨੂੰ "ਕਮੈਂਡੇਬਲ ਕਾਂਟਰੀਬਿਊਸ਼ਨ ਇਨ ਚੇਂਜਿੰਗ ਦ ਐਜੂਕੇਸ਼ਨ ਸਿਸਟਮ-2026" ਪੁਰਸਕਾਰ ਪ੍ਰਦਾਨ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਦੀ ਪ੍ਰਭਾਵਸ਼ਾਲੀ ਅਗਵਾਈ, ਨਵੀਨਤਮ ਸੋਚ, ਵਿਦਿਆਰਥੀ-ਕੇਂਦਰਿਤ ਸਿੱਖਿਆ ਅਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਦੀ ਮਾਨਤਾ ਵਜੋਂ ਦਿੱਤਾ ਗਿਆ। ਇਹ ਸਮਾਗਮ ਹੋਟਲ ਬਾਈ ਆਈ ਸੀ ਟੀ, ਦਵਾਰਕਾ, ਨਵੀਂ ਦਿੱਲੀ ਵਿਖੇ ਆਯੋਜਿਤ ਕੀਤਾ ਗਿਆ। ਸਮਾਗਮ ਵਿੱਚ ਭਾਰਤ ਸਰਕਾਰ ਦੇ ਕੈਬਨਿਟ ਮੰਤਰੀ ਚਿਰਾਗ ਪਾਸਵਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਡਾ. ਸੰਗਮੇਸ਼, ਡਿਪਟੀ ਡਾਇਰੈਕਟਰ, ਵਿਦਿਆਰਾਣਾ ਇੰਸਟੀਚਿਊਟ, ਨਿਖਿਲ ਮਿਗਲਾਨੀ, ਡਿਪਟੀ ਡਾਇਰੈਕਟਰ, ਲੋਕ ਸਭਾ, ਤੇ ਡਾ. ਸ਼ਊਲੀ ਮੁਖਰਜੀ, ਡੀਨ,





ਇੰਟਰਨੈਸ਼ਨਲ ਰਿਲੇਸ਼ਨਜ਼ ਐਂਡ ਕੋਲੈਬੋਰੇਸ਼ਨ, ਐਮਿਟੀ ਯੂਨੀਵਰਸਿਟੀ, ਗੈਸਟ ਆਫ਼ ਆਨਰ ਵਜੋਂ ਮੌਜੂਦ ਰਹੇ। ਮੁੱਖ ਮਹਿਮਾਨ ਚਿਰਾਗ ਪਾਸਵਾਨ ਨੇ ਸਿੱਖਿਆ ਦੇ ਖੇਤਰ ਵਿੱਚ ਉਤਕ੍ਰਿਸ਼ਟ ਕੰਮ ਕਰਨ ਵਾਲੇ ਸਿੱਖਿਆਵਿਦਾਂ ਤੇ ਸਕੂਲ ਮੁਖੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਤੇ ਆਧੁਨਿਕ ਬਣਾਉਣ ਵਿੱਚ ਸਕੂਲਾਂ ਅਤੇ ਉਨ੍ਹਾਂ ਦੇ ਨੇਤ੍ਰਿਤਵ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਨੇ ਸਿੱਖਿਆ ਵਿੱਚ ਨਵੀਨਤਾ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਸਮੇਂ ਦੀ ਮੁੱਖ ਲੋੜ ਦੱਸਿਆ। ਸਨਮਾਨ ਪ੍ਰਾਪਤ ਕਰਨ ਉਪਰੰਤ ਪ੍ਰਿੰਸੀਪਲ ਆਰਤੀ ਸੋਬਤੀ ਨੇ ਕਿਹਾ ਕਿ ਇਹ ਐਵਾਰਡ ਉਨ੍ਹਾਂ ਲਈ ਸਿਰਫ਼ ਨਿੱਜੀ ਉਪਲਬਧੀ ਨਹੀਂ, ਬਲਕਿ ਪੂਰੀ ਸਕੂਲ ਟੀਮ, ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਦੀ ਸਾਂਝੀ ਮਿਹਨਤ ਅਤੇ ਸਮਰਪਣ ਦਾ ਸਨਮਾਨ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦਾ ਮਕਸਦ ਕੇਵਲ ਕਿਤਾਬੀ ਗਿਆਨ ਦੇਣਾ ਨਹੀਂ, ਸਗੋਂ ਵਿਦਿਆਰਥੀਆਂ ਨੂੰ ਆਤਮਨਿਰਭਰ, ਸੰਵੇਦਨਸ਼ੀਲ, ਰਚਨਾਤਮਕ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣਾ ਹੈ। ਉਨ੍ਹਾਂ ਅੱਗੇ ਕਿਹਾ ਕਿ ਬਦਲਦੇ ਸਮੇਂ ਦੀਆਂ ਲੋੜਾਂ ਦੇ ਅਨੁਸਾਰ ਸਿੱਖਿਆ ਪ੍ਰਣਾਲੀ ਵਿੱਚ ਨਿਰੰਤਰ ਨਵੀਨਤਾ, ਤਕਨੀਕੀ ਪਹੁੰਚ ਅਤੇ ਸਕਾਰਾਤਮਕ ਬਦਲਾਅ ਲਿਆਉਣਾ ਲਾਜ਼ਮੀ ਹੈ। ਨੈਸ਼ਨਲ ਸਕੂਲ ਐਵਾਰਡਜ਼-2026 ਵਿੱਚ ਦੇਸ਼ ਭਰ ਤੋਂ ਸਿੱਖਿਆ ਦੇ ਖੇਤਰ ਵਿੱਚ ਉਲੇਖਣਯੋਗ ਕੰਮ ਕਰਨ ਵਾਲੇ ਸਿੱਖਿਆਵਿਦਾਂ ਅਤੇ ਸਕੂਲ ਲੀਡਰਾਂ ਨੂੰ ਸਨਮਾਨਤ ਕੀਤਾ ਗਿਆ।

## ਬੇਅਦਬੀ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਦੀ ਮੰਗ

**ਜ਼ੀਰਕਪੁਰ (ਜਤਿੰਦਰ ਕੁਮਾਰ)**-ਬਾਬਾ ਸਾਹਿਬ ਡਾ. ਭੀਮਰਾਓ ਅੰਬੇਡਕਰ ਦੀ ਮੂਰਤੀ ਦੀ ਬੇਅਦਬੀ ਨੂੰ ਲੈ ਕੇ ਅੰਬਾਲਾ ਰੋਡ 'ਤੇ ਸਮਰਥਕਾਂ ਵਿੱਚ ਭਾਰੀ ਗੁੱਸਾ ਅਤੇ ਰੋਸ ਪਾਇਆ ਜਾ ਰਿਹਾ ਹੈ। ਪ੍ਰਦੀਪ ਸੂਦ ਪ੍ਰਧਾਨ ਨੇ ਸਰਕਾਰ ਤੋਂ ਘਟਨਾ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਕੜੀ ਸਜ਼ਾ ਦੇਣ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਏ ਐੱਸ ਪੀ ਗ਼ਜ਼ਲਪ੍ਰੀਤ ਜ਼ੀਰਕਪੁਰ ਨੂੰ ਮੰਗ ਪੱਤਰ ਸੌਂਪਦਿਆਂ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਦੋਸ਼ੀਆਂ ਨੂੰ ਜੇਲ੍ਹ ਭੇਜਣ ਦੀ ਮੰਗ ਕੀਤੀ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

## 'ਖੇਡਾਂ ਵਤਨ ਪੰਜਾਬ ਦੀਆਂ' ਨੇ ਹਰ ਉਮਰ ਦੇ ਲੋਕਾਂ ਨੂੰ ਖੇਡ ਮੈਦਾਨਾਂ ਨਾਲ ਜੋੜਿਆ : ਟੀਨੂੰ

**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੁਲਾਰਾ ਦੇਣ ਲਈ ਸ਼ੁਰੂ ਕੀਤੀਆਂ 'ਖੇਡਾਂ ਵਤਨ ਪੰਜਾਬ ਦੀਆਂ' ਨੇ ਹਰ ਉਮਰ ਦੇ ਲੋਕਾਂ ਨੂੰ ਖੇਡ ਮੈਦਾਨਾਂ ਨਾਲ ਜੋੜਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 2022 ਵਿੱਚ ਖੇਡਾਂ ਵਤਨ ਪੰਜਾਬ ਦੀਆਂ ਦੇ ਪਹਿਲੇ



ਸੀਜ਼ਨ ਦੀ ਸ਼ੁਰੂਆਤ ਕੀਤੀ ਗਈ ਸੀ। ਇਨ੍ਹਾਂ ਖੇਡਾਂ ਵਿੱਚ ਹੁਣ ਤੱਕ 5 ਲੱਖ ਖਿਡਾਰੀ ਹਿੱਸਾ ਲੈ ਚੁੱਕੇ ਹਨ ਅਤੇ ਇਸ ਸਾਲ 10 ਲੱਖ ਖਿਡਾਰੀਆਂ ਦੀ ਸ਼ਮੂਲੀਅਤ ਦਾ ਟੀਚਾ ਮਿੱਥਿਆ ਗਿਆ ਹੈ। ਟੀਨੂੰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਬਲਾਕ ਪੱਧਰੀ ਖੇਡ ਮੁਕਾਬਲੇ ਸ਼ੁਰੂ ਹੋ ਚੁੱਕੇ ਹਨ ਅਤੇ 10 ਸਤੰਬਰ ਨੂੰ ਆਦਮਪੁਰ ਤੇ ਭੋਗਪੁਰ ਬਲਾਕ ਵਿੱਚ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਹੋਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਦੀ ਵਿਸ਼ੇਸ਼ਤਾ ਹੈ ਕਿ ਇਨ੍ਹਾਂ ਖੇਡਾਂ ਵਿੱਚ 14 ਸਾਲ ਤੋਂ ਲੈ ਕੇ 70 ਸਾਲ ਤੋਂ ਉੱਪਰ ਕੋਈ ਵੀ ਖਿਡਾਰੀ ਭਾਗ ਲੈ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਟੈਨਿਸ ਬਾਲ ਕ੍ਰਿਕਟ ਨੂੰ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 13 ਹਜ਼ਾਰ ਦੇ ਕਰੀਬ ਰਜਿਸਟ੍ਰੇਸ਼ਨ ਹੋ ਚੁੱਕੀ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਜ਼ਿਲ੍ਹੇ ਵਿੱਚ 50 ਹਜ਼ਾਰ ਖਿਡਾਰੀ ਖੇਡ ਮੁਕਾਬਲਿਆਂ ਵਿੱਚ ਭਾਗ ਲੈਣਗੇ। ਉਨ੍ਹਾਂ ਕਿਹਾ ਕਿ ਬਲਾਕ, ਜ਼ਿਲ੍ਹਾ ਅਤੇ ਸੂਬਾ ਪੱਧਰ 'ਤੇ ਜਿੱਤਣ ਵਾਲੇ ਖਿਡਾਰੀਆਂ ਨੂੰ ਨਕਦ ਇਨਾਮ ਵੀ ਦਿੱਤੇ ਜਾਣਗੇ।

## ਟ੍ਰੈਫ਼ਿਕ ਵਿਘਨਾਂ ਵਿਰੁੱਧ ਸਖ਼ਤ ਹੋਈ ਪੁਲਸ, ਦੁਕਾਨਦਾਰਾਂ ਦੇ ਬੋਰਡ ਤੇ ਰੇਹੜੀਆਂ ਪਿੱਛੇ ਕਰਾਈਆਂ



**ਧੂਰੀ (ਮਹਿਤ ਗਰਗ)**-ਸ਼ਹਿਰ ਦੀਆਂ ਮੁੱਖ ਸੜਕਾਂ ਤੇ ਬਾਜ਼ਾਰਾਂ ਵਿੱਚ ਦਿਨ-ਬ-ਦਿਨ ਵਧ ਰਹੀ ਟ੍ਰੈਫ਼ਿਕ ਦੀ ਸਮੱਸਿਆ ਤੇ ਆਵਾਜਾਈ ਵਿੱਚ ਪੈਦਾ ਹੁੰਦੇ ਵਿਘਨਾਂ 'ਤੇ ਨੱਥ ਪਾਉਣ ਲਈ ਧੂਰੀ ਪੁਲਸ ਪੂਰੀ ਤਰ੍ਹਾਂ ਹਰਕਤ ਵਿੱਚ ਆ ਗਈ ਹੈ।ਟ੍ਰੈਫ਼ਿਕ ਇੰਚਾਰਜ ਸੰਜੇ ਕੁਮਾਰ ਵੱਲੋਂ ਆਪਣੀ ਪੁਲਿਸ ਟੀਮ ਸਮੇਤ ਸ਼ਹਿਰ ਦੇ ਪ੍ਰਮੁੱਖ ਬਾਜ਼ਾਰਾਂ ਦਾ ਜਾਇਜ਼ਾ ਲਿਆ ਗਿਆ ਤੇ ਆਵਾਜਾਈ ਵਿੱਚ ਰੁਕਾਵਟ ਬਣ ਰਹੇ ਨਾਜਾਇਜ਼ ਕਬਜ਼ਿਆਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਗਈ।ਇਸ ਕਾਰਵਾਈ ਦੌਰਾਨ ਪੁਲਸ ਟੀਮ ਨੇ ਬਾਜ਼ਾਰਾਂ ਵਿੱਚ ਦੁਕਾਨਦਾਰਾਂ ਵੱਲੋਂ ਆਪਣੀ ਹੱਦ ਤੋਂ ਬਾਹਰ ਲਾਏ ਗਏ ਸਾਈਨ ਬੋਰਡਾਂ, ਸਾਮਾਨ ਤੇ ਸੜਕਾਂ 'ਤੇ ਖੜ੍ਹਦੀਆਂ ਨਾਜਾਇਜ਼ ਰੇਹੜੀਆਂ ਨੂੰ ਤੁਰੰਤ ਪਿੱਛੇ ਕਰਾਇਆ।ਟ੍ਰੈਫ਼ਿਕ ਇੰਚਾਰਜ ਸੰਜੇ ਕੁਮਾਰ ਨੇ ਦੁਕਾਨਦਾਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਆਪਣੀਆਂ ਦੁਕਾਨਾਂ ਦਾ ਸਾਮਾਨ ਜਾਂ ਬੋਰਡ ਸੜਕ 'ਤੇ ਨਾ ਕੱਢ ਕੇ ਆਵਾਜਾਈ ਵਿੱਚ ਵਿਘਨ ਨਾ ਪਾਉਣ, ਕਿਉਂਕਿ ਇਸ ਨਾਲ ਆਮ ਲੋਕਾਂ ਵਾਲੇ ਰਾਹਗੀਰਾਂ ਤੇ ਵਾਹਨ ਚਾਲਕਾਂ ਨੂੰ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈਂਦਾ ਹੈ।ਟਰੈਫਿਕ ਪੁਲਿਸ ਨੇ ਸਮੂਹ ਦੁਕਾਨਦਾਰਾਂ ਅਤੇ ਰੇਹੜੀ-ਫੜ੍ਹੀ ਵਾਲਿਆਂ ਨੂੰ ਚੇਤਾਵਨੀ ਦਿੱਤੀ ਕਿ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।ਜੇਕਰ ਕਿਸੇ ਨੇ ਮੁੜ ਨਾਜਾਇਜ਼ ਕਬਜ਼ੇ ਕਰਨ ਦੀ ਕੋਸ਼ਿਸ਼ ਕੀਤੀ ਜਾਂ ਸੜਕਾਂ 'ਤੇ ਸਾਮਾਨ ਰੱਖ ਕੇ ਟ੍ਰੈਫਿਕ ਵਿੱਚ ਰੁਕਾਵਟ ਪਾਈ, ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਕਰਦਿਆਂ ਚਲਾਨ ਕੱਟੇ ਜਾਣਗੇ।

## ਭਾਕਿਯੂ ਏਕਤਾ ਉਗਰਾਹਾਂ ਵੱਲੋਂ ਕਵੀ ਪਾਸ਼ ਦੇ ਜਨਮ ਦਿਹਾੜੇ ਨੂੰ ਸਮਰਪਤ ਚਰਚਾ



**ਸ੍ਰੀ ਮੁਕਤਸਰ ਸਾਹਿਬ (ਸੁਖਵਿੰਦਰਪਾਲ, ਪੂਜਾ)**
ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਸਥਾਨਕ ਪੱਧਰ 'ਤੇ ਸ਼ੁਰੂ ਕੀਤਾ ਪੱਕਾ ਮੋਰਚਾ ਗਿਆਰ੍ਹਵੇਂ ਦਿਨ ਵੀ ਜਾਰੀ ਰਿਹਾ। ਉਨ੍ਹਾਂ ਅੱਜ ਦੀ ਸਟੇਜ ਕਵੀ ਅਵਤਾਰ ਪਾਸ਼ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੀਤੀ।ਉਨ੍ਹਾਂ ਕਿਹਾ ਕਵੀ ਅਵਤਾਰ ਪਾਸ਼ ਦਾ ਜਨਮ 9 ਸਤੰਬਰ 1950 ਨੂੰ ਪਿੰਡ ਤਲਵੰਡੀ ਸਲੇਮ ਜ਼ਿਲ੍ਹਾ ਜਲੰਧਰ ਵਿੱਚ ਇੱਕ ਮੱਧਵਰਗੀ ਕਿਸਾਨ ਪ੍ਰੀਵਾਰ ਵਿੱਚ ਹੋਇਆ। ਉਸ ਦੇ ਪਿਤਾ ਸੋਹਨ ਸਿੰਘ ਸੰਧੂ ਫੌਜ ਵਿੱਚ ਨੌਕਰੀ ਕਰਦੇ ਸਨ ਅਤੇ ਉਨ੍ਹਾਂ ਨੂੰ ਕਵਿਤਾਵਾਂ ਲਿਖਣ ਦਾ ਸ਼ੌਕ ਸੀ ਪਾਸ਼ ਜੁਝਾਰੂ ਲਹਿਰ ਨਕਸਲਬਾੜੀ ਦੇ ਉੱਘੇ ਕਵੀਆਂ ਵਿਚੋਂ ਇਕ ਸਨ। ਉਸ ਦੀਆਂ ਲਿਖਤਾਂ ਕੌਮੀ ਪੱਧਰ ਤੇ ਮਕਬੂਲ ਹੋਈਆਂ ਕਵੀ ਅਵਤਾਰ ਪਾਸ਼ ਦੇ ਜਨਮ ਦਿਹਾੜੇ ਤੇ ਸਿਜਦਾ ਕੀਤਾ। ਉਨ੍ਹਾਂ ਕਵੀ ਅਵਤਾਰ ਪਾਸ਼, ਹੰਸਰਾਜ ਦੀ ਯਾਦਗਾਰ ਨੂੰ ਮਟਾਉਣ ਦੀ ਕੋਸ਼ਿਸ਼ ਦੀ ਪੁਰਜ਼ੋਰ ਨਿੰਦਾ ਵੀ ਕੀਤੀ।ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ, ਸੀਨੀਅਰ ਮੀਤ ਪ੍ਰਧਾਨ ਗੁਰਪਾਸ ਸਿੰਘ ਸਿੰਘੇਵਾਲਾ, ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਨੇ ਕਿਹਾ ਕਿ ਲੰਮੇ ਸਮੇਂ ਤੋਂ ਪੰਜਾਬ ਦੀਆਂ ਵੱਖ-ਵੱਖ ਸਰਕਾਰਾਂ ਤੇ ਆਪ ਸਰਕਾਰ ਨੇ ਵੀ ਕਿਸਾਨਾਂ ਮਜ਼ਦੂਰਾਂ ਪੱਖੀ ਖੇਤੀ ਨੀਤੀ ਨਹੀਂ ਬਣਾਈ। ਉਨ੍ਹਾਂ ਕਿਹਾ ਕਿ ਪੰਜਾਬ ਤੇ ਹਰਿਆਣਾ ਨੂੰ ਦੇਸ਼ ਦੇ ਰਿਪੇਰੀਅਨ ਸਿਧਾਂਤਾਂ ਮੁਤਾਬਕ ਨਿਰਪੱਖ ਉੱਚ ਮਾਹਿਰਾ ਦੀ ਕਮੇਟੀ ਰਾਹੀਂ ਹੱਲ ਕੀਤੇ ਜਾਣੇ ਚਾਹੀਦੇ ਹਨ।ਆਗੂਆਂ ਨੇ ਕਿਹਾ ਸੂਬਾ ਤੇ ਕੇਂਦਰ ਸਰਕਾਰਾਂ ਵੱਲੋਂ ਹਮੇਸ਼ਾਂ ਹੀ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕੀਤਾ ਜਾਂਦਾ ਰਿਹਾ ਹੈ, ਜਦੋਂਕਿ ਸੂਬਾ ਸਰਕਾਰਾਂ ਨੂੰ ਵੀ ਕਿਸਾਨਾਂ ਦੀਆਂ ਫ਼ਸਲਾਂ ਐਮ ਐਸ ਪੀ ਗਰੰਟੀ ਕਾਨੂੰਨ ਡਾ. ਸੁਆਮੀ ਨਾਥਨ ਦੀ ਰੀਪੋਰਟ ਸੀਟੂ ਜਮਾਂ 50% ਦੇ ਫਾਰਮੂਲੇ ਅਨੁਸਾਰ ਖਰੀਦ ਕਰਨੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਅੰਦੋਲਨ ਕਾਰੀ ਕਿਸਾਨਾਂ ਮਜ਼ਦੂਰਾਂ ਤੇ ਦਰਜ ਪੁਲਸ ਕੇਸ ਸਮੇਤ ਪਰਾਲੀ ਸਾੜਨ ਵਾਲੇ ਪਰਚੇ ਰੱਦ ਕੀਤੇ ਜਾਣ।

## ਕਿਸਾਨ ਮੋਰਚੇ ਦੀ ਸਫ਼ਲਤਾ ਲਈ ਕਿਸਾਨਾਂ ਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਵਿਰਕ ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ ਚੰਡੀਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਲਾਏ ਗਏ ਕਿਸਾਨ ਮੋਰਚੇ ਦੀ ਸਫਲਤਾ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਕਿਸਾਨਾਂ ਵੱਲੋਂ ਕਿਸਾਨ ਆਗੂਆਂ ਨੂੰ ਹਾਰ ਪਹਿਨਾ ਕੇ ਸਨਮਾਨਤ ਵੀ ਕੀਤਾ ਗਿਆ।ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਵਿਰਕ ਨੇ ਕਿਹਾ ਕਿ ਕਿਸਾਨ ਮੋਰਚੇ ਦੀ ਸਫਲਤਾ ਵਿੱਚ ਸਮੂਹ ਕਿਸਾਨਾਂ ਦਾ ਅਹਿਮ ਅਤੇ ਵੱਡਾ ਯੋਗਦਾਨ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਇਕਜੁੱਟਤਾ, ਹੌਂਸਲੇ ਅਤੇ ਲਗਾਤਾਰ ਸਹਿਯੋਗ ਸਦਕਾ ਸੰਘਰਸ਼ ਨੂੰ ਮਜ਼ਬੂਤੀ ਮਿਲੀ।

ਉਨ੍ਹਾਂ ਮੋਰਚੇ ਦੀ ਸਫਲਤਾ ਲਈ ਸਹਿਯੋਗ ਦੇਣ ਵਾਲੇ ਸਮੂਹ ਕਿਸਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਜਸਵਿੰਦਰ ਸਿੰਘ ਵਿਰਕ ਨੇ ਧਰਨੇ ਦੌਰਾਨ ਕਿਸਾਨਾਂ ਦਾ ਸਾਥ ਦੇਣ ਵਾਲੇ ਵੱਖ-ਵੱਖ ਵਰਗਾਂ ਦੇ ਲੋਕਾਂ ਦਾ ਵੀ ਧੰਨਵਾਦ ਕਰਦਿਆਂ ਕਿਹਾ ਕਿ ਸਮਾਜ ਦੇ ਵੱਖ-ਵੱਖ ਵਰਗਾਂ ਵੱਲੋਂ ਮਿਲਿਆ ਸਹਿਯੋਗ ਕਿਸਾਨਾਂ ਦੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰਦਾ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਹੱਕਾਂ ਲਈ ਚੱਲ ਰਹੇ ਸੰਘਰਸ਼ ਵਿੱਚ ਲੋਕਾਂ ਦੀ ਏਕਤਾ ਅਤੇ ਸਾਂਝੀ ਭਾਗੀਦਾਰੀ ਬਹੁਤ ਮਹੱਤਵ ਰੱਖਦੀ ਹੈ।ਪੰਜਾਬ ਕਮੇਟੀ ਮੈਂਬਰ ਗੁਰਮੀਤ ਸਿੰਘ ਘੋੜੇਚੱਕ, ਜ਼ਿਲ੍ਹਾ ਵਾਈਸ ਪ੍ਰਧਾਨ ਪਰਮਜੀਤ ਸਿੰਘ ਭੁੱਲਰ, ਜ਼ਿਲ੍ਹਾ ਜਨਰਲ ਸਕੱਤਰ ਲਖਵਿੰਦਰ ਸਿੰਘ ਭੁੱਲਰ, ਬਲਾਕ ਪ੍ਰਧਾਨ ਮਮਦੋਟ ਸੁੱਖਵਿੰਦਰ ਸਿੰਘ ਸੰਧੂ, ਬਲਾਕ ਪ੍ਰਧਾਨ ਲੱਖੋ ਕੇ ਬਲਜਿੰਦਰ ਸਿੰਘ ਬਰਾੜ ਤੋਂ ਇਲਾਵਾ ਵੱਖ-ਵੱਖ ਇਕਾਈਆਂ ਦੇ ਪ੍ਰਧਾਨ ਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## ਜੀ ਐੱਚ ਜੀ ਅਕੈਡਮੀ 'ਚ ਅੰਗਰੇਜ਼ੀ ਤੇ ਪੰਜਾਬੀ ਸੁਲੇਖ ਗਤੀਵਿਧੀ ਕਰਾਈ



**ਜਗਰਾਉਂ (ਅਮਿਤ ਖੰਨਾ)**-ਜੀ ਐੱਚ ਜੀ ਅਕੈਡਮੀ ਵਿਖੇ ਤੀਜੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ ਅੰਗਰੇਜ਼ੀ ਤੇ ਪੰਜਾਬੀ ਸੁਲੇਖ ਗਤੀਵਿਧੀ ਕਰਾਈ ਗਈ। ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸੁੰਦਰ, ਸਾਫ਼-ਸੁਥਰੀ ਤੇ ਸਪੱਸ਼ਟ ਲਿਖਾਈ ਪ੍ਰਤੀ ਰੁਚੀ ਪੈਦਾ ਕਰਨਾ ਤੇ ਉਨ੍ਹਾਂ ਦੇ ਲਿਖਣ ਦੇ ਹੁਨਰ ਨੂੰ ਨਿਖਾਰਨਾ ਸੀ।ਇਹ ਗਤੀਵਿਧੀ ਵਿਅਕਤੀਗਤ ਤੌਰ 'ਤੇ ਕਰਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਦਿੱਤੇ ਗਏ ਸਮੇਂ ਅੰਦਰ ਨਿਰਧਾਰਤ ਪੈਰਾਗ੍ਰਾਫ਼ ਨੂੰ ਸੁਚੱਜੀ ਤੇ ਸੁੰਦਰ ਲਿਖਾਈ ਵਿੱਚ ਲਿਖ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਲਗਨ ਨਾਲ ਭਾਗ ਲਿਆ।ਇਸ ਗਤੀਵਿਧੀ ਰਾਹੀਂ ਉਨ੍ਹਾਂ ਵਿੱਚ ਸੁੰਦਰ ਲਿਖਾਈ, ਸਾਫ਼-ਸਫ਼ਾਈ, ਸਮੇਂ ਦੀ ਪਾਬੰਦੀ ਤੇ ਇਕਾਗਰਤਾ ਵਰਗੇ ਗੁਣਾਂ ਦਾ ਵਿਕਾਸ ਹੋਇਆ।ਪ੍ਰਿੰਸੀਪਲ ਸ੍ਰੀਮਤੀ ਰਮਨਜੋਤ ਕੌਰ ਗਰੇਵਾਲ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਨਿਯਮਤ ਅਭਿਆਸ ਰਾਹੀਂ ਆਪਣੀ ਲਿਖਾਈ ਨੂੰ ਹੋਰ ਸੁੰਦਰ ਬਣਾਉਣ ਲਈ ਪ੍ਰੇਰਿਤ ਕੀਤਾ।

## ਹਲਕਾ ਵਾਸੀਆਂ ਨੇ ਢਿੱਲੋਂ ਨਾਲ ਕੀਤੀ ਮੁਲਾਕਾਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਪਿੰਡ ਬਲਬੇੜਾ ਦੇ ਵਸਨੀਕਾਂ ਵੱਲੋਂ ਲੋਕ ਸਭਾ ਦਫ਼ਤਰ ਵਿਖੇ ਪਹੁੰਚ ਕੇ ਚੇਅਰਮੈਨ ਪੰਜਾਬ ਐਗਰੋ ਤੇ ਪਟਿਆਲਾ ਲੋਕ ਸਭਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨਾਲ ਮੁਲਾਕਾਤ ਕੀਤੀ ਗਈ।ਇਸ ਦੌਰਾਨ ਪਿੰਡ ਵਾਸੀਆਂ ਵੱਲੋਂ ਆਪਣੇ ਇਲਾਕੇ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਤੇ ਮੰਗਾਂ ਸਬੰਧੀ ਢਿੱਲੋਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਬਲਜਿੰਦਰ ਸਿੰਘ ਢਿੱਲੋਂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਤੇ ਕਿਹਾ ਕਿ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਾਉਣਾ ਸਾਡੀ ਪਹਿਲੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਜਾਣਨਾ ਅਤੇ ਸਬੰਧਤ ਵਿਭਾਗਾਂ ਤੱਕ ਪੁਚਾ ਕੇ ਉਨ੍ਹਾਂ ਦਾ ਯੋਗ ਹੱਲ ਕਰਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਾਉਣ ਤੇ ਪਿੰਡਾਂ ਦੇ ਵਿਕਾਸ ਨੂੰ ਹੋਰ ਗਤੀ ਦੇਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

## ਹੈੱਡਮਾਸਟਰ ਰਿਸ਼ੀ ਮਨਚੰਦਾ ਦਾ ਵਿਧਾਇਕਾ ਅਰੋੜਾ ਵੱਲੋਂ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਦੀ 'ਸਿੱਖਿਆ ਕ੍ਰਾਂਤੀ' ਤਹਿਤ ਸਕੂਲ ਸਿੱਖਿਆ ਵਿਭਾਗ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਲਈ ਮੋਗਾ ਦੇ ਹੋਣਹਾਰ ਹੈੱਡ ਮਾਸਟਰ ਰਿਸ਼ੀ ਮਨਚੰਦਾ ਨੂੰ ਰਾਜ ਪੁਰਸਕਾਰ ਨਾਲ ਸਨਮਾਨਿਤ ਕੀਤੇ ਜਾਣ 'ਤੇ ਮੋਗਾ ਹਲਕੇ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਉਨ੍ਹਾਂ ਨੂੰ ਦਿਲੋਂ ਵਧਾਈਆਂ ਦਿੱਤੀਆਂ ਤੇ ਉਨ੍ਹਾਂ ਦਾ ਸਨਮਾਨ ਕੀਤਾ। ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਸ੍ਰੀ ਰਿਸ਼ੀ ਮਨਚੰਦਾ ਨੇ ਸਿੱਖਿਆ ਦੇ ਖੇਤਰ ਵਿੱਚ ਆਪਣੀ ਮਿਹਨਤ, ਲਗਨ, ਸਮਰਪਣ ਅਤੇ ਜ਼ਿੰਮੇਵਾਰੀ ਨਾਲ ਵਿਦਿਆਰਥੀਆਂ ਦੇ ਉਜਵਲ ਭਵਿੱਖ ਦੇ ਨਿਰਮਾਣ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਦੀਆਂ ਸੇਵਾਵਾਂ ਨੂੰ ਰਾਜ ਪੱਧਰ 'ਤੇ ਸਨਮਾਨ ਮਿਲਣਾ ਨਾ ਸਿਰਫ਼ ਉਨ੍ਹਾਂ ਲਈ, ਸਗੋਂ ਪੂਰੇ ਮੋਗਾ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ।

## ਭਾਜਪਾ ਵੱਲੋਂ ਜੈਇੰਦਰ ਕੌਰ ਦੀ ਅਗਵਾਈ ਹੇਠ ਵਿਸ਼ਾਲ ਰੋਸ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਵਿਖੇ ਭਾਜਪਾ ਪਟਿਆਲਾ ਸ਼ਹਿਰੀ ਦੇ ਵਰਕਰਾਂ ਵੱਲੋਂ ਸੰਗਰੂਰ ਦੇ ਪਿੰਡ ਟੂਰ ਬੰਜਾਰਾ ਦੇ ਰਹਿਣ ਵਾਲੇ ਗੁਲਜ਼ਾਰ ਸਿੰਘ ਦੀ ਦੁਖਦਾਈ ਮੌਤ ਅਤੇ ਲੁਧਿਆਣਾ (ਜਲੰਧਰ ਬਾਈਪਾਸ) ਵਿਖੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਨਾਲ ਹੋਈ ਬੇਅਦਬੀ ਦੇ ਵਿਰੋਧ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਪ੍ਰਦਰਸ਼ਨ ਦੀ ਅਗਵਾਈ ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਕੀਤੀ।ਇਸ ਮੌਕੇ ਜੈ ਇੰਦਰ ਕੌਰ ਨੇ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖੇ ਹਮਲੇ ਬੋਲਦਿਆਂ ਕਿਹਾ ਕਿ 2022 ਵਿੱਚ ਪੰਜਾਬ ਦੇ ਲੋਕਾਂ ਨੇ ਜਿਸ ਸਰਕਾਰ 'ਤੇ ਭਰੋਸਾ ਕੀਤਾ ਸੀ, ਅੱਜ ਉਸੇ ਸਰਕਾਰ ਵੱਲੋਂ ਸਵਾਲ ਪੁੱਛਣ ਵਾਲਿਆਂ ਨੂੰ ਲਾਠੀਚਾਰਜ ਅਤੇ ਮੌਤ ਮਿਲ ਰਹੀ ਹੈ।ਪਹਿਲਾਂ ਸ਼ੇਰੋ ਪਿੰਡ ਦੇ ਮੋਹਨਜੀਤ ਸਿੰਘ 'ਤੇ ਪੁਲਿਸ ਦੁਆਰਾ ਕੀਤਾ ਗਿਆ ਤਸ਼ੱਦਦ ਅਤੇ ਹੁਣ ਸੰਗਰੂਰ ਦੇ ਗੁਲਜ਼ਾਰ ਸਿੰਘ ਦੀ ਮੌਤ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹਨ।ਨਸ਼ੇ ਦੀ ਦਲ ਦਲ 'ਚ ਫਸੇ ਪੰਜਾਬ ਬਾਰੇ ਸਰਕਾਰ ਤੋਂ ਜਵਾਬ ਮੰਗਣਾ ਹੀ ਇਹਨਾਂ ਲੋਕਾਂ ਦਾ ਕਸੂਰ ਸੀ, ਜਿਸ ਦੀ ਸਜ਼ਾ ਸਰਕਾਰੀ ਦਬਾਅ, ਕੁੱਟਮਾਰ ਅਤੇ ਮੌਤ ਦੇ ਰੂਪ ਵਿੱਚ ਮਿਲੀ।ਲੁਧਿਆਣਾ ਦੀ ਘਟਨਾ ਦਾ ਜ਼ਿਕਰ ਕਰਦਿਆਂ ਉਹਨਾਂ ਕਿਹਾ ਕਿ ਰਾਜ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ।ਬਾਬਾ ਸਾਹਿਬ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਬੇਹੱਦ ਨਿੰਦਣਯੋਗ ਹੈ ਅਤੇ ਅਜੇ ਤੱਕ ਦੋਸ਼ੀਆਂ ਵਿਰੁੱਧ ਕੋਈ ਠੋਸ ਕਾਰਵਾਈ ਨਾ ਹੋਣਾ ਸਰਕਾਰ ਲਈ ਸ਼ਰਮਨਾਕ ਹੈ।ਇਸ ਦੌਰਾਨ ਭਾਜਪਾ ਪਟਿਆਲਾ ਸ਼ਹਿਰੀ ਜਿਲ੍ਹਾ ਪ੍ਰਧਾਨ ਵਿਜੇ ਕੁਮਾਰ ਕੂਕਾ, ਕੇ.ਕੇ ਮਲਹੋਤਰਾ, ਸਤਬੀਰ ਖੱਟੜਾ, ਅਤੁਲ ਜੋਸ਼ੀ, ਸੰਦੀਪ ਮਲਹੋਤਰਾ, ਵਰੁਣ ਜਿੰਦਲ, ਹੈਪੀ ਸ਼ਰਮਾ, ਨਿਖਿਲ ਕੁਮਾਰ ਕਾਕਾ, ਮਨੀਸ਼ਾ ਉੱਪਲ, ਹਰੀਸ਼ ਕਪੂਰ, ਗਿੰਨੀ ਨਾਗਪਾਲ, ਵੰਦਨਾ ਜੋਸ਼ੀ, ਹੈਪੀ ਲੋਹਟ, ਰਜਨੀ ਸ਼ਰਮਾ, ਸਿਕੰਦਰ ਚੌਹਾਨ, ਦਵਿੰਦਰ ਲਾਲੀ, ਨਿਖਿਲ ਬਾਤਿਸ਼, ਪਾਵਨ ਭੂੰਮਕ, ਹਰਦੇਵ ਬੱਲੀ ਅਤੇ ਸਨੀ ਲਾਂਬਾ ਆਦਿ ਹਾਜ਼ਰ ਸਨ।

## ਮੁਲਾਜ਼ਮ ਆਗੂਆਂ ਦੀਆਂ ਬਦਲੀਆਂ ਦੀ ਨਿਖੇਧੀ, ਸੰਘਰਸ਼ 'ਚ ਮੋਹਰੀ ਰੋਲ ਨਿਭਾਏਗੀ ਲੈਬਾਰਟਰੀ ਸਟਾਫ਼ ਯੂਨੀਅਨ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਸਰਕਾਰੀ ਸਕੂਲ ਲੈਬਾਰਟਰੀ ਸਟਾਫ਼ ਯੂਨੀਅਨ ਪੰਜਾਬ ਦੇ ਵਿੱਤ ਸਕੱਤਰ ਸੁਖਮੰਦਰ ਸਿੰਘ ਰਣਸੀਂਹ ਨੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਆਗੂਆਂ ਦੀਆਂ ਕੀਤੀਆਂ ਜਾ ਰਹੀਆਂ ਬਦਲੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਜੇਕਰ ਮੁਲਾਜ਼ਮ ਆਗੂਆਂ ਨੂੰ ਨਿਸ਼ਾਨਾ ਬਣਾਉਂਦਿਆਂ ਬਦਲੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜਥੇਬੰਦੀ ਇਸ ਕਾਰਵਾਈ ਨੂੰ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਯੂਨੀਅਨ ਸੁਖਚੈਨ ਸਿੰਘ ਖਹਿਰਾ ਅਤੇ ਸੁਸ਼ੀਲ ਕੁਮਾਰ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।ਉਨ੍ਹਾਂ ਸਰਕਾਰ ਨੂੰ ਅਜਿਹੀਆਂ ਕਾਰਵਾਈਆਂ ਤੋਂ ਗੁਰੇਜ਼ ਕਰਨ ਦੀ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਹ ਕਾਰਵਾਈਆਂ ਜਾਰੀ ਰਹੀਆਂ ਤਾਂ ਮੁਲਾਜ਼ਮ ਜਥੇਬੰਦੀਆਂ ਵੱਡਾ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਹੋਣਗੀਆਂ।ਸੁਖਮੰਦਰ ਸਿੰਘ ਰਣਸੀਂਹ ਨੇ ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ 'ਤੇ ਵੀ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਨੌਜਵਾਨਾਂ ਦੀ ਨਸ਼ਿਆਂ ਕਾਰਨ ਹੋ ਰਹੀ ਮੌਤ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਸਰਕਾਰ ਵੱਲੋਂ ਕੀਤੇ ਜਾ ਰਹੇ ਦਾਅਵਿਆਂ ਦੇ ਬਾਵਜੂਦ ਜ਼ਮੀਨੀ ਪੱਧਰ 'ਤੇ ਹਾਲਾਤ ਚਿੰਤਾਜਨਕ ਹਨ।ਉਨ੍ਹਾਂ ਮੋਹਨਜੀਤ ਸਿੰਘ ਨਾਲ ਵਾਪਰੀ ਘਟਨਾ ਦਾ ਹਵਾਲਾ ਦਿੰਦਿਆਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਨੌਜਵਾਨਾਂ ਨਾਲ ਅਜਿਹਾ ਵਿਵਹਾਰ ਨਹੀਂ ਹੋਣਾ ਚਾਹੀਦਾ।ਉਨ੍ਹਾਂ ਪੰਜਾਬ ਵਿੱਚ ਵੱਧ ਰਹੀਆਂ ਅਪਰਾਧਿਕ ਘਟਨਾਵਾਂ 'ਤੇ ਵੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਨੌਜਵਾਨਾਂ ਦੇ ਕਤਲ ਅਤੇ ਲੁੱਟ-ਖੋਹ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸਾਂਝੀ ਤਾਲਮੇਲ ਕਮੇਟੀ ਵੱਲੋਂ ਸਰਕਾਰ ਖ਼ਿਲਾਫ਼ ਕੀਤੇ ਜਾਣ ਵਾਲੇ ਪ੍ਰਦਰਸ਼ਨਾਂ ਵਿੱਚ ਸਰਕਾਰੀ ਸਕੂਲਜ਼ ਲੈਬਾਰਟਰੀ ਸਟਾਫ਼ ਯੂਨੀਅਨ ਪੰਜਾਬ ਮੋਹਰੀ ਭੂਮਿਕਾ ਨਿਭਾਏਗੀ।

## ਪੰਜਾਬ ਸਰਕਾਰ ਨੇ ਪੁਲਸ ਜਬਰ ਨਾਲ ਕਿਸਾਨਾਂ ਦਾ ਸਮਾਨ ਲੁੱਟਿਆ : ਲਖਵੀਰ ਦੌਧਰ



**ਅਜੀਤਵਾਲ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਨਹਿਰ ਵਾਲੀ ਠਾਠ ਨਾਨਕਸਰ ਖੂਹੀ ਸਾਹਿਬ ਵਿੱਚ ਜ਼ਿਲ੍ਹਾ ਆਗੂ ਜਗਰਾਜ ਸਿੰਘ ਦੱਦਾਹੂਰ ਦੀ ਅਗਵਾਈ ਹੇਠ ਮੀਟਿੰਗ ਹੋਈ, ਜਿਸ ਵਿੱਚ ਸੂਬਾ ਆਗੂ ਲਖਵੀਰ ਸਿੰਘ ਦੌਧਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ ਤਹਿਤ ਪਿੰਡ-ਪਿੰਡ ਵਿੱਚ ਵੱਡੇ ਪੋਸਟਰ ਲਾਏ ਜਾ ਰਹੇ ਹਨ। ਇਨ੍ਹਾਂ ਪੋਸਟਰਾਂ 'ਤੇ ਲੋਗੋ ਹੋਵੇਗਾ ਕਿ ਟਰਾਲੀ ਚੋਰੋ, ਸ਼ੰਭੂ ਖਨੌਰੀ ਤੋਂ ਲੁੱਟਿਆ ਸਮਾਨ ਮੋੜੋ। ਇਸ ਤੋਂ ਇਲਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਅਰਵਿੰਦ ਕੇਜਰੀਵਾਲ ਦੀ ਦੀ ਫੋਟੋ ਵੀ ਲਾਈ ਗਈ ਹੈ, ਕਿਉਂਕਿ ਸ਼ੰਭੂ ਖਨੌਰੀ ਮੋਰਚੇ ਕੇਂਦਰ ਸਰਕਾਰ ਨਾਲ ਸਬੰਧਤ ਮੰਗਾਂ ਤੇ ਕੇਂਦਰ ਸਰਕਾਰ ਖ਼ਿਲਾਫ਼ ਲੱਗੇ ਹੋਏ ਸਨ।ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੁਲਿਸ ਜਬਰ ਤਹਿਤ ਮੋਰਚੇ ਉਖੇੜ ਕੇ ਮੋਰਚੇ ਵਿੱਚੋਂ ਟਾਲੀਆਂ ਤੋਂ ਇਲਾਵਾ ਲੋੜੀਦਾ ਸਾਰਾ ਸਾਮਾਨ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਲੁੱਟਿਆ ਗਿਆ ਸੀ। ਇਕੱਲੇ ਸ਼ੰਭੂ ਤੋਂ 3 ਕਰੋੜ 77 ਲੱਖ 948 ਰੁਪਏ ਦਾ ਸਮਾਨ ਲੁੱਟਿਆ ਗਿਆ ਸੀ, ਜਿਸ ਦੀ ਸਰਕਾਰ ਨੇ ਅੱਜ ਤੱਕ ਭਰਪਾਈ ਨਹੀਂ ਕੀਤੀ, ਜਿਸ ਦੇ ਰੋਸ ਵਜੋਂ ਇਹ ਪੋਸਟਰ ਸਾਰੇ ਪੰਜਾਬ ਦੇ ਪਿੰਡਾਂ ਅੰਦਰ ਲਾਏ ਜਾਣਗੇ।ਇਸ ਤੋਂ ਇਲਾਵਾ 14 ਸਤੰਬਰ ਨੂੰ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਗੇਟ ਇਨ੍ਹਾਂ ਮੰਗਾਂ ਬਿਜਲੀ ਸੋਧ ਬਿੱਲ 2025 ਤੇ ਬੀਜ ਸੋਧ ਬਿੱਲ 2025 ਦੀ ਗਰੰਟੀ, ਪਰਾਲੀ ਦੀ ਰਹਿੰਦ ਖੂਹੰਦ ਨੂੰ ਅੱਗ ਲਾਉਣ ਦੇ ਦਰਜ ਕੀਤੇ ਪਰਚੇ ਰੱਦ ਕਰਾਉਣ ਆਦਿ ਮੰਗਾਂ ਨੂੰ ਲੈ ਕੇ 5 ਦਿਨਾਂ ਦਾ ਟਰੈਕਟਰ ਟਰਾਲੀਆਂ ਸਮੇਤ ਪੱਕਾ ਮੋਰਚਾ ਲਾਇਆ ਜਾਵੇਗਾ, ਜਿਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ।

## ਨਵੇਂ ਡੀ ਆਈ ਜੀ ਵੱਲੋਂ ਕੇਂਦਰੀ ਜੇਲ੍ਹ ਦਾ ਜਾਇਜ਼ਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਏ ਡੀ ਜੀ ਪੀ ਜੇਲ੍ਹਾਂ, ਪੰਜਾਬ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਨਵੇਂ ਆਏ ਪਟਿਆਲਾ ਜੇਲ੍ਹ ਸਰਕਲ ਦੇ ਡੀਆਈਜੀ ਸੂਬਾ ਸਿੰਘ ਰੰਧਾਵਾ ਨੇ ਕੇਂਦਰੀ ਜੇਲ੍ਹ ਪਟਿਆਲਾ ਦਾ ਦੌਰਾ ਕੀਤਾ ਤੇ ਪਟਿਆਲਾ ਸਰਕਲ ਅਧੀਨ ਜੇਲ੍ਹਾਂ ਦੇ ਕੰਮਕਾਜ ਦਾ ਜਾਇਜ਼ਾ ਲਿਆ।ਉਨ੍ਹਾਂ ਨੂੰ ਪਟਿਆਲਾ ਜੇਲ੍ਹ ਵਿਖੇਵਗਾਰਡ ਆਫ਼ ਆਨਰ ਦਿੱਤਾ ਗਿਆ।ਦੌਰੇ ਦੌਰਾਨ, ਡੀਆਈਜੀ ਸੂਬਾ ਸਿੰਘ ਰੰਧਾਵਾ ਨੇ ਪਟਿਆਲਾ ਸਰਕਲ ਅਧੀਨ ਸਾਰੀਆਂ ਜੇਲ੍ਹਾਂ ਦੇ ਸੁਪਰਡੈਂਟਾਂ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ ਤੇ ਜੇਲ੍ਹ ਪ੍ਰਸ਼ਾਸਨ ਅਤੇ ਕੰਮਕਾਜ ਦੇ ਵੱਖ-ਵੱਖ ਪਹਿਲੂਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।ਉਨ੍ਹਾਂ ਨੇ ਜੇਲ੍ਹ ਅਧਿਕਾਰੀਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਰਪਣ ਭਾਵਨਾ ਨਾਲ ਨਿਭਾਉਣ ਤੇ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਜੇਲ੍ਹਾਂ ਦੇ ਸਮੁੱਚੇ ਕੰਮਕਾਜ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਉਪਾਅ ਕੀਤੇ ਜਾਣ।ਡੀਆਈਜੀ ਨੇ ਵਿਸ਼ੇਸ਼ ਤੌਰ 'ਤੇ ਕੈਦੀਆਂ ਦੇ ਹੁਨਰ ਵਿਕਾਸ ਅਤੇ ਉਸਾਰੂ ਸ਼ਮੂਲੀਅਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਇਹ ਕਹਿੰਦੇ ਹੋਏ ਕਿ ਕੈਦੀਆਂ ਨੂੰ ਲਾਭਦਾਇਕ ਹੁਨਰ ਸਿੱਖਣ ਤੇ ਰਿਹਾਈ ਤੋਂ ਬਾਅਦ ਆਪਣੇ ਆਪ ਨੂੰ ਇੱਕ ਬਦਲੇ ਹੋਏ ਜੀਵਨ ਲਈ ਤਿਆਰ ਕਰਨ ਦੇ ਮੌਕੇ ਪ੍ਰਦਾਨ ਕਰਨ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ।ਉਨ੍ਹਾਂ ਨੇ ਜੇਲ੍ਹ ਸਟਾਫ ਅਤੇ ਕੈਦੀਆਂ ਦੀ ਭਲਾਈ ਅਤੇ ਤੰਦਰੁਸਤੀ ਵੱਲ ਵੀ ਧਿਆਨ ਦੇਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।ਡੀਆਈਜੀ ਸੂਬਾ ਸਿੰਘ ਰੰਧਾਵਾ ਨੇ ਅਧਿਕਾਰੀਆਂ ਨੂੰ ਭਲਾਈ ਤੇ ਪੁਨਰਵਾਸ-ਮੁਖੀ ਪਹਿਲਕਦਮੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਂਦੇ ਹੋਏ ਜੇਲ੍ਹਾਂ ਦੇ ਅੰਦਰ ਇੱਕ ਅਨੁਸ਼ਾਸਿਤ, ਸੁਰੱਖਿਅਤ ਤੇ ਸਕਾਰਾਤਮਕ ਵਾਤਾਵਰਣ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ।

## ਖੇਡਾਂ ਵਤਨ ਪੰਜਾਬ ਦੀਆਂ 'ਚ ਜ਼ਿਲ੍ਹੇ ਦੇ ਵੱਧ ਤੋਂ ਵੱਧ ਖਿਡਾਰੀ ਹਿੱਸਾ ਲੈਣ : ਡੀ ਸੀ ਪੂਨਮਦੀਪ ਕੌਰ



**ਸੰਗਰੂਰ (ਪ੍ਰਵੀਨ ਸਿੰਘ)**
ਖੇਡਾਂ ਵਤਨ ਪੰਜਾਬ ਦੀਆਂ-2026 ਦੇ ਚੌਥੇ ਸੀਜ਼ਨ ਸਬੰਧੀ ਡਿਪਟੀ ਕਮਿਸ਼ਨਰ ਸ੍ਰੀਮਤੀ ਪੂਨਮਦੀਪ ਕੌਰ ਅਤੇ ਵਿਧਾਇਕ ਸੰਗਰੂਰ ਸ੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਖੇਡਾਂ ਦੇ ਪ੍ਰਬੰਧਾਂ, ਵੱਖ-ਵੱਖ ਪੱਧਰਾਂ 'ਤੇ ਹੋਣ ਵਾਲੇ ਮੁਕਾਬਲਿਆਂ ਤੇ ਖਿਡਾਰੀਆਂ ਲਈ ਉਪਲਬਧ ਮੌਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ।ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਜ਼ਿਲ੍ਹੇ ਦੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ ਵਤਨ ਪੰਜਾਬ ਦੀਆਂ-2026 ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਹਿੱਸਾ ਲੈਣ ਤੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਜ਼ਮੀਨੀ ਪੱਧਰ ਤੱਕ ਲਿਜਾਣ ਤੇ ਨੌਜਵਾਨਾਂ ਸਮੇਤ ਹਰ ਉਮਰ ਵਰਗ ਦੇ ਲੋਕਾਂ ਨੂੰ ਖੇਡਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਇਨ੍ਹਾਂ ਖੇਡਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਇਸ ਵਾਰ ਇਨ੍ਹਾਂ ਖੇਡਾਂ ਵਿੱਚ 10 ਲੱਖ ਤੱਕ ਦੀ ਭਾਗੀਦਾਰੀ ਦਾ ਟੀਚਾ ਮਿੱਥਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਲਈ ਖਿਡਾਰੀ ਆਨਲਾਈਨ ਤੇ ਆਫਲਾਈਨ ਦੋਵੇਂ ਤਰੀਕਿਆਂ ਨਾਲ ਰਜਿਸਟ੍ਰੇਸ਼ਨ ਕਰਾ ਸਕਦੇ ਹਨ।ਆਫ਼ਲਾਈਨ ਰਜਿਸਟ੍ਰੇਸ਼ਨ ਲਈ ਜ਼ਿਲ੍ਹਾ ਖੇਡ ਅਫ਼ਸਰ ਦੇ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ।ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਲ 2022 ਵਿੱਚ ਸ਼ੁਰੂ ਕੀਤੀਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ ਨੇ ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਵਿਕਸਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਵਿੱਚ ਹੁਣ ਤੱਕ ਪੰਜ ਲੱਖ ਤੱਕ ਖਿਡਾਰੀ ਹਿੱਸਾ ਲੈ ਚੁੱਕੇ ਹਨ ਤੇ ਇਸ ਵਾਰ 10 ਲੱਖ ਤੱਕ ਭਾਗੀਦਾਰੀ ਦਾ ਟੀਚਾ ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਖੇਡਾਂ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ, ਮੁਕਾਬਲੇ ਦਾ ਤਜਰਬਾ ਹਾਸਲ ਕਰਨ ਅਤੇ ਅੱਗੇ ਵਧਣ ਲਈ ਵੱਡਾ ਮੰਚ ਪ੍ਰਦਾਨ ਕਰ ਰਹੀਆਂ ਹਨ।

## ਪੀ ਏ ਯੂ ਖੇਤਰੀ ਖੋਜ ਕੇਂਦਰ ਵਿਖੇ ਕਿਸਾਨ ਮੇਲਾ 22 ਨੂੰ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**
ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.), ਲੁਧਿਆਣਾ ਵੱਲੋਂ ਖੇਤਰੀ ਖੋਜ ਕੇਂਦਰ, ਫਰੀਦਕੋਟ ਵਿਖੇ 22 ਸਤੰਬਰ ਮੰਗਲਵਾਰ ਨੂੰ ਕਿਸਾਨ ਮੇਲਾ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਕੁਲਦੀਪ ਸਿੰਘ, ਨਿਰਦੇਸ਼ਕ, ਪੀ.ਏ.ਯੂ. ਖੇਤਰੀ ਖੋਜ ਕੇਂਦਰ, ਫਰੀਦਕੋਟ ਨੇ ਦੱਸਿਆ ਕਿ ਕਿਸਾਨ ਮੇਲੇ ਵਿੱਚ ਕਿਸਾਨਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਦੇ ਸੁਧਰੇ ਬੀਜਾਂ ਤੋਂ ਇਲਾਵਾ ਸਬਜ਼ੀਆਂ ਦੀਆਂ ਕਿੱਟਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ।

ਉਨ੍ਹਾਂ ਦੱਸਿਆ ਕਿ ਇਸ ਕਿਸਾਨ ਮੇਲੇ ਵਿੱਚ ਖੇਤੀ ਸਬੰਧੀ ਪੁਸਤਕਾਂ ਅਤੇ ਖੇਤੀ ਸਬੰਧੀ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ। ਡਾ. ਕੁਲਵੀਰ ਸਿੰਘ ਨੇ ਦੱਸਿਆ ਕਿ ਕਿਸਾਨ ਮੇਲੇ ਵਿੱਚ ਵੱਖ-ਵੱਖ ਕੰਪਨੀਆਂ, ਏਜੰਸੀਆਂ ਅਤੇ ਦੁਕਾਨਦਾਰਾਂ ਵੱਲੋਂ ਖੇਤੀਬਾੜੀ ਨਾਲ ਸਬੰਧਤ ਸਟਾਲ ਵੀ ਲਗਾਏ ਜਾਣਗੇ।

## ਲੱਖਾ ਪਾਇਲ ਨੇ ਪਿੰਡਾਂ 'ਚ ਮੀਟਿੰਗਾਂ ਕਰਕੇ ਚੋਣ ਸਰਗਰਮੀਆ ਕੀਤੀਆਂ ਸ਼ੁਰੂ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਦੀ ਅਗਵਾਈ ਹੇਠ ਪਿੰਡ ਗੋਸਲਾ ਸਮੇਤ ਅਨੇਕਾਂ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਨੇ ਸਿਰਕਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਵੱਲੋਂ ਭੇਜੇ ਗਏ ਪ੍ਰੋਗਰਾਮ ਤਹਿਤ ਪੰਨਾ ਪ੍ਰਮੁੱਖ ਲਾਉਣ ਨੂੰ ਲੈ ਕੇ ਪਿੰਡਾਂ ਅੰਦਰ ਮੀਟਿੰਗਾਂ ਕਰਨ ਦਾ ਸਿਲਸਿਲਾ ਸੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਬਨਣ ਤੋ ਪਹਿਲਾ ਮੁੱਖ ਮੰਤਰੀ ਭਗਵੰਤ ਮਾਨ ਅਕਸਰ ਪੰਜਾਬ ਦੇ ਲੋਕਾ ਨੂੰ ਕਹਿੰਦੇ ਸਨ ਕਿ ਜਦੋਂ ਅਕਾਲੀ ਦਲ ਤੇ ਕਾਂਗਰਸੀ ਪਿੰਡਾ ਅੰਦਰ ਮੀਟਿੰਗਾਂ ਕਰਨ ਆਉਣ ਤਾਂ ਇਨ੍ਹਾਂ ਨੂੰ ਤੁਸੀਂ ਸਵਾਲ ਜ਼ਰੂਰ ਕਰਿਓ। ਹੁਣ ਜਦੋਂ ਪੰਜਾਬ ਦੀ ਜਨਤਾ ਆਮ ਆਦਮੀ ਪਾਰਟੀ ਦੇ ਮੰਤਰੀ ਤੇ ਵਿਧਾਇਕਾ ਤੋਂ ਸਵਾਲ ਪੁੱਛ ਰਹੀ ਹੈ ਕਿ ਪੰਜਾਬ ਵਿੱਚ ਨਸ਼ਾ ਘਟ ਗਿਆ ਤਾਂ ਉਨ੍ਹਾਂ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਇਸ ਮੌਕੇ ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾਂਝ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਪੰਜਾਬ ਦੇ ਲੋਕ ਆਉਣ ਵਾਲੇ ਸਮੇ ਵਿੱਚ ਪਿੰਡਾਂ ਅੰਦਰ ਦਾਖਲ ਨਹੀਂ ਹੋਣ ਦੇਣਗੇ। ਜਿਸ ਤਰ੍ਹਾਂ ਹੁਣ ਕਈ ਪਿੰਡਾਂ ਅੰਦਰ ਆਮ ਆਦਮੀ ਪਾਰਟੀ ਦੇ ਮੰਤਰੀ ਤੇ ਵਿਧਾਇਕਾਂ ਦੀ ਸਪੀਡ ਚੈਕ ਕੀਤੀ ਜਾ ਰਹੀ ਹੈ, ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਕਾਂਗਰਸ ਪਾਰਟੀ ਦੀ ਸਰਕਾਰ ਸਮੇਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਵੀ ਸਵਾਲ ਜਵਾਬ ਕਰਦੇ ਸਨ, ਪਰ ਉਨ੍ਹਾਂ ਪੰਜਾਬ ਸਰਕਾਰ ਦੀ ਤਰ੍ਹਾਂ ਕਿਸੇ ਦੀ ਵੀ ਕੁੱਟਮਾਰ ਨਹੀਂ ਹੋਣ ਦਿੱਤੀ।

## ਕਿਸਾਨ ਮਹਾਂਪੰਚਾਇਤ ਤੋਂ ਪਹਿਲਾਂ ਜਗਜੀਤ ਸਿੰਘ ਡੱਲੇਵਾਲ ਹਾਊਸ ਅਰੈਸਟ, ਘਰ ਅੰਦਰ ਹੀ ਸ਼ੁਰੂ ਕੀਤੀ ਭੁੱਖ ਹੜਤਾਲ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਦੇ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਦੇ ਪ੍ਰਮੁੱਖ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਪੁਲਸ ਪ੍ਰਸ਼ਾਸਨ ਵੱਲੋਂ ਹਾਊਸ ਅਰੈਸਟ ਕਰ ਦਿੱਤਾ ਗਿਆ ਹੈ।ਇਹ ਕਾਰਵਾਈ ਕਿਸਾਨਾਂ ਦੀ ਮਹਾਂਪੰਚਾਇਤ ਤੋਂ ਪਹਿਲਾਂ ਕੀਤੀ ਗਈ ਹੈ।ਪੁਲਸ ਦੀ ਇਸ ਕਾਰਵਾਈ ਦੇ ਵਿਰੋਧ ਵਿੱਚ ਜਗਜੀਤ ਸਿੰਘ ਡੱਲੇਵਾਲ ਨੇ ਆਪਣੇ ਘਰ ਅੰਦਰ ਹੀ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਹੈ।ਉਨ੍ਹਾਂ ਵੱਲੋਂ ਪ੍ਰਸ਼ਾਸਨ ਦੀ ਕਾਰਵਾਈ 'ਤੇ ਇਤਰਾਜ਼ ਜਤਾਉਂਦਿਆਂ ਇਸ ਨੂੰ ਕਿਸਾਨਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰਾਰ ਦਿੱਤਾ ਜਾ ਰਿਹਾ ਹੈ।ਕਿਸਾਨ ਮਹਾਂਪੰਚਾਇਤ ਤੋਂ ਪਹਿਲਾਂ ਡੱਲੇਵਾਲ ਨੂੰ ਹਾਊਸ ਅਰੈਸਟ ਕੀਤੇ ਜਾਣ ਨਾਲ ਕਿਸਾਨ ਆਗੂਆਂ ਤੇ ਪ੍ਰਸ਼ਾਸਨ ਵਿਚਾਲੇ ਤਣਾਅ ਵਧਣ ਦੇ ਆਸਾਰ ਹਨ।ਕਿਸਾਨ ਜਥੇਬੰਦੀਆਂ ਵੱਲੋਂ ਇਸ ਕਾਰਵਾਈ 'ਤੇ ਅਗਲਾ ਰੁਖ ਜਲਦ ਸਪੱਸ਼ਟ ਕੀਤਾ ਜਾ ਸਕਦਾ ਹੈ।

## ਹਰ ਕਿਸਾਨ ਲਈ ਫਾਰਮਰ ਆਈ ਡੀ ਬਣਾਉਣਾ ਜ਼ਰੂਰੀ : ਡਾ. ਗੁਰਦੀਪ ਸਿੰਘ



**ਜਗਰਾਓਂ (ਨਛੱਤਰ ਸੰਧੂ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਸਹੂਲਤਾਂ ਨਾਲ ਜੋੜਨ ਲਈ ਹਰੇਕ ਕਿਸਾਨ ਦੀ ਫਾਰਮਰ ਰਜਿਸਟਰੀ ਤਿਆਰ ਕੀਤੀ ਜਾ ਰਹੀ ਹੈ।ਇਸ ਸਬੰਧੀ ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਫਾਰਮਰ ਰਜਿਸਟਰੀ ਤਹਿਤ ਆਪਣੀ ਫਾਰਮਰ ਆਈ.ਡੀ. ਜ਼ਰੂਰ ਬਣਵਾਉਣ ਤਾਂ ਜੋ ਭਵਿੱਖ ਵਿੱਚ ਕਿਸਾਨਾ ਨੂੰ ਉਹਨਾ ਦੀ ਇਸ ਯੂਨੀਕ ਆਈ ਡੀ ਰਾਂਹੀ ਹੀ ਖਾਦਾਂ ਦੀ ਸਪਲਾਈ, ਪੀ.ਐਮ. ਕਿਸਾਨ ਸਨਮਾਨ ਨਿੱਧੀ ਯੋਜਨਾ ਤਹਿਤ ਮਿਲਣ ਵਾਲੀਆਂ ਕਿਸ਼ਤਾਂ, ਖੇਤੀ ਮਸ਼ਿਨਰੀ ਆਦਿ ਸਹੂਲਤਾਂ ਸਬਸਿਡੀ 'ਤੇ ਮਿਲਣਯੋਗ ਹੋਣਗੀਆਂ।ਡਾ. ਗੁਰਦੀਪ ਸਿੰਘ ਨੇ ਦੱਸਿਆ ਕਿ ਜਿਸ ਕਿਸਾਨ ਦੇ ਨਾਂ ਤੇ ਵਾਹੀਯੋਗ ਜ਼ਮੀਨ ਦਰਜ ਹੈ, ਉਸ ਲਈ ਫਾਰਮਰ ਰਜਿਸਟਰੀ ਤਹਿਤ ਆਪਣੀ ਫਾਰਮਰ ਆਈ.ਡੀ. ਬਣਵਾਉਣਾ ਜ਼ਰੂਰੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਫਾਰਮਰ ਆਈ.ਡੀ. ਬਣਵਾਉਣ ਲਈ ਜ਼ਮੀਨ ਦੀ ਮਾਤਰਾ ਸਬੰਧੀ ਕੋਈ ਸ਼ਰਤ ਨਹੀਂ ਹੈ।ਭਾਵੇਂ ਕਿਸੇ ਕਿਸਾਨ ਕੋਲ ਘੱਟ ਜ਼ਮੀਨ ਹੈ ਜਾਂ ਵੱਧ, ਉਹ ਆਪਣੀ ਫਾਰਮਰ ਆਈ.ਡੀ. ਬਣਵਾ ਸਕਦਾ ਹੈ।ਇਸੇ ਤਰ੍ਹਾਂ ਜੇਕਰ ਕੋਈ ਕਿਸਾਨ ਖੇਤੀਬਾੜੀ ਦੇ ਨਾਲ ਕੋਈ ਕਾਰੋਬਾਰ ਕਰਦਾ ਹੈ ਜਾਂ ਨੌਕਰੀ ਕਰਦਾ ਹੈ, ਤਾਂ ਵੀ ਉਹ ਫਾਰਮਰ ਆਈ.ਡੀ. ਬਣਵਾਉਣ ਲਈ ਯੋਗ ਹੈ।ਉਨ੍ਹਾਂ ਕਿਹਾ ਕਿ ਫਾਰਮਰ ਆਈ.ਡੀ. ਸਬੰਧੀ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਆਉਂਦੀ ਹੈ ਤਾਂ ਉਹ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਲੋੜੀਂਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

## ਵਿਆਹ ਦੀ ਪਹਿਲੀ ਵਰ੍ਹੇਗੰਢ ਤੋਂ ਪਹਿਲਾਂ ਗਰਭਵਤੀ ਔਰਤ ਦੀ ਹੱਤਿਆ ਦਾ ਦੋਸ਼

**ਰਾਏਕੋਟ (ਸੰਤੋਖ ਗਿੱਲ)**-ਨਸ਼ੇ ਅਤੇ ਘਰੇਲੂ ਕਲੇਸ਼ ਨੇ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਬੁਰਜ ਲਿੱਟਾਂ ਵਿੱਚ 23 ਸਾਲਾ ਗਰਭਵਤੀ ਵਿਆਹੁਤਾ ਹਰਪ੍ਰੀਤ ਕੌਰ ਦੀ ਜਾਨ ਲੈ ਲਈ ਹੈ।ਮ੍ਰਿਤਕਾ ਦੇ ਪਰਿਵਾਰ ਨੇ ਉਸ ਦੇ ਪਤੀ ਅਤੇ ਸਹੁਰਾ ਪਰਿਵਾਰ 'ਤੇ ਕੁੱਟਮਾਰ ਕਰਨ ਅਤੇ ਗਲ਼ਾ ਘੁੱਟ ਕੇ ਹੱਤਿਆ ਕਰਨ ਦੇ ਗੰਭੀਰ ਦੋਸ਼ ਲਗਾਏ ਹਨ। ਉਨ੍ਹਾਂ ਕਿਹਾ ਕਿ ਹਰਪ੍ਰੀਤ ਦੇ ਗਰਭ ਵਿੱਚ ਪਲ ਰਿਹਾ ਬੱਚਾ ਵੀ ਇਸ ਮੰਦਭਾਗੀ ਘਟਨਾ ਵਿੱਚ ਨਹੀਂ ਬਚ ਸਕਿਆ।

ਪ੍ਰੀਤ ਕੌਰ ਦੇ ਚਾਚਾ ਦਰਸ਼ਨ ਸਿੰਘ ਵਾਸੀ ਘੁੰਗਰਾਣਾ (ਮੰਡੀ ਅਹਿਮਦਗੜ੍ਹ) ਦੀ ਸ਼ਿਕਾਇਤ 'ਤੇ ਥਾਣਾ ਸੁਧਾਰ ਦੀ ਪੁਲੀਸ ਨੇ ਪਤੀ ਜਸਪ੍ਰੀਤ ਸਿੰਘ ਉਰਫ਼ ਜੱਸਾ, ਸਹੁਰਾ ਜਗਦੀਪ ਸਿੰਘ ਅਤੇ ਦਾਦਾ ਸਹੁਰਾ ਨਗਿੰਦਰ ਸਿੰਘ ਨੂੰ ਨਾਮਜ਼ਦ ਕੀਤਾ ਹੈ। ਪੁਲੀਸ ਨੇ ਜਸਪ੍ਰੀਤ ਸਿੰਘ ਉਰਫ਼ ਜੱਸਾ ਅਤੇ ਨਗਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦ ਕਿ ਜਗਦੀਪ ਸਿੰਘ ਦੀ ਗ੍ਰਿਫ਼ਤਾਰੀ ਬਾਕੀ ਹੈ। ਥਾਣਾ ਸੁਧਾਰ ਦੇ ਮੁਖੀ ਕੁਲਵਿੰਦਰ ਸਿੰਘ ਵੱਲੋਂ ਖ਼ੁਦ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।ਸ਼ਿਕਾਇਤਕਰਤਾ ਅਨੁਸਾਰ ਹਰਪ੍ਰੀਤ ਕੌਰ ਦਾ ਵਿਆਹ ਪਿਛਲੇ ਸਾਲ 27 ਸਤੰਬਰ ਨੂੰ ਹੋਇਆ ਸੀ । ਉਨ੍ਹਾਂ ਦੋਸ਼ ਲਾਇਆ ਕਿ ਹਰਪ੍ਰੀਤ ਦਾ ਪਤੀ ਨਸ਼ੇ ਦਾ ਆਦੀ ਸੀ ਅਤੇ ਨਸ਼ੇ ਲਈ ਪੈਸਿਆਂ ਤੋਂ ਇਲਾਵਾ ਸਹੁਰਾ ਪਰਿਵਾਰ ਦਾਜ ਅਤੇ ਸੋਨੇ ਦੀ ਮੰਗ ਕਰਦਾ ਸੀ। ਇਨ੍ਹਾਂ ਹਾਲਤਾਂ ਤੋਂ ਤੰਗ ਆ ਕੇ ਹਰਪ੍ਰੀਤ ਕੌਰ ਕੁਝ ਸਮਾਂ ਪਹਿਲਾਂ ਆਪਣੇ ਪੇਕੇ ਪਿੰਡ ਘੁੰਗਰਾਣਾ ਚਲੀ ਗਈ ਸੀ। ਨਸ਼ਾ ਛੱਡਣ ਅਤੇ ਕਲੇਸ਼ ਨਾ ਕਰਨ ਦਾ ਭਰੋਸਾ ਦੇ ਕੇ ਪਿਛਲੇ ਦਿਨੀਂ ਹਰਪ੍ਰੀਤ ਕੌਰ ਨੂੰ ਬੁਰਜ ਲਿਟਾਂ ਲੈ ਕੇ ਆਇਆ ਸੀ । ਉਨ੍ਹਾਂ ਦਾਅਵਾ ਕੀਤਾ ਕਿ ਮ੍ਰਿਤਕਾ ਦੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ ਸਨ।

## ਮਲਟੀਪਰਪਜ਼ ਹੈੱਲਥ ਵਰਕਰ ਯੂਨੀਅਨ ਬਲਾਕ ਕੱਸੂਆਣਾ ਦੀ ਨਵੀਂ ਟੀਮ ਦੀ ਸਰਬਸੰਮਤੀ ਨਾਲ ਚੋਣ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਮਲਟੀ ਪਰਪਜ਼ ਹੈਲਥ ਵਰਕਰ ਮੇਲ-ਫੀਮੇਲ, ਪੈਰਾ ਮੈਡੀਕਲ ਸਿਹਤ ਕ੍ਰਮਚਾਰੀ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ, ਬਲਾਕ ਕਸੂਆਣਾ ਦੀ ਨਵੀਂ ਟੀਮ ਦੀ ਚੋਣ ਅੱਜ ਜ਼ੀਰਾ ਵਿਖੇ ਪੰਜਾਬ ਦੇ ਮੀਤ ਪ੍ਰਧਾਨ ਨਰਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਸਰਬਸੰਮਤੀ ਨਾਲ ਕੀਤੀ ਗਈ।ਚੋਣ ਦੌਰਾਨ ਗੁਰਦੇਵ ਕੌਰ ਨੂੰ ਚੇਅਰਮੈਨ, ਦਵਿੰਦਰ ਸਿੰਘ ਨੂੰ ਪ੍ਰਧਾਨ, ਬਲਜੀਤ ਕੌਰ ਨੂੰ ਜਨਰਲ ਸਕੱਤਰ, ਕੁਲਵਿੰਦਰ ਕੌਰ ਤੇ ਕੁਲਵਿੰਦਰ ਸਿੰਘ ਨੂੰ ਉਪ ਪ੍ਰਧਾਨ ਚੁਣਿਆ ਗਿਆ।ਇਸੇ ਤਰ੍ਹਾਂ ਬਲਦੇਵ ਸਿੰਘ ਅਤੇ ਸ਼ਰਨਜੀਤ ਕੌਰ ਨੂੰ ਪ੍ਰੈਸ ਸਕੱਤਰ, ਜਗਰੂਪ ਸਿੰਘ, ਬਲਜੀਤ ਕੌਰ ਤੇ ਕਮਲ ਨੂੰ ਮੀਤ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਤੋਂ ਇਲਾਵਾ ਕੁਲਦੀਪ ਕੌਰ, ਰਾਣੀ, ਸੁਖਜੀਤ ਸਿੰਘ ਅਤੇ ਬਲਜਿੰਦਰ ਨੂੰ ਸਹਾਇਕ ਸਕੱਤਰ, ਪਰਮਿੰਦਰ ਕੌਰ ਤੇ ਜਗਜੀਤ ਸਿੰਘ ਨੂੰ ਕੈਸ਼ੀਅਰ, ਪੋਲਸ ਜੈਕਬ ਤੇ ਜਸਬੀਰ ਨੂੰ ਜਥੇਬੰਦਕ ਸਕੱਤਰ ਅਤੇ ਅਮਨਜੋਤ ਕੌਰ, ਬਿਮਲਾ, ਰਿਬਿਕਾ, ਮਨਜੀਤ ਅਤੇ ਸਪਨਾ ਨੂੰ ਟੀਮ ਵਿੱਚ ਸ਼ਾਮਲ ਕੀਤਾ ਗਿਆ।

ਗੁਰਮੀਤ ਕੌਰ, ਵਿਨੋਦ ਕੁਮਾਰ ਤੇ ਬੇਅੰਤ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਮਨਜੋਤ ਕੌਰ, ਗੁਰਵਿੰਦਰ ਸਿੰਘ ਅਤੇ ਸੰਦੀਪ ਕੌਰ ਨੂੰ ਦਫਤਰੀ ਸਕੱਤਰ ਦੀ ਜ਼ਿੰਮੇਵਾਰੀ ਦਿੱਤੀ ਗਈ।ਇਸ ਮੌਕੇ ਰਾਮ ਪ੍ਰਸਾਦ ਕੌਰ, ਜੀ. ਸਿੰਘ, ਨਰਿੰਦਰ ਸਿੰਘ, ਪੈਰਾ ਮੈਡੀਕਲ ਆਗੂ ਰਮੇਸ਼ ਕੁਮਾਰ, ਮਲਟੀ ਪਰਪਜ਼ ਹੈਲਥ ਵਰਕਰ ਜ਼ਿਲ੍ਹਾ ਪ੍ਰਧਾਨ ਗੁਰਸੇਵਕ ਸਿੰਘ ਸਮੇਤ ਹੋਰ ਆਗੂ ਤੇ ਮੁਲਾਜ਼ਮ ਹਾਜ਼ਰ ਸਨ।ਜ਼ਿਲ੍ਹਾ ਪ੍ਰਧਾਨ ਗੁਰਸੇਵਕ ਸਿੰਘ ਨੇ ਕਿਹਾ ਕਿ ਮਲਟੀ ਪਰਪਜ਼ ਹੈਲਥ ਵਰਕਰ ਯੂਨੀਅਨ ਮੇਲ-ਫੀਮੇਲ ਅਤੇ ਪੈਰਾ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਹਮੇਸ਼ਾ ਹੀ ਮੁਲਾਜ਼ਮਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ ਸੰਘਰਸ਼ਸ਼ੀਲ ਰਹੀ ਹੈ।

## ਕਿੰਨੂ ਤੇ ਚੌਲ਼ਾਂ ਦੀ ਗਲੋਬਲ ਮਾਰਕੀਟ 'ਚ ਪਹੁੰਚ ਵਧਾਉਣ ਲਈ ਲੂਲੂ ਹਾਈਪਰ ਮਾਰਕੀਟ ਨਾਲ ਮੁਲਾਕਾਤ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਦੁਬਈ ਵਿਖੇ ਹੋ ਰਹੇ ਏ ਆਈ ਐੱਮ ਦੁਬਈ ਦੌਰਾਨ ਪੰਜਾਬ ਤੇ ਯੂਏਈ ਦਰਮਿਆਨ ਵਪਾਰਕ ਅਤੇ ਨਿਵੇਸ਼ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਅਹਿਮ ਪਹਿਲ ਕੀਤੀ।ਸ੍ਰੀ ਅਮਨ ਅਰੋੜਾ ਨੇ ਲੂਲੂ ਹਾਈਪਰ ਮਾਰਕੀਟ ਦੇ ਗਰੁੱਪ ਡਾਇਰੈਕਟਰ ਸ੍ਰੀ ਸਲੀਮ ਐੱਮ.ਏ. ਨਾਲ ਮੁਲਾਕਾਤ ਕਰਕੇ ਪੰਜਾਬ ਦੇ ਪ੍ਰਮੁੱਖ ਖੇਤੀਬਾੜੀ ਉਤਪਾਦਾਂ, ਖਾਸ ਕਰਕੇ ਕਿੰਨੂ ਅਤੇ ਚੌਲਾਂ ਦੀ ਸੋਰਸਿੰਗ ਨੂੰ ਹੋਰ ਵਧਾਉਣ ਸਬੰਧੀ ਵਿਸਥਾਰ ਪੂਰਵਕ ਵਿਚਾਰ-ਵਟਾਂਦਰਾ ਕੀਤਾ।ਮੀਟਿੰਗ ਦੌਰਾਨ ਪੰਜਾਬ ਵਿੱਚ ਫੂਡ ਪ੍ਰੋਸੈਸਿੰਗ, ਐਗਰੀ-ਵੈਲਿਊ ਚੇਨ, ਕੋਲਡ ਚੇਨ ਤੇ ਲੌਜਿਸਟਿਕਸ ਖੇਤਰਾਂ ਵਿੱਚ ਨਿਵੇਸ਼ ਦੀਆਂ ਸੰਭਾਵਨਾਵਾਂ 'ਤੇ ਵੀ ਚਰਚਾ ਹੋਈ।ਸ੍ਰੀ ਅਮਨ ਅਰੋੜਾ ਨੇ ਲੂਲੂ ਹਾਈਪਰ ਮਾਰਕੀਟ ਨੂੰ ਪੰਜਾਬ ਵਿੱਚ ਨਿਵੇਸ਼ ਦੇ ਮੌਕਿਆਂ ਦਾ ਜਾਇਜ਼ਾ ਲੈਣ ਅਤੇ ਸੂਬੇ ਨਾਲ ਵਪਾਰਕ ਸਾਂਝ ਨੂੰ ਹੋਰ ਵਿਸਥਾਰ ਦੇਣ ਲਈ ਅਕਤੂਬਰ ਮਹੀਨੇ ਵਿੱਚ ਪੰਜਾਬ ਦਾ ਦੌਰਾ ਕਰਨ ਦਾ ਸੱਦਾ ਦਿੱਤਾ।ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਖੇਤੀਬਾੜੀ ਤੇ ਫੂਡ ਪ੍ਰੋਸੈਸਿੰਗ ਦੇ ਖੇਤਰ ਵਿੱਚ ਆਪਣੀ ਮਜ਼ਬੂਤ ਪੈਦਾਵਾਰੀ ਸਮਰੱਥਾ ਨੂੰ ਗਲੋਬਲ ਮਾਰਕੀਟ ਨਾਲ ਜੋੜਨ ਲਈ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਅਤੇ ਉਦਯੋਗਾਂ ਨੂੰ ਅੰਤਰਰਾਸ਼ਟਰੀ ਬਾਜ਼ਾਰਾਂ ਨਾਲ ਜੋੜਨਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ।

## ਧਾਰਮਿਕ ਦੀਵਾਨਾਂ 'ਚ ਪੁੱਜੇ ਡਾ. ਮਿੰਕੂ ਜਵੰਧਾ



**ਭਵਾਨੀਗੜ੍ਹ (ਰਾਜ ਖੁਰਮੀ)**-ਬਾਬਾ ਵੱਡਭਾਗ ਸਿੰਘ ਦੇ ਪਵਿੱਤਰ ਜਨਮ ਦਿਹਾੜੇ ਨੂੰ ਸਮਰਪਿਤ ਅਨਾਜ ਮੰਡੀ ਸੰਗਰੂਰ ਵਿਖੇ ਬਾਬਾ ਵੱਡਭਾਗ ਸਿੰਘ ਸੇਵਾ ਸੁਸਾਇਟੀ ਵੱਲੋਂ ਕਰਵਾਏ ਗਏ ਧਾਰਮਿਕ ਦੀਵਾਨਾਂ 'ਚ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਧਾਰਮਿਕ ਦੀਵਾਨਾਂ ਦੌਰਾਨ ਸੰਗਤ ਵੱਲੋਂ ਗੁਰਬਾਣੀ ਕੀਰਤਨ ਅਤੇ ਧਾਰਮਿਕ ਵਿਚਾਰਾਂ ਦਾ ਸਰਵਣ ਕੀਤਾ ਗਿਆ। ਡਾ. ਮਿੰਕੂ ਜਵੰਧਾ ਨੇ ਗੁਰੂ ਚਰਨਾਂ 'ਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ, ਇਲਾਕੇ ਦੀ ਖੁਸ਼ਹਾਲੀ ਅਤੇ ਲੋਕਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ।ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਨੂੰ ਆਪਣੇ ਗੁਰੂਆਂ, ਸੰਤਾਂ ਅਤੇ ਮਹਾਨ ਸ਼ਖ਼ਸੀਅਤਾਂ ਵੱਲੋਂ ਦਰਸਾਏ ਸੇਵਾ, ਸਿਮਰਨ, ਮਿਲਵਰਤਣ ਅਤੇ ਮਨੁੱਖਤਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਨਾ ਦਿੰਦੇ ਹਨ।ਇਸ ਮੌਕੇ ਸੇਵਾ ਸੁਸਾਇਟੀ ਦੇ ਪ੍ਰਬੰਧਕਾਂ ਵੱਲੋਂ ਡਾ. ਮਿੰਕੂ ਜਵੰਧਾ ਦਾ ਨਿੱਘਾ ਸਵਾਗਤ ਕੀਤਾ ਗਿਆ।

## ਫੂਡ ਕਮਿਸ਼ਨ ਵੱਲੋਂ ਪਟਿਆਲਾ ਦੇ ਡਿਪੂ ਹੋਲਡਰ ਮਨਮੋਹਨ ਅਰੋੜਾ ਬੈਸਟ ਐਵਾਰਡ ਨਾਲ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਫੂਡ ਕਮਿਸ਼ਨ ਵੱਲੋਂ ਕਰਾਏ ਗਏ ਸਨਮਾਨ ਸਮਾਗਮ ਦੌਰਾਨ ਜ਼ਿਲ੍ਹੇ ਦੇ ਡਿਪੂ ਹੋਲਡਰ ਮਨਮੋਹਨ ਅਰੋੜਾ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ 'ਬੈਸਟ ਐਵਾਰਡ' ਨਾਲ ਸਨਮਾਨਤ ਕੀਤਾ ਗਿਆ।ਪੰਜਾਬ ਫੂਡ ਸਪਲਾਈ ਵਿਭਾਗ ਦੇ ਸਕੱਤਰ ਰਾਹੁਲ ਤਿਵਾੜੀ ਅਤੇ ਪੰਜਾਬ ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਵੱਲੋਂ ਮਨਮੋਹਨ ਅਰੋੜਾ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ, ਵਿਜੇ ਦੱਤ, ਡਾ. ਜੇ.ਐਸ. ਬੇਦੀ, ਡਾ. ਸਤੀਸ਼ ਵਰਮਾ, ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਵਧੀਕ ਡਾਇਰੈਕਟਰ ਸ੍ਰੀਮਤੀ ਅੰਜੁਮਨ ਭਾਸਕਰ ਸਮੇਤ ਵੱਖ-ਵੱਖ ਜ਼ਿਲ੍ਹਿਆਂ ਦੇ ਅਧਿਕਾਰੀ ਅਤੇ ਪਟਿਆਲਾ ਤੋਂ ਡੀ ਐੱਫ ਐੱਸ ਸੀ. ਅਮਰਿੰਦਰ ਸਿੰਘ, ਇੰਸਪੈਕਟਰ, ਹਾਜ਼ਰ ਸਨ।ਸਨਮਾਨ 'ਤੇ ਰਾਸ਼ਨ ਡਿੱਪੂ ਹੋਲਡਰ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਰਾਮਪਾਲ ਪਾਠਕ ਤੇ ਉਨ੍ਹਾਂ ਦੀ ਟੀਮ ਵੱਲੋਂ ਪੰਜਾਬ ਫੂਡ ਕਮਿਸ਼ਨ ਤੇ ਫੂਡ ਸਪਲਾਈ ਵਿਭਾਗ ਦਾ ਧੰਨਵਾਦ ਕੀਤਾ ਗਿਆ।

## ਡੀ ਬੀ ਯੂ 'ਚ ਗਿੱਪੀ ਤੇ ਸ਼ਹਿਨਾਜ਼ ਗਿੱਲ ਨੇ ਖ਼ੂਬ ਨਚਾਏ ਵਿਦਿਆਰਥੀ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**
ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਸੰਗੀਤ, ਰੌਣਕ ਅਤੇ ਉਤਸ਼ਾਹ ਨਾਲ ਉਸ ਵੇਲੇ ਸਰਾਬੋਰ ਹੋ ਗਈ, ਜਦੋਂ ਯੂਨੀਵਰਸਿਟੀ ਵੱਲੋਂ ਇੱਕ ਸ਼ਾਨਦਾਰ ਸੰਗੀਤਕ ਸਟਾਰ ਨਾਈਟ ਦਾ ਆਯੋਜਨ ਕੀਤਾ ਗਿਆ।ਇਸ ਯਾਦਗਾਰ ਸ਼ਾਮ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਪੰਜਾਬੀ ਮਨੋਰੰਜਨ ਜਗਤ ਦੀਆਂ ਪ੍ਰਮੁੱਖ ਹਸਤੀਆਂ ਨੇ ਇਕੱਠੇ ਹੋ ਕੇ ਸੰਗੀਤ, ਖੁਸ਼ੀ ਅਤੇ ਸੱਭਿਆਚਾਰਕ ਰੰਗਾਂ ਨਾਲ ਭਰਪੂਰ ਸਮਾਗਮ ਦਾ ਆਨੰਦ ਮਾਣਿਆ।

ਸਿਤਾਰਿਆਂ ਨਾਲ ਸਜੀ ਇਸ ਸ਼ਾਮ ਵਿੱਚ ਬਹੁ-ਉਡੀਕੀ ਪੰਜਾਬੀ ਫ਼ਿਲਮ 'ਸਿੰਘ ਵਰਸੇਜ਼ ਕੌਰ 2' ਨਾਲ ਸਬੰਧਤ ਪ੍ਰਸਿੱਧ ਕਲਾਕਾਰਾਂ ਅਤੇ ਹਸਤੀਆਂ ਗਿੱਪੀ ਗਰੇਵਾਲ, ਸ਼ਹਿਨਾਜ਼ ਗਿੱਲ, ਪ੍ਰਿੰਸ ਕੰਵਲਜੀਤ ਸਿੰਘ, ਸਾਦਿਕ ਗਿੱਲ, ਜਾਨਿਆ ਜੋਸ਼ੀ, ਏਕਮ ਚਨੋਲੀ, ਮਾਹੀ ਸ਼ਰਮਾ, ਲੱਖੀ ਘੁੰਮਣ, ਹਾਰਦਿਕ ਰਾਵਤ, ਸੁਮਿਤ, ਟਿੱਪੂ ਸੁਲਤਾਨ, ਮਨਪ੍ਰੀਤ ਸਿੰਘ ਅਤੇ ਜਿਗਰ ਨੇ ਮਨਮੋਹਕ ਸੰਗੀਤਕ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ।ਉਨ੍ਹਾਂ ਦੀਆਂ ਜੋਸ਼ੀਲੀਆਂ ਪੇਸ਼ਕਾਰੀਆਂ, ਬੇਮਿਸਾਲ ਪ੍ਰਤਿਭਾ ਅਤੇ ਦਿਲਕਸ਼ ਹਾਜ਼ਰੀ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਡੀਬੀਯੂ ਦਾ ਕੈਂਪਸ ਸੰਗੀਤ, ਤਾਲੀਆਂ ਦੀ ਗੜਗੜਾਹਟ ਅਤੇ ਉਤਸ਼ਾਹ ਨਾਲ ਗੂੰਜ ਉੱਠਿਆ, ਜਿੱਥੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੂਰੇ ਜੋਸ਼ ਨਾਲ ਸਮਾਰੋਹ ਵਿੱਚ ਸ਼ਮੂਲੀਅਤ ਕੀਤੀ।

ਡੀਬੀਯੂ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਸੰਗੀਤਕ ਸਟਾਰ ਨਾਈਟ ਵਰਗੇ ਸੱਭਿਆਚਾਰਕ ਪ੍ਰੋਗਰਾਮ ਅਤੇ ਜੀਵੰਤ ਸਮਾਗਮ ਵਿਦਿਆਰਥੀਆਂ ਨੂੰ ਕਲਾਸਰੂਮ ਦੀਆਂ ਸੀਮਾਵਾਂ ਤੋਂ ਪਰੇ ਰਚਨਾਤਮਕਤਾ, ਪ੍ਰਤਿਭਾ ਅਤੇ ਸੱਭਿਆਚਾਰਕ ਅਭਿਵਿਅਕਤੀ ਦਾ ਅਨੁਭਵ ਕਰਨ ਦੇ ਕੀਮਤੀ ਮੌਕੇ ਪ੍ਰਦਾਨ ਕਰਦੇ ਹਨ। ਡੀਬੀਯੂ ਦੀ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਉਤਸ਼ਾਹਪੂਰਣ ਸ਼ਮੂਲੀਅਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੰਗੀਤਕ ਅਤੇ ਸੱਭਿਆਚਾਰਕ ਗਤੀਵਿਧੀਆਂ ਇੱਕ ਸਕਾਰਾਤਮਕ, ਰੌਣਕ ਭਰਿਆ ਅਤੇ ਸਮਾਵੇਸ਼ੀ ਕੈਂਪਸ ਮਾਹੌਲ ਸਿਰਜਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਸਮੂਹ ਡੀਬੀਯੂ ਪਰਿਵਾਰ ਲਈ ਇੱਕ ਮਨੋਰੰਜਕ ਅਤੇ ਯਾਦਗਾਰ ਸ਼ਾਮ ਸਫਲਤਾਪੂਰਵਕ ਪੇਸ਼ ਕਰਨ ਲਈ ਪ੍ਰਬੰਧਕ ਟੀਮ ਨੂੰ ਵਧਾਈ ਦਿੱਤੀ।ਪੰਜਾਬੀ ਸਿਨੇਮਾ ਦੇ ਸਿਤਾਰਿਆਂ ਨੂੰ ਸਨਮਾਨਿਤ ਕਰਦਿਆਂ ਡੀਬੀਯੂ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਨੇ ਉਨ੍ਹਾਂ ਦੇ ਕਲਾਤਮਕ ਯੋਗਦਾਨ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਪੰਜਾਬੀ ਸਿਨੇਮਾ ਅਤੇ ਸੰਗੀਤ ਨੇ ਨਾ ਸਿਰਫ਼ ਭਾਰਤ ਵਿੱਚ, ਸਗੋਂ ਵਿਸ਼ਵ ਪੱਧਰ 'ਤੇ ਵੀ ਵੱਡੀ ਪਛਾਣ ਅਤੇ ਸਨਮਾਨ ਹਾਸਲ ਕੀਤਾ ਹੈ।

## ਐੱਸ ਸੀ ਲਈ ਮੁਫ਼ਤ ਡੇਅਰੀ ਸਿਖਲਾਈ ਕੋਰਸ 14 ਤੋਂ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਖੇਤੀ ਖੇਤਰ 'ਚ ਵਿਭਿੰਨਤਾ ਲਿਆਉਣ ਦੇ ਮਕਸਦ ਨਾਲ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਨੂੰ ਖੇਤੀਬਾੜੀ ਦੇ ਨਾਲ-ਨਾਲ ਸਹਾਇਕ ਧੰਦੇ ਲਈ ਪ੍ਰੇਰਿਤ ਕਰਨ ਵਾਸਤੇ ਸਕੀਮ ਦੀ ਸ਼ੁਰੂਆਤ ਪੂਰੇ ਪੰਜਾਬ 'ਚ ਕੀਤੀ ਗਈ ਹੈ। ਇਸ ਤਹਿਤ ਡੇਅਰੀ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਮਾਨਸਾ ਵਿਖੇ ਐਸ ਸੀ. ਸਿਖਿਆਰਥੀਆਂ ਵਾਸਤੇ ਮੁਫਤ ਡੇਅਰੀ ਸਿਖਲਾਈ ਕੋਰਸ 14 ਤੋਂ 25 ਸਤੰਬਰ, ਤੱਕ ਡੇਅਰੀ ਸਿਖਲਾਈ ਕੇਂਦਰ ਸਰਦੂਲਗੜ੍ਹ (ਮਾਨਸਾ) ਵਿਖੇ ਸ਼ੁਰੂ ਕੀਤਾ ਜਾ ਰਿਹਾ ਹੈ।ਡਿਪਟੀ ਡਾਇਰੈਕਟਰ ਡੇਅਰੀ, ਦੀਪਕ ਵਰਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਅਧੀਨ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਨੂੰ ਦੋ ਹਫਤੇ ਦੀ ਮੁਫ਼ਤ ਡੇਅਰੀ ਸਿਖਲਾਈ ਦੇ ਨਾਲ-ਨਾਲ 3500/-ਰੁਪਏ ਵਜੀਫਾ ਵੀ ਦਿੱਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਡੇਅਰੀ ਦਾ ਕਿੱਤਾ ਕਰਨ ਦੇ ਚਾਹਵਾਨ ਅਨੁਸੂਚਿਤ ਜਾਤੀ ਨਾਲ ਸਬੰਧਿਤ ਉਮੀਦਵਾਰਾਂ ਦੀ ਉਮਰ 18 ਤੋਂ 55 ਸਾਲ ਹੋਣੀ ਚਾਹੀਦੀ ਹੈ, ਉਮੀਦਵਾਰ ਪੰਜਾਬ ਦਾ ਵਸਨੀਕ ਹੋਣਾ ਚਾਹੀਦਾ ਹੈ, ਪੇਂਡੂ ਪਿਛੋਕੜ ਵਾਲੇ ਉਮੀਦਵਾਰ ਘੱਟੋ-ਘੱਟ 5ਵੀਂ ਪਾਸ ਹੋਣੇ ਚਾਹੀਦੇ ਹਨ।

## ਦਸਮੇਸ਼ ਮਿਸ਼ਨ ਸਕੂਲ ਹਰੀਨੌਂ ਦੀ ਵਿਦਿਆਰਥਣ ਦੀ ਸਟੈਨਫੋਰਡ ਯੂਨੀਵਰਸਿਟੀ ਅਮਰੀਕਾ 'ਚ ਪੀ ਐੱਚ ਡੀ ਲਈ ਹੋਈ ਚੋਣ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀਨੌਂ ਦੀ ਹੋਣਹਾਰ ਵਿਦਿਆਰਥਣ ਗਗਨਦੀਪ ਸ਼ਰਮਾ ਨੇ ਆਪਣੀ ਮਿਹਨਤ ਲਗਨ ਅਤੇ ਵਿੱਦਿਅਕ ਪ੍ਰਤਿਭਾ ਦੇ ਬਲਬੂਤੇ ਉੱਤੇ ਸਟੈਨਫੋਰਡ ਯੂਨੀਵਰਸਿਟੀ, ਅਮਰੀਕਾ ਵਿੱਚ ਪੀ.ਐਚ.ਡੀ. ਲਈ ਚੋਣ ਹੋਣ ਨਾਲ ਆਪਣੇ ਪਰਵਾਰ, ਇਸ ਸੰਸਥਾ, ਪਿੰਡ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਸਕੂਲ ਦੇ ਐਮ ਡੀ ਬਲਜੀਤ ਸਿੰਘ ਨੇ ਦੱਸਿਆ ਕਿ ਗਗਨਦੀਪ ਸ਼ਰਮਾ ਨੇ ਇਸ ਸੰਸਥਾ ਤੋਂ ਨਰਸਰੀ ਤੋਂ 12ਵੀਂ ਤੱਕ ਦੀ ਵਿੱਦਿਆ ਹਾਸਿਲ ਕੀਤੀ, ਜਿਸ ਦੌਰਾਨ ਉਸਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਦਸਵੀਂ ਕਲਾਸ ਦੇ ਨਤੀਜੇ ਵਿੱਚ ਫਰੀਦਕੋਟ ਜ਼ਿਲ੍ਹੇ ਵਿੱਚੋਂ ਤੀਜਾ ਸਥਾਨ ਹਾਸਿਲ ਕੀਤਾ।ਉਨ੍ਹਾਂ ਦੱਸਿਆ ਕਿ ਸਾਲ 2020-21 ਵਿੱਚ ਬਾਰਵੀਂ ਨਾਨ ਮੈਡੀਕਲ ਵਿੱਚ ਉਸਨੇ ਪੂਰੇ ਪੰਜਾਬ ਵਿੱਚੋਂ ਪਹਿਲਾ ਸਥਾਨ ਹਾਸਿਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਦੀ ਵਿਦਿਆਰਥਣ ਗਗਨਦੀਪ ਸ਼ਰਮਾ ਦੀ ਇਸ ਮਾਣਮੱਤੀ ਪ੍ਰਾਪਤੀ ਨਾਲ ਪਿੰਡ ਹਰੀਨੌਂ ਵਿੱਚ ਖੁਸ਼ੀ ਦੀ ਲਹਿਰ ਹੈ।ਪਰਵਾਰਕ ਮੈਂਬਰਾਂ ਅਧਿਆਪਕਾਂ ਅਤੇ ਪਿੰਡ ਵਾਸੀਆਂ ਨੇ ਗਗਨਦੀਪ ਨੂੰ ਇਹ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੰਦਿਆਂ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ।ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਗਗਨਦੀਪ ਨੇ ਆਪਣੀ ਮਿਹਨਤ ਤੇ ਲਗਨ ਨਾਲ ਇਹ ਮੁਕਾਮ ਹਾਸਿਲ ਕਰਕੇ ਇਹ ਸਾਬਿਤ ਕੀਤਾ ਹੈ ਕਿ ਦ੍ਰਿੜ ਇਰਾਦੇ ਅਤੇ ਸਖਤ ਮਿਹਨਤ ਨਾਲ ਵਿਦਿਆਰਥੀ ਵਿਸ਼ਵ ਪੱਧਰ ਉੱਤੇ ਆਪਣੀ ਪਛਾਣ ਬਣਾ ਸਕਦੇ ਹਨ, ਉਸ ਦੀ ਇਹ ਪ੍ਰਾਪਤੀ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੀ ਹੈ।

# ਦੋ ਏ ਕੇ-47 ਰਾਈਫਲਾਂ ਤੇ 50 ਜ਼ਿੰਦਾ ਕਾਰਤੂਸਾਂ ਸਮੇਤ ਤਿੰਨ ਕਾਬੂ



**ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)**- ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਦੋ ਏ.ਕੇ.-47 ਰਾਈਫਲਾਂ, ਤਿੰਨ ਮੈਗਜ਼ੀਨਾਂ ਤੇ 50 ਜ਼ਿੰਦਾ ਕਾਰਤੂਸਾਂ ਸਮੇਤ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਮੁਖ ਸਿੰਘ (27) ਵਾਸੀ ਪਿੰਡ ਚਾਟੀਵਿੰਡ, ਅੰਮ੍ਰਿਤਸਰ ਦਿਹਾਤੀ, ਪਾਰਸਦੀਪ ਸਿੰਘ (26) ਵਾਸੀ ਭਾਈ ਮੰਝ ਰੋਡ ਅੰਮ੍ਰਿਤਸਰ ਤੇ ਗੁਰਜੰਟ ਸਿੰਘ (24) ਵਾਸੀ ਪਿੰਡ ਜੋੜ ਸਿੰਘ ਵਾਲਾ, ਤਰਨ ਤਾਰਨ ਵਜੋਂ ਹੋਈ ਹੈ।

ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁਢਲੀ ਤਫ਼ਤੀਸ਼ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਦੇਸ਼ ਬੈਠੇ ਇਕ ਹਥਿਆਰ ਤਸਕਰ ਦੇ ਸੰਪਰਕ 'ਚ ਸਨ ਅਤੇ ਅਪਰਾਧਕ ਅਨਸਰਾਂ ਨੂੰ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਨ 'ਚ ਸ਼ਾਮਲ ਸਨ। ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਕਮਿਸ਼ਨਰ ਆਫ ਪੁਲਸ (ਸੀ.ਪੀ.) ਅੰਮ੍ਰਿਤਸਰ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਖ਼ੁਫ਼ੀਆ ਇਤਲਾਹ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਦੋ ਸ਼ੱਕੀ ਵਿਅਕਤੀਆਂ ਗੁਰਮੁਖ ਸਿੰਘ ਤੇ ਪਾਰਸਦੀਪ ਸਿੰਘ ਨੂੰ ਦੋ ਏ.ਕੇ.-47 ਰਾਈਫਲਾਂ, ਤਿੰਨ ਮੈਗਜ਼ੀਨਾਂ ਤੇ 50 ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਸੀ.ਪੀ. ਨੇ ਦੱਸਿਆ ਕਿ ਅਗਲੇਰੀ ਜਾਂਚ ਦੌਰਾਨ ਗ੍ਰਿਫ਼ਤਾਰ ਮੁਲਜ਼ਮਾਂ ਨੇ ਖ਼ੁਲਾਸਾ ਕੀਤਾ ਕਿ ਇਹ ਗੈਰ-ਕਾਨੂੰਨੀ ਹਥਿਆਰ ਗੁਰਜੰਟ ਸਿੰਘ ਰਾਹੀਂ ਹਾਸਲ ਕੀਤੇ ਗਏ ਸਨ। ਉਨ੍ਹਾਂ ਦੇ ਖ਼ੁਲਾਸੇ ਦੇ ਆਧਾਰ 'ਤੇ ਗੁਰਜੰਟ ਸਿੰਘ ਨੂੰ ਮਾਮਲੇ 'ਚ ਨਾਮਜ਼ਦ ਕਰਕੇ ਪੁਲਿਸ ਨੇ ਉਸ ਨੂੰ ਵੀ ਗ੍ਰਿਫ਼ਤਾਰ ਕਰ ਲਿਆ। ਇਸ ਸਬੰਧੀ ਥਾਣਾ ਛੇਹਰਟਾ ਅੰਮ੍ਰਿਤਸਰ ਵਿਚ ਐੱਫ.ਆਈ.ਆਰ. ਦਰਜ ਕੀਤੀ ਗਈ ਹੈ।

# 12 ਤੇ 13 ਨੂੰ ਪਠਾਨਕੋਟ ਵਿਖੇ ਹੋਵੇਗਾ 'ਹਮਾਰੇ ਰਾਮ' ਨਾਟਕ ਦਾ ਮੰਚਨ

ਪਠਾਨਕੋਟ (ਦਵਿੰਦਰ ਸਿੰਘ)- ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਵਿੱਚ ਭਾਈਚਾਰਕ ਸਾਂਝ, ਏਕਤਾ ਅਤੇ ਸਦਭਾਵਨਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕਰਵਾਏ ਜਾ ਰਹੇ 'ਹਮਾਰੇ ਰਾਮ' ਨਾਟਕ ਦੇ ਪਠਾਨਕੋਟ ਵਿਖੇ ਹੋਣ ਵਾਲੇ ਮੰਚਨ ਸਬੰਧੀ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ, ਪਠਾਨਕੋਟ ਦੇ ਮੀਟਿੰਗ ਹਾਲ ਵਿਖੇ ਪ੍ਰੈਸ ਕਾਨਫਰੰਸ ਕੀਤੀ ਗਈ। ਪ੍ਰੈਸ ਕਾਨਫਰੰਸ ਦੀ ਪ੍ਰਧਾਨਗੀ ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਕੀਤੀ ਗਈ। ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ, ਸਵਰਨ ਸਲਾਰੀਆ, ਹਲਕਾ ਇੰਚਾਰਜ ਸੁਜਾਨਪੁਰ-ਕਮ-ਚੇਅਰਮੈਨ ਰਾਜਪੂਤ ਕਲਿਆਣ ਬੋਰਡ ਪੰਜਾਬ ਅਤੇ ਰੋਹਿਤ ਸਿਆਲ ਹਲਕਾ ਇੰਚਾਰਜ ਪਠਾਨਕੋਟ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਡਿਪਟੀ ਕਮਿਸ਼ਨਰ ਡਾ. ਪੱਲਵੀ ਨੇ ਪ੍ਰੈਸ ਕਾਨਫਰੰਸ ਵਿੱਚ ਪਹੁੰਚੇ ਸਮੂਹ ਮਹਿਮਾਨਾਂ ਅਤੇ ਮੀਡੀਆ ਪ੍ਰਤੀਨਿਧੀਆਂ ਦਾ ਸਵਾਗਤ ਕੀਤਾ। ਇਸ ਮੌਕੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਕਟਾਰੂਚੱਕ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਲੋਕਾਂ ਦੀ ਏਕਤਾ, ਭਾਈਚਾਰਕ ਸਾਂਝ ਅਤੇ ਸਾਡੇ ਗੁਰੂ ਸਾਹਿਬਾਨ ਤੇ ਮਹਾਨ ਰਹਿਬਰਾਂ ਦੀ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸਮੇਂ-ਸਮੇਂ 'ਤੇ ਵੱਖ-ਵੱਖ ਪ੍ਰੋਗਰਾਮ ਕਰਵਾਏ ਜਾਂਦੇ ਹਨ। ਇਸੇ ਕੜੀ ਤਹਿਤ 'ਹਮਾਰੇ ਰਾਮ' ਨਾਟਕ ਦਾ ਮੰਚਨ ਪੰਜਾਬ ਦੇ 12 ਸ਼ਹਿਰਾਂ ਵਿੱਚ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ 'ਹਮਾਰੇ ਰਾਮ' ਦੇ ਕੁੱਲ 41 ਸ਼ੋਅ ਕਰਵਾਏ ਜਾਣਗੇ, ਜਿਸ ਦੀ ਸ਼ੁਰੂਆਤ ਮੋਹਾਲੀ ਤੋਂ ਹੋ ਚੁੱਕੀ ਹੈ। ਪਠਾਨਕੋਟ ਵਿਖੇ ਇਹ ਨਾਟਕ 12 ਅਤੇ 13 ਸਤੰਬਰ ਨੂੰ ਪੰਡਿਤ ਦੀਨਦਿਆਲ ਉਪਾਧਿਆਏ ਆਡੀਟੋਰੀਅਮ, ਸੈਲੀ ਕੁੱਲੀਆਂ, ਪਠਾਨਕੋਟ ਵਿਖੇ ਪੇਸ਼ ਕੀਤਾ ਜਾਵੇਗਾ। ਦੋ ਸ਼ੋਅ 12 ਸਤੰਬਰ ਅਤੇ ਦੋ ਸ਼ੋਅ 13 ਸਤੰਬਰ ਨੂੰ ਕਰਵਾਏ ਜਾਣਗੇ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਨਾਟਕ ਦੀ ਮੁੱਖ ਭੂਮਿਕਾ ਅਤੇ ਸੂਤਰਧਾਰ ਦੇ ਰੂਪ ਵਿੱਚ ਪ੍ਰਸਿੱਧ ਅਦਾਕਾਰ ਆਸ਼ੂਤੋਸ਼ ਰਾਣਾ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ। ਕਟਾਰੂਚੱਕ ਨੇ ਦੱਸਿਆ ਕਿ ਪਠਾਨਕੋਟ ਵਿਖੇ ਹੋਣ ਵਾਲੇ ਇਹ ਚਾਰੇ ਸ਼ੋਅ ਲੋਕਾਂ ਲਈ ਬਿਲਕੁਲ ਮੁਫ਼ਤ ਹੋਣਗੇ ਅਤੇ ਇਸ ਲਈ ਕੋਈ ਟਿਕਟ ਫੀਸ ਨਹੀਂ ਲਈ ਜਾਵੇਗੀ। ਇਸ ਮੌਕੇ ਸ੍ਰੀ ਸਵਰਨ ਸਲਾਰੀਆ ਨੇ ਕਿਹਾ ਕਿ 'ਹਮਾਰੇ ਰਾਮ' ਪੰਜਾਬ ਸਰਕਾਰ ਦੀ ਇੱਕ ਮਹੱਤਵਪੂਰਨ ਪਹਿਲਕਦਮੀ ਹੈ।ਇਸੇ ਤਰ੍ਹਾਂ ਰੋਹਿਤ ਸਿਆਲ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਠਾਨਕੋਟ ਜ਼ਿਲ੍ਹੇ ਵਿੱਚ ਸੱਭਿਆਚਾਰਕ ਅਤੇ ਧਾਰਮਿਕ ਵਿਰਾਸਤ ਨਾਲ ਜੁੜੇ ਕਈ ਮਹੱਤਵਪੂਰਨ ਪ੍ਰੋਗਰਾਮ ਕਰਵਾਏ ਜਾ ਰਹੇ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਸੈਣੀ, ਸਕੱਤਰ ਵੀ ਸੀ ਸੈੱਲ ਮਾਝਾ ਜ਼ੋਨ ਪੰਜਾਬ ਸੌਰਭ ਬਹਿਲ ਚੇਅਰਮੈਨ ਨਗਰ ਸੁਧਾਰ ਟਰੱਸਟ ਪਠਾਨਕੋਟ, ਖੁਸ਼ਬੀਰ ਕਾਟਲ ਚੇਅਰਮੈਨ, ਪਵਨ ਭਾਰਦਵਾਜ ਚੇਅਰਮੈਨ ਬਲਾਕ ਸੰਮਤੀ ਘਰੋਟਾ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਹੋਰ ਅਹੁਦੇਦਾਰ ਅਤੇ ਪਤਵੰਤੇ ਹਾਜ਼ਰ ਸਨ।

# ਸ਼ੂਗਰ ਮਿੱਲ ਪਨਿਆੜ ਦੇ ਪੈਨਸ਼ਨਰਾਂ ਨੇ ਜਿੱਤ ਦੀ ਸ਼ੁਰੂਆਤ ਨਾਲ ਧਰਨਾ ਕੀਤਾ ਮੁਲਤਵੀ



**ਧਾਰੀਵਾਲ (ਮਨਦੀਪ ਵਿੱਕੀ)**- 9 ਸਤੰਬਰ ਤੋਂ ਅਣਮਿੱਥੇ ਸਮੇਂ ਲਈ ਸ਼ੁਰੂ ਕੀਤੇ ਗਏ ਧਰਨੇ ਦੇ ਦੂਜੇ ਧਰਨੇ ਦੀ ਅਗਵਾਈ ਅਸ਼ਵਨੀ ਕੁਮਾਰ ਲੱਖਣ ਕਲਾਂ, ਗੁਰਪਿੰਦਰ ਸਿੰਘ ਨਾਨੋਵਾਲ, ਮਨਜਿੰਦਰ ਸਿੰਘ ਪਾਹੜਾ, ਅਤੇ ਅਸ਼ੋਕ ਕੁਮਾਰ ਨੇ ਕੀਤੀ। ਅੱਜ ਦੇ ਧਰਨੇ ਵਿੱਚ ਭਰਾਤਰੀ ਜਥੇਬੰਦੀਆਂ ਦੇ ਆਗੂ ਜਿਨ੍ਹਾਂ ਵਿਚ ਭੱਠਾ ਮਜ਼ਦੂਰ ਵੱਲੋਂ ਪਰੇਮ ਮਸੀਹ ਸੋਨਾ ਅਤੇ ਜੋਗਿੰਦਰ ਪਾਲ ਲੇਹਲ। ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਗੁਰਵਿੰਦਰ ਸਿੰਘ ਜੀਵਨਚੱਕ, ਬਲਬੀਰ ਸਿੰਘ ਪੀਰਾਂ ਬਾਗ਼, ਕਿਰਤੀ ਕਿਸਾਨ ਯੂਨੀਅਨ ਵੱਲੋਂ ਤਰਲੋਕ ਸਿੰਘ ਬਹਿਰਾਮਪੁਰ, ਚੰਨਣ ਸਿੰਘ ਦੋਰਾਂਗਲਾ, ਕੁੱਲ ਹਿੰਦ ਕਿਸਾਨ ਸਭਾ ਵੱਲੋਂ, ਤਰਲੋਕ ਸਿੰਘ ਆਦਿ ਸ਼ਾਮਲ ਹੋਏ। ਜ਼ਿਕਰਯੋਗ ਹੈ ਕਿ ਰਿਟਾਇਰ ਕਰਮਚਾਰੀਆਂ ਦਾ 1/1/2016 ਤੋਂ 30/6/21ਤੱਕ ਦਾ ਪੇ ਕਮਿਸ਼ਨ ਦਾ ਏਰੀਅਰ ਬਕਾਇਆ ਹੈ ਜਿਹੜਾ ਕਿ ਅਜੇ ਤੱਕ ਨਹੀਂ ਦਿੱਤਾ ਗਿਆ। ਮਿੱਲ ਪ੍ਰਬੰਧਕਾਂ ਨਾਲ ਮੀਟਿੰਗਾਂ ਕਰਨ ਦੇ ਬਾਵਜੂਦ ਮਿੱਲ ਪ੍ਰਬੰਧਕਾਂ ਵੱਲੋਂ ਟਾਲ ਮਟੋਲ ਦੀ ਨੀਤੀ ਜਾਰੀ ਹੈ। ਜਿਸ ਕਾਰਨ 9 ਸਤੰਬਰ ਤੋਂ ਅਣਮਿੱਥੇ ਸਮੇਂ ਦਾ ਧਰਨਾ ਸ਼ੁਰੂ ਕਰ ਦਿੱਤਾ ਗਿਆ ।ਵੀਰਵਾਰ ਜਨਰਲ ਮੈਨੇਜਰ ਸ਼ੂਗਰ ਮਿੱਲ ਪਨਿਆੜ ਨੇ ਫਿਰ ਮੀਟਿੰਗ ਬੁਲਾਈ ਅਤੇ ਫੈਸਲਾ ਹੋਇਆ ਕਿ ਰਿਟਾਇਰ ਕਰਮਚਾਰੀਆਂ ਦੇ ਬੈਂਕ ਖਾਤਿਆਂ ਵਿਚ ਇਕ ਦੋ ਦਿਨਾਂ ਵਿਚ 10 ਲੱਖ ਤੱਕ ਦਾ ਬਕਾਇਆ ਪਾ ਦਿੱਤਾ ਜਾਵੇਗਾ। ਬਕਾਏ ਦੇ ਬਾਕੀ ਪੈਸੇ ਖੰਡ ਵਿਕਣ ਤੋਂ ਬਾਅਦ ਖਾਤਿਆਂ ਵਿਚ ਜਮ੍ਹਾ ਕਰਵਾ ਦਿੱਤੇ ਜਾਣਗੇ। ਜਨਰਲ ਮੈਨੇਜਰ ਨੇ ਇਹ ਭਰੋਸਾ ਪੈਨਸ਼ਨਰਾਂ ਦੀ ਹਾਜ਼ਰੀ ਵਿੱਚ ਦਿੱਤਾ। ਅਸ਼ਵਨੀ ਕੁਮਾਰ ਨੇ ਸਾਰੀਆਂ ਜਥੇਬੰਦੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੇਕਰ ਜਨਰਲ ਮੈਨੇਜਰ ਆਪਣੀ ਗੱਲਬਾਤ ਤੋਂ ਮੁੱਕਰਿਆ ਤਾਂ ਵੱਡਾ ਸੰਘਰਸ਼ ਕੀਤਾ ਜਾਵੇਗਾ। ਧਰਨੇ ਵਿੱਚ ਭਰਾਤਰੀ ਜਥੇਬੰਦੀਆਂ ਤੋਂ ਇਲਾਵਾ ਹੋਰ ਬਹੁਤ ਸਾਰੇ ਵਰਕਰ ਸ਼ਾਮਲ ਹੋਏ ਜਿਨ੍ਹਾਂ ਵਿਚ ਸਾਧਾ ਸਿੰਘ, ਪਰਸ ਰਾਮ, ਅਮਰਜੀਤ ਸਿੰਘ ਕਲਾਨੌਰ, ਬਲਵਿੰਦਰ ਸਿੰਘ , ਨਿਰਮਲ ਸਿੰਘ, ਜਸਪਾਲ ਸਿੰਘ, ਲਖਵਿੰਦਰ ਸਿੰਘ, ਸੰਤੋਖ ਸਿੰਘ, ਸੁਰਿੰਦਰ ਪਾਲ, ਅਜੀਤ ਰਾਮ, ਬਲਕਾਰ ਸਿੰਘ, ਜੋਗਿੰਦਰ ਸਿੰਘ, ਹਰਬੰਸ ਸਿੰਘ, ਬਲਦੇਵ ਸਿੰਘ, ਰਾਮ ਕਿਸ਼ਨ, ਕਿਸ਼ਨ ਚੰਦ, ਬਲਕਾਰ ਸਿੰਘ, ਧਰਮਪਾਲ, ਜਨਕ ਰਾਜ, ਹੀਰਾ ਲਾਲ, ਹਰਭਿੰਦਰ ਸਿੰਘ ਅਤੇ ਹੋਰ ਪੰਜਾਹ ਵਰਕਰਾਂ ਨੇ ਹਿੱਸਾ ਲਿਆ।

## ਧਾਰਮਿਕ ਪ੍ਰੀਖਿਆ 'ਚ ਅੱਵਲ ਰਹਿਣ ਵਾਲੇ ਵਿਦਿਆਰਥੀ ਸਨਮਾਨਤ



ਮਜੀਠਾ (ਸੋਇਮ ਆਨੰਦ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋ ਸਕੂਲੀ ਵਿਦਿਆਰਥੀਆਂ ਨੂੰ ਧਾਰਮਿਕ ਸਿੱਖਿਆ ਦੇ ਨਾਲ ਜੋੜਨ ਵਾਸਤੇ ਸਾਲਾਨਾ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ। ਸੈਸ਼ਨ 2025 ਵਿਚ ਲਈ ਗਈ ਇਸ ਧਾਰਮਿਕ ਪ੍ਰੀਖਿਆ ਵਿੱਚ ਗੁਰੂ ਨਾਨਕ ਮਾਡਲ ਸਕੂਲ ਮਜੀਠਾ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ। ਜਿਸ ਤਹਿਤ ਸਕੂਲ ਦੇ ਵਿਦਿਆਰਥੀਆਂ ਨੇ ਚੰਗੀ ਕਾਰਗੁਜ਼ਾਰੀ ਦਿਖਾਉਂਦੇ ਹੋਏ ਮੈਰਿਟ ਅਤੇ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕੀਤੀਆਂ। ਅੱਵਲ ਰਹਿਣ ਵਾਲੇ ਇਨ੍ਹਾਂ ਵਿਦਿਆਰਥੀਆਂ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਤਗਮੇ ਤੇ ਸਰਟੀਫਿਕੇਟ ਭੇਜੇ ਗਏ ਜਿਹੜੇ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਭਾਈ ਗੁਰਵਿੰਦਰ ਸਿੰਘ ਨੇ ਸਕੂਲ ਵਿਚ ਲਿਆ ਕੇ ਤਕਸੀਮ ਕੀਤੇ। ਇਸ ਮੌਕੇ ਸਕੂਲ ਵਿਚ ਰੱਖੇ ਵਿਸ਼ੇਸ਼ ਸਮਾਗਮ ਦੌਰਾਨ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਚਾਰਕ ਗੁਰਵਿੰਦਰ ਸਿੰਘ, ਪ੍ਰਿੰਸੀਪਲ ਜੋਗਾ ਸਿੰਘ ਅਠਵਾਲ, ਮੈਡਮ ਰਤਨਜੋਤ ਕੌਰ, ਤਾਨੀਆ, ਪੂਜਾ, ਪੂਨਮ, ਹਰਪ੍ਰੀਤ ਕੌਰ, ਲਵਪ੍ਰੀਤ ਕੌਰ, ਆਦਿ ਹਾਜਰ ਸਨ।

## ਮਨੀ ਮਹੇਸ਼ ਤੀਰਥ ਅਸਥਾਨ ਦੇ ਲੰਗਰਾਂ ਲਈ ਰਸਦਾਂ ਦੇ ਟਰੱਕ ਰਵਾਨਾ



ਮਜੀਠਾ ( ਸੋਇਮ ਆਨੰਦ)-ਸ੍ਰੀ ਮਨੀ ਮਹੇਸ਼ ਤੀਰਥ ਯਾਤਰਾ ਵਾਸਤੇ ਹਰ ਸਾਲ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਲਈ ਜਾਂਦੀਆਂ ਹਨ ਅਤੇ ਯਾਤਰਾ ਦੇ ਸਾਰੇ ਰਸਤੇ ਵਿਚ ਸੰਗਤਾਂ ਵੱਲੋਂ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਜਾਂਦੇ ਹਨ। ਇਸ ਵਾਰ ਵੀ ਸ੍ਰੀ ਮਨੀ ਮਹੇਸ਼ ਤੀਰਥ ਯਾਤਰਾ 'ਤੇ ਜਾਣ ਵਾਲੀਆਂ ਸੰਗਤਾਂ ਦੇ ਲੰਗਰਾਂ ਵਾਸਤੇ ਸ੍ਰੀ ਮਨੀ ਮਹੇਸ਼ ਲੰਗਰ ਕਮੇਟੀ ਮਜੀਠਾ ਅਤੇ ਸ੍ਰੀ ਬਾਵਾ ਲਾਲ ਮੰਦਰ ਕਮੇਟੀ ਮਜੀਠਾ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਰਸਦਾਂ ਦੇ ਟਰੱਕ ਰਵਾਨਾ ਕੀਤੇ ਗਏ। ਸੇਵਾਦਾਰ ਨਰਿੰਦਰ ਕੁਮਾਰ ਕਾਨੂੰਗੋ ਨੇ ਦੱਸਿਆ ਕਿ ਹਰ ਸਾਲ ਮਜੀਠਾ ਦੀਆਂ ਸੰਗਤਾਂ ਵੱਲੋਂ ਹਿਮਾਚਲ ਪ੍ਰਦੇਸ਼ ਵਿਚ ਗੋਲੀ ਚੰਬਾ ਰੋਡ 'ਤੇ ਸਥਿਤ ਵਿਸ਼ਾਲ ਲੰਗਰ ਲਗਾਏ ਜਾਂਦੇ ਹਨ। ਇਸ ਵਾਰ ਇਹ ਗਿਆਰ੍ਹਵਾਂ ਲੰਗਰ ਲਗਾਇਆ ਜਾਣਾ ਹੈ। ਜਿਸ ਵਿਚ ਲੰਗਰ ਦੀਆਂ ਰਸਦਾਂ ਟਰੱਕਾਂ ਰਾਹੀ ਰਵਾਨਾ ਕੀਤੀਆਂ ਗਈਆਂ ਹਨ।ਟਰੱਕ ਰਵਾਨਾ ਕਰਨ ਵਕਤ ਪੰਡਤ ਮਨੋਜ ਕੁਮਾਰ ਵੱਲੋਂ ਨਾਰੀਅਲ ਤੋੜ ਕੇ ਰਸਦਾਂ ਦੇ ਟਰੱਕ ਰਵਾਨਾ ਕੀਤੇ ਗਏ। ਜਿਸ ਵਿਚ ਲੰਗਰ ਤਿਆਰ ਕਰਨ ਵਾਲੀ ਸੁੱਕੀ ਸਮੱਗਰੀ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਇਹ ਲੰਗਰ 20 ਸਤੰਬਰ ਤੱਕ ਲਗਾਤਾਰ ਨਿਰੰਤਰ ਚਲਦੇ ਰਹਿਣਗੇ। ਟਰੱਕ ਰਵਾਨਾ ਕਰਨ ਵਕਤ ਸੰਗਤਾਂ ਵਿਚ ਪੰਡਤ ਮਨੋਜ ਕੁਮਾਰ, ਯੋਗੀ ਦਿਆਲ ਨਾਥ, ਨਰਿੰਦਰ ਕੁਮਾਰ ਕਾਨੂੰਗੋ ਮਿੰਕੂ ਨਈਅਰ, ਡਾ. ਬਲਰਾਜ ਸ਼ਰਮਾ, ਨਰਿੰਦਰ ਪੁਰੀ, ਰਾਜੀਵ ਵਰਮਾ, ਰਵਿੰਦਰ ਕੁਮਾਰ ਕਪਾਹੀ, ਅਮਨ ਬਬੂਟਾ, ਰਾਜ ਕਿਰਨ ਰਾਜੂ, ਵਿੱਕੀ ਨਈਅਰ, ਸਾਬ ਸਿੰਘ, ਰਾਜਨ ਸ਼ਰਮਾ, ਅਰਜਨ, ਬਲਜੀਤ ਸਿੰਘ, ਅਜੀਤ ਸਿੰਘ, ਰਮਨ ਆਦਿ ਸੇਵਾਦਾਰ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਜ਼ਿਲ੍ਹੇ 'ਚ 5 ਡਰੋਨ ਸ਼ੋਅ ਕਰਵਾਏ ਜਾਣਗੇ : ਡੀ ਸੀ



**ਗੁਰਦਾਸਪੁਰ (ਦਿਨੇਸ਼ ਕੁਮਾਰ)** -ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦਾਸਪੁਰ ਜ਼ਿਲ੍ਹੇ ਵਿੱਚ 5 ਡਰੋਨ ਸ਼ੋਅ ਕਰਵਾਏ ਜਾਣਗੇ। ਇਹ ਜਾਣਕਾਰੀ ਆਦਿਤਿਆ ਉੱਪਲ, ਡਿਪਟੀ ਕਮਿਸ਼ਨਰ ਵੱਲੋਂ ਕਾਨਫਰੰਸ ਹਾਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਕਰਨ ਦੌਰਾਨ ਦਿੱਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਗੁਰਦਾਸਪੁਰ ਵਿਖੇ 5 ਡਰੋਨ ਸ਼ੋਅ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ 28 ਸਤੰਬਰ ਨੂੰ ਗੁਰਦਾਸਪੁਰ ਵਿਖੇ, 29 ਸਤੰਬਰ ਨੂੰ ਦੀਨਾਨਗਰ ਵਿਖੇ, 30 ਸਤੰਬਰ ਨੂੰ ਕਾਦੀਆਂ ਵਿਖੇ, 1 ਅਕਤੂਬਰ ਨੂੰ ਬਟਾਲਾ ਅਤੇ 2 ਅਕਤੂਬਰ ਨੂੰ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਡਰੋਨ ਸ਼ੋਅ ਕਰਵਾਇਆ ਜਾਵੇਗਾ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪੁਲਸ, ਪਾਵਰਕਾਮ, ਫਾਇਰ ਬ੍ਰਿਗੇਡ, ਸਿਹਤ, ਪੀ.ਡਬਲਯੂ.ਡੀ, ਵਾਟਰ ਸਪਲਾਈ ਅਤੇ ਸੈਨੀਟੇਸ਼ਨ, ਮੰਡੀ ਬੋਰਡ, ਮਾਰਕਿਟ ਕਮੇਟੀਆਂ ਸਮੇਤ ਵੱਖ-ਵੱਖ ਵਿਭਾਗਾਂ ਨੂੰ ਡਰੋਨ ਸ਼ੋਅ ਸੰਬੰਧੀ ਤਿਆਰੀਆਂ ਸਮੇਂ ਸਿਰ ਮੁਕੰਮਲ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ।ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਡਰੋਨ ਸ਼ੋਅ ਵਿਚ ਸ਼ਾਨਦਾਰ ਦ੍ਰਿਸ਼ਾਂ ਦੇ ਜ਼ਰੀਏ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ ਨੂੰ ਪੇਸ਼ ਕੀਤਾ ਜਾਵੇਗਾ।ਇਸ ਮੌਕੇ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ ), ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ), ਅਸ਼ੋਕ ਕੁਮਾਰ ਐੱਸ.ਡੀ.ਐਮ ਗੁਰਦਾਸਪੁਰ, ਸਾਰੰਗਪ੍ਰੀਤ ਸਿੰਘ ਔਜਲਾ ਐੱਸ.ਡੀ.ਐਮ ਬਟਾਲਾ, ਗਗਨਦੀਪ ਸਿੰਘ ਐੱਸ.ਡੀ.ਐਮ ਦੀਨਾਨਗਰ, ਪ੍ਰੋਫੈਸਰ ਰਾਜ ਕੁਮਾਰ ਸ਼ਰਮਾ ਸਕੱਤਰ ਜ਼ਿਲ੍ਹਾ ਹੈਰੀਟੇਜ ਸੁਸਾਇਟੀ, ਡੀ.ਡੀ.ਪੀ.ਓ ਹਰਪ੍ਰੀਤ ਸਿੰਘ, ਤੇਜਿੰਦਰਪਾਲ ਸਿੰਘ ਡੀ.ਐੱਸ.ਪੀ ਬਟਾਲਾ, ਡਾ. ਮਹੇਸ਼ ਪ੍ਰਭਾਕਰ ਸਿਵਲ ਸਰਜਨ, ਪਰਮਿੰਦਰ ਸਿੰਘ ਸੈਨੀ ਪ੍ਰੋਗਰਾਮ ਅਫਸਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਵਿਧਾਇਕ ਡਾ. ਗੁਪਤਾ ਵੱਲੋਂ ਨਗਰ ਨਿਗਮ ਅਧਿਕਾਰੀਆਂ ਨਾਲ ਮੀਟਿੰਗ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਕੇਂਦਰੀ ਵਿਧਾਨ ਸਭਾ ਹਲਕੇ ਦੀ ਨੁਮਾਇੰਦਗੀ ਕਰਨ ਵਾਲੇ ਵਿਧਾਇਕ ਡਾ. ਅਜੇ ਗੁਪਤਾ ਨੇ ਨਗਰ ਨਿਗਮ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਇਲਾਕੇ ਵਿੱਚ ਵਿਕਾਸ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਪੂਰਾ ਕਰਨ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਵਿਧਾਇਕ ਡਾ. ਗੁਪਤਾ ਨੇ ਦੱਸਿਆ ਕਿ ਨਗਰ ਨਿਗਮ ਅਧਿਕਾਰੀਆਂ ਨਾਲ ਹਰ ਮਹੀਨੇ ਇੱਕ ਸਮੀਖਿਆ ਮੀਟਿੰਗ ਕੀਤੀ ਜਾਂਦੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਜਨਤਾ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸੀਵਰੇਜ ਦੀਆਂ ਸਮੱਸਿਆਵਾਂ, ਖਾਸ ਕਰਕੇ ਹਲਕੇ ਦੇ ਖੇਤਰਾਂ ਵਿੱਚ, ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਗਿਆ ਹੈ। ਹਲਕੇ ਵਿੱਚ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਵੀ ਤੇਜ਼ੀ ਨਾਲ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਵਿਧਾਇਕ ਡਾ. ਗੁਪਤਾ ਨੇ ਦੱਸਿਆ ਕਿ ਰੰਗਲਾ ਪੰਜਾਬ-3 ਅਧੀਨ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ 5 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟ ਸ਼ੁਰੂ ਕੀਤੇ ਜਾਣੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਲਈ ਟੈਂਡਰ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਲਗਭਗ 1 ਕਰੋੜ ਰੁਪਏ ਦੇ ਸਿਵਲ ਵਿਕਾਸ ਪ੍ਰੋਜੈਕਟ ਮਨਜ਼ੂਰ ਕੀਤੇ ਗਏ ਹਨ। ਕੇਂਦਰੀ ਵਿਧਾਨ ਸਭਾ ਹਲਕੇ ਦੇ ਪਾਰਕਾਂ ਦਾ ਸੁੰਦਰੀਕਰਨ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਢਾਬ ਖਟੀਕਾਂ ਮਹਿਲਾ ਹਸਪਤਾਲ ਵਿਖੇ ਨੌਜਵਾਨਾਂ ਲਈ ਖੇਡ ਦੇ ਮੈਦਾਨ ਨੂੰ ਬਣਾਉਣ ਅਤੇ ਜਿੰਮ ਬਣਾਉਣ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ। ਵਿਧਾਇਕ ਡਾ. ਅਜੇ ਗੁਪਤਾ ਨੇ ਦੱਸਿਆ ਕਿ ਲਾਹੌਰੀ ਗੇਟ ਸੀਵਰੇਜ ਸਿਸਟਮ 'ਤੇ ਲਗਭਗ 3 ਕਰੋੜ ਦੀ ਲਾਗਤ ਨਾਲ ਵਿਕਾਸ ਕਾਰਜ ਅਗਲੇ ਹਫ਼ਤੇ ਸ਼ੁਰੂ ਹੋ ਜਾਣਗੇ। ਇਸ ਨਾਲ ਪੀਣ ਵਾਲੇ ਪਾਣੀ ਦੀ ਘਾਟ ਅਤੇ ਸੀਵਰੇਜ ਵਾਲੇ ਖੇਤਰਾਂ ਦੇ ਵਸਨੀਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਹੋਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ 1 ਕਰੋੜ ਦੀ ਲਾਗਤ ਨਾਲ ਕੇਂਦਰੀ ਵਿਧਾਨ ਸਭਾ ਹਲਕੇ ਦੇ ਅੰਦਰ ਤਿੰਨ ਪੰਚਾਇਤਾਂ ਵਿਕਾਸ ਕਾਰਜ ਸ਼ੁਰੂ ਕੀਤੇ ਜਾ ਰਹੇ ਹਨ। ਇਸ ਮੌਕੇ ਸੁਪਰਡੈਂਟ ਇੰਜੀਨੀਅਰ ਹਰਪ੍ਰੀਤ ਸਿੰਘ, ਕਾਰਜਕਾਰੀ ਇੰਜੀਨੀਅਰ ਮਨਜੀਤ ਸਿੰਘ, ਐਸਡੀਓ ਗੁਰਪ੍ਰੀਤ ਸਿੰਘ, ਐਸਡੀਓ ਅਸ਼ੋਕ ਕੁਮਾਰ ਅਤੇ ਹੋਰ ਅਧਿਕਾਰੀ

## ਜੂਡੋ ਕਰਾਟੇ 'ਚ ਯੁਵਾਨ ਨੇ ਕਾਂਸੀ ਤਗਮਾ ਜਿੱਤਿਆ



ਬਟਾਲਾ (ਤਰਲੋਕ ਬੱਗਾ)-ਮਲੇਸ਼ੀਆ 'ਚ ਹੋਈ ਜੂਡੋ ਕਰਾਟੇ ਇੰਟਰਨੈਸ਼ਨਲ ਚੈਂਪੀਅਨਸ਼ਿਪ 'ਚ ਬਟਾਲਾ ਦੇ ਯੁਵਾਨ ਨੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਦਿਆ ਕਾਂਸੀ ਦਾ ਤਗਮਾ ਜਿੱਤਿਆ । ਜਾਣਕਾਰੀ ਦਿੰਦਿਆਂ ਯੁਵਾਨ ਦੇ ਦਾਦਾ ਅਸ਼ੋਕ ਪੁਰੀ ਨੇ ਦੱਸਿਆ ਕਿ ਪਿਛਲੇ ਦਿਨੀਂ ਮਲੇਸ਼ੀਆ 'ਚ ਜੂਡੋ ਕਰਾਟੇ ਅੰਤਰਰਾਸ਼ਟਰੀ ਚੈਂਪੀਅਨਸ਼ਿਪ ਦਾ ਆਯੋਜਨ ਹੋਇਆ ਸੀ ਜਿਸ ਵਿੱਚ ਪੰਜਾਬ ਦੇ 13 ਬੱਚਿਆਂ ਨੇ ਭਾਗ ਲਿਆ ਸੀ। ਯੁਵਾਨ ਨੇ ਇਸ ਜੂਡੋ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ 'ਤੇ ਕਾਂਸੀ ਦਾ ਤਗਮਾ ਜਿੱਤਿਆ । ਅਸ਼ੋਕ ਪੁਰੀ ਨੇ ਇਹ ਵੀ ਦੱਸਿਆ ਕਿ ਯੁਵਾਨ ਇਸ ਤੋਂ ਪਹਿਲਾਂ ਵੀ ਵੱਖ ਵੱਖ ਮੁਕਾਬਲਿਆਂ 'ਚ 9 ਸੋਨੇ ਦੇ ਤਗਮੇ, 4 ਚਾਂਦੀ ਮੈਡਲ ਅਤੇ ਤਿੰਨ ਕਾਂਸੀ ਦੇ ਤਗਮੇ ਜਿੱਤ ਚੁੱਕਿਆ ਹੈ। ਯੁਵਾਨ ਦੀ ਇਸ ਜਿੱਤ 'ਤੇ ਬਟਾਲਾ ਸ਼ਹਿਰ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਯੁਵਾਨ ਦਾ ਗਿਆਰਾਂ ਸਤੰਬਰ ਨੂੰ ਬਟਾਲਾ ਵਿਖੇ ਪਹੁੰਚਣ 'ਤੇ ਜ਼ੋਰਦਾਰ ਸਵਾਗਤ ਕੀਤਾ ਜਾਵੇਗਾ। ਇਸ ਪ੍ਰੋਗਰਾਮ ਤਹਿਤ ਪਹਿਲਾਂ ਸਵਾਗਤ ਸਥਾਨਕ ਖਜੂਰੀ ਗੇਟ ਤੇ ਦੂਸਰਾ ਰਾਮ ਤੀਰਥ ਰੋਡ ਵਿਖੇ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸ਼ਹਿਰ ਦੀਆਂ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਵੀ ਇਸ ਬੱਚੇ ਦਾ ਨਿੱਘਾ ਸਵਾਗਤ ਕੀਤਾ ਜਾਵੇਗਾ।

## ਆਰ ਡੀ ਖੋਸਲਾ ਸਕੂਲ ਦੇ ਵਿਦਿਆਰਥੀ ਚਿਰਾਗ ਸ਼ਰਮਾ ਨੂੰ ਰਾਸ਼ਟਰੀ ਯੋਗਾ ਮੁਕਾਬਲੇ ਲਈ ਚੁਣਿਆ



ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਭਾਰਤ ਸਰਕਾਰ ਦੇ ਖੇਡ ਮੰਤਰਾਲੇ ਦੁਆਰਾ ਮਾਨਤਾ ਪ੍ਰਾਪਤ ਅਤੇ ਭਾਰਤੀ ਯੋਗਾ ਫੈਡਰੇਸ਼ਨ ਨਾਲ ਸੰਬੰਧਿਤ ਪੰਜਾਬ ਰਾਜ ਯੋਗਾ ਐਸੋਸੀਏਸ਼ਨ ਦੀ ਨਿਗਰਾਨੀ ਹੇਠ 6 ਸਤੰਬਰ ਨੂੰ ਡੀ.ਸੀ.ਐਮ. ਪ੍ਰੈਜ਼ੀਡੈਂਸੀ ਸਕੂਲ, ਲੁਧਿਆਣਾ ਵਿਖੇ ਇੱਕ ਸ਼ਾਨਦਾਰ ਰਾਜ ਪੱਧਰੀ ਯੋਗਾ ਮੁਕਾਬਲਾ ਆਯੋਜਿਤ ਕੀਤਾ ਗਿਆ। ਇਸ ਵੱਕਾਰੀ ਮੁਕਾਬਲੇ ਵਿੱਚ ਗੁਰਦਾਸਪੁਰ ਜ਼ਿਲ੍ਹੇ ਦੀ ਨੁਮਾਇੰਦਗੀ ਕਰਦੇ ਹੋਏ ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਅੱਠ ਚੁਣੇ ਗਏ ਭਾਗੀਦਾਰਾਂ ਨੇ ਆਪਣੇ ਅਸਾਧਾਰਨ ਯੋਗਾ ਹੁਨਰ ਦਾ ਪ੍ਰਦਰਸ਼ਨ ਕੀਤਾ, ਜਿਸ ਨਾਲ ਪੂਰੇ ਜ਼ਿਲ੍ਹੇ ਦਾ ਨਾਮ ਰੌਸ਼ਨ ਹੋਇਆ।ਇਸ ਸਮਾਗਮ ਦੀ ਸਭ ਤੋਂ ਵੱਡੀ ਪ੍ਰਾਪਤੀ ਪ੍ਰਤਿਭਾਸ਼ਾਲੀ ਵਿਦਿਆਰਥੀ ਚਿਰਾਗ ਸ਼ਰਮਾ ਸੀ। ਉਸ ਦੇ ਅਸਾਧਾਰਨ ਪ੍ਰਦਰਸ਼ਨ ਨੂੰ ਦੇਖਦੇ ਹੋਏ ਉਸ ਨੂੰ ਰਾਸ਼ਟਰੀ ਪੱਧਰ ਦੇ ਮੁਕਾਬਲੇ ਲਈ ਚੁਣਿਆ ਗਿਆ। ਚਿਰਾਗ ਸ਼ਰਮਾ ਹੁਣ ਦਸੰਬਰ 2026 ਵਿੱਚ ਪਵਿੱਤਰ ਸ਼ਹਿਰ ਸ੍ਰੀ ਪਟਨਾ ਸਾਹਿਬ ਵਿੱਚ ਹੋਣ ਵਾਲੇ ਰਾਸ਼ਟਰੀ ਯੋਗਾ ਮੁਕਾਬਲੇ ਵਿੱਚ ਪੰਜਾਬ ਦੀ ਨੁਮਾਇੰਦਗੀ ਕਰਨਗੇ।ਸਾਰੇ ਅੱਠ ਭਾਗੀਦਾਰਾਂ ਨੇ ਮੁਕਾਬਲੇ ਵਿੱਚ ਸ਼ਾਨਦਾਰ ਸਰੀਰਕ ਅਤੇ ਮਾਨਸਿਕ ਇਕਾਗਰਤਾ ਦਿਖਾਈ, ਅਤੇ ਪ੍ਰਬੰਧਕਾਂ ਦੁਆਰਾ ਉਨ੍ਹਾਂ ਨੂੰ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ।ਇਸ ਮੁਕਾਬਲੇ ਵਿੱਚ, 12-14 ਸਾਲ ਵਰਗ (ਲੜਕੀਆਂ): ਗੁਰਲੀਨ ਕੌਰ ਅਤੇ ਜੈਸਮੀਨ ਕੌਰ, 14-16 ਸਾਲ ਵਰਗ (ਲੜਕੀਆਂ): ਮਨੂਲੀਨ ਕੌਰ ਅਤੇ ਰਾਜਵੀਰ ਕੌਰ, 16-18 ਸਾਲ ਵਰਗ (ਲੜਕੀਆਂ): ਅਨੁਰੀਤ ਕੌਰ ਮੱਲ੍ਹੀ ਅਤੇ ਖੁਸ਼ਮੀਤ ਕੌਰ ਮੱਲ੍ਹੀ,14-16 ਸਾਲ ਵਰਗ (ਲੜਕੇ): ਸਕਸ਼ਮ ਮਹਾਜਨ, 18-21 ਸਾਲ ਵਰਗ (ਲੜਕੇ): ਚਿਰਾਗ ਸ਼ਰਮਾ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਸਫਲਤਾ ਅਤੇ ਪ੍ਰਾਪਤੀ 'ਤੇ ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ।

## ਰਮਨ ਬਹਿਲ ਵੱਲੋਂ ਸਲੀਮਪੁਰ ਅਤੇ ਹਸਨਪੁਰ ਵਿਖੇ ਆਧੁਨਿਕ ਖੇਡ ਮੈਦਾਨ ਲੋਕਾਂ ਨੂੰ ਸਮਰਪਤ



ਗੁਰਦਾਸਪੁਰ (ਦਿਨੇਸ਼ ਕੁਮਾਰ)-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਪਿੰਡ ਪੱਧਰ 'ਤੇ ਖੇਡਾਂ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਵੱਲੋਂ ਪਿੰਡ ਸਲੀਮਪੁਰ ਵਿਖੇ 17 ਲੱਖ 29 ਹਜ਼ਾਰ ਰੁਪਏ ਅਤੇ ਪਿੰਡ ਹਸਨਪੁਰ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਆਧੁਨਿਕ ਖੇਡ ਮੈਦਾਨਾਂ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ 'ਨਸ਼ਿਆਂ ਨੂੰ ਨਾਂਹ, ਖੇਡਾਂ ਨੂੰ ਹਾਂ' ਦਾ ਸੁਨੇਹਾ ਘਰ-ਘਰ ਪਹੁੰਚਾਉਣਾ, ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਆਧੁਨਿਕ ਖੇਡ ਮੈਦਾਨ ਬਣਨ ਨਾਲ ਨੌਜਵਾਨਾਂ ਨੂੰ ਆਪਣੀ ਊਰਜਾ ਅਤੇ ਪ੍ਰਤਿਭਾ ਨੂੰ ਸਹੀ ਦਿਸ਼ਾ ਵਿੱਚ ਲਗਾਉਣ ਦੇ ਵਧੀਆ ਮੌਕੇ ਮਿਲਣਗੇ।ਰਮਨ ਬਹਿਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਅਤੇ ਨੌਜਵਾਨਾਂ ਦੀ ਭਲਾਈ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਅਜਿਹੇ ਉਪਰਾਲਿਆਂ ਨਾਲ ਪਿੰਡਾਂ ਵਿੱਚੋਂ ਨਵੀਂ ਖੇਡ ਪ੍ਰਤਿਭਾ ਨੂੰ ਅੱਗੇ ਆਉਣ ਦੇ ਵੱਧ ਤੋਂ ਵੱਧ ਮੌਕੇ ਮਿਲਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ 3100 ਪੇਂਡੂ ਖੇਡ ਮੈਦਾਨਾਂ ਦੀ ਉਸਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਤੰਦਰੁਸਤ ਰੱਖਣ ਦੇ ਨਾਲ-ਨਾਲ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਰਮਨ ਬਹਿਲ ਨੇ ਦੱਸਿਆ ਕਿ ਉਸਾਰੇ ਗਏ ਇਸ ਖੇਡ ਸਟੇਡੀਅਮ ਵਿੱਚ ਵਾਲੀਬਾਲ ਕੋਰਟ, ਫੈਨਸਿੰਗ, ਟਾਇਲਟ ਬਲਾਕ, ਸਟੋਰ ਰੂਮ, ਆਰ.ਸੀ.ਸੀ. ਬੈਂਚ, 26 ਫੁੱਟ ਉੱਚੀਆਂ ਲਾਈਟਾਂ, ਹਾਈ ਮਾਸਟ ਲਾਈਟਾਂ, ਪਾਰਕ ਲਈ ਪਾਣੀ ਦੀ ਸਪਲਾਈ ਅਤੇ ਗੇਟ ਆਦਿ ਦੀ ਉਸਾਰੀ ਕੀਤੀ ਗਈ ਹੈ। ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀਆਂ 'ਖੇਡਾਂ ਵਤਨ ਪੰਜਾਬ ਦੀਆਂ' ਦਾ ਚੌਥਾ ਪੜਾਅ ਸ਼ੁਰੂ ਹੋ ਚੁੱਕਾ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਵਿੱਚ 29 ਆਧੁਨਿਕ ਖੇਡ ਮੈਦਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਮਨਜ਼ੂਰੀ ਦਿੱਤੀ ਗਈ ਹੈ, ਜਿਨ੍ਹਾਂ ਵਿੱਚੋਂ ਕਈ ਖੇਡ ਮੈਦਾਨ ਤਿਆਰ ਹੋ ਚੁੱਕੇ ਹਨ ਅਤੇ ਲੋਕਾਂ ਨੂੰ ਸਮਰਪਤ ਵੀ ਕੀਤੇ ਜਾ ਚੁੱਕੇ ਹਨ। ਇਸ ਮੌਕੇ ਚੇਅਰਮੈਨ ਸਪੋਰਟਸ ਵੈਲਫੇਅਰ ਬੋਰਡ ਸਵਿੰਦਰ ਸਿੰਘ ਲੰਬੜ, ਚੇਅਰਮੈਨ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮਟਿਡ ਗੁਰਦਾਸਪੁਰਸ ਸ਼ ਲਖਵਿੰਦਰ ਸਿੰਘ, ਸਰਪੰਚ ਗੁਰਜੀਵ ਸਿੰਘ ਟਿੱਕੂ ਬੱਬਰੀ, ਸਰਪੰਚ ਦਿਲਬਾਗ ਸਿੰਘ ਪੰਧੇਰ, ਸਰਪੰਚ ਸੰਦੀਪ ਸਿੰਘ ਤਿੱਬੜੀ, ਬਲਾਕ ਸੰਮਤੀ ਮੈਂਬਰ ਜਤਿੰਦਰ ਕੌਰ ਸਲੀਮਪੁਰ, ਸਰਪੰਚ ਅਵਤਾਰ ਸਿੰਘ ਕੋਠੇ ਭਗਵਾਨਪੁਰ, ਸਰਪੰਚ ਖਾਜਨ ਸਿੰਘ, ਸਰਪੰਚ ਗੌਰੀ ਸਲੀਮਪੁਰ, ਸਰਪੰਚ ਨਿਸ਼ਾਨ ਸਿੰਘ ਜੌੜਾ ਛੱਤਰਾਂ, ਸਰਪੰਚ ਬਲਜੀਤ ਸਿੰਘ ਬੋਪਾਰਾਏ, ਸਰਪੰਚ ਰੋਸ਼ਨ ਲਾਲ ਪੁਰੋਵਾਲ ਰਾਜਪੂਤਾਂ, ਸਰਪੰਚ ਰਾਜੇਸ਼ ਭਗਵਾਨ, ਰਾਕੇਸ਼ ਕੁਮਾਰ (ਬੈਡਮਿੰਟਨ ਕੋਚ), ਮਿਸ ਲਵਲੀ (ਜਿਮਨਾਸਟਿਕ ਕੋਚ) ਅਤੇ ਮਿਸ ਸੀਮਾ (ਬਾਸਕਟਬਾਲ ਕੋਚ) ਵੀ ਮੌਜੂਦ ਸਨ।

## ਬੀ ਆਰ ਟੀ ਐਸ ਪ੍ਰੋਜੈਕਟ ਨੂੰ ਸਕ੍ਰੈਪ ਕਰਨ 'ਤੇ ਔਜਲਾ ਨੇ ਚੁੱਕੇ ਸਵਾਲ



**ਛੇਹਰਟਾ/ਜੈਂਤੀਪੁਰ, (ਮਨੋਜ ਕੁਮਾਰ/ਸੁਖਬੀਰ ਸਿੱਧੂ)**-ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਦੀ ਅਗਵਾਈ ਹੇਠ ਵੀਰਵਾਰ ਨੂੰ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਨਿਗਰਾਨੀ ਕਮੇਟੀ (ਦਿਸ਼ਾ) ਦੀ ਮੀਟਿੰਗ ਹੋਈ। ਮੀਟਿੰਗ ਵਿਚ ਅੰਮ੍ਰਿਤਸਰ ਸ਼ਹਿਰ ਤੇ ਪੇਂਡੂ ਖੇਤਰਾਂ ਵਿਚ ਕੇਂਦਰ ਤੇ ਸੂਬਾ ਸਰਕਾਰ ਨਾਲ ਸੰਬੰਧਤ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਗਈ। ਡੀ ਸੀ ਦਫ਼ਤਰ ਵਿਚ ਹੋਈ ਮੀਟਿੰਗ ਦੌਰਾਨ ਸ਼ਹਿਰ ਵਿਚ ਕੂੜੇ ਦੀ ਸਮੱਸਿਆ, ਸੀਵਰੇਜ, ਸਟਰੀਟ ਲਾਈਟਾਂ, ਕਾਨੂੰਨ-ਵਿਵਸਥਾ, ਨਸ਼ਿਆਂ, ਪ੍ਰਦੂਸ਼ਣ ਤੇ ਡਰੇਨੇਜ ਨਾਲ ਸੰਬੰਧਤ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਹੋਈ। ਪੇਂਡੂ ਖੇਤਰਾਂ ਵਿਚ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਸਕੂਲਾਂ ਦੀ ਸਥਿਤੀ ਅਤੇ ਸਕੂਲਾਂ ਨਾਲ ਸਬੰਧਤ ਯੋਜਨਾਵਾਂ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ। ਮੀਟਿੰਗ ਵਿਚ ਖੇਤੀਬਾੜੀ ਵਿਭਾਗ ਨਾਲ ਸੰਬੰਧਤ ਯੋਜਨਾਵਾਂ 'ਤੇ ਵੀ ਚਰਚਾ ਹੋਈ। ਬਿਜਲੀ ਪ੍ਰਬੰਧਾਂ ਨੂੰ ਲੈ ਕੇ ਵੀ ਅਧਿਕਾਰੀਆਂ ਨਾਲ ਵਿਸਥਾਰ ਵਿੱਚ ਚਰਚਾ ਕੀਤੀ ਗਈ ਅਤੇ ਔਜਲਾ ਨੇ ਬਿਜਲੀ ਪ੍ਰਬੰਧਾਂ ਨੂੰ ਬਿਹਤਰ ਬਣਾਉਣ ਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਸਮੇਂ ਸਿਰ ਹੱਲ ਕਰਨ 'ਤੇ ਜ਼ੋਰ ਦਿੱਤਾ। ਮੀਟਿੰਗ ਵਿਚ ਉਨ੍ਹਾਂ ਅੰਮ੍ਰਿਤਸਰ ਦੀ ਪਬਲਿਕ ਟਰਾਂਸਪੋਰਟ ਦਾ ਮੁੱਦਾ ਵੀ ਪ੍ਰਮੁੱਖਤਾ ਨਾਲ ਉਠਿਆ। ਸੰਸਦ ਮੈਂਬਰ ਔਜਲਾ ਨੇ ਬੀ ਆਰ ਟੀ ਐਸ ਪ੍ਰੋਜੈਕਟ(ਬੱਸ ਰੈਪਿਡ ਟਰਾਂਜ਼ਿਟ ਸਿਸਟਮ ਪ੍ਰੋਜੈਕਟ) ਨੂੰ ਸਕ੍ਰੈਪ ਕੀਤੇ ਜਾਣ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜਦੋਂ ਕਿਸੇ ਪ੍ਰੋਜੈਕਟ 'ਤੇ ਵੱਡੀ ਰਕਮ ਖ਼ਰਚ ਹੋ ਚੁੱਕੀ ਹੋਵੇ ਤੇ ਉਸ ਦਾ ਕੰਮ ਅੱਗੇ ਵਧ ਚੁੱਕਾ ਹੋਵੇ ਤਾਂ ਉਸ ਨੂੰ ਅਚਾਨਕ ਬੰਦ ਕਰਨ ਨਾਲ ਸਰਕਾਰੀ ਪੈਸੇ ਦੀ ਬਰਬਾਦੀ ਹੁੰਦੀ ਹੈ। ਔਜਲਾ ਨੇ ਕਿਹਾ ਕਿ ਬੀ ਆਰ ਟੀ ਐਸ ਪ੍ਰੋਜੈਕਟ 'ਤੇ ਕਰੀਬ 600 ਕਰੋੜ ਰੁਪਏ ਖ਼ਰਚ ਹੋਣ ਦੀ ਗੱਲ ਸਾਹਮਣੇ ਆਈ ਸੀ ਅਤੇ ਹੁਣ ਇਹ ਰਕਮ ਕਰੀਬ 1200 ਕਰੋੜ ਰੁਪਏ ਤੱਕ ਪਹੁੰਚਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਲੋਕਾਂ ਦੇ ਟੈਕਸ ਦਾ ਪੈਸਾ ਹੈ, ਇਸ ਲਈ ਅਜਿਹੇ ਪ੍ਰੋਜੈਕਟ ਬਣਾਉਣ ਤੇ ਬਾਅਦ ਵਿੱਚ ਉਨ੍ਹਾਂ ਨੂੰ ਬੰਦ ਕਰਨ ਦੇ ਮਾਮਲਿਆਂ ਵਿਚ ਜ਼ਿੰਮੇਵਾਰੀ ਤੈਅ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਰਕਾਰੀ ਧਨ ਦੀ ਬਰਬਾਦੀ ਲਈ ਜ਼ਿੰਮੇਵਾਰੀ ਤੈਅ ਕਰਕੇ ਕਾਰਵਾਈ ਕਰਨੀ ਚਾਹੀਦੀ ਹੈ। ਮੀਟਿੰਗ ਵਿਚ ਸ਼ਹਿਰ ਦੇ ਟਰੈਫਿਕ, ਪਬਲਿਕ ਟਰਾਂਸਪੋਰਟ, ਹਾਈਵੇਅ ਪ੍ਰੋਜੈਕਟ ਅਤੇ ਰੇਲਵੇ ਨਾਲ ਸੰਬੰਧਤ ਰੁਕੇ ਹੋਏ ਪੁਲ ਦੇ ਕੰਮ 'ਤੇ ਵੀ ਚਰਚਾ ਹੋਈ।

## ਪੁਲ ਉੱਪਰ ਲਾਈਟਾਂ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ



ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ-ਮੁਕੇਰੀਆਂ ਸੜਕ ਵਿਚਕਾਰ ਪੈਂਦੀ ਨਹਿਰ ਅਪਰਬਾਰੀ ਦੁਆਬ 'ਤੇ ਬਣੇ ਪੁਲ 'ਤੇ ਲੱਗੀਆਂ ਸੋਲਰ ਲਾਈਟਾਂ ਰਾਤ ਨੂੰ ਨਾ ਜਗਣ ਕਾਰਨ ਹਾਦਸੇ ਹੋਣ ਦਾ ਡਰ ਬਣਿਆ ਰਹਿੰਦਾ ਹੈ ਜਿਸ ਕਾਰਨ ਇਲਾਕਾ ਵਾਸੀਆਂ ਦਾ ਪੰਜਾਬ ਸਰਕਾਰ ਤੇ ਇਲੈਕਟ੍ਰੀਕਲ ਵਿੰਗ ਵਲੋਂ ਧਿਆਨ ਨਾ ਦੇਣ ਕਰਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕੁਝ ਸਾਲ ਪਹਿਲਾ ਨਹਿਰ ਅਪਰਬਾਰੀ ਦੁਆਬ ਤੇ ਕਸੂਰ ਬਰਾਂਚ ਨਹਿਰ ਨੂੰ ਜਾਣ ਵਾਸਤੇ ਇਕ ਹੀ ਪੁਲ ਬਣਾਇਆ ਗਿਆ ਸੀ ਅਤੇ ਰਾਤ ਨੂੰ ਰੌਸ਼ਨੀ ਵਾਸਤੇ ਸੋਲਰ ਲਗਾਏ ਕਰੀਬ 18 ਪੋਲ ਲਗਾਏ ਗਏ ਸੀ ਜੋ ਕੁਝ ਸਮੇਂ ਬਾਅਦ ਹੀ ਲਾਈਟਾਂ ਜਗਣੋਂ ਬੰਦ ਹੋ ਗਈਆਂ ਅਤੇ ਖੰਭੇ ਵੀ ਟੁੱਟ ਭੱਜ ਗਏ ਸਨ। ਹੁਣ ਇਹ ਪੋਲ ਟੁੱਟੇ ਭੱਜੇ ਜਿੱਥੇ ਨਜ਼ਰ ਆਉਂਦੇ ਹਨ ਉਥੇ ਹੀ ਇਨ੍ਹਾਂ ਪੁਲਾਂ 'ਤੇ ਲੱਗੀਆਂ ਬੈਟਰੀਆਂ ਵੀ ਗਾਇਬ ਹਨ। ਇਸ ਨਹਿਰ 'ਤੇ ਬਣੇ ਪੁਲ ਰਾਹੀਂ ਰੋਜ਼ਾਨਾ ਦਿਨ-ਰਾਤ ਸੈਂਕੜਿਆਂ ਦੀ ਗਿਣਤੀ ਵਿਚ ਛੋਟੇ ਵੱਡੇ ਵਾਹਨ ਦਿੱਲੀ, ਜਲੰਧਰ, ਚੰਡੀਗੜ੍ਹ ਆਦਿ ਸ਼ਹਿਰਾਂ ਤੋਂ ਇਲਾਵਾ ਜੰਮੂ, ਸ੍ਰੀਨਗਰ ਨੂੰ ਵੀ ਆਉਂਦੇ ਜਾਂਦੇ ਹਨ। ਉਨ੍ਹਾਂ ਕਿਹਾ ਆਉਣ ਵਾਲੇ ਸਰਦੀ ਦੇ ਮੌਸਮ ਵਿਚ ਧੁੰਦ ਪੈਣ ਕਰਕੇ ਪੁਲ 'ਤੇ ਕੁਝ ਵੀ ਦਿਖਾਈ ਨਹੀਂ ਦਿੰਦਾ ਜਿਸ ਕਰਕੇ ਪੁਲ 'ਤੇ ਹਨੇਰਾ ਹੋਣ ਕਰਕੇ ਰਾਹਗੀਰਾਂ ਨੂੰ ਕਾਫ਼ੀ ਮੁਸ਼ਕਲ ਪੇਸ਼ ਆਉਂਦੀ ਹੈ। ਉਨ੍ਹਾਂ ਕਿਹਾ ਅਖ਼ਬਾਰਾਂ ਵਿਚ ਖ਼ਬਰਾਂ ਲੱਗਣ ਦੇ ਬਾਵਜੂਦ ਪ੍ਰਸ਼ਾਸਨ ਵਲੋਂ ਇਨ੍ਹਾਂ ਲਾਈਟਾਂ ਨੂੰ ਚਲਾਉਣ ਲਈ ਕੋਈ ਵੀ ਉਪਰਾਲਾ ਨਹੀਂ ਕੀਤਾ ਜਾ ਰਿਹਾ। ਲੋਕਾਂ ਨੇ ਦੱਸਿਆ ਕਿ ਪੁਲ 'ਤੇ ਰਾਤ ਸਮੇਂ ਹਨੇਰਾ ਹੋਣ ਕਾਰਨ ਕਈ ਵਾਰ ਦੋ ਪਹੀਆ ਵਾਹਨ ਆਪਸ ਵਿਚ ਟਕਰਾ ਕੇ ਹਾਦਸਾਗ੍ਰਸਤ ਹੋ ਚੁੱਕੇ ਹਨ ਅਤੇ ਵੱਡੇ ਵਾਹਨਾਂ ਦਾ ਵੀ ਹਾਦਸਾ ਹੋਣ ਦਾ ਡਰ ਬਣਿਆ ਰਹਿੰਦਾ ਹੈ। ਇਲਾਕਾ ਵਾਸੀਆਂ ਨੇ ਗੁਰਦਾਸਪੁਰ ਪ੍ਰਸ਼ਾਸਨ ਅਤੇ ਨਹਿਰੀ ਵਿਭਾਗ ਦੇ ਉਚ ਅਧਿਕਾਰੀਆਂ ਪਾਸੋਂ ਮੰਗ ਕੀਤੀ ਕਿ ਪੁਲ 'ਤੇ ਬੰਦ ਅਤੇ ਖ਼ਰਾਬ ਹੋਈਆਂ ਲਾਈਟਾਂ ਨੂੰ ਚਾਲੂ ਕੀਤਾ ਜਾਵੇ।

## ਜ਼ਿਲ੍ਹਾ ਪੱਧਰੀ ਸਕੂਲ ਖੇਡਾਂ 'ਚ ਬਾਬਾ ਬੁੱਢਾ ਪਬਲਿਕ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



ਝਬਾਲ (ਹਰਜਿੰਦਰ ਸਿੰਘ ਸੋਨੀ)-ਜ਼ਿਲ੍ਹਾ ਪੱਧਰੀ ਸਕੂਲਜ਼ ਖੇਡਾਂ ਵਿੱਚ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਖੋ-ਖੋ (ਅੰਡਰ-19) ਟੀਮ ਨੇ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ, ਜਦਕਿ ਫੁੱਟਬਾਲ (ਅੰਡਰ-19) ਟੀਮ ਨੇ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਜ਼ਿਲ੍ਹਾ ਪੱਧਰੀ ਬਾਕਸਿੰਗ ਮੁਕਾਬਲਿਆਂ ਵਿੱਚ ਸਕੂਲ ਦੇ ਖਿਡਾਰੀਆਂ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ।ਜਿਹਨਾਂ ਵਿੱਚ ਸੁਖਜਿੰਦਰ ਸਿੰਘ, ਸਹਿਜਦੀਪ ਸਿੰਘ ਅਤੇ ਮਨਰਾਜਦੀਪ ਸਿੰਘ ਨੇ ਦੂਜਾ ਸਥਾਨ, ਜਦਕਿ ਜੁਗਰਾਜ ਸਿੰਘ ਅਤੇ ਸਰਬਜੋਤ ਸਿੰਘ ਨੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਦੀਆਂ ਖੇਡ ਪ੍ਰਾਪਤੀਆਂ ਵਿੱਚ ਵਾਧਾ ਕੀਤਾ।ਸਵੇਰ ਦੀ ਸਭਾ ਮੌਕੇ ਸਕੂਲ ਪ੍ਰਿੰਸੀਪਲ ਸਰਬਜੀਤ ਕੌਰ ਜਫਰਵਾਲ ਨੇ ਜੇਤੂ ਟੀਮਾਂ ਅਤੇ ਖਿਡਾਰੀਆਂ ਨੂੰ ਸਨਮਾਨਤ ਕਰਦਿਆਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਹ ਸਕੂਲ ਲਈ ਬੇਹੱਦ ਮਾਣ ਵਾਲੀ ਗੱਲ ਹੈ ਕਿ ਸਟੇਟ ਪੱਧਰੀ ਸਕੂਲ ਖੇਡਾਂ ਲਈ ਸਕੂਲ ਦੇ ਕੁੱਲ ਅੱਠ ਖਿਡਾਰੀ ਚੁਣੇ ਗਏ ਹਨ।ਇਨ੍ਹਾਂ ਵਿੱਚ ਖੋ-ਖੋ (ਅੰਡਰ-19) ਲਈ ਪੰਜ ਖਿਡਾਰਨਾਂ ਅਤੇ ਫੁੱਟਬਾਲ (ਅੰਡਰ-19) ਲਈ ਤਿੰਨ ਖਿਡਾਰਨਾਂ ਦੀ ਚੋਣ ਹੋਈ ਹੈ।ਉਹਨਾਂ ਨੇ ਕਿਹਾ ਕਿ ਇਹ ਉਪਲਬਧੀ ਖਿਡਾਰੀਆਂ ਦੀ ਲਗਨ, ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਡੀਪੀਈ ਗੁਰਮੀਤ ਸਿੰਘ, ਡੀਪੀਈ ਅਮਨਦੀਪ ਕੌਰ ਦੀ ਰਹਿਨੁਮਾਈ ਦਾ ਨਤੀਜਾ ਹੈ।

ਉਨ੍ਹਾਂ ਨੇ ਚੁਣੇ ਗਏ ਖਿਡਾਰੀਆਂ ਨੂੰ ਸਟੇਟ ਪੱਧਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੰਦਿਆਂ ਉਮੀਦ ਜਤਾਈ ਕਿ ਉਹ ਉੱਥੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨਗੇ।

## ਤਲਬੀਰ ਗਿੱਲ ਦੀਆਂ ਗਰਾਂਟਾਂ ਨੇ ਬਦਲੀ ਪਿੰਡਾਂ ਦੀ ਤਸਵੀਰ : ਸਵਰਨਜੀਤ ਸਿੰਘ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ): ਹਲਕਾ ਮਜੀਠਾ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਪਿੰਡਾਂ ਨੂੰ ਦਿੱਤੀਆਂ ਜਾ ਰਹੀਆਂ ਗਰਾਂਟਾਂ ਦਾ ਅਸਰ ਹੁਣ ਕਾਗਜ਼ਾਂ ਤੱਕ ਸੀਮਤ ਨਹੀਂ ਰਿਹਾ, ਸਗੋਂ ਜ਼ਮੀਨੀ ਪੱਧਰ 'ਤੇ ਵਿਕਾਸ ਦੇ ਰੂਪ ਵਿੱਚ ਸਾਫ਼ ਦਿਖਾਈ ਦੇਣ ਲੱਗ ਪਿਆ ਹੈ। ਇਹ ਪ੍ਰਗਟਾਵਾ 'ਆਪ' ਆਗੂ ਅਤੇ ਸਾਬਕਾ ਸਰਪੰਚ ਸਵਰਨਜੀਤ ਸਿੰਘ ਚਵਿੰਡਾ ਦੇਵੀ ਨੇ ਕੀਤਾ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਵਿਕਾਸ ਦੇ ਨਾਮ 'ਤੇ ਸਿਰਫ਼ ਵਾਅਦੇ ਅਤੇ ਐਲਾਨ ਸੁਣਨ ਨੂੰ ਮਿਲਦੇ ਰਹੇ, ਪਰ ਮਾਨ ਸਰਕਾਰ ਨੇ ਕੰਮ ਨੂੰ ਤਰਜੀਹ ਦੇ ਕੇ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਨਤੀਜੇ ਦੇਣ ਦੀ ਕੋਸ਼ਿਸ਼ ਕੀਤੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿਕਾਸ ਦੇ ਰਾਹ 'ਤੇ ਅੱਗੇ ਵਧ ਰਿਹਾ ਹੈ ਅਤੇ ਹਲਕਾ ਮਜੀਠਾ ਵੀ ਇਸ ਤੋਂ ਅਛੂਤਾ ਨਹੀਂ।ਸਵਰਨਜੀਤ ਸਿੰਘ ਨੇ ਕਿਹਾ ਕਿ ਤਲਬੀਰ ਸਿੰਘ ਗਿੱਲ ਵੱਲੋਂ ਪਿੰਡ-ਪਿੰਡ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਵਿਕਾਸ ਕਾਰਜਾਂ ਲਈ ਗਰਾਂਟਾਂ ਮੁਹੱਈਆ ਕਰਵਾਉਣ ਨਾਲ ਹਲਕੇ ਦੀ ਤਸਵੀਰ ਬਦਲ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਮਜੀਠੇ ਦੇ ਲੋਕਾਂ ਨੂੰ ਸਿਆਸੀ ਬਿਆਨਾਂ ਦੀ ਨਹੀਂ, ਵਿਕਾਸ ਦੇ ਕੰਮਾਂ ਦੀ ਗੱਲ ਨਜ਼ਰ ਆ ਰਹੀ ਹੈ। ਸਵਰਨਜੀਤ ਸਿੰਘ ਨੇ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਪੰਜਾਬ ਦੇ ਲੋਕ ਮਾਨ ਸਰਕਾਰ ਦੀ ਕਾਰਗੁਜ਼ਾਰੀ ਦਾ ਫੈਸਲਾ ਕਰਨਗੇ ਅਤੇ ਹਲਕਾ ਮਜੀਠਾ ਵਿੱਚ ਤਲਬੀਰ ਸਿੰਘ ਗਿੱਲ ਨੂੰ ਲੋਕਾਂ ਦਾ ਸਮਰਥਨ ਮਿਲਣਾ ਉਨ੍ਹਾਂ ਦੀ ਲੋਕਾਂ ਨਾਲ ਨੇੜਤਾ ਅਤੇ ਵਿਕਾਸ ਕਾਰਜਾਂ ਕਾਰਨ ਸੁਭਾਵਿਕ ਹੈ।

## ਅਕਾਲ ਅਕੈਡਮੀ ਦੇ ਗਤਕਾ ਖਿਡਾਰੀਆਂ ਜ਼ਿਲ੍ਹਾ ਪੱਧਰੀ ਚੈਂਪੀਅਨਸ਼ਿਪ 'ਚ ਮਾਰੀਆਂ ਮੱਲਾਂ



ਧਾਰੀਵਾਲ (ਮਨਦੀਪ ਵਿੱਕੀ)- ਕਲਗੀਧਰ ਟਰੱਸਟ ਬੜੂ ਸਾਹਿਬ ਦੁਆਰਾ ਸੰਚਾਲਿਤ ਅਕਾਲ ਅਕੈਡਮੀ ਰਸੂਲਪੁਰ ਬੇਟ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਗਤਕਾ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅਕੈਡਮੀ ਦਾ ਨਾਂਅ ਰੌਸ਼ਨ ਕੀਤਾ। ਖਿਡਾਰੀਆਂ ਨੇ ਬੇਮਿਸਾਲ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਮੁਕਾਬਲਿਆਂ ਵਿੱਚ ਮਹੱਤਵਪੂਰਨ ਸਥਾਨ ਹਾਸਲ ਕੀਤੇ।ਅੰਡਰ-14 ਲੜਕਿਆਂ ਦੀ ਸਿੰਗਲ ਸੋਟੀ ਟੀਮ ਨੇ ਜ਼ਿਲ੍ਹਾ ਪੱਧਰ 'ਤੇ ਤੀਜਾ ਸਥਾਨ ਹਾਸਲ ਕੀਤਾ। ਟੀਮ ਵਿੱਚ ਜਸਕਰਨ ਸਿੰਘ, ਸੰਦੀਪ ਸਿੰਘ, ਹਰਜੋਤ ਸਿੰਘ ਅਤੇ ਅਵਤਾਰ ਸਿੰਘ ਸ਼ਾਮਲ ਸਨ। ਵਿਅਕਤੀਗਤ ਮੁਕਾਬਲਿਆਂ ਵਿੱਚ ਜਸਕਰਨ ਸਿੰਘ ਨੇ ਤੀਜਾ, ਜਦਕਿ ਪਵਿੱਤਰ ਸਿੰਘ ਨੇ ਦੂਜਾ ਸਥਾਨ ਹਾਸਲ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਅੰਡਰ-14 ਲੜਕੀਆਂ ਨੇ ਵੀ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅਕੈਡਮੀ ਦਾ ਮਾਣ ਵਧਾਇਆ। ਸਿੰਗਲ ਸੋਟੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਟੀਮ ਵਿੱਚ ਨਵਜੀਤ ਕੌਰ, ਨਵਨੀਤ ਕੌਰ, ਗੁਰਪ੍ਰੀਤ ਕੌਰ, ਸੁਪ੍ਰੀਤ ਕੌਰ ਅਤੇ ਪਲਵਿੰਦਰ ਕੌਰ ਸ਼ਾਮਲ ਸਨ। ਵਿਅਕਤੀਗਤ ਮੁਕਾਬਲੇ ਵਿੱਚ ਨਵਜੀਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਸੋਟੀ ਟੀਮ ਮੁਕਾਬਲੇ ਵਿੱਚ ਅਕਾਲ ਅਕੈਡਮੀ ਰਸੂਲਪੁਰ ਬੇਟ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਟੀਮ ਦੀਆਂ ਮੈਂਬਰ ਕੋਮਲਪ੍ਰੀਤ ਕੌਰ, ਤਰਨਬੀਰ ਕੌਰ ਅਤੇ ਮਹਿਕ ਸਨ। ਵਿਅਕਤੀਗਤ ਮੁਕਾਬਲੇ ਵਿੱਚ ਕੋਮਲਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਅਕੈਡਮੀ ਦੀ ਪ੍ਰਿੰਸੀਪਲ ਅਮਨਦੀਪ ਕੌਰ ਭੰਗੂ, ਸਮੂਹ ਸਟਾਫ਼ ਅਤੇ ਸਮੁੱਚੇ ਅਕਾਲ ਅਕੈਡਮੀ ਪਰਵਾਰ ਨੇ ਸਾਰੇ ਹੋਣਹਾਰ ਖਿਡਾਰੀਆਂ ਅਤੇ ਉਨ੍ਹਾਂ ਦੇ ਗਤਕਾ ਕੋਚ ਪ੍ਰਦੀਪ ਸਿੰਘ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਹਾਰਦਿਕ ਵਧਾਈ ਦਿੱਤੀ।ਅਕੈਡਮੀ ਆਪਣੇ ਇਨ੍ਹਾਂ ਨੌਜਵਾਨ ਚੈਂਪੀਅਨਾਂ ਦੀ ਮਿਹਨਤ, ਹਿੰਮਤ ਅਤੇ ਸ਼ਾਨਦਾਰ ਪ੍ਰਦਰਸ਼ਨ 'ਤੇ ਮਾਣ ਮਹਿਸੂਸ ਕਰਦੀ ਹੈ ਅਤੇ ਉਮੀਦ ਕਰਦੀ ਹੈ ਕਿ ਉਹ ਭਵਿੱਖ ਵਿੱਚ ਵੀ ਆਪਣੀ ਪ੍ਰਤਿਭਾ ਅਤੇ ਮਿਹਨਤ ਸਦਕਾ ਹੋਰ ਵੱਡੀਆਂ ਉਪਲਬਧੀਆਂ ਹਾਸਲ ਕਰਨਗੇ।

## ਜੁਗਰਾਜ ਸਿੰਘ ਲਾਈਨਮੈਨ ਦੀ ਸਿਆਸੀ ਅਧਾਰ 'ਤੇ ਕੀਤੀ ਬਦਲੀ ਰੱਦ ਕੀਤੀ ਜਾਵੇ : ਮਲਕੀਅਤ ਸੈਂਸਰਾ



ਚੇਤਨਪੁਰਾ ( ਸੁਖਵੰਤ ਚੇਤਨਪੁਰੀ )-ਲਾਈਨਮੈਨ ਜੁਗਰਾਜ ਸਿੰਘ ਦੀ ਸਿਆਸੀ ਅਧਾਰ ਤੇ ਕੀਤੀ ਬਦਲੀ ਰੱਦ ਕੀਤੀ ਜਾਵੇ ਨਹੀਂ ਤਾਂ ਸੰਘਰਸ਼ ਵਿਡਣ ਦੀ ਰੂਪ ਰੇਖਾ ਉਲੀਕੀ ਜਾਵੇਗੀ।

ਇਸ ਗੱਲ ਦਾ ਪ੍ਰਗਟਾਵਾ ਬਿਜਲੀ ਕਾਮਿਆਂ ਦੀਆਂ ਵੱਖ-ਵੱਖ ਜਥੇਬੰਦੀਆਂ ਦੀ ਸਬ ਡਵੀਜ਼ਨ ਹਰਸ਼ਾ ਛੀਨਾ ਵਿਖੇ ਕੀਤੀ ਗਈ ਮੀਟਿੰਗ ਉਪਰੰਤ ਯੂਨੀਅਨ ਦੇ ਆਗੂ ਮਲਕੀਤ ਸਿੰਘ ਸੈਂਸਰਾ ਨੇ ਕੀਤਾ। ਉਹਨਾਂ ਲਾਈਨਮੈਨ ਜੁਗਰਾਜ ਸਿੰਘ ਦੀ ਸਿਆਸੀ ਅਧਾਰ 'ਤੇ ਕੀਤੀ ਗਈ ਨਾਜਾਇਜ਼ ਬਦਲੀ ਦਾ ਤਿੱਖਾ ਵਿਰੋਧ ਕਰਦਿਆਂ ਕਿਹਾ ਕਿ ਦਫਤਰ ਵਿਖੇ ਪਹਿਲਾਂ ਹੀ ਟੈਕਨੀਕਲ ਕਾਮਿਆਂ ਦੀ ਭਾਰੀ ਘਾਟ ਕਾਰਨ ਕਾਮਿਆਂ 'ਤੇ ਕੰਮ ਦਾ ਭਾਰੀ ਵਰਕਲੋਡ ਹੈ। ਆਗੂਆਂ ਨੇ ਮੰਗ ਕੀਤੀ ਕੇ ਸਿਆਸੀ ਅਧਾਰ 'ਤੇ ਕੀਤੀ ਗਈ ਨਜਾਇਜ਼ ਬਦਲੀ ਰੱਦ ਕੀਤੀ ਜਾਵੇ। ਆਗੂਆਂ ਨੇ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਨਜਾਇਜ਼ ਕੀਤੀ ਬਦਲੀ ਰੱਦ ਨਾ ਕੀਤੀ ਗਈ ਤਾਂ ਜਥੇਬੰਦੀਆਂ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ। ਇਸ ਗੇਟ ਰੈਲੀ ਨੂੰ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ ਤੋਂ ਇਲਾਵਾ ਸਬ ਡਵੀਜ਼ਨ ਪ੍ਰਧਾਨ ਜੁਗਰਾਜ ਸਿੰਘ ਛੀਨਾ, ਜਰਨੈਲ ਸਿੰਘ ਸੈਂਸਰਾ, ਨਰਿੰਦਰ ਕੁਮਾਰ, ਜਸਪਾਲ ਸਿੰਘ, ਬਲਜਿੰਦਰ ਸਿੰਘ, ਜਤਿੰਦਰ ਕੁਮਾਰ ਜੇ ਈ, ਹਰਪ੍ਰੀਤ ਸਿੰਘ ਜੇ ਈ ਅਤੇ ਪਰਮਿੰਦਰ ਸਿੰਘ ਅਦਲੀਵਾਲ ਨੇ ਸੰਬੋਧਨ ਕੀਤਾ।

## ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਮਜ਼ਦੂਰਾਂ ਦੇ ਭਖਦੇ ਮਸਲਿਆਂ 'ਤੇ ਸੰਘਰਸ਼ ਕਰੇਗੀ : ਜਸਬੀਰ ਸਿੰਘ ਝਬਾਲ



ਝਬਾਲ (ਹਰਜਿੰਦਰ ਸਿੰਘ ਸੋਨੀ)-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤਹਿਸੀਲ ਬਾਬਾ ਬਕਾਲਾ ਦੀ ਮੀਟਿੰਗ ਜਗਜੀਤ ਸਿੰਘ ਜਸਪਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਖੇਤ ਮਜ਼ਦੂਰ ਆਗੂ ਗੁਰਨਾਮ ਸਿੰਘ ਦਾਊਦ ਅਤੇ ਗੁਲਜ਼ਾਰ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਦੀ ਕਾਰਵਾਈ ਤਹਿਸੀਲ ਜਰਨਲ ਸਕੱਤਰ ਕੁਲਦੀਪ ਸਿੰਘ ਜੱਬੋਵਾਲ ਨੇ ਕੀਤੀ ਅਤੇ ਜਥੇਬੰਦੀ ਦੀਆਂ ਸਰਗਰਮੀਆ ਨੂੰ ਤਹਿਸੀਲ ਦੇ ਪਿੰਡਾਂ ਵਿੱਚ ਤੇਜ਼ ਕਰਨ ਲਈ ਭਰਪੂਰ ਚਰਚਾ ਕਰਾਈ। ਮੀਟਿੰਗ ਨੂੰ ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਕਿਹਾ ਕਿ ਜਥੇਬੰਦਕ ਸਰਗਰਮੀਆਂ ਲਈ ਸਭ ਤੋਂ ਪਹਿਲਾਂ ਪਿੰਡਾਂ ਵਿੱਚ ਜਥੇਬੰਦੀ ਦੀ ਮੈਂਬਰਸ਼ਿਪ, ਯੂਨਿਟ ਚੋਣਾਂ ਕਰਾਉਣ ਉਪਰੰਤ ਪੇਂਡੂ ਖੇਤ ਮਜ਼ਦੂਰਾਂ ਦੇ ਭਖਦੇ ਲੋਕਲ ਮਸਲਿਆਂ ਤੇ ਜਥੇਬੰਦੀ ਨੂੰ ਸੰਘਰਸ਼ ਤੇਜ਼ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਸਾਥੀ ਝਬਾਲ ਨੇ ਦੱਸਿਆ ਕਿ ਕੇਂਦਰ ਅਤੇ ਪੰਜਾਬ ਸਰਕਾਰ ਮਜ਼ਦੂਰਾਂ ਨੂੰ ਦਬਾਉਣ ਲਈ ਅਤੇ ਮਜ਼ਦੂਰਾਂ ਦੇ ਹੱਕਾਂ 'ਤੇ ਡਾਕਾ ਮਾਰਨ ਲਈ ਭਾਰਤ ਦੇ ਸੰਵਿਧਾਨ ਨੂੰ ਤੋੜ ਕੇ ਪੇਂਡੂ ਮਜ਼ਦੂਰਾਂ ਦੇ ਜੀਵਨ ਨੂੰ ਗੁਰਬਤ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਕਰ ਰਹੀ ਹੈ ਜਿਸ ਦੀ ਮਿਸਾਲ ਮਨਰੇਗਾ ਕਾਨੂੰਨ ਵਿੱਚ ਬਦਲਾਅ ਕਰਨਾ ਹੈ। ਕੇਂਦਰ ਦੀ ਮੋਦੀ ਸਰਕਾਰ ਨੇ ਭਾਰਤ ਵਿਕਸਿਤ ਜੀ ਰਾਮ ਕਨੂੰਨ ਲਿਆ ਕੇ ਭਾਰਤ ਦੇ ਮਜ਼ਦੂਰਾਂ ਨੂੰ ਬੇਰੋਜ਼ਗਾਰੀ ਵੱਲ ਧਕੇਲ ਦਿੱਤਾ ਹੈ।ਪੇਂਡੂ ਖੇਤ ਮਜ਼ਦੂਰਾਂ ਦੀਆਂ ਮੁਸ਼ਕਿਲਾਂ ਵਿਚ ਦਿਨੋ-ਦਿਨ ਵਾਧਾ ਹੋ ਰਿਹਾ ਹੈ ਜਿਸ ਲਈ ਜਥੇਬੰਦੀ ਨੂੰ ਮਜ਼ਦੂਰਾਂ ਨੂੰ ਜਥੇਬੰਦ ਕਰਕੇ ਸੰਘਰਸ਼ ਕਰਨ ਲਈ ਮੈਦਾਨ ਵਿੱਚ ਨਿੱਤਰਨ ਦੀ ਲੋੜ ਹੈ।ਪੰਜਾਬ ਵਿੱਚ ਪੇਂਡੂ ਖੇਤ ਮਜ਼ਦੂਰਾਂ ਦੇ ਬੱਚੇ ਦਿਨ ਬਦਿਨ ਨਸ਼ਿਆਂ ਦੀ ਭੇਟ ਚੜ੍ਹ ਕੇ ਮਜ਼ਦੂਰ ਵਿਹੜਿਆਂ ਵਿੱਚ ਸਥਰ ਵਿਛਾ ਰਹੇ ਹਨ ਜੋ ਪੰਜਾਬ ਸਰਕਾਰ ਦਾ ਨਸ਼ਿਆਂ ਵਿਰੁੱਧ ਯੁੱਧ ਦੇ ਜੇਹਾਦ ਦਾ ਭਾਂਡਾ ਚੌਰਾਹੇ ਵਿਚ ਭੱਜ ਰਿਹਾ ਹੈ।ਪੰਜਾਬ ਸਰਕਾਰ ਵੀ ਪੇਂਡੂ ਖੇਤ ਮਜ਼ਦੂਰਾਂ ਦੇ ਭਖਦੇ ਮਸਲਿਆਂ ਪ੍ਰਤੀ ਕੁੰਭਕਰਨੀ ਨੀਂਦ ਸੁੱਤੀ ਪਈ ਹੈ ਜਿਸ ਖਿਲਾਫ ਆਉਣ ਵਾਲੇ ਸਮੇਂ ਵਿਚ ਜਥੇਬੰਧਕ ਸੰਘਰਸ਼ ਤੇਜ਼ ਕੀਤਾ ਜਾਵੇਗਾ।ਇਸ ਮੀਟਿੰਗ ਵਿੱਚ ਜਗੀਰ ਸਿੰਘ ਸਰਜਾ, ਤੋਤਾ ਸਿੰਘ ਜਸਪਾਲ, ਬਲਦੇਵ ਸਿੰਘ ਡੇਹਰੀਵਾਲ, ਮਨਦੀਪ ਸਿੰਘ ਨਵਾਂ ਪਿੰਡ,ਸੁਖਵਿੰਦਰ ਸਿੰਘ ਜਸਪਾਲ, ਬਲਦੇਵ ਸਿੰਘ ਫਤੇਹਪੁਰ, ਜਗਜੀਤ ਸਿੰਘ ਜਸਪਾਲ, ਸੁਖਵਿੰਦਰ ਸਿੰਘ ਮਲੋਵਾਲ, ਕੁਲਦੀਪ ਸਿੰਘ ਜੱਬੋਵਾਲ ਆਦਿ ਸਾਥੀ ਹਾਜ਼ਰ ਸਨ।

## ਰੋਟਰੀ ਕਲੱਬ ਨਾਰਥ ਵੱਲੋਂ ਅੱਖਾਂ ਦੀ ਦੇਖਭਾਲ ਤੇ ਇਲੈਕਟ੍ਰਾਨਿਕ ਉਪਕਰਨਾਂ ਦੀ ਸਹੀ ਵਰਤੋਂ ਦੇ ਵਿਸ਼ੇ 'ਤੇ ਸੈਮੀਨਾਰ



ਅੰਮ੍ਰਿਤਸਰ (ਅਰੋੜਾ):- ਰੋਟਰੀ ਕਲੱਬ ਨਾਰਥ ਵੱਲੋਂ ਅੱਖਾਂ ਦੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਅੱਖਾਂ ਦੀ ਦੇਖਭਾਲ ਬਾਰੇ ਜਾਣਕਾਰੀ ਦੇਣ ਲਈ ਸੈਮੀਨਾਰ ਦਾ ਆਯੋਜਨ ਕਲੱਬ ਦੇ ਪ੍ਰਧਾਨ ਪਰਮੀਤ ਸਿੰਘ ਖੇੜਾ, ਸਕੱਤਰ ਮਨਿੰਦਰ ਕੌਰ ਅਰੋੜਾ, ਪ੍ਰਾਜੈਕਟ ਚੇਅਰਪਰਸਨ ਡਾ. ਮਨਜੀਤਪਾਲ ਕੌਰ ਅਤੇ ਰੋਟ੍ਰੈਕਟ ਕਲੱਬ ਖਾਲਸਾ ਕਾਲਜ ਯੂਨੀਵਰਸਿਟੀ ਵੱਲੋਂ ਖਾਲਸਾ ਕਾਲਜ ਦੇ ਆਡੀਟੋਰੀਅਮ ਵਿਖੇ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਅੱਖਾਂ ਦੀ ਦੇਖਭਾਲ ਅਤੇ ਇਲੈਕਟ੍ਰਾਨਿਕ ਉਪਕਰਨਾਂ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਦਿੱਤੀ ਗਈ। ਖਾਲਸਾ ਯੂਨੀਵਰਸਿਟੀ ਦੇ ਆਡੀਟੋਰੀਅਮ ਵਿਖੇ ਕਰਵਾਏ ਗਏ ਇਸ ਸੈਮੀਨਾਰ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਨੇ ਭਾਗ ਲਿਆ। ਅੱਖਾਂ ਦੀਆਂ ਬਿਮਾਰੀਆਂ ਬਾਰੇ ਜਾਣਕਾਰੀ ਦੇਣ ਲਈ ਅੱਖਾਂ ਦੇ ਮਾਹਰ ਡਾ. ਦਮਨਜੋਤ ਮੁੱਖ ਸਪੀਕਰ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਡਿਜੀਟਲ ਉਪਕਰਨਾਂ ਨਾਲ ਅੱਖਾਂ 'ਤੇ ਪੈ ਰਹੇ ਮਾੜੇ ਪ੍ਰਭਾਵਾਂ ਅਤੇ ਉਨ੍ਹਾਂ ਤੋਂ ਬਚਣ ਦੇ ਉਪਾਵਾਂ 'ਤੇ ਚਾਨਣਾ ਪਾਇਆ।ਮੁੱਖ ਮਹਿਮਾਨ ਡਾ. ਸੁਰਿੰਦਰ ਕੌਰ ਡੀਨ ਅਕਾਦਮਿਕ ਅਫੇਅਰਜ਼ ਖਾਲਸਾ ਯੂਨੀਵਰਸਿਟੀ ਨੇ ਰੋਟਰੀ ਅਤੇ ਰੋਟ੍ਰੈਕਟ ਦੇ ਇਸ ਪ੍ਰੋਜੈਕਟ ਦੀ ਭਰਪੂਰ ਸ਼ਲਾਘਾ ਕੀਤੀ। ਖਾਲਸਾ ਕਾਲਜ ਦੀ ਪ੍ਰਿੰਸੀਪਲ ਡਾ. ਰਵਿੰਦਰ ਕੌਰ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲ੍ਹਾ ਸਕੱਤਰ ਐਡਮਿਨ ਵਿਜੇ ਭਸੀਨ, ਡਾ. ਕੁਲਦੀਪ ਸਿੰਘ ਅਰੋੜਾ, ਜੀ.ਐਸ. ਮਦਾਨ, ਰਸਜੀਤ ਸਿੰਘ ਖੇੜਾ, ਗੁਰਿੰਦਰ ਸਿੰਘ, ਮਨਪ੍ਰੀਤ ਕੌਰ, ਰੋਟ੍ਰੈਕਟ ਪ੍ਰਧਾਨ ਹਸਨਪ੍ਰੀਤ ਕੌਰ ਸਮੇਤ ਵੱਡੀ ਗਿਣਤੀ ਵਿੱਚ ਰੋਟਰੀ ਕਲੱਬ ਨੌਰਥ ਅਤੇ ਰੋਟ੍ਰੈਕਟ ਕਲੱਬ ਦੇ ਮੈਂਬਰ ਮੌਜੂਦ ਸਨ। ਸੈਮੀਨਾਰ ਦੇ ਅੰਤ ਵਿੱਚ ਕਲੱਬ ਵੱਲੋਂ ਮੁੱਖ ਸਪੀਕਰ ਨੂੰ ਸਨਮਾਨਤ ਕੀਤਾ ਗਿਆ।

## ਆਪ ਸਰਕਾਰ ਨੇ ਕਾਰਜਕਾਲ ਸ਼ਾਨਦਾਰ ਤਰੀਕੇ ਨਾਲ ਪੂਰਾ ਕੀਤਾ : ਪ੍ਰਿੰਸੀਪਲ ਸੰਧੂ



ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ )- ਪੰਜਾਬ 'ਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣਾ 4 ਸਾਲ ਤੋਂ ਵੱਧ ਦਾ ਕਾਰਜਕਾਲ ਸ਼ਾਨਦਾਰ ਤਰੀਕੇ ਨਾਲ ਪੂਰਾ ਕੀਤਾ ਹੈ। ਇਹਨਾਂ ਸਾਲਾਂ ਦੌਰਾਨ ਪਾਰਟੀ ਹਰ ਲਿਹਾਜ਼ ਨਾਲ ਲੋਕਾਂ ਦਾ ਭਰੋਸਾ ਜਿੱਤਣ ਵਿਚ ਕਾਮਯਾਬ ਰਹੀ ਹੈ। ਇਸ ਵਕਤ ਆਮ ਆਦਮੀ ਪਾਰਟੀ ਲੋਕਾਂ ਦੀ ਪਹਿਲੀ ਪਸੰਦ ਬਣੀ ਹੋਈ ਹੈ ਤੇ ਯਕੀਨਨ 2027 ਵਿਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ। ਇਹਨਾਂ ਗੱਲਾਂ ਦਾ ਪ੍ਰਗਟਾਵਾ ਅਲੀਵਾਲ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਪ ਆਗੂ ਹਰਪਿੰਦਰਪਾਲ ਸਿੰਘ ਸੰਧੂ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕੀਤਾ ।ਉਹਨਾਂ ਹਲਕਾ ਇੰਚਾਰਜ ਜੋਬਨ ਰੰਧਾਵਾ ਦਾ ਧੰਨਵਾਦ ਕਰਦਿਆਂ ਕਿਹਾ ਕੇ ਅਲੀਵਾਲ ਤੋਂ ਭਾਲੋਵਾਲੀ ਵਾਲੀ ਸੜਕ ਜੋ ਇਕ ਦਹਾਕੇ ਤੋਂ ਵੱਧ ਸਮੇਂ ਤੋਂ ਬੇਹੱਦ ਖਸਤਾ ਹਾਲ ਸੀ ਉਹ ਵੀ ਨਵੀਂ ਬਣਾਈ ਜਾ ਰਹੀ ਹੈ।

## ਜਨਮ ਦਿਨ ਮੁਬਾਰਕ



ਦਾਨੀਆ ਕੌਰ
ਪਿੰਡ: ਢੰਡਾ



ਅਸ਼ਮੀਤ ਕੌਰ
ਪਿੰਡ: ਬਜਰਾਵੜ (ਹੁਸ਼ਿਆਰਪੁਰ)



ਹਰਬਾਜ਼ ਸਿੰਘ
ਲੁਧਿਆਣਾ

## ਐੱਸ ਆਈ ਆਰ ਸੰਬੰਧੀ ਦਾਅਵੇ ਤੇ ਇਤਰਾਜ਼ ਭਲਕ ਤੱਕ ਕੀਤੇ ਜਾ ਸਕਦੇ : ਜ਼ਿਲ੍ਹਾ ਚੋਣ ਅਫਸਰ



**ਮੁਹਾਲੀ (ਗੁਰਜੀਤ ਬਿੱਲਾ)**-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਕੋਮਲ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਪੈਸ਼ਲ ਇੰਨਟੈਂਸਿਵ ਰਿਵੀਜ਼ਨ-2026 ਦੇ ਤੀਜੇ ਪੜਾਅ ਅਧੀਨ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦੀ ਪ੍ਰਕਿਰਿਆ 13 ਅਗਸਤ ਤੋਂ 12 ਸਤੰਬਰ, 2026 ਤੱਕ ਜਾਰੀ ਹੈ। ਐਸ ਡੀ ਐਮ-ਕਮ-ਈ ਆਰਓ, 053-ਐੱਸ ਏ ਐੱਸ ਨਗਰ ਦਮਨਦੀਪ ਕੌਰ ਨੇ ਦੱਸਿਆ ਕਿ ਇਸ ਦੌਰਾਨ ਜਨਤਾ ਵੱਲੋਂ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ, 2026 ਤੱਕ ਕੀਤਾ ਜਾਣਾ ਹੈ। ਹਲਕੇ ਵਿੱਚ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਨੂੰ ਫਾਰਮ ਨੰਬਰ 6, 7 ਅਤੇ 8 ਨਾਲ ਸਬੰਧਤ ਹਫ਼ਤਾਵਾਰੀ ਸੂਚੀਆਂ ਫਾਰਮ ਨੰਬਰ 9, 10, 11 ਅਤੇ 11-ਏ ਵਿੱਚ ਉਨ੍ਹਾਂ ਦੀ ਜਾਣਕਾਰੀ ਅਤੇ ਪੜਤਾਲ ਲਈ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਹਫ਼ਤਾਵਾਰੀ ਮੀਟਿੰਗਾਂ ਕਰਕੇ ਦਾਅਵਿਆਂ ਅਤੇ ਇਤਰਾਜ਼ਾਂ ਸਬੰਧੀ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਈ ਜਾ ਰਹੀ ਹੈ।

## ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ 'ਤੇ ਬਸਪਾ ਵੱਲੋਂ ਰੋਸ ਪ੍ਰਦਰਸ਼ਨ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)** -ਲੁਧਿਆਣਾ ਜਲੰਧਰ ਬਾਈਪਾਸ ਵਿਖੇ ਡਾ. ਅੰਬੇਡਕਰ ਸਾਹਿਬ ਦੇ ਬੁੱਤ ਦੀ ਬੇਅਦਬੀ ਦੇ ਵਿਰੋਧ ਵਿੱਚ ਬਸਪਾ ਵੱਲੋਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਚ ਅੱਜ ਧਰਨੇ ਪ੍ਰਦਰਸ਼ਨ ਕੀਤੇ ਗਏ ਅਤੇ ਡਿਪਟੀ ਕਮਿਸ਼ਨਰਾਂ ਰਾਹੀਂ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਭੇਜੇ ਗਏ।ਬਹੁਜਨ ਸਮਾਜ ਪਾਰਟੀ ਵੱਲੋਂ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਦਲਜੀਤ ਰਾਏ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਅਤੇ ਨਾਅਰੇਬਾਜ਼ੀ ਕੀਤੀ ਅਤੇ ਲੁਧਿਆਣਾ ਵਿਖੇ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਸਖ਼ਤ ਆਲੋਚਨਾ ਕਰਦਿਆਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਭੇਜਿਆ। ਇਸ ਮੌਕੇ ਹਾਜ਼ਰ ਬਸਪਾ ਪੰਜਾਬ ਦੇ ਜ਼ੋਨ ਇੰਚਾਰਜ ਚੌਧਰੀ ਗੁਰਨਾਮ ਸਿੰਘ, ਮਨਿੰਦਰ ਸ਼ੇਰਪੁਰੀ ਸਕੱਤਰ ਪੰਜਾਬ, ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ, ਐਡਵੋਕੇਟ ਪਲਵਿੰਦਰ ਮਾਨਾ ਆਦਿ ਆਗੂਆਂ ਨੇ ਕਿਹਾ ਕਿ ਗਿਆਰਵੀਂ ਵਾਰ ਡਾਕਟਰ ਅੰਬੇਡਕਰ ਸਾਹਿਬ ਦੇ ਬੁੱਤ ਤੇ ਹਮਲਾ ਇਹ ਕੇਂਦਰ ਸਰਕਾਰ ਦੇ ਮੱਥੇ ਤੇ 11 ਕਲੰਕ ਲੱਗੇ ਹਨ। ਉਨਾਂ ਪੰਜਾਬੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਅਮਨ, ਸ਼ਾਂਤੀ ਭਾਈਚਾਰਕ ਸਾਂਝ ਬਣਾ ਕੇ ਰੱਖਣ ਤੇ ਡਾ. ਅੰਬੇਡਕਰ ਦੇ ਸਨਮਾਨ ਵਿੱਚ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਤਹਿਤ ਡੱਟ ਕੇ ਲੜਾਈ ਲੜੀ ਜਾਵੇ ਅਤੇ 2027 'ਚ ਅੰਬੇਡਕਰ ਸਾਹਿਬ ਦੇ ਪ੍ਰਤੀ ਨਫਰਤ ਰੱਖਣ ਵਾਲਿਆਂ ਤੋਂ ਸੱਤਾ ਖੋਹੀ ਜਾਵੇ। ਉਨਾਂ ਕਿਹਾ ਬਸਪਾ 2027 ਦੀ ਸੱਤਾ ਹਾਸਲ ਕਰਕੇ ਬਹੁਜਨ ਮਹਾਂਪੁਰਸ਼ਾਂ ਦੇ ਸਨਮਾਨ ਦਾ ਪ੍ਰਬੰਧ ਕਰੇਗੀ। ਬਸਪਾ ਆਗੂਆਂ ਨੇ ਕਿਹਾ ਪੰਜਾਬ ਸਰਕਾਰ ਲੁਧਿਆਣਾ ਘਟਨਾ ਲਈ ਜ਼ਿੰਮੇਵਾਰ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰੇ ਪੰਜਾਬ ਵਿੱਚ ਸਾਰੇ ਬੁੱਤਾਂ ਤੇ ਸੀ ਸੀ ਟੀ ਵੀ ਕੈਮਰੇ ਅਤੇ ਸੁਰੱਖਿਆ ਦਾ ਪ੍ਰਬੰਧ ਕਰੇ। ਇਸ ਮੌਕੇ ਚੌਧਰੀ ਗੁਰਨਾਮ ਸਿੰਘ ਬਸਪਾ ਜੋਨ ਇੰਚਾਰਜ ਪੰਜਾਬ, ਮਨਿੰਦਰ ਸਿੰਘ ਸ਼ੇਰਪੁਰੀ ਸਕੱਤਰ ਪੰਜਾਬ, ਸੁਖਦੇਵ ਬਿੱਟਾ ਸਕੱਤਰ ਪੰਜਾਬ,ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ, ਸੋਮ ਲਾਲ ਬੈਸ, ਮਦਨ ਸਿੰਘ ਬੈਸ ਇੰਚਾਰਜ ਹਲਕਾ ਹੁਸ਼ਿਆਰਪੁਰ, ਯਸ਼ ਭੱਟੀ ਪ੍ਰਧਾਨ ਹਲਕਾ ਚੱਬੇਵਾਲ, ਇੰਜੀ.ਸੱਤਪਾਲ ਭਾਰਦਵਾਜ, ਇੰਜੀ.ਇੰਦਰਜੀਤ ਬੱਧਣ, ਸਤਵੰਤ ਸਿੰਘ ਨੰਦਾਚੌਰ, ਹਰਜੀਤ ਮਹਿਮੀ ਪ੍ਰਧਾਨ ਹੁਸ਼ਿਆਰਪੁਰ, ਜਗਮੋਹਣ ਸੱਜਣਾ, ਨਿਸ਼ਾਨ ਚੌਧਰੀ ਇੰਚਾਰਜ ਸ਼ਾਮ ਚੌਰਾਸੀ, ਦਿਨੇਸ਼ ਪੱਪੂ, ਡਾ. ਰਤਨ ਚੰਦ, ਮਾਸਟਰ ਮਲਕੀਤ ਸਿੰਘ, ਬਖਸ਼ੀਸ਼ ਭੀਮ,ਕ੍ਰਿਸ਼ਨਾ ਦੇਵੀ , ਰੇਨੂੰ ਲੱਧੜ, ਅਤੇ ਭਾਰੀ ਗਿਣਤੀ ਵਿੱਚ ਬਸਪਾ ਵਰਕਰ ਹਾਜ਼ਰ ਸਨ।



## ਚੋਰੀ ਦੇ 3 ਮੋਟਰਸਾਈਕਲ ਤੇ 2 ਐਕਟਿਵਾ ਦੀ ਬਰਾਮਦਗੀ ਸਮੇਤ ਮੁਲਜ਼ਮ ਗ੍ਰਿਫ਼ਤਾਰ

**ਮੁਹਾਲੀ (ਗੁਰਜੀਤ ਬਿੱਲਾ)**-ਸੀਨੀਅਰ ਕਪਤਾਨ ਪੁਲਸ ਐੱਸ ਏ ਐੱਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਦਿਲਪ੍ਰੀਤ ਸਿੰਘ ਕਪਤਾਨ ਪੁਲਸ (ਸਿਟੀ), ਐਸ.ਏ.ਐਸ. ਨਗਰ ਦੀ ਅਗਵਾਈ ਹੇਠ ਮੋਹਾਲੀ ਸ਼ਹਿਰ ਵਿੱਚ ਹੋ ਰਹੀ ਵਹੀਕਲ ਚੋਰੀ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਗੁਰਚਰਨ ਸਿੰਘ, ਉਪ ਕਪਤਾਨ ਪੁਲਿਸ, ਸਿਟੀ-1 ਮੋਹਾਲੀ ਵੱਲੋਂ ਪੁਲਸ ਟੀਮਾਂ ਨੂੰ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਚੈਕਿੰਗ ਕਰਨ ਦੇ ਨਿਰਦੇਸ਼ ਦਿੱਤੇ ਗਏ।ਇਸ ਮੁਹਿੰਮ ਤਹਿਤ ਮੁੱਖ ਅਫ਼ਸਰ ਥਾਣਾ ਫੇਜ਼-1 ਮੋਹਾਲੀ ਦੀ ਟੀਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ 6 ਸਤੰਬਰ 2026 ਨੂੰ ਮੁਖਬਰ ਖਾਸ ਤੋਂ ਇਤਲਾਹ ਮਿਲੀ ਕਿ ਗੁਰਜੀਤ ਸਿੰਘ ਉਰਫ਼ ਤੋਤਾ ਪੁੱਤਰ ਗੁਰਮੁੱਖ ਸਿੰਘ ਵਾਸੀ ਮਕਾਨ ਨੰਬਰ 462, ਨੇੜੇ ਖੇੜਾ ਮੁੰਡੀ ਖਰੜ, ਜੋ ਕਿ ਮੋਟਰਸਾਈਕਲ ਚੋਰੀ ਕਰਨ ਦਾ ਆਦੀ ਹੈ, ਅਤੇ ਹੁਣ ਵੀ ਇੱਕ ਮੋਟਰਸਾਈਕਲ ਮਾਰਕਾ ਸਪਲੈਂਡਰ ਪਲੱਸ ਚੋਰੀ ਕੀਤਾ ਹੋਇਆ ਹੈ, ਜਿਸ ਨੂੰ ਵੇਚਣ ਦੀ ਤਾਂਘ ਵਿੱਚ ਨਵੇਂ ਪਾਣੀ ਵਾਲੀ ਟੈਂਕੀ ਪਿੱਛੇ ਮੋਹਾਲੀ ਫੇਜ਼-1 ਮੋਟਰਸਾਈਕਲ ਸਮੇਤ ਖੜ੍ਹਾ ਹੈ।ਪੁਲਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਗੁਰਜੀਤ ਸਿੰਘ ਉਰਫ਼ ਤੋਤਾ ਨੂੰ ਕਾਬੂ ਕਰਕੇ ਉਸ ਪਾਸੋਂ ਚੋਰੀ ਦਾ



ਮੋਟਰਸਾਈਕਲ ਬਰਾਮਦ ਕੀਤਾ ਗਿਆ। ਇਸ ਸਬੰਧੀ ਮੁਕੱਦਮਾ ਥਾਣਾ ਫੇਜ਼-1 ਮੋਹਾਲੀ ਦਰਜ ਕੀਤਾ ਗਿਆ। ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ 1 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ। ਦੌਰਾਨੇ ਰਿਮਾਂਡ ਪੁੱਛਗਿੱਛ ਦੌਰਾਨ ਮੁਲਜ਼ਮ ਦੀ ਨਿਸ਼ਾਨਦੇਹੀ 'ਤੇ ਚੋਰੀ ਕੀਤੇ ਗਏ ਹੋਰ 2 ਮੋਟਰਸਾਈਕਲ ਅਤੇ 2 ਐਕਟਿਵਾ ਬਰਾਮਦ ਕੀਤੇ ਗਏ। ਇਸ ਮਾਮਲੇ ਵਿੱਚ ਪੁਲਸ ਵੱਲੋਂ ਅਗਲੇਰੀ ਜਾਂਚ ਜਾਰੀ ਹੈ।

## ਜੀ ਐੱਨ ਡੀ ਯੂ ਕਾਲਜ ਵਿਖੇ ਮੁਫ਼ਤ ਅੱਖਾਂ ਦੀ ਜਾਂਚ ਤੇ ਜਾਗਰੂਕਤਾ ਕੈਂਪ

**ਜਲੰਧਰ (ਨ ਜ਼ ਸ)**-ਵਿਦਿਆਰਥੀਆਂ ਅਤੇ ਸਟਾਫ਼ ਨੂੰ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕ ਕਰਨ ਅਤੇ ਨਜ਼ਰ ਸਬੰਧੀ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਦੇ ਉਦੇਸ਼ ਨਾਲ ਜੀ ਐੱਨ ਡੀ ਯੂ ਕਾਲਜ ਵਿਖੇ ਇਨੋਸੈਂਟ ਹਾਰਟ ਸੰਸਥਾ ਦੇ ਸਹਿਯੋਗ ਨਾਲ ਮੁਫ਼ਤ ਅੱਖਾਂ ਦੀ ਜਾਂਚ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਕਾਲਜ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਸ਼ਾਸਨਿਕ ਸਟਾਫ਼ ਦੀ ਅੱਖਾਂ ਸੰਬੰਧੀ ਮੁੱਢਲੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਅੱਖਾਂ ਦੀ ਸੰਭਾਲ ਸਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕੀਤੀ ਗਈ। ਕਾਲਜ ਦੀ ਓ ਐੱਸ ਡੀ/ਪ੍ਰਿੰਸੀਪਲ ਪ੍ਰੋ. ਡਾ. ਨਵਜੋਤ ਕੌਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਿਹਤ ਜਾਗਰੂਕਤਾ ਉਪਰਾਲੇ ਦੌਰਾਨ ਅੱਖਾਂ ਦੇ ਮਾਹਿਰਾਂ ਦੀ ਟੀਮ ਵੱਲੋਂ ਆਧੁਨਿਕ ਕੰਪਿਊਟਰਾਈਜ਼ਡ ਤਕਨੀਕ ਰਾਹੀਂ ਵਿਜ਼ਨ ਸਕ੍ਰੀਨਿੰਗ ਕੀਤੀ ਗਈ। ਇਸ ਦੌਰਾਨ ਨਜ਼ਰ ਦੀ ਕਮਜ਼ੋਰੀ ਅਤੇ ਰਿਫਰੈਕਟਿਵ ਐਰਰਜ਼ ਸਮੇਤ ਅੱਖਾਂ ਨਾਲ ਸਬੰਧਤ ਮੁੱਢਲੀਆਂ ਸਮੱਸਿਆਵਾਂ ਦੀ ਜਾਂਚ ਕੀਤੀ ਗਈ। ਲੋੜਵੰਦ ਵਿਦਿਆਰਥੀਆਂ ਅਤੇ ਸਟਾਫ਼ ਨੂੰ ਅਗਲੇ ਪੱਧਰ ਦੀ ਵਿਸਥਾਰਤ ਜਾਂਚ ਲਈ ਮੁਫ਼ਤ ਓ ਪੀ ਡੀ ਚੈੱਕਅਪ ਕਾਰਡ ਵੀ ਪ੍ਰਦਾਨ ਕੀਤੇ ਗਏ। ਇਸ ਮੌਕੇ ਡਾ. ਰੋਹਨ ਬੌਰੀ ਵੱਲੋਂ ਵਿਸ਼ੇਸ਼ ਅੱਖਾਂ ਦੀ ਸਿਹਤ ਜਾਗਰੂਕਤਾ ਸੈਸ਼ਨ ਕਰਵਾਇਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅੱਖਾਂ ਦੀ ਸਿਹਤ, ਵਿਜ਼ੂਅਲ ਹਾਈਜੀਨ ਅਤੇ ਡਿਜੀਟਲ ਸਕਰੀਨਜ਼ ਦੀ ਲਗਾਤਾਰ ਵਰਤੋਂ ਨਾਲ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਡਾ. ਲਖਵੀਰ ਸਿੰਘ ਅਤੇ ਡਾ. ਸੋਨੀਆ ਕੁੰਦਰਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਕਾਲਜ ਪ੍ਰਬੰਧਨ ਵੱਲੋਂ ਮੈਡੀਕਲ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਨੂੰ ਸਿਹਤ ਸਬੰਧੀ ਜਾਗਰੂਕਤਾ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਪਣੀ ਸਿਹਤ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਕੈਂਪ ਦੌਰਾਨ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਸਰਗਰਮ ਭਾਗੀਦਾਰੀ ਕੀਤੀ ਗਈ।ਕਾਲਜ ਪ੍ਰਬੰਧਨ ਨੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਅਤੇ ਸਟਾਫ਼ ਦੀ ਸਿਹਤ ਤੇ ਭਲਾਈ ਨਾਲ ਸਬੰਧਤ ਅਜਿਹੇ ਜਾਗਰੂਕਤਾ ਅਤੇ ਜਾਂਚ ਪ੍ਰੋਗਰਾਮ ਲਗਾਤਾਰ ਕਰਵਾਉਣ ਲਈ ਆਪਣੀ ਵਚਨਬੱਧਤਾ ਪ੍ਰਗਟਾਈ।



## ਮੁਲਾਜ਼ਮ ਤੇ ਪੈਨਸ਼ਨਰ ਸਾਂਝੀ ਤਾਲਮੇਲ ਕਮੇਟੀ ਦੀ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਗੜਦੀਵਾਲਾ ਵਿਖੇ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੀ ਤਾਲਮੇਲ ਕਮੇਟੀ ਦੀ ਅਹਿਮ ਮੀਟਿੰਗ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂ ਪ੍ਰਿੰਸ ਪਲਿਆਲ, ਜਗਵਿੰਦਰ ਸਿੰਘ, ਗੁਰਮੁਖ ਸਿੰਘ ਬਲਾਲਾ, ਸਚਿਨ ਕੁਮਾਰ, ਸੁਰਿੰਦਰ ਸਿੰਘ, ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਦੀ ਅਗਵਾਈ ਹੇਠ ਹੋਈ।ਇਸ ਮੌਕੇ ਤੇ ਬੋਲਦਿਆਂ ਉਪਰੋਕਤ ਆਗੂਆਂ ਨੇ ਕਿਹਾ ਕਿ 12 ਸਤੰਬਰ ਨੂੰ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਗੜ੍ਹਸ਼ੰਕਰ ਦੇ ਘਰ ਦਾ ਘਿਰਾਓ ਕੀਤਾ ਜਾਵੇਗਾ, ਜਿਸ ਵਿੱਚ ਭਾਰੀ ਗਿਣਤੀ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਭਾਗ ਲੈਣ ਗਏ। ਉਹਨਾਂ ਕਿਹਾ ਕਿ ਸਰਕਾਰ ਮੁਲਾਜ਼ਮ ਮੰਗਾਂ ਮੰਨਣ ਵੱਲ ਧਿਆਨ ਦੇਵੇ ਨਾ ਕਿ ਟਕਰਾਅ ਵੱਲ ਨੂੰ ਵੱਧਣ ਦਾ ਯਤਨ ਕਰੇ। ਉਹਨਾਂ ਕਿਹਾ ਕਿ ਸਰਕਾਰ ਹਾਈ ਕੋਰਟ ਦੇ ਫੈਸਲੇ ਨੂੰ ਲਾਗੂ ਕਰੇ ਅਤੇ ਡੀ ਏ ਦਾ ਪੱਤਰ ਜਾਰੀ ਕਰੇ। ਉਹਨਾਂ ਸਮੂਹ ਮੁਲਾਜ਼ਮਾਂ ਨੂੰ 12 ਸਤੰਬਰ ਨੂੰ ਗੜ੍ਹਸ਼ੰਕਰ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਤੇ ਜਗਮੋਹਨ ਸਿੰਘ, ਜਗਦੀਸ਼ ਬਹਾਦਰ ਸਿੰਘ, ਹਰਪਾਲ ਸਿੰਘ, ਰਮਨਦੀਪ ਸ਼ਰਮਾ, ਨਵਤੇਜ ਸਿੰਘ, ਅਨਿਲ ਕੁਮਾਰ, ਬਚਿੱਤਰ ਸਿੰਘ, ਭੁਪਿੰਦਰ ਸਿੰਘ, ਸਰਤਾਜ ਸਿੰਘ, ਦੀਪਕ ਕੁੰਡਲ, ਮਨੋਜ ਕੁਮਾਰ ਸ਼ਰਮਾ, ਸੁਖਵਿੰਦਰ ਸਿੰਘ, ਲੈਕਚਰਾਰ ਗੁਰਪ੍ਰੀਤ ਸਿੰਘ, ਮਲਕੀਤ ਸਿੰਘ, ਚਰਨਜੀਤ ਸਿੰਘ ਅਨਿਲ ਕੁਮਾਰ, ਮੀਕਾ ਸਿੰਘ ਆਦਿ ਹਾਜ਼ਰ ਸਨ।

## ਡਾ. ਪਰਵਿੰਦਰ ਸਿੰਘ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਬਣੇ

**ਮਾਹਿਲਪੁਰ (ਸਫ਼ਰੀ)**-ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਵਿੱਚ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਅਰਜੁਨ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਐਸੋਸੀਏਸ਼ਨ ਦੀ ਜਨਰਲ ਬਾਡੀ ਦੀ ਵਿਸ਼ੇਸ਼ ਮੀਟਿੰਗ ਹੋਈ। ਇਹ ਮੀਟਿੰਗ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਅਤੇ ਪ੍ਰਿੰਸੀਪਲ ਹਰਭਜਨ ਸਿੰਘ ਸਪੋਰਟਿੰਗ ਕਲੱਬ ਮਾਹਿਲਪੁਰ ਦੇ ਸੱਦੇ ਹੇਠਾਂ ਕਰਵਾਈ ਗਈ। ਇਸ ਮੌਕੇ ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਸੰਘਾ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਫੁੱਟਬਾਲ ਖੇਡ ਦੀ ਪ੍ਰਫੁੱਲਤਾ ਲਈ ਹੋ ਰਹੇ ਯਤਨਾਂ ਬਾਰੇ ਵਿਚਾਰ ਰੱਖੇ। ਉਨ੍ਹਾਂ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਦੇ ਅਗਲੇ ਪ੍ਰਧਾਨ ਲਈ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਦੇ ਨਾਂਅ ਦੀ ਤਜਵੀਜ਼ ਰੱਖੀ। ਇਸ ਤਜਵੀਜ਼ ਦੀ ਪ੍ਰੋੜਤਾ ਅਰਜੁਨ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ ਨੇ ਕੀਤੀ। ਉਨ੍ਹਾਂ ਕਿਹਾ ਕਿ ਪ੍ਰਿੰਸੀਪਲ ਪਰਵਿੰਦਰ ਸਿੰਘ ਅਕਾਦਮਿਕ ਕੰਮਾਂ ਦੇ ਨਾਲ ਨਾਲ ਫੁੱਟਬਾਲ ਖੇਡ ਦੇ ਹੋਰ ਪ੍ਰਚਾਰ ਪ੍ਰਸਾਰ ਲਈ ਯਤਨਸ਼ੀਲ ਸ਼ਖ਼ਸੀਅਤ ਹਨ। ਇਸ ਮੌਕੇ ਹਾਜ਼ਰ ਅਹੁਦੇਦਾਰਾਂ ਨੇ ਸਰਬ ਸੰਮਤੀ ਨਾਲ ਹੋਈ ਇਸ ਚੋਣ 'ਤੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ। ਧੰਨਵਾਦੀ ਸ਼ਬਦ ਸਾਂਝੇ ਕਰਦਿਆਂ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਉਹ ਫੁੱਟਬਾਲ ਪ੍ਰਮੋਟਰਾਂ, ਸਾਬਕਾ ਖਿਡਾਰੀਆਂ ਅਤੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਇਸ ਕਾਰਜਭਾਰ ਨੂੰ ਮਿਹਨਤ ਅਤੇ ਤਨਦੇਹੀ ਨਾਲ ਨਿਭਾਉਣਗੇ।



ਮੀਟਿੰਗ ਮੌਕੇ ਐਸੋਸੀਏਸ਼ਨ ਦੇ ਉੱਪ ਪ੍ਰਧਾਨ ਸੁਖਵਿੰਦਰ ਸਿੰਘ, ਕੁਲਵਿੰਦਰ ਕੌਰ, ਰਾਮ ਮੂਰਤੀ, ਜਨਰਲ ਸਕੱਤਰ ਇਕਬਾਲ ਸਿੰਘ ਖੇੜਾ,ਜੁਆਇੰਟ ਸਕੱਤਰ ਅਮਰੀਕ ਸਿੰਘ, ਖਜ਼ਾਨਚੀ ਪ੍ਰਿੰਸੀਪਲ ਸੁਖਇੰਦਰ ਸਿੰਘ, ਐੱਸ ਪੀ ਸ਼ਵਿੰਦਰਜੀਤ ਸਿੰਘ ਬੈਂਸ, ਪ੍ਰਿੰਸੀਪਲ ਜਗਮੋਹਨ ਸਿੰਘ, ਹਰਨੰਦਨ ਸਿੰਘ ਖਾਬੜਾ, ਨਵਮੀਤ ਸਿੰਘ, ਅਮਰੀਕ ਸਿੰਘ ਬੈਂਸ ਆਦਿ ਸਮੇਤ ਹੋਰ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੂੰ ਇਸ ਚੋਣ ਲਈ ਮੁਬਾਰਕਬਾਦ ਦਿੱਤੀ।

## ਸਲਾਟਰ ਹਾਊਸ 15 ਨੂੰ ਬੰਦ ਰੱਖਣ ਦੇ ਹੁਕਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪਵਿੱਤਰ ਜੈਨ ਤਿਉਹਾਰ ਪਰਯੂਸ਼ਨ ਪਰਵ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ 15 ਸਤੰਬਰ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਸਲਾਟਰ ਹਾਊਸ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਹਨ। ਪਰਯੂਸ਼ਨ ਪਰਵ 9 ਤੋਂ 15 ਸਤੰਬਰ ਤੱਕ ਮਨਾਇਆ ਜਾ ਰਿਹਾ ਹੈ ਅਤੇ 15 ਸਤੰਬਰ ਨੂੰ ਸਮਵਤਸਰੀ ਪਰਵ ਮਨਾਇਆ ਜਾਵੇਗਾ। ਜ਼ਿਲ੍ਹਾ ਮੈਜਿਸਟ੍ਰੇਟ ਨੇ ਮਹਾਵੀਰ ਜੈਨ ਸਭਾ ਦੀ ਬੇਨਤੀ ਤੇ ਆਮ ਜਨਤਾ ਦੀਆਂ ਧਾਰਮਿਕ ਭਾਵਨਾਵਾਂ ਨੂੰ ਮੁੱਖ ਰੱਖਦਿਆਂ 15 ਸਤੰਬਰ, ਦਿਨ ਮੰਗਲਵਾਰ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਾਰੇ ਸਲਾਟਰ ਹਾਊਸ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਹਨ।

## ਰਾਸ਼ਟਰੀ ਲੋਕ ਅਦਾਲਤ ਭਲਕੇ

**ਮੁਹਾਲੀ (ਗੁਰਜੀਤ ਬਿੱਲਾ)**-ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਵੱਲੋਂ ਜਾਰੀ ਸ਼ਡਿਊਲ ਅਨੁਸਾਰ 12 ਸਤੰਬਰ ਨੂੰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀਆਂ ਸਾਰੀਆਂ ਅਦਾਲਤਾਂ ਵਿੱਚ ਰਾਸ਼ਟਰੀ ਲੋਕ ਅਦਾਲਤ ਲਗਾਈ ਜਾ ਰਹੀ ਹੈ। ਇਹ ਲੋਕ ਅਦਾਲਤ ਅਤੁਲ ਕਸਾਨਾ ਜ਼ਿਲ੍ਹਾ ਅਤੇ ਸੈਸ਼ਨ ਜੱਜ ਐੱਸ ਏ ਐੱਸ ਨਗਰ ਦੀ ਅਗਵਾਈ ਹੇਠ ਆਯੋਜਿਤ ਕੀਤੀ ਜਾਵੇਗੀ। ਇਸ ਲੋਕ ਅਦਾਲਤ ਦੌਰਾਨ ਰਾਜੀਨਾਮਾ ਯੋਗ ਫੌਜਦਾਰੀ ਕੇਸ, ਚੈੱਕ ਬਾਊਂਸ ਕੇਸ, ਬੈਂਕ ਰਿਕਵਰੀ ਕੇਸ, ਵਿਵਾਹਿਕ ਝਗੜੇ, ਐੱਮ ਏ ਸੀ ਟੀ ਕੇਸ, ਕਿਰਤ ਸਬੰਧੀ ਝਗੜੇ, ਲੈਂਡ ਐਕਿਊਜ਼ੀਸ਼ਨ ਕੇਸ, ਪਾਣੀ ਦੇ ਬਿੱਲਾਂ ਨਾਲ ਸਬੰਧਤ ਮਾਮਲੇ, ਮਾਲ ਵਿਭਾਗ ਨਾਲ ਸਬੰਧਤ ਕੇਸ ਅਤੇ ਹਰ ਤਰ੍ਹਾਂ ਦੇ ਦੀਵਾਨੀ ਕੇਸ ਵਿਚਾਰੇ ਜਾਣਗੇ।

## ਸ਼੍ਰੋਮਣੀ ਅਕਾਲੀ ਦਲ ਵੱਲੋਂ 'ਪੰਜਾਬ ਬਚਾਓ' ਰੈਲੀ



**ਚੰਡੀਗੜ੍ਹ (ਸੁਰਜੀਤ ਸੁਮਨ)**-ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਹਲਕਾ ਖਰੜ ਵਿੱਚ ਪੈਂਦੇ ਨਿਊ ਚੰਡੀਗੜ੍ਹ ਦੇ ਪਿੰਡ ਪਲਹੇੜੀ ਵਿਖੇ 'ਪੰਜਾਬ ਬਚਾਓ' ਤਹਿਤ ਭਰਵੀਂ ਰੈਲੀ ਕੀਤੀ ਗਈ। ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਅਕਾਲੀ ਆਗੂ ਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਖੇੜਾ ਨੂੰ ਇਸ ਪੰਜਾਬ ਬਚਾਓ ਰੈਲੀ ਨੂੰ ਸਫਲ ਬਣਾਉਣ ਲਈ ਦਿਨ ਰਾਤ ਮਿਹਨਤ ਕਰਕੇ ਸਿਰੇ ਚੜ੍ਹਾਉਣ ਲਈ ਵਧਾਈ ਦਿੱਤੀ। ਉਨ੍ਹਾਂ ਇਸ ਮੌਕੇ ਆਪਣੇ ਪਿਤਾ ਤੇ ਸਾਬਕਾ ਮੁੱਖ ਮੰਤਰੀ ਮਰਹੂਮ ਪ੍ਰਕਾਸ਼ ਸਿੰਘ ਬਾਦਲ ਦੇ ਕੰਮਾਂ ਨੂੰ ਯਾਦ ਕਰਦਿਆਂ ਵਿਰੋਧੀਆਂ ਨੂੰ ਰਗੜੇ ਲਾਏ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਹਮੇਸ਼ਾ ਪੰਜਾਬ ਦਾ ਹਿਤੈਸ਼ੀ ਰਿਹਾ ਹੈ। ਅਕਾਲੀ ਸਰਕਾਰ ਦੇ ਕੰਮਾਂ ਨੂੰ ਗਿਣਾਉਂਦਿਆਂ ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਆਉਣ ਬਾਅਦ ਹਲਕਾ ਖਰੜ ਨੂੰ ਬੁਲੰਦੀਆਂ 'ਤੇ ਲਿਆਂਦਾ ਜਾਵੇਗਾ। ਇਸ ਮੌਕੇ ਸੀਨੀਅਰ ਅਕਾਲੀ ਲੀਡਰ ਬਲਵਿੰਦਰ ਸਿੰਘ ਭੂੰਦੜ, ਦਲਜੀਤ ਸਿੰਘ ਚੀਮਾ, ਹਲਕਾ ਇੰਚਾਰਜ ਰਵਿੰਦਰ ਸਿੰਘ ਖੇੜਾ, ਸਰਬਜੀਤ ਸਿੰਘ ਝਿੰਜਰ ਨੇ ਸੰਬੋਧਨ ਕੀਤਾ। ਇਸ ਮੌਕੇ ਵੱਡੇ ਲੀਡਰਾਂ ਤੋਂ ਇਲਾਵਾ ਸ਼ਹਿਰੀ ਪ੍ਰਧਾਨ ਬਲਵਿੰਦਰ ਸਿੰਘ ਪਟਵਾਰੀ, ਹਰਜਿੰਦਰ ਸਿੰਘ ਬਲੌਂਗੀ, ਮਾਨ ਸਿੰਘ ਸੈਣੀ, ਅਮਨਦੀਪ ਸਿੰਘ ਅੱਮੂ, ਬਲਕਾਰ ਸਿੰਘ ਬੱਬੂ ਵੀ ਹਾਜ਼ਰ ਸਨ।

## ਡਾ. ਅੰਬੇਦਕਰ ਦੇ ਬੁੱਤ ਦੀ ਬੇਅਦਬੀ ਖ਼ਿਲਾਫ਼ ਰੋਸ ਪ੍ਰਦਰਸ਼ਨ

**ਫ਼ਿਲੌਰ (ਨਿਰਮਲ)**-ਲੁਧਿਆਣਾ-ਜਲੰਧਰ ਬਾਈਪਾਸ 'ਤੇ ਸਥਿਤ ਡਾ. ਭੀਮ ਰਾਓ ਅੰਬੇਦਕਰ ਦੇ ਬੁੱਤ ਦੀ ਬੇਅਦਬੀ ਦੇ ਮਾਮਲੇ ਨੂੰ ਲੈ ਕੇ ਫ਼ਿਲੌਰ ਵਿਖੇ ਵੱਖ-ਵੱਖ ਰਵਿਦਾਸ ਸਭਾਵਾਂ, ਰਾਜਨੀਤਿਕ ਅਤੇ ਧਾਰਮਿਕ ਆਗੂਆਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ।ਡਾ. ਅੰਬੇਦਕਰ ਸਾਹਿਬ ਚੌਂਕ ਫ਼ਿਲੌਰ ਵਿਖੇ ਇਕੱਠੇ ਹੋਏ ਆਗੂਆਂ ਨੇ ਘਟਨਾ ਦੀ ਸਖ਼ਤ ਨਿੰਦਾ ਕਰਦਿਆਂ ਪੰਜਾਬ ਸਰਕਾਰ



ਅਤੇ ਪ੍ਰਸ਼ਾਸਨ ਖ਼ਿਲਾਫ਼ ਰੋਸ ਜ਼ਾਹਰ ਕੀਤਾ। ਆਗੂਆਂ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਦੇ ਬੁੱਤ ਦਾ ਅਪਮਾਨ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਮੰਗ ਕੀਤੀ ਕਿ ਘਟਨਾ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਦੀ ਜਲਦ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।ਆਗੂਆਂ ਨੇ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਜਿਹੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਦੋਸ਼ੀਆਂ ਖ਼ਿਲਾਫ਼ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ, ਤਾਂ ਜੋ ਭਵਿੱਖ ਵਿੱਚ ਅਜਿਹੀ ਘਟਨਾ ਮੁੜ ਨਾ ਵਾਪਰੇ। ਉਨ੍ਹਾਂ ਕਿਹਾ ਕਿ ਜੇਕਰ ਦੋਸ਼ੀਆਂ ਨੂੰ ਜਲਦ ਗ੍ਰਿਫ਼ਤਾਰ ਨਾ ਕੀਤਾ ਗਿਆ ਤਾਂ ਸਰਕਾਰ ਅਤੇ ਪ੍ਰਸ਼ਾਸਨ ਖ਼ਿਲਾਫ਼ ਧਰਨਾ ਦੇਣ ਲਈ ਮਜਬੂਰ ਹੋਣਗੇ, ਜਿਸ ਦੀ ਜ਼ਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ।ਇਸ ਮੌਕੇ ਤਹਿਸੀਲਦਾਰ ਅਨੁਦੀਪ ਸ਼ਰਮਾ ਰਾਹੀਂ ਪ੍ਰਸ਼ਾਸਨ ਨੂੰ ਮੰਗ ਪੱਤਰ ਵੀ ਭੇਜਿਆ ਗਿਆ, ਜਿਸ ਵਿੱਚ ਦੋਸ਼ੀਆਂ ਨੂੰ ਜਲਦ ਗ੍ਰਿਫ਼ਤਾਰ ਕਰਨ ਅਤੇ ਮਾਮਲੇ ਵਿੱਚ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ।ਰੋਸ ਪ੍ਰਦਰਸ਼ਨ ਦੌਰਾਨ ਰਾਜ ਕੁਮਾਰ ਸੰਧੂ, ਤਾਰਾ ਚੰਦ ਜੱਖੂ, ਤਰਸੇਮ ਰੁਪਾਣਾ ਪ੍ਰਧਾਨ ਭਾਜਪਾ ਵਿਮੁਕਤ ਜਾਤੀਆਂ ਪੰਜਾਬ, ਯਸ਼ਪਾਲ ਸਿੰਢਾ ਸਾਬਕਾ ਕੌਂਸਲਰ, ਦਿਲਬਾਗ ਬੇਦੀ, ਸੁਖਵਿੰਦਰ ਸਿੰਘ ਲਾਡੀ ਯੁਵਾ ਪ੍ਰਧਾਨ ਭਾਜਪਾ ਜ਼ਿਲ੍ਹਾ ਜਲੰਧਰ, ਰਜਿੰਦਰ ਸੰਧੂ ਸੀਨੀਅਰ ਕਾਂਗਰਸੀ ਆਗੂ, ਰਾਏ ਕਾਰ ਲਿੰਕ, ਦੀਪਕ ਰਸੂਲਪੁਰੀ, ਸਰਵਜੀਤ ਸਿੰਘ ਸਾਬੀ ਸਮੇਤ ਵੱਖ-ਵੱਖ ਰਾਜਨੀਤਿਕ ਅਤੇ ਧਾਰਮਿਕ ਆਗੂ ਹਾਜ਼ਰ ਸਨ।

## ਬੈਂਕ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ ਅੱਜ

**ਜਲੰਧਰ (ਲਖਵਿੰਦਰ ਸਿੰਘ ਆਧੀ)**-ਯੂਨਾਈਟਿਡ ਫੋਰਮ ਆਫ਼ ਬੈਂਕ ਯੂਨੀਅਨਜ਼ (ਯੂ ਐੱਫ ਬੀ ਯੂ) ਦੇ ਸੱਦੇ 'ਤੇ ਬੈਂਕ ਮੁਲਾਜ਼ਮਾਂ ਵੱਲੋਂ 5-ਦਿਨੀ ਬੈਂਕਿੰਗ ਨੂੰ ਤੁਰੰਤ ਲਾਗੂ ਕਰਨ ਅਤੇ ਕੀਤੇ ਗਏ ਸਮਝੌਤਿਆਂ ਨੂੰ ਅਮਲੀ ਜਾਮਾ ਪਹਿਨਾਉਣ ਦੀ ਮੰਗ ਨੂੰ ਲੈ ਕੇ ਭਲਕੇ 11 ਨੂੰ ਐੱਸ ਬੀ ਆਈ ਮੁੱਖ ਸ਼ਾਖਾ ਸਿਵਲ ਲਾਈਨਜ਼ ਜਲੰਧਰ ਵਿਖੇ ਸਵੇਰੇ 10:30 ਵਜੇ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਯੂ ਐੱਫ ਬੀ ਯੂ ਦੇ ਕਨਵੀਨਰ ਵਿਨੇ ਡੋਗਰਾ ਨੇ ਕਿਹਾ ਕਿ ਬੈਂਕ ਮੁਲਾਜ਼ਮਾਂ ਵਿੱਚ ਲੰਮੇ ਸਮੇਂ ਤੋਂ ਭਾਰੀ ਰੋਸ ਪਾਇਆ ਜਾ ਰਿਹਾ ਹੈ ਕਿਉਂਕਿ ਬਾਰ-ਬਾਰ ਮੰਗ ਕਰਨ ਦੇ ਬਾਵਜੂਦ ਸਰਕਾਰ ਅਤੇ ਸੰਬੰਧਤ ਅਧਿਕਾਰੀ 5-ਦਿਨੀ ਬੈਂਕਿੰਗ ਦਾ ਨੋਟੀਫਿਕੇਸ਼ਨ ਜਾਰੀ ਕਰਨ ਤੋਂ ਟਾਲਾ ਵੱਟ ਰਹੇ ਹਨ। ਵਿਨੇ ਡੋਗਰਾ ਨੇ ਆਪਣੇ ਬਿਆਨ ਵਿੱਚ ਕਿਹਾ, 'ਜਦੋਂ ਵਾਅਦਿਆਂ ਨੂੰ ਲਮਕਾਇਆ ਜਾਵੇ, ਤਾਂ ਏਕਤਾ ਅਤੇ ਸੰਘਰਸ਼ ਹੀ ਸਾਡਾ ਇੱਕੋ-ਇੱਕ ਜਵਾਬ ਹੁੰਦਾ ਹੈ। ਮੈਨੇਜਮੈਂਟ ਅਤੇ ਪ੍ਰਸ਼ਾਸਨ ਨੂੰ ਸਾਡੀ ਚੁੱਪ ਨੂੰ ਕਮਜ਼ੋਰੀ ਨਹੀਂ ਸਮਝਣਾ ਚਾਹੀਦਾ।' ਉਨ੍ਹਾਂ ਯੂਨੀਅਨ ਦੀਆਂ ਮੁੱਖ ਮੰਗਾਂ ਨੂੰ ਦੁਹਰਾਉਂਦਿਆਂ ਮੰਗ ਕੀਤੀ ਕਿ 5-ਦਿਨੀ ਬੈਂਕਿੰਗ ਦਾ ਨੋਟੀਫਿਕੇਸ਼ਨ ਤੁਰੰਤ ਜਾਰੀ ਕੀਤਾ ਜਾਵੇ।



## ਆਸ਼ਾ ਵਰਕਰ ਤੇ ਫੈਸਿਲੀਟੇਟਰਜ਼ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਸ਼ਾ ਵਰਕਰ ਤੇ ਫੈਸਿਲੀਟੇਟਰਜ਼ ਯੂਨੀਅਨ ਦੇ ਅਨੁਸਾਰ 8 ਸਤੰਬਰ ਤੋਂ ਲੈ ਕੇ 18 ਸਤੰਬਰ ਤੱਕ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਉਸ ਕੜੀ ਤਹਿਤ ਪੀ ਐੱਚ ਸੀ ਚੱਕੋਵਾਲ ਦੀ ਪ੍ਰਧਾਨ ਆਸ਼ਾ ਵਰਕਰ ਹਰਨਿੰਦਰ ਕੌਰ ਨੇ ਕਿਹਾ ਕਿ ਸਰਕਾਰ ਨੇ ਸੱਤਾ 'ਚ ਆਉਣ ਤੋਂ ਕਿਹਾ ਸੀ ਕਿ ਆਸ਼ਾ ਵਰਕਰਾਂ ਦੀ ਤਨਖਾਹ 2500 ਤੋਂ 5000 ਹਜ਼ਾਰ ਕਰ ਦੇਵਾਂਗੇ। ਪਰ ਸਾਢੇ ਚਾਰ ਬੀਤਣ ਤੋਂ ਬਾਅਦ ਵੀ ਇੱਕ ਨਿੱਕਾ ਪੈਸਾ ਨਹੀਂ ਵਧਾਇਆ ਸਗੋਂ ਪਹਿਲਾਂ ਮਿਲਦੇ ਇੰਨਸੈਨਟਵ ਵੀ ਘਟਾ ਦਿੱਤੇ ਹਨ।ਫੈਸਿਲੀਟੇਟਰ ਜਸਵੀਰ ਕੌਰ, ਮਨਿੰਦਰ ਕੌਰ, ਆਸ਼ਾ



ਵਰਕਰ ਊਸ਼ਾ ਰਾਣੀ, ਆਸ਼ਾ ਵਰਕਰ ਰੂਬੀ ਬਾਲਾ, ਆਸ਼ਾ ਵਰਕਰ ਜਸਪ੍ਰੀਤ ਕੌਰ ਨੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਅਤੇ ਭਾਸ਼ਣ ਵੀ ਦਿੱਤੇ। ਇਸ ਮੌਕੇ ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰਜ ਯੂਨੀਅਨ ਦੇ ਸੂਬਾ ਸਲਾਹਕਾਰ ਮਨਜੀਤ ਸਿੰਘ ਬਾਜਵਾ ਚੱਕੋਵਾਲ ਵਿਖੇ ਉਚੇਰੇ ਤੌਰ ਤੇ ਪਹੁੰਚੇ ਅਤੇ ਉਨ੍ਹਾਂ ਨੇ ਕਿਹਾ ਸਰਕਾਰ ਨੂੰ ਇਹਨਾਂ ਦੀ ਉਜਰਤ (18000) ਤੁਰੰਤ ਵਾਧਾ ਕੀਤਾ ਜਾਵੇ ਅਤੇ ਉਨ੍ਹਾਂ ਨੇ ਦੱਸਿਆ ਕਿ ਗੁਆਂਢੀ ਸੂਬੇ ਹਰਿਆਣਾ, ਹਿਮਾਚਲ ਪ੍ਰਦੇਸ,ਰਾਜਸਥਾਨ ਵਿੱਚ ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰਜ ਨੂੰ ਹਰ ਮਹੀਨੇ 5000 ਤੋਂ ਵੱਧ ਰੁਪਏ ਮਿਲਦੇ ਹਨ। ਜਿੰਨਾਂ ਚਿਰ ਇਹਨਾਂ ਨੂੰ ਉਜਰਤ ਦੇ ਘੇਰੇ ਵਿੱਚ ਨਹੀਂ ਲਿਆਂਦਾ ਜਾਂਦਾ ਉੱਨਾ ਚਿਰ ਬਾਕੀ ਸੂਬਿਆਂ ਵਾਂਗ 6000 ਮਹੀਨਾ ਦਿੱਤਾ ਜਾਵੇ। ਮਨਜੀਤ ਸਿੰਘ ਬਾਜਵਾ ਨੇ ਦੱਸਿਆ ਕਿ 12 ਸਤੰਬਰ ਨੂੰ 10:00 ਵਜੇ ਦਾਣਾ ਮੰਡੀ ਗੜ੍ਹਸ਼ੰਕਰ ਇਕੱਠੇ ਹੋ ਕੇ ਐੱਮ ਐੱਲ ਏ ਰੌੜੀ ਦੇ ਘਰ ਵੱਲ ਮਾਰਚ ਕੀਤਾ ਜਾਵੇਗਾ। 16 ਮਾਰਚ ਨੂੰ ਸਮੂਹ ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਦਿਨ ਬੁੱਧਵਾਰ ਨੂੰ 10:00 ਵਜੇ ਸਿਵਲ ਸਰਜਨ ਦਫਤਰ ਵਿਖੇ ਰੈਲੀ ਕੀਤੀ ਜਾਵੇਗੀ। ਪੀ ਐਚ ਸੀ ਚੱਕੋਵਾਲ ਦੇ ਐਸ ਐਮ ਓ ਨੂੰ ਮੰਗ ਪੱਤਰ ਦਿੱਤਾ ਗਿਆ।

## ਬਾਰ ਐਸੋਸੀਏਸ਼ਨ ਚੋਣਾਂ ਲਈ ਅਬਜ਼ਰਵਰ ਨਿਯੁਕਤ

**ਜਲੰਧਰ (ਰਾਜੇਸ਼ ਥਾਪਾ)**-ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ ਚੰਡੀਗੜ੍ਹ ਵੱਲੋਂ ਵੱਖ-ਵੱਖ ਬਾਰ ਐਸੋਸੀਏਸ਼ਨਾਂ ਦੀਆਂ ਚੋਣਾਂ ਨੂੰ ਆਜ਼ਾਦ, ਨਿਰਪੱਖ, ਸ਼ਾਂਤੀਪੂਰਵਕ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਆਬਜ਼ਰਵਰ ਨਿਯੁਕਤ ਕੀਤੇ ਗਏ ਹਨ।ਅੰਮ੍ਰਿਤਸਰ ਲਈ ਐਡਵੋਕੇਟ ਸੁਖਵਿੰਦਰਜੀਤ ਸਿੰਘ ਟੁਰਨਾ ਅਤੇ ਐਡਵੋਕੇਟ



ਹੁਸਨ ਲਾਲ, ਫਗਵਾੜਾ ਲਈ ਐਡਵੋਕੇਟ ਮਨੋਰਮਾ ਅਤੇ ਐਡਵੋਕੇਟ ਹਰਪ੍ਰੀਤ ਕੌਰ ਢੀਂਡਸਾ, ਦਸੂਹਾ ਅਤੇ ਮੁਕੇਰੀਆਂ ਲਈ ਐਡਵੋਕੇਟ ਕਰਮਿੰਦਰ ਪਾਲ ਸਿੰਘ ਅਤੇ ਐਡਵੋਕੇਟ ਪਰਮਜੀਤ ਟੁਰਨਾ, ਜਦਕਿ ਕਪੂਰਥਲਾ ਲਈ ਐਡਵੋਕੇਟ ਅਮਿਤ ਗਾਬਾ ਨੂੰ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਐਡਵੋਕੇਟ ਗੁਰਜੀਤ ਸਿੰਘ ਕਾਹਲੋਂ ਅਤੇ ਐਡਵੋਕੇਟ ਪਰਮਿੰਦਰ ਸਿੰਘ ਢਿੱਲੋਂ ਵੱਲੋਂ ਨਿਯੁਕਤ ਆਬਜ਼ਰਵਰਾਂ ਨੂੰ ਬਾਰ ਕੌਂਸਲ ਦੇ ਨਿਯੁਕਤੀ ਪੱਤਰ ਸੌਂਪੇ ਗਏ। ਉਨ੍ਹਾਂ ਸਮੂਹ ਵਕੀਲ ਭਾਈਚਾਰੇ ਨੂੰ ਅਪੀਲ ਕੀਤੀ ਕਿ ਬਾਰ ਚੋਣਾਂ ਵਕੀਲ ਪਰਵਾਰ ਦਾ ਲੋਕਤੰਤਰਿਕ ਤਿਉਹਾਰ ਹਨ , ਇਸ ਲਈ ਆਪਸੀ ਭਾਈਚਾਰਾ ਅਤੇ ਸਦਭਾਵਨਾ ਕਾਇਮ ਰੱਖਦਿਆਂ ਚੋਣਾਂ ਨੂੰ ਨਿਰਪੱਖ ਅਤੇ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੂਰਾ ਸਹਿਯੋਗ ਦਿੱਤਾ ਜਾਵੇ।

## ਡਾ. ਅੰਬੇਡਕਰ ਦੀ ਮੂਰਤੀ ਨਾਲ ਛੇੜਛਾੜ ਦੀ ਘਟਨਾ ਅਤਿ-ਨਿੰਦਣਯੋਗ : ਮੋਮੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**-ਲੁਧਿਆਣਾ ਦੇ ਜਲੰਧਰ ਬਾਈਪਾਸ ਚੌਂਕ ਵਿਖੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਮਹਾਨ ਸਮਾਜ ਸੁਧਾਰਕ ਬਾਬਾ ਸਾਹਿਬ



ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਨਾਲ ਹੋਈ ਛੇੜਛਾੜ ਦੀ ਘਟਨਾ ਦੀ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨਾਂ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਕਿਸੇ ਇੱਕ ਵਰਗ ਦੇ ਨਹੀਂ, ਸਗੋਂ ਪੂਰੇ ਭਾਰਤ ਦੀ ਮਹਾਨ ਸ਼ਖ਼ਸੀਅਤ ਹਨ। ਉਨ੍ਹਾਂ ਦਾ ਦੇਸ਼ ਦੇ ਸੰਵਿਧਾਨ ਦੀ ਰਚਨਾ ਅਤੇ ਸਮਾਜ ਵਿੱਚ ਬਰਾਬਰੀ, ਨਿਆਂ ਅਤੇ ਅਧਿਕਾਰਾਂ ਦੀ ਸਥਾਪਨਾ ਲਈ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ। ਅਜਿਹੀ ਮਹਾਨ ਸ਼ਖ਼ਸੀਅਤ ਦੀ ਮੂਰਤੀ ਨਾਲ ਛੇੜਛਾੜ ਕਰਨਾ ਬੇਹੱਦ ਮੰਦਭਾਗਾ ਹੈ ਅਤੇ ਇਸ ਨਾਲ ਦੇਸ਼ ਵਾਸੀਆਂ ਦੀਆਂ ਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚੀ ਹੈ। ਉਨ੍ਹਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਘਟਨਾ ਦੀ ਨਿਰਪੱਖ ਅਤੇ ਤੁਰੰਤ ਜਾਂਚ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

## ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੇ ਦੋਸ਼ੀਆਂ ਵਿਰੁੱਧ ਡੀ ਐੱਸ ਪੀ ਨੂੰ ਸੌਂਪਿਆ ਮੰਗ ਪੱਤਰ

**ਪੋਜੇਵਾਲ (ਰਾਮ ਲਾਲ)**-ਬੀਤੇ ਦਿਨ ਲੁਧਿਆਣਾ ਵਿਖੇ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਨਾਲ ਕੀਤੀ ਗਈ ਬੇਅਦਬੀ ਦੇ ਦੋਸ਼ੀਆਂ ਵਿਰੁੱਧ ਇਲਾਕੇ ਦੀਆਂ ਪ੍ਰਮੁੱਖ ਸ਼ਖਸ਼ੀਅਤਾਂ ਵੱਲੋਂ



ਡੀ ਐਸ ਪੀ ਬਲਾਚੌਰ ਹੇਮੰਤ ਮਲਹੋਤਰਾ ਰਾਹੀਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਮੰਗ ਪੱਤਰ ਭੇਜਿਆ ਗਿਆ। ਉਨ੍ਹਾਂ ਦੱਸਿਆ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਿਰਫ ਇੱਕ ਮਹਾਨ ਸ਼ਖਸ਼ੀਅਤ ਹੀ ਨਹੀਂ ਸਗੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਸਮਾਜਿਕ ਬਰਾਬਰੀ ਨਿਆਂ ਤੇ ਮਨੁੱਖੀ ਅਧਿਕਾਰਾਂ ਦੇ ਮਹਾਨ ਯੋਧੇ ਸਨ। ਉਨ੍ਹਾਂ ਦੇ ਬੁੱਤ ਨਾਲ ਅਜਿਹੀ ਹਰਕਤ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਮੰਗ ਕੀਤੀ ਕਿ ਘਟਨਾ ਵਿੱਚ ਸ਼ਾਮਿਲ ਸਾਰੇ ਦੋਸ਼ੀਆਂ ਦੀ ਤੁਰੰਤ ਪਛਾਣ ਕਰਕੇ ਸਖਤ ਸਜ਼ਾ ਦਿੱਤੀ ਜਾਵੇ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਵੀ ਪੁਖਤਾ ਪ੍ਰਬੰਧ ਕੀਤੇ ਜਾਣ। ਇਸ ਮੌਕੇ ਕੁਲਵਿੰਦਰ ਮੰਡ, ਬਾਬਾ ਕੁਲਦੀਪ ਮੱਧਿਆਣੀ, ਚੇਅਰਮੈਨ ਜਿੰਦਰ ਧੌਲ, ਸੋਨੂੰ, ਲਾਲ ਬਹਾਦੁਰ ਗਾਂਧੀ (ਸਾਬਕਾ ਐੱਮ ਸੀ), ਦਿਨੇਸ਼ ਗੰਗੜ, ਐਡਵੋਕੇਟ ਪ੍ਰਵੇਸ਼ ਖੋਸਲਾ, ਧਰਮ ਪਾਲ (ਸਾਬਕਾ ਚੇਅਰਮੈਨ) ਬਿੱਲਾ, ਪਰਮਿੰਦਰ ਮੇਨਕਾ, ਭੁਪਿੰਦਰ ਸਿੰਘ ਮਾਣੇਵਾਲ, ਪੰਮਾ ਦੁੱਗਲ, ਦਿਨੇਸ਼ ਬੈਂਸ ਅਤੇ ਹੋਰ ਬਹੁ ਗਿਣਤੀ ਵੱਖ ਵੱਖ ਸ਼ਖ਼ਸੀਅਤਾਂ ਹਾਜਰ ਸਨ।

## ਸੜਕ ਹਾਦਸੇ 'ਚ ਨੌਜਵਾਨ ਦੀ ਮੌਤ



**ਆਦਮਪੁਰ (ਪਰਮਜੀਤ ਸਿੰਘ)**-ਆਦਮਪੁਰ ਦੀ ਮੁੱਖ ਸੜਕ 'ਤੇ ਸਕੂਲ ਆਫ਼ ਐਮੀਨੈਂਸ ਦੇ ਸਾਹਮਣੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ। ਰਿਪੋਰਟਾਂ ਅਨੁਸਾਰ, ਸਵੇਰੇ 7:30 ਤੋਂ 8:00 ਵਜੇ ਦੇ ਵਿਚਕਾਰ ਇੱਕ ਤੇਜ਼ ਰਫ਼ਤਾਰ ਪੰਜਾਬ ਰੋਡਵੇਜ਼ ਬੱਸ ਨੇ ਇੱਕ ਨੌਜਵਾਨ ਨੂੰ ਪਿੱਛੇ ਤੋਂ ਟੱਕਰ ਮਾਰ ਦਿੱਤੀ। ਟੱਕਰ ਤੋਂ ਬਾਅਦ ਨੌਜਵਾਨ ਸੜਕ 'ਤੇ ਡਿੱਗ ਪਿਆ ਅਤੇ ਬੱਸ ਉਸ ਦੇ ਉੱਪਰੋਂ ਲੰਘ ਗਈ। ਹਾਦਸੇ ਵਿੱਚ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਰਜਤ ਪੁੱਤਰ ਸੁਰਜਨ ਲਾਲ ਜੋ 10ਵੀਂ ਕਲਾਸ ਦਾ ਵਿਦਿਆਰਥੀ ਸੀ ਤੇ ਪਿੰਡ ਚੂਹੜਵਾਲੀ ਦਾ ਵਾਸੀ ਸੀ । ਹਾਦਸੇ ਤੋਂ ਬਾਅਦ ਮ੍ਰਿਤਕ ਦੇ ਪਰਵਾਰਕ ਮੈਂਬਰਾਂ ਅਤੇ ਗੁੱਸੇ ਵਿੱਚ ਆਏ ਲੋਕਾਂ ਨੇ ਜਲੰਧਰ-ਹੁਸ਼ਿਆਰਪੁਰ ਮੁੱਖ ਸੜਕ 'ਤੇ ਜਾਮ ਲਗਾ ਦਿੱਤਾ।

## ਭਾਜਪਾ ਤੇ ਰਾਘਵ ਚੱਢਾ ਵੋਟਰ ਰਜਿਸਟ੍ਰੇਸ਼ਨ ਮੁੱਦੇ 'ਤੇ ਪੰਜਾਬ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ : ਧਾਲੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**-ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਮੋਹਾਲੀ ਵਿੱਚ ਰਾਘਵ ਚੱਢਾ ਦੀ ਵੋਟਰ ਸੂਚੀ ਵਿੱਚੋਂ ਨਾਂਅ ਕੱਟੇ ਜਾਣ ਦੇ ਮੁੱਦੇ 'ਤੇ ਪੰਜਾਬ ਅਤੇ ਭਗਵੰਤ ਮਾਨ ਸਰਕਾਰ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਲਈ ਭਾਜਪਾ ਅਤੇ ਰਾਜ ਸਭਾ ਮੈਂਬਰ ਰਾਘਵ ਚੱਢਾ ਦੀ ਤਿੱਖੀ ਆਲੋਚਨਾ ਕੀਤੀ। 'ਆਪ' ਪੰਜਾਬ ਦੇ ਮੁੱਖ ਬੁਲਾਰੇ ਨੇ ਕਿਹਾ ਕਿ ਇਹ ਝੂਠਾ ਬਿਆਨ ਫੈਲਾਉਣ ਲਈ ਇਸ ਮੁੱਦੇ ਨੂੰ ਰਾਸ਼ਟਰੀ ਪੱਧਰ 'ਤੇ ਚੁੱਕਿਆ ਗਿਆ ਕਿ ਪੰਜਾਬ ਸਰਕਾਰ ਨੇ ਜਾਣਬੁੱਝ ਕੇ ਰਾਘਵ ਚੱਢਾ ਦੀ ਵੋਟ ਕੱਟੀ ਹੈ। ਇੱਕ ਪ੍ਰੈਸ ਕਾਨਫਰੰਸ ਮੀਡੀਆ ਨੂੰ ਸੰਬੋਧਿਤ ਕਰਦਿਆਂ ਧਾਲੀਵਾਲ ਨੇ ਕਿਹਾ ਕਿ 'ਆਪ' ਵੱਲੋਂ ਰਾਘਵ ਚੱਢਾ ਦੀ ਵੋਟਰ ਰਜਿਸਟ੍ਰੇਸ਼ਨ ਸੰਬੰਧੀ ਚੋਣ ਕਮਿਸ਼ਨ ਤੋਂ ਜਾਣਕਾਰੀ ਮੰਗਣ ਤੋਂ ਬਾਅਦ ਇਹ ਗੱਲ ਸਾਹਮਣੇ ਆਈ ਹੈ ਕਿ ਉਨ੍ਹਾਂ ਦੀ ਵੋਟਰ ਰਜਿਸਟ੍ਰੇਸ਼ਨ ਰਜਿੰਦਰ ਨਗਰ ਦਿੱਲੀ ਵਿਖੇ ਮੁਕੰਮਲ ਹੋ ਚੁੱਕੀ ਹੈ। ਉਨ੍ਹਾਂ ਸਵਾਲ ਕੀਤਾ ਕਿ ਇਹ ਰਜਿਸਟ੍ਰੇਸ਼ਨ ਇੰਨੀ ਤੇਜ਼ੀ ਨਾਲ ਕਿਵੇਂ ਹੋ ਸਕਦੀ ਹੈ ਜਦੋਂ ਕਿ ਆਮ ਨਾਗਰਿਕਾਂ ਨੂੰ ਫਾਰਮ ਜਮ੍ਹਾਂ ਕਰਵਾਉਣ ਤੋਂ ਬਾਅਦ ਵੀ ਹਫ਼ਤਿਆਂ ਜਾਂ ਮਹੀਨਿਆਂ ਤੱਕ ਇੰਤਜ਼ਾਰ ਕਰਨਾ ਪੈਂਦਾ ਹੈ। ਉਨ੍ਹਾਂ ਪੁੱਛਿਆ ਲੋਕ ਆਪਣੀ ਵੋਟ ਬਣਾਉਣ ਲਈ ਬੀ ਐੱਲ ਓਜ਼, ਐੱਸ ਡੀ ਐੱਮ ਦਫ਼ਤਰਾਂ ਅਤੇ ਤਹਿਸੀਲਦਾਰ ਦਫ਼ਤਰਾਂ ਦੇ ਗੇੜੇ ਮਾਰ ਰਹੇ ਹਨ। ਇਸ ਮਾਮਲੇ ਵਿੱਚ ਕਿਹੜੀ ਵਿਸ਼ੇਸ਼ ਸਹੂਲਤ ਦਿੱਤੀ ਗਈ? 'ਆਪ' ਪੰਜਾਬ ਦੇ ਮੁੱਖ ਬੁਲਾਰੇ ਨੇ ਅੱਗੇ ਸਵਾਲ ਕੀਤਾ ਕਿ ਰਜਿੰਦਰ ਨਗਰ ਵੋਟਰ ਰਜਿਸਟ੍ਰੇਸ਼ਨ ਲਈ ਚੱਢਾ ਦੇ ਪਤੇ ਦੀ ਤਸਦੀਕ ਕਿਸ ਨੇ ਕੀਤੀ ਸੀ। ਉਨ੍ਹਾਂ ਨੇ ਜ਼ਿਕਰ ਕੀਤਾ 'ਵੋਟਰ ਵੇਰੀਫਿਕੇਸ਼ਨ ਦੌਰਾਨ, ਬੀ ਐੱਲ ਓ ਆਮ ਤੌਰ 'ਤੇ ਸੰਬੰਧਤ ਸਥਾਨਕ ਨੁਮਾਇੰਦਿਆਂ, ਗੁਆਂਢੀਆਂ ਜਾਂ ਖੇਤਰ ਨਾਲ ਜੁੜੇ ਹੋਰ ਵਿਅਕਤੀਆਂ ਰਾਹੀਂ ਬਿਨੈਕਾਰ ਦੀ ਰਿਹਾਇਸ਼ ਦੀ ਤਸਦੀਕ ਕਰਦੇ ਹਨ' ਉਨ੍ਹਾਂ ਕਿਹਾ ਰਾਘਵ ਚੱਢਾ ਦੀ ਰਿਹਾਇਸ਼ ਦੀ ਤਸਦੀਕ ਕਿਸ ਨੇ ਕੀਤੀ? ਜਦੋਂ ਮੌਜੂਦ ਜਾਣਕਾਰੀ ਤੋਂ ਪਤਾ ਲੱਗਦਾ ਹੈ ਕਿ ਉਨ੍ਹਾਂ ਦੀ ਦਿੱਲੀ ਦੀ ਰਿਹਾਇਸ਼ ਅਤੇ ਜਿਸ ਪਤੇ 'ਤੇ ਵੋਟ ਦਰਜ ਕੀਤੀ ਗਈ ਸੀ, ਉਹ ਵੱਖ-ਵੱਖ ਸਨ, ਤਾਂ ਵੇਰੀਫਿਕੇਸ਼ਨ ਕਿਸਨੇ ਕੀਤੀ? ਰਾਘਵ ਚੱਢਾ ਦਾ ਰਜਿੰਦਰ ਨਗਰ ਵਾਲਾ ਘਰ ਪਿਛਲੇ ਕੁਝ ਸਮੇਂ ਤੋਂ ਬੰਦ ਪਿਆ ਹੈ। ਚੋਣ ਕਮਿਸ਼ਨ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਇਸ ਅਰਜ਼ੀ ਦੀ ਜਾਂਚ ਅਤੇ ਤਸਦੀਕ ਕਿਸ ਨੇ ਕੀਤੀ ਅਤੇ ਕਿਹੜੇ ਨਿਯਮਾਂ ਤਹਿਤ ਇਹ ਰਜਿਸਟ੍ਰੇਸ਼ਨ ਇੰਨੀ ਤੇਜ਼ੀ ਨਾਲ ਕੀਤੀ ਗਈ।

## ਸੁਰਿੰਦਰ ਕਲਿਆਣ ਨੇ ਸਫ਼ਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਸੁਣੀਆਂ

**ਖਰੜ (ਹਰਨਾਮ ਸਿੰਘ ਡੱਲਾ)**-ਪੰਜਾਬ ਰਾਜ ਸਫ਼ਾਈ ਕਮਿਸ਼ਨ ਦੇ ਵਾਈਸ ਚੇਅਰਮੈਨ ਸੁਰਿੰਦਰ ਕਲਿਆਣ ਨੇ ਨਗਰ ਨਿਗਮ ਖਰੜ ਦੇ ਸਫ਼ਾਈ ਕਰਮਚਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਨਿਪਟਾਰੇ ਲਈ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ ਖਰੜ, ਅਸ਼ੋਕ ਪਥਾਰੀਆ ਅਤੇ ਸਫਾਈ ਕਰਮਚਾਰੀਆਂ ਦੇ ਨੁਮਾਇੰਦਿਆਂ ਨਾਲ ਵਿਸਥਾਰ ਪੂਰਵਕ ਬੈਠਕ ਕੀਤੀ।ਇਸ ਮੌਕੇ ਸਫ਼ਾਈ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਅਤੇ ਹੋਰ ਅਹੁਦੇਦਾਰਾਂ ਤੋਂ ਇਲਾਵਾ ਹੋਰ



ਸਬੰਧਤ ਅਧਿਕਾਰੀ ਵੀ ਮੌਜੂਦ ਸਨ।ਮੀਟਿੰਗ ਦੌਰਾਨ ਵਾਈਸ ਚੇਅਰਮੈਨ ਸੁਰਿੰਦਰ ਕਲਿਆਣ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਫ਼ਾਈ ਕਰਮਚਾਰੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਵਾਈਸ ਚੇਅਰਮੈਨ ਨੇ ਸਫ਼ਾਈ ਕਰਮਚਾਰੀਆਂ ਨੂੰ ਸਾਬਣ, ਤੇਲ ਅਤੇ ਵਰਦੀਆਂ ਮੁਹੱਈਆ ਕਰਵਾਉਣ ਸਬੰਧੀ ਮਾਮਲਿਆਂ ਦਾ ਵੀ ਜਾਇਜ਼ਾ ਲਿਆ।ਉਨ੍ਹਾਂ ਨੇ ਕਿਹਾ ਕਿ ਪੰਜਾਬ ਰਾਜ ਸਫ਼ਾਈ ਕਮਿਸ਼ਨ ਸਫ਼ਾਈ ਕਰਮਚਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਨੂੰ ਹੱਲ ਕਰਨਾ ਉਨ੍ਹਾਂ ਦਾ ਮੁੱਢਲਾ ਫਰਜ਼ ਹੈ ਅਤੇ ਕਿਸੇ ਵੀ ਕਰਮਚਾਰੀ ਨਾਲ ਧੱਕੇਸ਼ਾਹੀ ਜਾਂ ਸ਼ੋਸ਼ਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਕਾਰਜ ਸਾਧਕ ਅਫਸਰ ਨੇ ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਉਪ ਚੇਅਰਮੈਨ ਨੂੰ ਭਰੋਸਾ ਦਵਾਇਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਠੇਕੇ ਤੋਂ ਰੈਗੂਲਰ ਅਤੇ ਆਊਟਸੋਰਸ ਤੋਂ ਠੇਕੇ 'ਤੇ ਲਿਆਂਦੇ ਜਾਣ ਵਾਲੇ ਸਫਾਈ ਕਾਮਿਆਂ ਦੀਆਂ ਸੂਚੀਆਂ ਸਰਕਾਰ ਨੂੰ ਭੇਜ ਦਿੱਤੀਆਂ ਗਈਆਂ ਹਨ।

## ਡਾ. ਅੰਬੇਡਕਰ ਦੀ ਮੂਰਤੀ ਦੀ ਬੇਅਦਬੀ ਦੀ ਘਟਨਾ ਵਿਰੁੱਧ ਰੋਸ ਧਰਨਾ

**ਜਲੰਧਰ (ਇਕਬਾਲ ਸਿੰਘ ਉਭੀ)**- ਲੁਧਿਆਣਾ ਵਿੱਚ ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਨਾਲ ਹੋਈ ਬੇਅਦਬੀ ਦੀ ਘਟਨਾ ਦੇ ਵਿਰੋਧ ਵਿਚ ਸਥਾਨਕ ਗੁਰੂ ਨਾਨਕ ਪੁਰਾ ਮਾਰਕੀਟ ਚੋਗਿੱਟੀ ਵਿਖੇ ਪ੍ਰਧਾਨ ਸ਼ਾਮ ਸੰਧੂ ਅਤੇ ਸੋਮ ਨਾਥ ਦੀ ਅਗਵਾਈ ਹੇਠ ਰੋਸ ਧਰਨਾ ਦਿੱਤਾ ਗਿਆ। ਧਰਨੇ ਵਿੱਚ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਨੇ ਸ਼ਮੂਲੀਅਤ ਕਰਦਿਆਂ ਸਰਕਾਰ ਅਤੇ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਰੋਸ ਪ੍ਰਗਟ ਕੀਤਾ ਅਤੇ ਬਾਬਾ ਸਾਹਿਬ ਦੀਆਂ ਮੂਰਤੀਆਂ ਦੀ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕਰਨ ਦੀ ਮੰਗ



ਉਠਾਉਦੇ ਹੋਏ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਸੰਵਿਧਾਨ ਦੇ ਨਿਰਮਾਤਾ ਅਤੇ ਦੇਸ਼ ਦੇ ਕਰੋੜਾਂ ਲੋਕਾਂ ਦੇ ਸਨਮਾਨ ਅਤੇ ਅਧਿਕਾਰਾਂ ਦੇ ਪ੍ਰਤੀਕ ਹਨ। ਉਨ੍ਹਾਂ ਦੀ ਮੂਰਤੀ ਨਾਲ ਹੋਈ ਬੇਅਦਬੀ ਦੀ ਘਟਨਾ ਬੇਹੱਦ ਨਿੰਦਣਯੋਗ ਅਤੇ ਮੰਦਭਾਗੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ । ਇਸ ਮੌਕੇ ਸੋਮ ਨਾਥ ਨੇ ਕਿਹਾ ਕਿ ਪ੍ਰਸ਼ਾਸਨ ਨੂੰ ਲੁਧਿਆਣਾ ਦੀ ਘਟਨਾ ਵਿੱਚ ਸ਼ਾਮਲ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਪੰਜਾਬ ਭਰ ਵਿੱਚ ਸਥਾਪਿਤ ਬਾਬਾ ਸਾਹਿਬ ਦੀਆਂ ਮੂਰਤੀਆਂ ਦੀ ਸੁਰੱਖਿਆ ਲਈ ਸਥਾਈ ਪ੍ਰਬੰਧ ਕੀਤੇ ਜਾਣੇ ਚਾਹੀਦੇ ਹਨ। ਇਸ ਮੌਕੇ ਸ਼ੈਰੀ ਚੱਢਾ, ਜਗਦੀਪ, ਰਜਨੀਸ਼, ਰਵੀ ਕੁਮਾਰ ਮਸਤ ਲਾਲ ਸਮੇਤ ਇਲਾਕਾ ਵਾਸੀ ਹਾਜ਼ਰ ਸਨ।

## 13 ਅਧਿਆਪਕ 'ਡਾ. ਬੀ ਆਰ ਅੰਬੇਡਕਰ ਬੈੱਸਟ ਟੀਚਰ ਐਵਾਰਡ' ਨਾਲ ਸਨਮਾਨਤ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਗਜ਼ਟਿਡ ਅਤੇ ਨਾਨ ਗਜ਼ਟਿਡ ਐੱਸ ਸੀ/ਬੀ ਸੀ ਇੰਪਲਾਈਜ ਵੈਲਫੇਅਰ ਫੈਡਰੇਸ਼ਨ ਕਪੂਰਥਲਾ ਵੱਲੋਂ ਹਰ ਸਾਲ ਵਾਂਗ ਇਸ ਸਾਲ ਵੀ ਜ਼ਿਲ੍ਹਾ ਕਪੂਰਥਲਾ ਦੇ ਵੱਖ ਵੱਖ ਪ੍ਰਾਇਮਰੀ ਤੇ ਸੈਕੰਡਰੀ ਸਕੂਲਾਂ ਦੇ 13 ਅਧਿਆਪਕਾਂ ਨੂੰ ਸਨਮਾਨਤ ਕਰਨ ਲਈ ਫੈਡਰੇਸ਼ਨ ਵੱਲੋਂ ਸਕੂਲ ਆਫ ਐਮੀਨੈਂਸ ਫਗਵਾੜਾ ਵਿਖੇ ਡਾ. ਬੀ ਆਰ ਅੰਬੇਡਕਰ ਬੈਸਟ ਟੀਚਰ ਐਵਾਰਡ 2026 ਦਾ ਇੱਕ ਯਾਦਗਾਰੀ ਤੇ ਦਿਲ ਖਿੱਚਵਾਂ ਸਮਾਗਮ ਕਰਵਾਇਆ ਗਿਆ। ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਸਤਵੰਤ ਸਿੰਘ ਟੂਰਾ, ਜ਼ਿਲ੍ਹਾ ਵਿੱਚ ਸਕੱਤਰ ਮਨਜੀਤ ਗਾਟ, ਜ਼ਿਲ੍ਹਾ ਜਨਰਲ ਸਕੱਤਰ ਲਖਵੀਰ ਚੰਦ, ਸਟੇਟ ਐਵਾਰਡੀ ਸੰਤੋਖ ਸਿੰਘ ਮੱਲੀ, ਤਹਿਸੀਲ ਫਗਵਾੜਾ ਪ੍ਰਧਾਨ ਬਲਵਿੰਦਰ ਨਿਧੜਕ, ਤਹਿਸੀਲ ਸੁਲਤਾਨਪੁਰ ਪ੍ਰਧਾਨ ਮਨਜੀਤ ਦਾਸ,ਬਲਾਕ ਫਗਵਾੜਾ ਪ੍ਰਧਾਨ ਸੁਖਦੇਵ ਸਿੰਘ ਅਤੇ ਵਿਨੋਦ ਕੁਮਾਰ , ਅਸ਼ੋਕ ਮੂਲਨਿਵਾਸੀ ਦੀ ਅਗਵਾਈ ਵਿੱਚ ਇਹ ਸ਼ਾਨਦਾਰ ਸਮਾਗਮ ਕਰਵਾਇਆ ਗਿਆ ।ਐਵਾਰਡ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਵਿੱਚ ਵਿਜੇ ਕੁਮਾਰ ਐੱਸ ਐੱਸ ਮਾਸਟਰ ਸ ਸ ਸ ਸ ਨੰਗਲ ਮੱਝਾ, ਅਵਤਾਰ ਚੰਦ ਐੱਸ ਐੱਸ ਮਾਸਟਰ ਸ ਸ ਸ ਸਕੂਲ ਲੱਖਣ ਕੇ ਪੱਡਾ ਭੁਲੱਥ, ਹਰਜਿੰਦਰ ਕੌਰ ਈ ਟੀ ਟੀ ਅਧਿਆਪਕਾਂ ਸਰਕਾਰੀ ਪ੍ਰਾਇਮਰੀ ਸਕੂਲ ਨੂਰਪੁਰ ਬਸਤੀ, ਸੁਲਤਾਨਪੁਰ ਲੋਧੀ, ਸੁਖਵਿੰਦਰ ਸਿੰਘ ਐੱਚ ਟੀ ਸਰਕਾਰੀ ਪ੍ਰਾਇਮਰੀ ਸਕੂਲ ਦੰਦੂਪੁਰ ਸੁਲਤਾਨਪੁਰ, ਸ਼ਹਿਬਾਜ ਖ਼ਾਨ ਭੱਟੀ ਕੰਪਿਊਟਰ ਫੈਕਲਟੀ ਸ ਸ ਸ ਸਕੂਲ ਸਿੱਧਵਾਂ ਦੋਨਾਂ, ਹਰਜਿੰਦਰ ਸਿੰਘ ਹੈਰੀ, ਐੱਚ ਟੀ ਸਰਕਾਰੀ ਪ੍ਰਾਇਮਰੀ ਸਕੂਲ ਕੜਾਹਲ ਕਲਾਂ, ਕੁਲਵਿੰਦਰ ਸਿੰਘ ਈ ਟੀ ਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਦੁਰਗਾਪੁਰ, ਸੁਪਰੀਤ ਕੌਰ ਈ ਟੀ ਟੀ ਅਧਿਆਪਕਾ ਸਰਕਾਰੀ ਪ੍ਰਾਇਮਰੀ ਸਕੂਲ ਕੜਾਹਲ ਖੁਰਦ, ਪ੍ਰੇਮਪਾਲ ਲੈਕਚਰਾਰ ਗਣਿਤ ਪੀ ਐਮ ਸ੍ਰੀ ਸ ਸ ਸ ਸ ਕੰਨਿਆ ਫਗਵਾੜਾ, ਜਸਪਾਲ ਸਿੰਘ ਐੱਚ ਟੀ ਸਰਕਾਰੀ ਪ੍ਰਾਇਮਰੀ ਸਕੂਲ ਬੋਹਾਨੀ, ਰੀਨਾ ਰਾਣੀ ਹਿੰਦੀ ਮਿਸਟ੍ਰੈਸ ਸਰਕਾਰੀ ਮਿਡਲ ਸਕੂਲ ਰੰਧਵਾਂ, ਸੁਨੀਤਾ ਰਾਣੀ ਲੈਕਚਰਾਰ ਹਿਸਟਰੀ ਸਕੂਲ ਆਫ ਐਮੀਨੈਂਸ ਫਗਵਾੜਾ, ਨੀਲਮ ਕੁਮਾਰੀ ਈ ਟੀ ਟੀ ਅਧਿਆਪਕਾ ਸਰਕਾਰੀ ਪ੍ਰਾਇਮਰੀ ਸਕੂਲ ਟਿੱਬੀ ਸ਼ਾਮਿਲ ਸਨ। ਇਸ ਮੌਕੇ ਤੇ ਇਸ ਸਾਲ ਦੇ ਰਾਜ ਪੁਰਸਕਾਰ ਵਿਜੇਤਾ ਅਧਿਆਪਕ ਸੰਤੋਖ ਸਿੰਘ ਮੱਲੀ ਨੂੰ ਅਤੇ ਦਲਜੀਤ ਕੌਰ ਨੂੰ ਰਾਜ ਪੁਰਸਕਾਰ ਪ੍ਰਾਪਤ ਕਰਨ ਲਈ ਫੈਡਰੇਸ਼ਨ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ ਅਤੇ ਉਨਾਂ ਦੀ ਇਸ ਪ੍ਰਾਪਤੀ ਤੇ ਬਹੁਤ ਮਾਣ ਮਹਿਸੂਸ ਕਰਦੇ ਉਹਨਾਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਤੇ ਜਸਵਿੰਦਰ ਸਿੰਘ, ਪਰਮਜੀਤ ਕੌਰ, ਦੇਸਰਾਜ ਤੇ ਪ੍ਰਵੀਨ ਭੁੱਟਾ ਨੂੰ ਜਥੇਬੰਦੀ ਵੱਲੋਂ ਉਹਨਾਂ ਵੱਲੋਂ ਪਾਏ ਯੋਗਦਾਨ ਕਰਕੇ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਤ ਕੀਤਾ ਗਿਆ।

## ਸਿਕੰਦਰਪੁਰ ਵਿਖੇ ਝੋਨੇ ਦੀ ਕਟਾਈ ਦਾ ਕੰਮ ਸ਼ੁਰੂ

**ਅਲਾਵਲਪੁਰ (ਮਦਨ ਬੰਗੜ)**-ਇਸ ਵਾਰ ਮੌਸਮੀ ਹਾਲਾਤਾਂ ਕਾਰਨ ਝੋਨੇ ਦੀ ਫ਼ਸਲ ਸਮੇਂ ਤੋਂ ਪਹਿਲਾਂ ਪੱਕਣ ਦੇ ਚਲਦਿਆਂ ਪਿੰਡ ਸਿਕੰਦਰਪੁਰ ਵਿਖੇ ਵੀ ਝੋਨੇ ਦੀ ਕਟਾਈ ਦਾ ਕੰਮ ਸ਼ੁਰੂ ਹੋ ਗਿਆ ਹੈ। ਪਿੰਡ ਦੇ ਕਿਸਾਨ ਸਿਮਰਜੀਤ ਸਿੰਘ ਪੁੱਤਰ ਨਛੱਤਰ ਸਿੰਘ ਵੱਲੋਂ ਕੰਬਾਈਨ ਨਾਲ ਆਪਣੇ ਖੇਤ ਵਿੱਚ ਝੋਨੇ ਦੀ ਕਟਾਈ ਕਰਵਾਈ ਗਈ। ਇਸ ਮੌਕੇ ਪਰਮਿੰਦਰ ਸਿੰਘ ਜੋਤੀ ਸਿਕੰਦਰਪੁਰ ਵੀ ਮੌਜੂਦ ਸਨ। ਕਿਸਾਨਾਂ ਨੇ ਦੱਸਿਆ ਕਿ ਇਸ ਵਾਰ ਇਲਾਕੇ ਵਿੱਚ ਬਾਰਿਸ਼ ਘੱਟ



ਹੋਣ ਅਤੇ ਗਰਮੀ ਜ਼ਿਆਦਾ ਪੈਣ ਕਾਰਨ ਝੋਨੇ ਦੀ ਫ਼ਸਲ ਸਮੇਂ ਤੋਂ ਪਹਿਲਾਂ ਹੀ ਪੱਕ ਚੁੱਕੀ ਹੈ। ਇਸ ਕਾਰਨ ਕਿਸਾਨਾਂ ਨੂੰ ਮਜਬੂਰਨ ਆਮ ਸਮੇਂ ਨਾਲੋਂ ਪਹਿਲਾਂ ਝੋਨੇ ਦੀ ਕਟਾਈ ਸ਼ੁਰੂ ਕਰਨੀ ਪੈ ਰਹੀ ਹੈ। ਇਸ ਸਬੰਧੀ ਕੁਝ ਕਿਸਾਨਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਵੱਲੋਂ ਝੋਨੇ ਦੀ ਸਰਕਾਰੀ ਖਰੀਦ 1 ਅਕਤੂਬਰ ਤੋਂ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ, ਜਦਕਿ ਖੇਤਾਂ ਵਿੱਚ ਫ਼ਸਲ ਪਹਿਲਾਂ ਹੀ ਤਿਆਰ ਹੋਣ ਲੱਗ ਪਈ ਹੈ। ਅਜਿਹੇ ਵਿੱਚ ਕਿਸਾਨਾਂ ਨੂੰ ਚਿੰਤਾ ਹੈ ਕਿ ਕਟਾਈ ਤੋਂ ਬਾਅਦ ਜੇਕਰ ਝੋਨਾ ਮੰਡੀਆਂ ਵਿੱਚ ਪਹੁੰਚਦਾ ਹੈ ਤਾਂ ਸਰਕਾਰੀ ਖਰੀਦ ਸ਼ੁਰੂ ਹੋਣ ਤੱਕ ਉਨ੍ਹਾਂ ਨੂੰ ਆਪਣੀ ਫ਼ਸਲ ਸੰਭਾਲ ਕੇ ਰੱਖਣ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਸਕਦਾ ਹੈ।